ਮੰਗਲਵਾਰ, 27 ਜੂਨ, 2023
13 ਹਾੜ੍ਹ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 26

# ਨਵਾਂ ਜ਼ਮਾਨਾ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

DAILY NAWAN ZAMANA • TUESDAY, 27 JUNE, 2023 ਜਲੰਧਰ You Tube nawan zamana TV

ਕੀਮਤ/PRICE : 5.00 ਰੁਪਏ Regd. No : Pb/JL-123/2021-23, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਅਕਾਲ ਤਖਤ ਦੀ ਅਗਵਾਈ 'ਚ ਮੋਰਚੇ ਦੀ ਚੇਤਾਵਨੀ

## ਗੁਰਬਾਣੀ ਪ੍ਰਸਾਰਨ ਬਾਰੇ ਅਸੰਬਲੀ ਦਾ ਮਤਾ ਰੱਦ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**
ਹਰਿਮੰਦਰ ਸਾਹਿਬ ਵਿਚ ਹੁੰਦੇ ਕੀਰਤਨ ਦੇ ਪ੍ਰਸਾਰਨ ਦੇ ਮਾਮਲੇ 'ਚ ਪੰਜਾਬ ਸਰਕਾਰ ਵੱਲੋਂ ਅਸੰਬਲੀ 'ਚ ਪਾਸ ਕੀਤੇ ਗੁਰਦੁਆਰਾ ਸੋਧ ਬਿੱਲ ਨੂੰ ਸੋਮਵਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਇਜਲਾਸ ਵਿਚ ਸਮੂਹ ਮੈਂਬਰਾਂ ਨੇ ਸਰਬਸੰਮਤੀ ਅਤੇ ਇਕਸੁਰ ਨਾਲ ਰੱਦ ਕਰ ਦਿੱਤਾ। ਤੇਜਾ ਸਿੰਘ ਸਮੁੰਦਰੀ ਹਾਲ 'ਚ ਇਕ ਨੁਕਾਤੀ ਏਜੰਡੇ 'ਤੇ ਸੱਦੇ ਹੰਗਾਮੀ ਜਨਰਲ ਇਜਲਾਸ ਵਿਚ ਮਤਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੜ੍ਹਿਆ, ਜਿਸ ਨੂੰ ਹਾਲ ਵਿਚ ਮੌਜੂਦ ਸਮੂਹ ਮੈਂਬਰਾਂ ਨੇ ਜੈਕਾਰਿਆਂ ਦੀ ਗੂੰਜ 'ਚ ਪ੍ਰਵਾਨਗੀ ਦਿੱਤੀ। ਮਤੇ ਰਾਹੀਂ ਪੰਜਾਬ ਸਰਕਾਰ ਦੀ ਕਾਰਵਾਈ ਨੂੰ ਸਿੱਖਾਂ ਦੇ ਧਾਰਮਕ ਮਾਮਲਿਆਂ 'ਚ ਦਖਲਅੰਦਾਜ਼ੀ ਕਰਾਰ ਦਿੰਦਿਆਂ ਸਖਤ ਵਿਰੋਧ ਕੀਤਾ ਗਿਆ। ਮਤੇ 'ਚ ਸਰਕਾਰ ਨੂੰ ਚਿਤਾਵਨੀ ਦਿੱਤੀ ਗਈ ਹੈ ਕਿ ਉਹ ਪਾਸ ਕੀਤੇ ਬਿੱਲ ਨੂੰ ਵਾਪਸ ਲਵੇ ਨਹੀਂ ਤਾਂ ਸ਼੍ਰੋਮਣੀ ਕਮੇਟੀ ਵੱਲੋਂ ਅਕਾਲ ਤਖਤ ਦੀ ਅਗਵਾਈ ਹੇਠ ਮੋਰਚਾ ਸ਼ੁਰੂ ਕੀਤਾ ਜਾਵੇਗਾ।

● ਬਾਕੀ ਸਫ਼ਾ 2 'ਤੇ

## ਇੱਕ ਪਰਵਾਰ ਤੇ ਇੱਕ ਚੈਨਲ ਦੀ ਅਜਾਰੇਦਾਰੀ ਖਤਮ ਕਰਨ ਦੀ ਮੰਗ ਉਠੀ

ਵੱਖ-ਵੱਖ ਬੁਲਾਰਿਆਂ ਨੇ ਪੀ ਟੀ ਸੀ ਦੀ ਕਾਰਗੁਜ਼ਾਰੀ 'ਤੇ ਟਿੱਪਣੀ ਕਰਦਿਆਂ ਕਿਹਾ ਕਿ ਇੱਕ ਵਿਸ਼ੇਸ਼ ਚੈਨਲ ਨੂੰ ਹੀ ਬਾਣੀ ਪ੍ਰਸਾਰਨ ਦਾ ਅਧਿਕਾਰ ਦੇਣਾ ਸ਼੍ਰੋਮਣੀ ਕਮੇਟੀ ਦੀ ਕੋਈ ਮਜਬੂਰੀ ਨਹੀਂ ਹੋਣੀ ਚਾਹੀਦੀ। ਇਸ ਦੇ ਨਾਲ ਹੀ ਮੈਂਬਰਾਂ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਲਿਫਾਫਿਆਂ ਵਿੱਚੋਂ ਲਗਾਤਾਰ ਨਿਕਲਦੇ ਆ ਰਹੇ ਹਨ, ਜਿਸ ਦਾ ਕਿਸੇ ਨੇ ਵੀ ਕਦੇ ਵਿਰੋਧ ਨਹੀਂ ਕੀਤਾ, ਜਿਸ ਕਾਰਨ ਅੱਜ ਸ਼੍ਰੋਮਣੀ ਕਮੇਟੀ ਦੇ ਵਕਾਰ ਨੂੰ ਢਾਹ ਲੱਗ ਰਹੀ ਹੈ।

ਬੀਬੀ ਜਗੀਰ ਕੌਰ ਨੇ ਸਿੱਧੇ ਲਫਜ਼ਾਂ ਵਿੱਚ ਕਿਹਾ ਕਿ ਸਰਕਾਰ ਵੱਲੋਂ ਕੀਤੀ ਗਈ ਕਾਰਵਾਈ ਦੀ ਉਹ ਨਿਖੇਧੀ ਕਰਦੇ ਹਨ ਤੇ ਸ਼੍ਰੋਮਣੀ ਕਮੇਟੀ ਦੁਆਰਾ ਦਿੱਤੇ ਜਾਣ ਵਾਲੇ ਪ੍ਰੋਗਰਾਮ 'ਤੇ ਪੂਰੀ ਤਰ੍ਹਾਂ ਪਹਿਰਾ ਦੇਣਗੇ।

● ਬਾਕੀ ਸਫ਼ਾ 2 'ਤੇ

## 'ਸਿੰਘ' ਹਟਵਾਇਆ

ਐਡਵੋਕੇਟ ਧਾਮੀ ਨੇ ਮਤਾ ਪੇਸ਼ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕਿਹਾ ਤਾਂ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਤੇ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਕਿਰਨਜੋਤ ਕੌਰ ਨੇ ਇਤਰਾਜ਼ ਕੀਤਾ ਕਿ ਜਦੋਂ ਭਗਵੰਤ ਮਾਨ ਆਪਣੇ ਨਾਂਅ ਨਾਲ 'ਸਿੰਘ' ਸ਼ਬਦ ਨਹੀਂ ਲਗਾਉਂਦੇ ਤਾਂ ਫਿਰ ਮਤੇ ਵਿਚ ਵੀ 'ਸਿੰਘ' ਸ਼ਬਦ ਉਨ੍ਹਾ ਦੇ ਨਾਂਅ ਨਾਲ ਨਾ ਜੋੜਿਆ ਜਾਵੇ। ਇਸ 'ਤੇ ਐਡਵੋਕੇਟ ਧਾਮੀ ਨੇ ਤੁਰੰਤ ਸੋਧ ਸਵੀਕਾਰ ਕੀਤੀ ਤੇ ਕਿਹਾ ਕਿ ਇਸ ਵਿਚੋਂ 'ਸਿੰਘ' ਸ਼ਬਦ ਕੱਟਿਆ ਜਾਂਦਾ ਹੈ ਤੇ ਇਸ ਨੂੰ ਭਗਵੰਤ ਮਾਨ ਹੀ ਪੜ੍ਹਿਆ ਜਾਵੇ।

ਮਤੇ ਰਾਹੀਂ ਇਹ ਮੰਗ ਵੀ ਕੀਤੀ ਗਈ ਕਿ ਦਾੜ੍ਹੀ ਅਤੇ ਕੇਸਾਂ ਦੀ ਬੇਅਦਬੀ ਕਰਨ ਲਈ ਮੁੱਖ ਮੰਤਰੀ ਅਤੇ ਭਗਤ ਸਾਹਿਬਾਨ ਦਾ ਨਾਂਅ ਗੈਰ-ਸਤਿਕਾਰਤ ਢੰਗ ਨਾਲ ਲਏ ਜਾਣ 'ਤੇ ਵਿਧਾਇਕ ਬੁੱਧ ਰਾਮ ਜਨਤਕ ਮੁਆਫੀ ਮੰਗਣ।

# ਲੁਧਿਆਣਾ ਤੇ ਜਲੰਧਰ 'ਚ ਈ-ਵਹੀਕਲ ਤੇ ਅੰਮ੍ਰਿਤਸਰ 'ਚ ਈ-ਆਟੋ ਸੇਵਾ ਸ਼ੁਰੂ ਕਰਾਂਗੇ : ਮੁੱਖ ਮੰਤਰੀ



**ਚੰਡੀਗੜ੍ਹ (ਗੁਰਜੀਤ ਬਿੱਲਾ)**
ਸੂਬੇ ਵਿੱਚ ਵਾਤਾਵਰਣ ਅਨੁਕੂਲ ਜਨਤਕ ਟਰਾਂਸਪੋਰਟ ਸ਼ੁਰੂ ਕਰਨ ਦੀ ਦਿਸ਼ਾ ਵਿੱਚ ਵੱਡਾ ਕਦਮ ਚੁੱਕਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਸੋਮਵਾਰ ਪਾਇਲਟ ਪ੍ਰੋਜੈਕਟ ਵਜੋਂ ਲੁਧਿਆਣਾ ਤੇ ਜਲੰਧਰ ਤੋਂ ਈ-ਵਹੀਕਲ ਸੇਵਾ ਅਤੇ ਅੰਮ੍ਰਿਤਸਰ ਤੋਂ ਈ-ਆਟੋ ਸੇਵਾ ਸ਼ੁਰੂ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਹੈ। ਸੂਬੇ ਦੇ 47 ਸ਼ਹਿਰਾਂ ਵਿੱਚ ਵੱਖ-ਵੱਖ ਵਿਕਾਸ ਪ੍ਰਾਜੈਕਟਾਂ ਦਾ ਜਾਇਜ਼ਾ ਲੈਣ ਲਈ ਇੱਥੇ ਇੱਕ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਨੂੰ ਜਨਤਕ ਟਰਾਂਸਪੋਰਟ ਦੀਆਂ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਤੋਂ ਇਲਾਵਾ ਇਹ ਸਹੂਲਤਾਂ ਵਾਤਾਵਰਨ ਦੀ ਸੁਰੱਖਿਆ ਵਿੱਚ ਵੀ ਅਹਿਮ ਭੂਮਿਕਾ ਨਿਭਾਉਣਗੀਆਂ। ਉਨ੍ਹਾ ਕਿਹਾ ਕਿ ਪਾਇਲਟ ਪ੍ਰਾਜੈਕਟ ਵਜੋਂ ਲੁਧਿਆਣਾ ਤੇ ਜਲੰਧਰ ਵਿੱਚ ਈ-ਵਹੀਕਲ ਸੇਵਾ ਅਤੇ ਅੰਮ੍ਰਿਤਸਰ ਵਿੱਚ ਈ-ਆਟੋ ਸੇਵਾ ਸ਼ੁਰੂ ਕੀਤੀ ਜਾਵੇਗੀ। ਭਗਵੰਤ ਮਾਨ ਨੇ ਉਮੀਦ ਜ਼ਾਹਰ ਕੀਤੀ ਕਿ ਜਨਤਕ ਟਰਾਂਸਪੋਰਟ ਦੇ ਇਹ ਢੰਗ-ਤਰੀਕੇ ਇਨ੍ਹਾਂ ਸ਼ਹਿਰਾਂ ਵਿੱਚ ਆਵਾਜਾਈ ਦੀ ਸਮੱਸਿਆ ਨੂੰ ਹੱਲ ਕਰਨ ਵਿੱਚ ਵੀ ਕਾਫੀ ਸਹਾਈ ਸਿੱਧ ਹੋਣਗੇ। ਮੁੱਖ ਮੰਤਰੀ ਨੇ ਕਿਹਾ ਕਿ ਅਵਾਰਾ ਪਸ਼ੂਆਂ ਦੀ ਸਮੱਸਿਆ ਨੂੰ ਹੱਲ ਕਰਨ ਦੇ ਉਦੇਸ਼ ਨਾਲ ਸੂਬਾ ਸਰਕਾਰ ਵੱਲੋਂ ਜਲਦੀ ਹੀ ਬਠਿੰਡਾ ਅਤੇ ਪਟਿਆਲਾ ਜ਼ਿਲ੍ਹਿਆਂ ਵਿੱਚ ਪਾਇਲਟ ਪ੍ਰਾਜੈਕਟ ਸ਼ੁਰੂ ਕੀਤਾ ਜਾਵੇਗਾ। ਉਨ੍ਹਾ ਕਿਹਾ ਕਿ ਇਸ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ, ਕਿਉਂਕਿ ਇਸ ਨਾਲ ਉਨ੍ਹਾਂ ਦੀਆਂ ਕੀਮਤੀ ਜਾਨਾਂ ਬਚਾਉਣ ਵਿੱਚ ਮਦਦ ਮਿਲੇਗੀ। ਮਾਨ ਨੇ ਕਿਹਾ ਕਿ ਆਵਾਰਾ ਪਸ਼ੂਆਂ ਕਰਕੇ ਹੁੰਦੇ ਜਾਨਲੇਵਾ ਸੜਕ ਹਾਦਸਿਆਂ ਕਾਰਨ ਲੋਕਾਂ ਦੀ ਜਾਨ ਨੂੰ ਵੱਡਾ ਖਤਰਾ ਬਣਿਆ ਹੋਇਆ ਹੈ। ਉਹਨਾ ਕਿਹਾ ਕਿ ਕਿਸੇ ਵੀ ਵਿਕਾਸ ਕਾਰਜ ਨੂੰ ਨੇਪਰੇ ਚਾੜ੍ਹਨ ਦੀ ਲੋੜ ਦਾ ਪਤਾ ਲਗਾਉਣ ਲਈ ਸੂਬਾ ਸਰਕਾਰ ਨੇ ਪਹਿਲੀ ਵਾਰ 'ਆਰਟੀਫੀਸ਼ੀਅਲ ਇੰਟੈਲੀਜੈਂਸ' ਰਾਹੀਂ ਕੰਮ ਦੀ ਲੋੜ ਦਾ ਮੁਲਾਂਕਣ ਕਰਨ ਸੰਬੰਧੀ ਇੱਕ ਪ੍ਰਾਜੈਕਟ ਲਾਗੂ ਕੀਤਾ ਹੈ।

ਇਸ ਨੂੰ ਪਾਇਲਟ ਪ੍ਰਾਜੈਕਟ ਵਜੋਂ ਅੰਮ੍ਰਿਤਸਰ ਵਿੱਚ ਸ਼ੁਰੂ ਕੀਤਾ ਗਿਆ ਹੈ। ਸੂਬੇ ਵਿੱਚ ਲੋੜ ਦੇ ਅਧਾਰ 'ਤੇ ਵਿਕਾਸ ਕਾਰਜਾਂ ਨੂੰ ਯਕੀਨੀ ਬਣਾਉਣ ਲਈ ਇਸ ਮਾਡਲ ਨੂੰ ਹੋਰਨਾਂ ਜ਼ਿਲ੍ਹਿਆਂ ਵਿੱਚ ਵੀ ਲਾਗੂ ਕੀਤਾ ਜਾਵੇਗਾ। ਮੁੱਖ ਮੰਤਰੀ ਨੇ ਵੱਖ-ਵੱਖ ਸ਼ਹਿਰਾਂ ਵਿੱਚ ਲਾਗੂ ਕੀਤੇ ਜਾਣ ਵਾਲੇ 1000 ਕਰੋੜ ਰੁਪਏ ਤੋਂ ਵੱਧ ਦੇ ਪ੍ਰਸਤਾਵਿਤ ਪ੍ਰਾਜੈਕਟਾਂ ਦੀ ਵੀ ਸਮੀਖਿਆ ਕੀਤੀ ਅਤੇ ਕਿਹਾ ਕਿ ਇਸ ਨਾਲ ਇਨ੍ਹਾਂ ਸਹਿਰਾਂ ਦੇ ਵਿਕਾਸ ਨੂੰ ਵੱਡਾ ਹੁਲਾਰਾ ਮਿਲੇਗਾ। 762.45 ਕਰੋੜ ਰੁਪਏ ਦੇ ਪ੍ਰਾਜੈਕਟ ਤਹਿਤ ਇਨ੍ਹਾਂ 47 ਸ਼ਹਿਰਾਂ ਵਿੱਚ ਨਹਿਰਾਂ ਰਾਹੀਂ 100 ਫੀਸਦੀ ਪਾਣੀ ਦੀ ਸਪਲਾਈ ਯਕੀਨੀ ਬਣਾਈ ਜਾਵੇਗੀ। ਇਸ ਪ੍ਰਮੁੱਖ ਪ੍ਰਾਜੈਕਟ 'ਤੇ ਕੰਮ ਇਸ ਸਾਲ ਅਗਸਤ ਤੱਕ ਸ਼ੁਰੂ ਹੋਣ ਦੀ ਸੰਭਾਵਨਾ ਹੈ।

# ਗੁਰਬਾਣੀ ਨੂੰ ਇੱਕ ਚੈਨਲ ਦੀ ਅਜਾਰੇਦਾਰੀ ਤੋਂ ਆਜ਼ਾਦ ਕਰਵਾਉਣ ਦਾ ਫੈਸਲਾ ਰੱਦ ਕਰਨਾ ਮੰਦਭਾਗਾ : ਕੰਗ



**ਚੰਡੀਗੜ੍ਹ (ਗੁਰਜੀਤ ਬਿੱਲਾ)**
ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸਰਬਸਾਂਝੀ ਗੁਰਬਾਣੀ ਨੂੰ ਦੁਨੀਆ ਦੇ ਕੋਨੇ-ਕੋਨੇ ਵਿੱਚ ਬਿਲਕੁਲ ਮੁਫਤ ਪਹੁੰਚਾਉਣ ਲਈ ਧਾਰਾ 125 ਵਿੱਚ ਸੋਧ ਕਰਦਿਆਂ ਜੋ ਫੈਸਲਾ ਕੀਤਾ ਗਿਆ ਸੀ, ਉਸ ਨੂੰ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿਸ਼ੇਸ਼ ਇਜਲਾਸ ਵਿੱਚ ਰੱਦ ਕਰਦਿਆਂ ਇੱਕ ਵਾਰ ਫਿਰ ਇੱਕ ਪਰਵਾਰ ਦੀ ਸਿਆਸਤ ਨੂੰ ਬਚਾਉਣ ਦਾ ਸ਼ਰਮਨਾਕ ਯਤਨ ਕੀਤਾ ਗਿਆ ਹੈ, ਜਦਕਿ ਕਮੇਟੀ ਕੋਲ ਸਿੱਖਾਂ ਦੀਆਂ ਭਾਵਨਾਵਾਂ ਦੀ ਤਰਜਮਾਨੀ ਕਰਦਿਆਂ ਬਾਦਲ ਪਰਵਾਰ ਦੀ ਗੁਲਾਮੀ ਤੋਂ ਇਸ ਮਹਾਨ ਸੰਸਥਾ ਨੂੰ ਮੁਕਤ ਕਰਾਉਣ ਦਾ ਮੌਕਾ ਸੀ।

'ਆਪ' ਪੰਜਾਬ ਦੇ ਮੁੱਖ ਬੁਲਾਰੇ ਮਲਵਿੰਦਰ ਸਿੰਘ ਕੰਗ ਨੇ ਮਾਨ ਸਰਕਾਰ ਦੇ ਮੁਫਤ ਗੁਰਬਾਣੀ ਪ੍ਰਸਾਰਣ ਦੇ ਫੈਸਲੇ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਰੱਦ ਕਰਨ ਨੂੰ ਮੰਦਭਾਗਾ ਕਰਾਰ ਦਿੱਤਾ ਹੈ। ਨਾਲ ਹੀ ਉਨ੍ਹਾਂ ਸ਼੍ਰੋਮਣੀ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੂੰ ਸਵਾਲ ਕਰਦਿਆਂ ਪੁੱਛਿਆ ਕਿ ਕੀ ਸਰਬਸਾਂਝੀ ਗੁਰਬਾਣੀ ਦੀ ਓਟ ਵਿੱਚ ਆਪਣੇ ਸਿਆਸੀ ਹਿੱਤ ਸੋਧਣੇ, ਗੁਰਬਾਣੀ ਦੇ ਪ੍ਰਸਾਰਣ ਦੇ ਅਧਿਕਾਰਾਂ ਨੂੰ ਆਪਣੇ ਇੱਕ ਨਿੱਜੀ ਚੈਨਲ ਤੱਕ ਮਹਿਦੂਦ ਕਰਕੇ ਇਸ਼ਤਿਹਾਰਬਾਜ਼ੀ, ਟੀ ਆਰ ਪੀ ਆਦਿ ਰਾਹੀਂ ਕਰੋੜਾਂ ਦਾ ਵਪਾਰ ਖੜ੍ਹਾ ਕਰਨਾ ਸਿੱਖ ਰਵਾਇਤਾਂ ਅਨੁਸਾਰ ਜਾਇਜ਼ ਹੈ? ਕੰਗ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਮਾਨ ਸਰਕਾਰ ਦੇ ਇਸ ਫੈਸਲੇ ਨੂੰ ਕਿਸ ਆਧਾਰ 'ਤੇ ਸਿੱਖ ਵਿਰੋਧੀ ਗਰਦਾਨ ਰਹੇ ਨੇ! ਕੀ ਉਹ ਨਹੀਂ ਜਾਣਦੇ ਕਿ ਭਗਵੰਤ ਮਾਨ ਨੂੰ ਪੰਜਾਬ ਦੇ ਸਿੱਖਾਂ ਨੇ ਵੀ ਵੋਟ ਪਾ ਕੇ ਚੁਣਿਆ ਹੈ। ਜੇਕਰ ਧਾਮੀ ਸਾਬ੍ਹ ਦੀ ਗੱਲ ਮੰਨੀਏ ਕਿ ਅਕਾਲੀ ਦਲ ਦੇ ਚੁਣੇ ਤਿੰਨ ਵਿਧਾਇਕ ਹੀ ਸਿੱਖਾਂ ਦੀ ਨੁਮਾਇੰਦਗੀ ਕਰਦੇ ਹਨ ਤਾਂ ਵਿਧਾਨ ਸਭਾ ਦੇ ਬਾਕੀ ਵਿਧਾਇਕ ਕਿਨ੍ਹਾਂ ਦੇ ਹਨ?

ਕੰਗ ਨੇ ਸਵਾਲ ਕਰਦਿਆਂ ਕਿਹਾ ਕਿ ਐੱਸ ਜੀ ਪੀ ਸੀ ਪ੍ਰਧਾਨ ਇਹ ਦੱਸਣ ਕਿ ਅੱਜ ਉਹ ਗੁਰਬਾਣੀ ਪ੍ਰਸਾਰਣ ਦੇ ਮਾਮਲੇ ਨੂੰ ਪੰਥ 'ਤੇ ਹਮਲਾ ਕਰਾਰ ਦੇ ਰਹੇ ਹਨ, ਵਿਸ਼ੇਸ਼ ਇਜਲਾਸ ਸੱਦ ਰਹੇ ਹਨ, ਪਰ ਇਹ ਸਭ ਸ਼੍ਰੋਮਣੀ ਕਮੇਟੀ ਨੇ ਉਦੋਂ ਕਿਉਂ ਨਾ ਕੀਤਾ ਜਦੋਂ ਇੱਕ ਪੰਥ ਦੋਖੀ ਨੂੰ ਸਰੇਆਮ ਝੂਠੀ ਮਾਫੀ ਦਿੱਤੀ ਗਈ ਅਤੇ ਫਿਰ ਇਸ ਨੂੰ ਸਹੀ ਸਾਬਿਤ ਕਰਨ ਲਈ ਲੱਖਾਂ ਦੇ ਇਸ਼ਤਿਹਾਰ ਦਿੱਤੇ ਗਏ। ਕੀ ਉਹ ਪੰਥ 'ਤੇ ਹਮਲਾ ਨਹੀਂ ਸੀ! ਜਦ ਬਰਗਾੜੀ ਬੇਅਦਬੀ ਕਾਂਡ ਹੋਇਆ, ਇਨਸਾਫ ਮੰਗ ਰਹੀਆਂ ਸੰਗਤਾਂ 'ਤੇ ਅਕਾਲੀ-ਭਾਜਪਾ ਸਰਕਾਰ ਦੇ ਇਸ਼ਾਰੇ 'ਤੇ ਗੋਲੀਆਂ ਚਲਾਈਆਂ ਗਈਆਂ, ਕੀ ਉਹ ਪੰਥ ਉੱਤੇ ਹਮਲਾ ਨਹੀਂ ਸੀ? ਉਦੋਂ ਇਹ ਇਜਲਾਸ ਸ਼੍ਰੋਮਣੀ ਕਮੇਟੀ ਨੇ ਕਿਉਂ ਨਹੀਂ ਸੱਦੇ?

ਦਿੱਲੀ ਵਿੱਚ ਭਾਜਪਾ ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਉੱਤੇ ਕਬਜ਼ਾ ਕਰ ਲੈਂਦੀ ਹੈ, ਹਰਿਆਣਾ ਵਿੱਚ ਵੱਖਰੀ ਗੁਰਦੁਆਰਾ ਪ੍ਰਬੰਧਕ ਕਮੇਟੀ ਬਣ ਗਈ ਹੈ ਪਰ ਸ਼੍ਰੋਮਣੀ ਕਮੇਟੀ ਨੂੰ ਉਸ ਦਾ ਕੋਈ ਉਜ਼ਰ ਨਹੀਂ। ਪਰ ਜਦ ਗੱਲ ਬਾਦਲਾਂ ਦੇ ਚੈਨਲ ਨੂੰ ਧੱਕੇ ਨਾਲ ਦਿੱਤੇ ਗੁਰਬਾਣੀ ਪ੍ਰਸਾਰਣ ਦੇ ਅਧਿਕਾਰਾਂ ਦੀ ਆਉਂਦੀ ਹੈ ਤਾਂ ਧਾਮੀ ਸਾਬ੍ਹ ਇਸ ਨੂੰ ਕੌਮੀ ਮੁੱਦਾ ਬਣਾ ਕੇ ਪੇਸ਼ ਕਰ ਰਹੇ ਹਨ। ਕੰਗ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਨੇ ਜੋ ਵੀ ਕੀਤਾ, ਉਹ ਦੇਸ਼-ਦੁਨੀਆ ਦੇ ਕੋਨੇ-ਕੋਨੇ ਵਿੱਚ ਵਸਦੀਆਂ ਨਾਨਕ ਨਾਮ-ਲੇਵਾ ਸੰਗਤਾਂ ਦੀਆਂ ਭਾਵਨਾਵਾਂ ਅਨੁਸਾਰ ਕੀਤਾ, ਪਰ ਖੁਦ ਨੂੰ ਸਿੱਖਾਂ ਦੀ ਨੁਮਾਇੰਦਾ ਜਮਾਤ ਦੱਸਣ ਵਾਲਿਆਂ ਨੂੰ ਵੀ ਆਪਣੀ ਜ਼ਿੰਮੇਵਾਰੀ ਪਛਾਨਣੀ ਚਾਹੀਦੀ ਹੈ ਅਤੇ ਕੁਰਬਾਨੀਆਂ ਦੇ ਸ਼ਾਨਾਮੱਤੇ ਇਤਿਹਾਸ ਨਾਲ ਭਰੀ ਸ਼੍ਰੋਮਣੀ ਕਮੇਟੀ ਨੂੰ ਮਹਿਜ਼ ਇੱਕ ਪਰਵਾਰ ਦੀ ਰਾਜਨੀਤੀ ਬਚਾਉਣ ਤੱਕ ਮਹਿਦੂਦ ਨਹੀਂ ਕਰਨਾ ਚਾਹੀਦਾ।

## 'ਪਿੰਡ-ਸਰਕਾਰ ਮਿਲਣੀ' ਕਰਵਾਉਣ ਦਾ ਐਲਾਨ

**ਚੰਡੀਗੜ੍ਹ** : ਸੂਬੇ ਵਿਚ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਨ ਦੇ ਉਦੇਸ਼ ਨਾਲ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸੋਮਵਾਰ ਕਿਹਾ ਕਿ 'ਕਿਸਾਨ-ਸਰਕਾਰ ਮਿਲਣੀ' ਦੀ ਤਰਜ਼ ਉਤੇ 'ਪਿੰਡ-ਸਰਕਾਰ ਮਿਲਣੀ' ਕਰਵਾਈ ਜਾਵੇਗੀ, ਤਾਂ ਕਿ ਪਿੰਡਾਂ ਦੇ ਚੁਣੇ ਹੋਏ ਨੁਮਾਇੰਦਿਆਂ ਨੂੰ ਵਿਕਾਸ ਕਾਰਜਾਂ ਵਿਚ ਭਾਈਵਾਲ ਬਣਾਉਣ ਦੇ ਨਾਲ-ਨਾਲ ਉਨ੍ਹਾਂ ਦੇ ਸੁਝਾਅ ਹਾਸਲ ਕੀਤੇ ਜਾ ਸਕਣ।

ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ 'ਪਿੰਡ-ਸਰਕਾਰ ਮਿਲਣੀ' ਜ਼ਿਲ੍ਹਾ ਪੱਧਰ ਉਤੇ ਕਰਵਾਈ ਜਾਵੇਗੀ, ਜਿੱਥੇ ਪੰਚਾਇਤਾਂ ਅਧਿਕਾਰੀਆਂ ਨੂੰ ਪਿੰਡਾਂ ਦੇ ਵਿਕਾਸ ਲਈ ਦਰਪੇਸ਼ ਮੁਸ਼ਕਲਾਂ ਬਾਰੇ ਜਾਣੂੰ ਕਰਵਾਉਣਗੀਆਂ।

ਭਗਵੰਤ ਮਾਨ ਨੇ ਕਿਹਾ ਕਿ ਇਹ ਮਿਲਣੀਆਂ ਮਾਲਵਾ ਖਿੱਤੇ ਵਿਚ ਦੋ ਦਿਨ, ਜਦਕਿ ਦੋਆਬੇ ਤੇ ਮਾਝੇ ਵਿਚ ਇਕ-ਇਕ ਦਿਨ ਕਰਵਾਈਆਂ ਜਾਣਗੀਆਂ, ਕਿਉਂ ਜੋ ਸੂਬੇ ਦੇ 60 ਫੀਸਦੀ ਪਿੰਡ ਮਾਲਵੇ ਖੇਤਰ ਵਿਚ ਪੈਂਦੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਇਹ ਅਕਸਰ ਦੇਖਿਆ ਗਿਆ ਕਿ ਪੰਚਾਇਤਾਂ ਕਈ ਵਾਰ ਜ਼ਿਲ੍ਹਾ ਪ੍ਰਸ਼ਾਸਨ ਦੇ ਪੱਧਰ ਉਤੇ ਹੱਲ ਹੋਣ ਵਾਲੇ ਛੋਟੇ-ਛੋਟੇ ਮਸਲੇ ਵੀ ਸੰਬੰਧਤ ਅਧਿਕਾਰੀਆਂ ਤੱਕ ਨਹੀਂ ਪਹੁੰਚਾ ਸਕਦੀਆਂ, ਜਿਸ ਨਾਲ

● ਬਾਕੀ ਸਫ਼ਾ 2 'ਤੇ

## ਜੰਗੀ ਜਗੀਰ ਨੂੰ ਦੁੱਗਣਾ ਕਰਨ ਦਾ ਫੈਸਲਾ

**ਚੰਡੀਗੜ੍ਹ (ਗੁਰਜੀਤ ਬਿੱਲਾ)**
ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਸੋਮਵਾਰ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਸਰਕਾਰ ਨੇ 'ਪੰਜਾਬ ਵਾਰ ਅਵਾਰਡਜ਼ ਐਕਟ, 1948' ਦੇ ਤਹਿਤ ਜੰਗੀ ਜਗੀਰ ਨੂੰ ਮੌਜੂਦਾ 10,000 ਰੁਪਏ ਸਾਲਾਨਾ ਤੋਂ ਦੁੱਗਣਾ ਕਰਕੇ 20,000 ਰੁਪਏ ਸਾਲਾਨਾ ਕਰਨ ਦਾ ਫੈਸਲਾ ਕੀਤਾ ਹੈ। ਚੀਮਾ ਨੇ ਦੱਸਿਆ ਕਿ ਜੂਨ 2013 ਤੋਂ ਬਾਅਦ ਜੰਗੀ ਜਗੀਰ ਵਿੱਚ ਬੀਤੇ 10 ਸਾਲ ਦੌਰਾਨ ਕੋਈ ਵੀ ਵਾਧਾ ਨਹੀਂ ਕੀਤਾ

● ਬਾਕੀ ਸਫ਼ਾ 2 'ਤੇ

## ਤਿਲੰਗਾਨਾ 'ਚ ਹਲਚਲ, ਕਈ ਆਗੂ ਕਾਂਗਰਸ 'ਚ ਸ਼ਾਮਲ ਹੋਣਗੇ

**ਨਵੀਂ ਦਿੱਲੀ** : ਸਾਬਕਾ ਸਾਂਸਦ ਪੋਂਗੂਲੇਟੀ ਸਿਰੀਨਿਵਾਸ ਰੈਡੀ ਤੇ ਤਿਲੰਗਾਨਾ ਦੇ ਸਾਬਕਾ ਮੰਤਰੀ ਜੁਪੱਲੀ ਰਾਓ ਸਣੇ ਹੁਕਮਰਾਨ ਭਾਰਤ ਰਾਸ਼ਟਰ ਸਮਿਤੀ ਦੇ 35 ਆਗੂ ਕਾਂਗਰਸ ਵਿਚ ਸ਼ਾਮਲ ਹੋਣ ਜਾ ਰਹੇ ਹਨ। ਇਨ੍ਹਾਂ ਇੱਥੇ ਕਾਂਗਰਸ ਲੀਡਰਸ਼ਿਪ ਨਾਲ ਮੁਲਾਕਾਤ ਕੀਤੀ ਹੈ ਤੇ ਜੁਲਾਈ ਦੇ ਪਹਿਲੇ ਹਫਤੇ ਖਮਾਮ ਵਿਚ ਜਨਤਕ ਰੈਲੀ ਦੌਰਾਨ ਪ੍ਰਿਅੰਕਾ ਗਾਂਧੀ ਦੀ ਮੌਜੂਦਗੀ 'ਚ ਰਸਮੀ ਤੌਰ 'ਤੇ ਕਾਂਗਰਸ ਵਿਚ ਸ਼ਾਮਲ ਹੋਣਗੇ। ਰੈਡੀ 2014 ਵਿਚ ਖਮਾਮ ਤੋਂ ਹੀ ਲੋਕ ਸਭਾ ਲਈ ਚੁਣੇ ਗਏ ਸਨ। ਤਿਲੰਗਾਨਾ ਵਿਚ ਸਾਲ ਦੇ ਅਖੀਰ 'ਚ ਅਸੰਬਲੀ ਚੋਣਾਂ ਹੋਣੀਆਂ ਹਨ।

## 6 ਫੀਸਦੀ ਵਿਕਾਸ ਦਰ ਦਾ ਅਨੁਮਾਨ

**ਨਵੀਂ ਦਿੱਲੀ** : ਐੱਸ ਐਂਡ ਪੀ ਗਲੋਬਲ ਰੇਟਿੰਗਜ਼ ਨੇ ਸੋਮਵਾਰ ਸਾਲ 2023-24 ਲਈ ਭਾਰਤ ਦੀ ਜੀ ਡੀ ਪੀ ਵਿਕਾਸ ਦਰ ਦੇ 6 ਫੀਸਦੀ ਦੇ ਅਨੁਮਾਨ ਨੂੰ ਬਰਕਰਾਰ ਰੱਖਿਆ। ਰੇਟਿੰਗ ਏਜੰਸੀ ਨੇ ਇਹ ਵੀ ਕਿਹਾ ਕਿ ਏਸ਼ੀਆ ਪ੍ਰਸ਼ਾਂਤ ਖੇਤਰ 'ਚ ਭਾਰਤ ਦੀ ਵਿਕਾਸ ਦਰ ਸਭ ਤੋਂ ਵੱਧ ਹੋਵੇਗੀ। ਘਰੇਲੂ ਅਰਥਵਿਵਸਥਾ ਦੀ ਮਜ਼ਬੂਤੀ ਕਾਰਨ ਮੌਜੂਦਾ ਵਿੱਤੀ ਸਾਲ ਅਤੇ ਅਗਲੇ ਵਿੱਤੀ ਸਾਲ ਲਈ ਵਿਕਾਸ ਦੇ ਅਨੁਮਾਨਾਂ 'ਚ ਕੋਈ ਬਦਲਾਅ ਨਹੀਂ ਕੀਤਾ ਗਿਆ।

## ਮੇਘਾਲਿਆ 'ਚ ਸਰਹੱਦੀ ਚੌਕੀ 'ਤੇ ਹਮਲਾ, 2 ਜਵਾਨਾਂ ਸਣੇ 5 ਜ਼ਖ਼ਮੀ

**ਸ਼ਿਲਾਂਗ** : ਮੇਘਾਲਿਆ ਦੇ ਪੂਰਬੀ ਖਾਸੀ ਪਹਾੜੀ ਜ਼ਿਲ੍ਹੇ 'ਚ ਐਤਵਾਰ ਰਾਤ ਨੂੰ ਪਿੰਡ ਵਾਸੀਆਂ ਨੇ ਸਰਹੱਦੀ ਚੌਕੀ 'ਤੇ ਹਮਲਾ ਕਰ ਦਿੱਤਾ, ਜਿਸ 'ਚ ਬੀ ਐੱਸ ਐੱਫ ਦੇ ਦੋ ਜਵਾਨਾਂ ਸਮੇਤ ਘੱਟੋ-ਘੱਟ ਪੰਜ ਵਿਅਕਤੀ ਜ਼ਖ਼ਮੀ ਹੋ ਗਏ। ਰਾਜ ਦੀ ਰਾਜਧਾਨੀ ਤੋਂ 100 ਕਿਲੋਮੀਟਰ ਦੱਖਣ ਵੱਲ ਡਾਵਕੀ ਕਸਬੇ ਦੇ ਨੇੜੇ ਉਮਸੀਯਮ ਪਿੰਡ 'ਚ ਕਰੀਬ 10 ਵਜੇ ਭੀੜ ਨੇ ਚੌਕੀ ਉੱਤੇ ਹਮਲਾ ਕੀਤਾ। ਬੀ ਐੱਸ ਐੱਫ ਮੇਘਾਲਿਆ ਫਰੰਟੀਅਰ ਦੇ ਇੰਸਪੈਕਟਰ ਜਨਰਲ ਪ੍ਰਦੀਪ ਕੁਮਾਰ ਨੇ ਕਿਹਾ-ਪਿਛਲੇ ਕੁਝ ਦਿਨਾਂ 'ਚ ਅਸੀਂ ਬਹੁਤ ਸਾਰੀ ਸਮੱਗਰੀ ਜ਼ਬਤ ਕੀਤੀ ਹੈ, ਜੋ ਬੰਗਲਾਦੇਸ਼ 'ਚ ਤਸਕਰੀ ਕੀਤੀ ਜਾ ਰਹੀ ਸੀ। ਤਸਕਰਾਂ ਦੀ ਪਛਾਣ ਵੀ ਕੀਤੀ ਗਈ। ਇਸ ਕਾਰਵਾਈ ਤੋਂ ਬਾਅਦ ਉਨ੍ਹਾਂ ਨੇ ਚੌਕੀ 'ਤੇ ਹਮਲਾ ਕਰ ਦਿੱਤਾ ਅਤੇ ਜਵਾਬੀ ਕਾਰਵਾਈ 'ਚ ਬੀ ਐੱਸ ਐੱਫ ਨੂੰ ਹਵਾ 'ਚ ਗੋਲੀਬਾਰੀ ਕਰਨੀ ਪਈ।

# ਦੇਸ਼ 'ਚ ਕੀ ਚੱਲ ਰਿਹੈ ?



**ਨਵੀਂ ਦਿੱਲੀ** : ਅਮਰੀਕਾ ਅਤੇ ਮਿਸਰ ਦੇ ਸਰਕਾਰੀ ਦੌਰੇ ਤੋਂ ਭਾਰਤ ਪਰਤਣ ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਭਾਜਪਾ ਪ੍ਰਧਾਨ ਜੇ ਪੀ ਨੱਢਾ ਅਤੇ ਹੋਰ ਨੇਤਾਵਾਂ ਤੋਂ ਪੁੱਛਿਆ ਕਿ ਦੇਸ਼ ਵਿਚ ਕੀ ਚੱਲ ਰਿਹਾ ਹੈ। ਛੇ ਦਿਨ ਦੇ ਦੌਰੇ ਤੋਂ ਬਾਅਦ ਐਤਵਾਰ ਦੇਰ ਰਾਤ ਪਰਤੇ ਮੋਦੀ ਦਾ ਨੱਢਾ ਅਤੇ ਕੇਂਦਰੀ ਵਿਦੇਸ਼ ਰਾਜ ਮੰਤਰੀ ਮੀਨਾਕਸ਼ੀ ਲੇਖੀ ਨੇ ਦਿੱਲੀ ਹਵਾਈ ਅੱਡੇ 'ਤੇ ਸਵਾਗਤ ਕੀਤਾ। ਇਸ ਮੌਕੇ ਦਿੱਲੀ ਤੋਂ ਭਾਜਪਾ ਦੇ ਸੰਸਦ ਮੈਂਬਰ ਹਰਸ਼ਵਰਧਨ, ਹੰਸ ਰਾਜ ਹੰਸ, ਮਨੋਜ ਤਿਵਾੜੀ ਅਤੇ ਗੌਤਮ ਗੰਭੀਰ ਤੋਂ ਇਲਾਵਾ ਪਾਰਟੀ ਦੇ ਕਈ ਹੋਰ ਆਗੂ ਵੀ ਮੌਜੂਦ ਸਨ। ਪ੍ਰਧਾਨ ਮੰਤਰੀ ਦਾ ਸਵਾਗਤ ਕਰਨ ਵਾਲੇ ਨੇਤਾਵਾਂ ਤੋਂ ਪੱਤਰਕਾਰਾਂ ਨੇ ਪੁੱਛਿਆ ਕਿ ਦੇਸ਼ ਪਰਤਣ ਬਾਅਦ ਮੋਦੀ ਨੇ ਕੀ ਕਿਹਾ ਤਾਂ ਮਨੋਜ ਤਿਵਾੜੀ ਨੇ ਦੱਸਿਆ-ਉਨ੍ਹਾ (ਮੋਦੀ) ਨੇ ਨੱਢਾ ਜੀ ਨੂੰ ਪੁੱਛਿਆ ਕਿ ਇੱਥੇ ਕਿਵੇਂ ਚੱਲ ਰਿਹਾ ਹੈ ਅਤੇ ਨੱਢਾ ਜੀ ਨੇ ਉਨ੍ਹਾ ਨੂੰ ਜਵਾਬ ਦਿੱਤਾ ਕਿ ਪਾਰਟੀ ਨੇਤਾ ਸਰਕਾਰ ਦੇ 9 ਸਾਲ ਦੇ ਕਾਰਜਕਾਲ ਦੇ ਕੰਮਾਂ ਬਾਰੇ ਲੋਕਾਂ ਨੂੰ ਦੱਸ ਰਹੇ ਹਨ ਤੇ ਲੋਕ ਖੁਸ਼ ਹਨ। ਇਸੇ ਦੌਰਾਨ ਮੋਦੀ ਨੇ ਸੋਮਵਾਰ ਮਨੀਪੁਰ ਦੀ ਸਥਿਤੀ ਬਾਰੇ ਉੱਚ-ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕੀਤੀ। ਸੂਤਰਾਂ ਨੇ ਦੱਸਿਆ ਕਿ ਇਹ ਮੀਟਿੰਗ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਮੋਦੀ ਨੂੰ ਮਨੀਪੁਰ ਨਾਲ ਸੰਬੰਧਤ ਘਟਨਾਕ੍ਰਮ ਬਾਰੇ ਜਾਣਕਾਰੀ ਦੇਣ ਤੋਂ ਬਾਅਦ ਹੋਈ। ਮੋਦੀ ਦੀ ਪ੍ਰਧਾਨਗੀ 'ਚ ਹੋਈ ਬੈਠਕ 'ਚ ਸ਼ਾਹ ਤੋਂ ਇਲਾਵਾ ਕੇਂਦਰੀ ਮੰਤਰੀ ਨਿਰਮਲਾ ਸੀਤਾਰਮਨ ਤੇ ਹਰਦੀਪ ਪੁਰੀ ਅਤੇ ਕੇਂਦਰੀ ਗ੍ਰਹਿ ਮੰਤਰਾਲੇ ਤੇ ਖੁਫੀਆ ਏਜੰਸੀਆਂ ਦੇ ਸੀਨੀਅਰ ਅਧਿਕਾਰੀ ਮੌਜੂਦ ਸਨ।

## ਦਿੱਲੀ ਦੇ ਉਪ ਰਾਜਪਾਲ ਅਸਤੀਫਾ ਦੇਣ : ਕੇਜਰੀਵਾਲ

**ਨਵੀਂ ਦਿੱਲੀ** : ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਸੋਮਵਾਰ ਦਿੱਲੀ ਦੇ ਉਪ ਰਾਜਪਾਲ ਵੀ ਕੇ ਸਕਸੈਨਾ 'ਤੇ ਵਰ੍ਹਦਿਆਂ ਦਿਨ-ਦਿਹਾੜੇ ਲੁੱਟਖੋਹ ਦੀ ਘਟਨਾ ਦੇ ਮੱਦੇਨਜ਼ਰ ਉਨ੍ਹਾ ਦੇ ਅਸਤੀਫੇ ਦੀ ਮੰਗ ਕੀਤੀ। ਟਵਿੱਟਰ 'ਤੇ ਘਟਨਾ ਦੀ ਵੀਡੀਓ ਸਾਂਝੀ ਕਰਦਿਆਂ ਕੇਜਰੀਵਾਲ ਨੇ ਕਿਹਾ ਕਿ ਦਿੱਲੀ ਵਿਚ ਕਾਨੂੰਨ ਵਿਵਸਥਾ ਦੀ ਜ਼ਿੰਮੇਵਾਰੀ ਸਥਾਨਕ ਸਰਕਾਰ ਨੂੰ ਸੌਂਪੀ ਜਾਣੀ ਚਾਹੀਦੀ ਹੈ।

ਉਨ੍ਹਾ ਕਿਹਾ ਕਿ ਉਪ ਰਾਜਪਾਲ ਨੂੰ ਅਸਤੀਫਾ ਦੇ ਦੇਣਾ ਚਾਹੀਦਾ ਹੈ। ਅਜਿਹੇ ਵਿਅਕਤੀ ਨੂੰ ਉਪ ਰਾਜਪਾਲ ਬਣਾਇਆ ਜਾਣਾ ਚਾਹੀਦਾ ਹੈ, ਜੋ ਦਿੱਲੀ ਦੇ ਲੋਕਾਂ ਨੂੰ ਸੁਰੱਖਿਆ ਦੇ ਸਕੇ। ਵੀਡੀਓ 'ਚ ਕੁਝ ਹਥਿਆਰਬੰਦ ਵਿਅਕਤੀ ਸ਼ਹਿਰ ਦੇ ਮੱਧ 'ਚ ਪ੍ਰਗਤੀ ਮੈਦਾਨ ਖੇਤਰ 'ਚ ਅੰਡਰਪਾਸ ਦੇ ਅੰਦਰ ਕਾਰ ਨੂੰ ਰੋਕਦੇ ਅਤੇ ਬੰਦੂਕ ਦਿਖਾ ਕੇ ਇਸ 'ਚ ਬੈਠੇ ਲੋਕਾਂ ਨੂੰ ਲੁੱਟਦੇ ਦਿਖਾਈ ਦੇ ਰਹੇ ਹਨ। ਪੁਲਸ ਮੁਤਾਬਕ ਸ਼ਨਿਚਰਵਾਰ ਨੂੰ ਪ੍ਰਗਤੀ ਮੈਦਾਨ ਅੰਡਰਪਾਸ ਦੇ ਅੰਦਰ ਚਾਰ ਅਣਪਛਾਤੇ ਵਿਅਕਤੀਆਂ ਨੇ ਡਿਲੀਵਰੀ ਏਜੰਟ ਅਤੇ ਉਸ ਦੇ ਸਾਥੀ ਤੋਂ ਦੋ ਲੱਖ ਰੁਪਏ ਲੁੱਟੇ। ਉਹ ਉਸ ਵੇਲੇ ਰਕਮ ਲੈ ਕੇ ਕੈਬ ਰਾਹੀਂ ਗੁਰੂਗ੍ਰਾਮ ਜਾ ਰਹੇ ਸਨ।

## ਅਨੁਰਾਗ ਵਰਮਾ ਪੰਜਾਬ ਦੇ ਨਵੇਂ ਮੁੱਖ ਸਕੱਤਰ



**ਚੰਡੀਗੜ੍ਹ (ਗੁਰਜੀਤ ਬਿੱਲਾ)**-ਮੁੱਖ ਮੰਤਰੀ ਭਗਵੰਤ ਮਾਨ ਨੇ ਸਾਲ 1993 ਬੈਚ ਦੇ ਆਈ ਏ ਐੱਸ ਅਧਿਕਾਰੀ ਅਨੁਰਾਗ ਵਰਮਾ ਨੂੰ ਪੰਜਾਬ ਦਾ ਨਵਾਂ ਮੁੱਖ ਸਕੱਤਰ ਨਿਯੁਕਤ ਕਰ ਦਿੱਤਾ ਹੈ। ਵਰਤਮਾਨ ਮੁੱਖ ਸਕੱਤਰ ਵਿਜੈ ਕੁਮਾਰ ਜੰਜੂਆ 30 ਜੂਨ ਨੂੰ ਸੇਵਾਮੁਕਤ ਹੋ ਰਹੇ ਹਨ। ਵਰਮਾ ਇਸ ਵੇਲੇ ਗ੍ਰਹਿ ਸਕੱਤਰ ਹਨ। ਵਰਮਾ ਦੀ ਨਿਯੁਕਤੀ ਦੇ ਨਾਲ ਹੀ ਉਨ੍ਹਾ ਤੋਂ ਸੀਨੀਅਰ 7 ਆਈ ਏ ਐੱਸ ਅਫਸਰਾਂ ਨੂੰ ਵਿਸ਼ੇਸ਼ ਮੁੱਖ ਸਕੱਤਰ ਦਾ ਦਰਜਾ ਦੇ ਦਿੱਤਾ ਗਿਆ ਹੈ।

ਪਟਿਆਲਾ ਵਿਖੇ ਅਧਿਆਪਕ ਪਰਵਾਰ ਵਿੱਚ ਜਨਮੇ ਅਨੁਰਾਗ ਵਰਮਾ ਦੇ ਪਿਤਾ ਕੈਮਿਸਟਰੀ ਦੇ ਪ੍ਰੋਫੈਸਰ ਅਤੇ ਮਾਤਾ ਅੰਗਰੇਜ਼ੀ ਅਧਿਆਪਕਾ ਰਹੇ। ਉਨ੍ਹਾ ਦਾ ਜੱਦੀ ਪਿੰਡ ਪਟਿਆਲਾ ਜ਼ਿਲ੍ਹੇ ਵਿੱਚ ਚਲੈਲਾ ਹੈ। ਥਾਪਰ ਕਾਲਜ ਪਟਿਆਲਾ ਤੋਂ ਇਲੈਕਟ੍ਰਾਨਿਕਸ ਤੇ ਕਮਿਊਨੀਕੇਸ਼ਨ 'ਚ ਇੰਜੀਨੀਅਰਿੰਗ ਦੀ ਡਿਗਰੀ ਦੇ ਗੋਲਡ ਮੈਡਲਿਸਟ ਵਰਮਾ 1993 ਵਿੱਚ ਭਾਰਤੀ ਪ੍ਰਸ਼ਾਸਨਿਕ ਸੇਵਾਵਾਂ (ਆਈ ਏ ਐੱਸ) ਦੀ ਪ੍ਰੀਖਿਆ ਵਿੱਚ ਦੇਸ਼ ਭਰ ਵਿੱਚੋਂ ਸੱਤਵੇਂ ਸਥਾਨ ਉਤੇ ਆਏ ਸਨ। ਫੀਲਡ ਪੋਸਟਿੰਗ ਦੌਰਾਨ ਉਹ ਬਠਿੰਡਾ, ਲੁਧਿਆਣਾ ਤੇ ਜਲੰਧਰ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰ ਰਹੇ।

## ਪਤਨੀ ਦੇ ਕਥਿਤ ਪ੍ਰੇਮੀ ਦਾ ਗਲਾ ਵੱਢ ਕੇ ਖ਼ੂਨ ਪੀਣ ਦੀ ਕੋਸ਼ਿਸ਼

**ਚਿੱਕਬੱਲਾਪੁਰਾ (ਕਰਨਾਟਕ)** : ਇਸ ਜ਼ਿਲ੍ਹੇ ਦੀ ਚਿੰਤਾਮਣੀ ਤਹਿਸੀਲ 'ਚ ਪਤੀ ਨੇ ਆਪਣੀ ਪਤਨੀ ਦੇ ਕਥਿਤ ਪ੍ਰੇਮੀ ਦਾ ਗਲਾ ਵੱਢ ਕੇ ਉਸ ਦਾ ਖ਼ੂਨ ਪੀਣ ਦੀ ਕੋਸ਼ਿਸ਼ ਕੀਤੀ। ਘਟਨਾ ਦੀ ਵੀਡੀਓ ਵਾਇਰਲ ਹੋਣ ਤੋਂ ਬਾਅਦ ਪੁਲਸ ਨੇ ਮੁਲਜ਼ਮ ਨੂੰ ਗ੍ਰਿਫਤਾਰ ਕਰ ਲਿਆ। ਪੁਲਸ ਨੇ ਦੱਸਿਆ ਕਿ ਇਹ ਘਟਨਾ 19 ਜੂਨ ਦੀ ਦੱਸੀ ਜਾਂਦੀ ਹੈ ਅਤੇ ਕਥਿਤ ਪ੍ਰੇਮੀ ਬਚ ਗਿਆ ਹੈ। ਮੁਲਜ਼ਮ ਵਿਜੇ ਅਤੇ ਪੀੜਤ ਮਾਰੇਸ਼ ਇਕੋ ਇਲਾਕੇ ਦੇ ਰਹਿਣ ਵਾਲੇ ਹਨ। ਵਿਜੈ ਨੂੰ ਮਾਰੇਸ਼ 'ਤੇ ਆਪਣੀ ਪਤਨੀ ਨਾਲ ਪ੍ਰੇਮ ਸੰਬੰਧ ਦਾ ਸ਼ੱਕ ਸੀ ਅਤੇ ਉਹ ਆਪਣੇ ਰਿਸ਼ਤੇਦਾਰ ਜੌਹਨ ਬਾਬੂ ਨਾਲ ਮਿਲ ਕੇ 19 ਜੂਨ ਨੂੰ ਕਿਸੇ ਕੰਮ ਦੇ ਬਹਾਨੇ ਉਸ ਨੂੰ ਸਿੱਦਪੱਲੀ ਇਲਾਕੇ 'ਚ ਲੈ ਗਿਆ, ਜਿੱਥੇ ਉਸ ਦਾ ਗਲਾ ਵੱਢ ਦਿੱਤਾ ਤੇ ਵਗਦਾ ਖ਼ੂਨ ਪੀਣ ਦੀ ਕੋਸ਼ਿਸ਼ ਕੀਤੀ, ਜਦੋਂ ਕਿ ਜੌਹਨ ਬਾਬੂ ਫੋਨ 'ਤੇ ਘਟਨਾ ਦੀ ਰਿਕਾਰਡਿੰਗ ਕਰ ਰਿਹਾ ਸੀ। ਪੁਲਸ ਸੂਤਰਾਂ ਨੇ ਦੱਸਿਆ ਕਿ ਮਾਰੇਸ਼ ਦੋਵਾਂ ਦੇ ਮੌਕੇ ਤੋਂ ਫਰਾਰ ਹੋਣ ਦੇ ਬਾਅਦ ਸਥਾਨਕ ਲੋਕਾਂ ਦੀ ਮਦਦ ਨਾਲ ਇਲਾਜ ਲਈ ਹਸਪਤਾਲ ਪਹੁੰਚਣ ਵਿਚ ਕਾਮਯਾਬ ਰਿਹਾ। ਘਟਨਾ ਅਤੇ ਵੀਡੀਓ ਬਾਰੇ ਪਤਾ ਲੱਗਣ 'ਤੇ ਪੁਲਸ ਨੇ ਮਾਰੇਸ਼ ਦਾ ਪਤਾ ਲਗਾਇਆ ਤੇ ਉਸ ਦੇ ਬਿਆਨ ਦਰਜ ਕਰਕੇ ਵਿਜੈ ਅਤੇ ਜੌਹਨ ਬਾਬੂ ਨੂੰ ਗ੍ਰਿਫਤਾਰ ਕਰ ਲਿਆ।

## ਸੈਲਾਨੀਆਂ ਨੂੰ ਵਾਹਨਾਂ 'ਚ ਰਾਤ ਕੱਟਣੀ ਪਈ



**ਸ਼ਿਮਲਾ** : ਮੰਡੀ ਅਤੇ ਪੰਡੋਹ ਵਿਚਕਾਰ ਢਿੱਗਾਂ ਡਿੱਗਣ ਕਾਰਨ ਚੰਡੀਗੜ੍ਹ-ਮਨਾਲੀ ਹਾਈਵੇਅ 'ਤੇ ਨੈਰਚੌਕ ਤੋਂ ਮੰਡੀ ਤੱਕ ਐਤਵਾਰ ਸ਼ਾਮ ਤੋਂ ਲੰਬਾ ਟਰੈਫਿਕ ਜਾਮ ਲੱਗਿਆ ਹੋਇਆ ਸੀ। ਮੰਡੀ ਵਾਲੇ ਪਾਸੇ ਤੋਂ ਕੁੱਲੂ-ਮਨਾਲੀ ਜਾਣ ਵਾਲੇ ਜਾਂ ਕੁੱਲੂ ਵਾਲੇ ਪਾਸੇ ਤੋਂ ਮੰਡੀ ਆਉਣ ਵਾਲੇ ਸੈਂਕੜੇ ਸੈਲਾਨੀਆਂ ਨੂੰ ਵਾਹਨਾਂ 'ਚ ਰਾਤ ਕੱਟਣੀ ਪਈ। ਪੁਲਸ ਨੇ ਮੰਡੀ ਅਤੇ ਕੁੱਲੂ ਵਿਚਕਾਰ ਹਲਕੇ ਵਾਹਨਾਂ ਦੀ ਆਵਾਜਾਈ ਨੂੰ ਚੈਲਚੌਕ-ਪੰਡੋਹ ਮਾਰਗ ਰਾਹੀਂ ਮੋੜ ਦਿੱਤਾ ਪਰ ਹਾਈਵੇਅ 'ਤੇ ਭਾਰੀ ਵਾਹਨ ਫਸੇ ਹੋਏ ਹਨ।

## ਪਾਕਿ 'ਚ ਲੈਫਟੀਨੈਂਟ ਜਨਰਲ ਬਰਖਾਸਤ

**ਇਸਲਾਮਾਬਾਦ** : ਪਾਕਿਸਤਾਨੀ ਥਲ ਸੈਨਾ ਨੇ 9 ਮਈ ਦੀ ਹਿੰਸਾ ਦੌਰਾਨ ਥਲ ਸੈਨਾ ਟਿਕਾਣਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ 'ਚ ਅਸਫਲ ਰਹਿਣ ਲਈ ਲੈਫਟੀਨੈਂਟ ਜਨਰਲ ਸਮੇਤ ਤਿੰਨ ਅਧਿਕਾਰੀਆਂ ਨੂੰ ਬਰਖਾਸਤ ਕਰ ਦਿੱਤਾ ਹੈ।

## ਜਹਾਜ਼ ਦੇ ਇੰਜਣ ਦੀ ਲਪੇਟ 'ਚ ਆਇਆ

ਹਿਊਸਟਨ (ਅਮਰੀਕਾ) : ਅਮਰੀਕਾ ਦੇ ਟੈਕਸਾਸ ਵਿਚ ਹਵਾਈ ਅੱਡੇ ਦੇ ਕਰਮਚਾਰੀ ਦੀ ਯਾਤਰੀ ਜਹਾਜ਼ ਦੇ ਇੰਜਣ ਨਾਲ ਫਸਣ ਕਾਰਨ ਕਾਰਨ ਮੌਤ ਹੋ ਗਈ।

ਡੈਲਟਾ ਏਅਰ ਲਾਈਨਜ਼ ਦੀ ਉਡਾਣ ਲਾਸ ਏਂਜਲਸ ਤੋਂ ਸਾਂ ਐਂਟੋਨੀਓ (ਟੈਕਸਾਸ) ਪਹੁੰਚੀ ਸੀ। ਜਹਾਜ਼ ਦਾ ਇਕ ਇੰਜਣ ਚੱਲ ਰਿਹਾ ਸੀ ਅਤੇ ਉਹ ਪਹੁੰਚਣ ਵਾਲੇ ਗੇਟ ਦੇ ਨੇੜੇ ਆ ਰਿਹਾ ਸੀ, ਜਦੋਂ ਕਰਮਚਾਰੀ ਉਸ ਦੀ ਲਪੇਟ ਵਿੱਚ ਆ ਗਿਆ।

## ਅੱਜ-ਨਾਮਾ

ਡਾਕਟਰ ਬੋਲਿਆ ਚਾਹੀਦੀ ਸਿਹਤ ਜੇਕਰ,
ਆਲਤੂ-ਫਾਲਤੂ ਖਾਓ ਨਹੀਂ ਮਾਲ ਮੀਆਂ।
ਜਿੰਨੀ ਦੱਸੀ ਗਈ, ਹੱਦ ਉਹ ਤੋੜਨੀ ਨਹੀਂ,
ਨਿਭਾਉਣਾ ਨਿਯਮ ਬੰਧੇਜਾਂ ਦੇ ਨਾਲ ਮੀਆਂ।
ਲਿਖੇ ਮੁਤਾਬਕ ਦਵਾਈ ਸਭ ਖਾਈ ਜਾਣੀ,
ਸਕਦੀ ਇਹੋ ਹਰ ਮਰਜ਼ ਨੂੰ ਟਾਲ ਮੀਆਂ।
ਕਰੋਗੇ ਗਲਤੀ ਤਾਂ ਭੁਗਤਣਾ ਪਊ ਉਸ ਨੂੰ,
ਨਿਭਾ ਲਿਆ ਨੇਮ ਤਾਂ ਬਣੂਗਾ ਢਾਲ ਮੀਆਂ।
ਜਿੰਨੇ ਉਸ ਨਿਯਮ-ਬੰਧੇਜ ਸਨ ਕਹੇ-ਦੱਸੇ,
ਸਮਝਣਾ ਮੁਸ਼ਕਲ ਮਰੀਜ਼ ਨੂੰ ਬੜਾ ਮੀਆਂ।
ਹਾਂ ਨਹੀਂ ਹੁੰਦੀ, ਨਾ ਕਰਨ ਇਨਕਾਰ ਹੁੰਦਾ,
ਡੌਰਾ-ਭੌਰਾ ਜਿਹਾ ਰਹਿੰਦਾ ਹੈ ਖੜਾ ਮੀਆਂ।

-ਤੀਸ ਮਾਰ ਖਾਂ

# ਪਿਛਲੀਆਂ ਹਕੂਮਤਾਂ ਦੇ ਹਲੀਮੀ ਰਾਜ ਦਾ ਇੱਕ ਝਲਕਾਰਾ

## ਪੀ ਆਰ ਟੀ ਸੀ ਦੇ ਕੰਡਕਟਰ 'ਤੇ ਹਮਲੇ ਦਾ 9 ਵਰ੍ਹਿਆਂ ਬਾਅਦ ਚਲਾਨ ਪੇਸ਼

**ਤਲਵੰਡੀ ਸਾਬੋ (ਜਗਦੀਪ ਗਿੱਲ)**
ਇਥੋਂ ਦੀ ਸਥਾਨਕ ਪੁਲਸ ਨੇ ਲੱਗਭੱਗ ਨੌਂ ਸਾਲ ਪਹਿਲਾਂ 2014 ਵਿੱਚ ਦਰਜ ਕੀਤੇ ਗਏ ਇਕ ਫੌਜਦਾਰੀ ਮੁਕੱਦਮੇ ਦਾ ਲੰਘੇ ਦਿਨ ਆਖਰ ਚਲਾਣ ਪੇਸ਼ ਕਰ ਦਿੱਤਾ। ਤਲਵੰਡੀ ਸਾਬੋ ਦੇ ਖੰਡਾ ਚੌਕ ਵਿੱਚ ਵਾਪਰੀ ਉਸ ਘਟਨਾ ਪਿੱਛੋਂ ਵੱਖ-ਵੱਖ ਰੰਗਾਂ ਦੀਆਂ ਦੋ ਸਰਕਾਰਾਂ ਦੇ ਸ਼ਾਸਨ ਕਾਲ ਵਿੱਚ ਡਾਢਿਆਂ ਦੀ ਕਥਿਤ ਪੁਸ਼ਤਪਨਾਹੀ ਕਰਨ ਲਈ ਸਰਕਾਰੀ ਮਸ਼ੀਨਰੀ ਵੱਲੋਂ ਕਾਨੂੰਨ ਨੂੰ ਦੰਦੀਆਂ ਖਰਾਉਣ ਦਾ ਅਮਲ ਚਲਦਾ ਰਿਹਾ ਸੀ।

ਪ੍ਰਾਈਵੇਟ ਬੱਸ ਕੰਪਨੀ, ਜਿਸ ਦੇ ਅਕਾਲੀ ਰਾਜ ਵਿੱਚ ਵੀ ਝੰਡੇ ਝੁਲਦੇ ਰਹੇ ਤੇ ਕਾਂਗਰਸੀ ਰਾਜ ਵਿੱਚ ਵੀ, ਦੇ ਇੱਕ ਲੱਠਮਾਰ ਟੋਲੇ ਵੱਲੋਂ ਪੀ ਆਰ ਟੀ ਸੀ ਦੀ ਬੱਸ ਨੰਬਰ ਪੀ ਬੀ 11 ਜ਼ੈੱਡ 6397 ਦੇ ਅਮਲੇ ਨੂੰ ਨਾ ਸਿਰਫ ਕੁੱਟਿਆ ਗਿਆ ਸੀ, ਸਗੋਂ ਮੁਕੱਦਮੇ ਦੀ ਕਹਾਣੀ ਅਨੁਸਾਰ ਕੰਡਕਟਰ ਕੋਲੋਂ 20000 ਰੁਪਏ ਵੀ ਲੁੱਟ ਲਏ ਗਏ ਸਨ।

ਦਿਲਚਸਪ ਮਾਜਰਾ ਤਾਂ ਇਹ ਵੀ ਹੈ ਕਿ ਉਥੇ ਵਾਪਰੀ ਘਟਨਾ ਉਪਰੰਤ ਮੁਲਜ਼ਮ ਵਜੋਂ ਨਾ ਸਿਰਫ ਉਸ ਬੱਸ ਕੰਪਨੀ (ਜਿਸ ਦਾ ਮੁੱਖ ਦਫਤਰ ਸ਼ਾਇਦ ਰਾਮਾ ਮੰਡੀ ਵਿੱਚ ਦੱਸਿਆ ਜਾ ਰਿਹਾ ਹੈ) ਦੇ ਲੱਠਮਾਰਾਂ ਖਿਲਾਫ ਥਾਣਾ ਤਲਵੰਡੀ ਸਾਬੋ ਵਿਖੇ ਮੁਕੱਦਮਾ ਨੰਬਰ 71 ਦਰਜ ਹੋਇਆ ਸੀ, ਸਗੋਂ ਬਹੁਚਰਚਿਤ ਮੂਸੇਵਾਲਾ ਕਤਲ ਕੇਸ ਵਿਚ ਨਾਮਜ਼ਦ ਇਕ ਚੋਟੀ ਦੇ ਗੈਂਗਸਟਰ ਨੂੰ ਵੀ ਉਕਤ ਮੁਕੱਦਮੇ ਵਿੱਚ ਮੁਲਜ਼ਮ ਵਜੋਂ ਨਾਮਜ਼ਦ ਕੀਤਾ ਗਿਆ ਸੀ। ਮੁਕੱਦਮੇ ਦੀ ਮੁੱਦਈ ਧਿਰ ਅਨੁਸਾਰ ਉਕਤ ਘਟਨਾ ਦੇ ਵਾਪਰਨ ਵਕਤ ਸੰਬੰਧਤ ਐੱਸ ਐੱਚ ਓ ਪੁਲਸ ਪਾਰਟੀ ਸਮੇਤ ਮੌਕੇ ਉਪਰ ਪੁੱਜ ਗਿਆ ਸੀ, ਜਿਸ ਨੇ ਸਾਰੇ ਮੁਲਜ਼ਮ ਫੜ ਕੇ ਅੰਦਰ ਤਾਂ ਦੇਣੇ ਹੀ ਕਿਥੋਂ ਸਨ, ਸਗੋਂ ਮੌਕੇ ਦੇ ਮਾਲਕਾਂ ਦੇ ਖੁਸ਼ੇ ਪ੍ਰਾਪਤ ਕਰਨ ਲਈ ਸਥਾਨਕ ਪੁਲਸ ਮੁਕੱਦਮੇ ਨੂੰ ਕਰਾਸ ਕੇਸ ਦੀ ਕਹਾਣੀ ਬਣਾਉਣ ਵਿਚ ਜੁਟ ਗਈ, ਜਿਹੜੀ ਬਾਅਦ ਵਿਚ ਸਿਰੇ ਚੜ੍ਹਾਉਣੀ ਔਖੀ ਹੋ ਗਈ।

ਮੁਕੱਦਮੇ ਦੀ ਮੁੱਦਈ ਧਿਰ ਵੱਲੋਂ ਕਾਨੂੰਨ ਦੇ ਰਾਖਿਆਂ ਅਤੇ ਮੌਕੇ ਦੇ ਮਾਲਕਾਂ ਵਿਚਕਾਰ ਹੋਏ ਘਾਤਕ ਗਠਜੋੜ ਅੱਗੇ ਕੋਈ ਚਾਰਾ ਨਾ ਚਲਦਾ ਵੇਖ ਕੇ ਤਲਵੰਡੀ ਸਾਬੋ ਦੀ ਜੁਡੀਸ਼ੀਅਲ ਕੋਰਟ ਵਿੱਚ ਇੱਕ ਇਸਤਗਾਸਾ ਦਾਇਰ ਕਰਵਾ ਦਿੱਤਾ ਗਿਆ, ਜੋ ਹਾਲੇ ਵੀ ਚੱਲ ਰਿਹਾ ਹੈ। ਤਲਵੰਡੀ ਸਾਬੋ ਦੀ ਮਾਣਯੋਗ ਜੁਡੀਸ਼ੀਅਲ ਅਦਾਲਤ ਵੱਲੋਂ ਉਕਤ ਮੁਕੱਦਮੇ ਦੀ ਮੰਗੀ ਗਈ ਸਟੇਟਸ ਰਿਪੋਰਟ ਨੂੰ ਪਹਿਲਾਂ ਤਾਂ ਆਨੇ-ਬਹਾਨੇ ਪੁਲਸ ਟਾਲਦੀ ਅਤੇ ਲੰਮਾ ਖਿੱਚਦੀ ਰਹੀ, ਆਖਰ ਦਬਾਅ ਵਧ ਜਾਣ ਪਿੱਛੋਂ ਸਥਾਨਕ ਪੁਲਸ ਵੱਲੋਂ ਅਦਾਲਤ ਵਿੱਚ ਇਹ ਕਹਿ ਕੇ ਪੱਲਾ ਝਾੜ ਦਿੱਤਾ ਗਿਆ ਕਿ ਇਸ ਮੁਕੱਦਮੇ ਵਿੱਚ ਕਿਸੇ ਜੁਗਿੰਦਰ ਸਿੰਘ ਨਾਂਅ ਦੇ ਏ ਐੱਸ ਆਈ ਵੱਲੋਂ ਅਖਰਾਜ ਰਿਪੋਰਟ ਭਰੀ ਜਾ ਚੁੱਕੀ ਹੈ, ਪ੍ਰੰਤੂ ਹਾਲੇ ਮਨਜ਼ੂਰ ਨਹੀਂ ਹੋਈ। ਉਧਰ ਇਸ ਮੁਕੱਦਮੇ ਦੇ ਸੰਬੰਧ ਵਿਚ ਕਪਤਾਨ ਪੁਲਸ ਇਨਵੈਸਟੀਗੇਸ਼ਨ ਮੁੱਦਈ ਧਿਰ ਵੱਲੋਂ ਦਿੱਤੀ ਦਰਖਾਸਤ 'ਤੇ ਪੜਤਾਲ ਕਰਦਿਆਂ ਪੁਲਸ ਨੂੰ ਚਲਾਣ ਪੇਸ਼ ਕੀਤੇ ਜਾਣ ਦੀ ਸਿਫਾਰਸ਼ ਕਰ ਚੁੱਕਾ ਹੈ। ਕਾਬਲੇਗੌਰ ਹੈ ਕਿ ਕਥਿਤ ਹਨੇਰਗਰਦੀ ਦੀ ਸਿਖਰ ਵਾਲੇ ਪਿਛਲੇ 10 ਸਾਲਾ ਰਾਜਭਾਗ ਵਿੱਚ ਇੱਕ ਵਕਤ ਉਹ ਵੀ ਆਇਆ, ਜਦੋਂ ਜ਼ਿਲ੍ਹਾ ਬਠਿੰਡਾ ਦੇ ਟਰੈਫਿਕ ਮੈਨੇਜਰ (ਟੀ ਐੱਮ) ਵੱਲੋਂ ਪੀ ਆਰ ਟੀ ਸੀ ਦੀ ਉਕਤ ਘਟਨਾਗ੍ਰਸਤ ਬੱਸ ਨੂੰ ਕੰਡਮ ਕਰਨ ਦੇ ਮੱਦੇਨਜ਼ਰ ਪੱਤਰ ਜਾਰੀ ਕਰਦਿਆਂ ਤਲਵੰਡੀ ਸਾਬੋ ਪੁਲਸ ਤੋਂ ਉਕਤ ਬੱਸ ਦੇ ਮੁਕੱਦਮੇ ਨਾਲ ਸੰਬੰਧਤ ਸਟੇਟਸ ਰਿਪੋਰਟ ਮੰਗੀ ਗਈ। ਇਸ ਪੱਤਰ ਦੇ ਜਵਾਬ ਵਿੱਚ ਇਸ ਮੁਕੱਦਮੇ ਦੇ ਇਨਕੁਆਰੀ ਅਫਸਰ ਥਾਣੇਦਾਰ ਨੇ ਇਹ ਲਿਖ ਕੇ ਭੇਜ ਦਿੱਤਾ ਕਿ ਪੀ ਆਰ ਟੀ ਸੀ ਦੀ ਇਸ ਬੱਸ ਨਾਲ ਸੰਬੰਧਤ ਮੁਕੱਦਮੇ ਵਿੱਚ ਅਖਰਾਜ ਰਿਪੋਰਟ ਭਰ ਦਿੱਤੀ ਗਈ ਹੈ।

ਬੱਸ ਫਿਰ ਕੀ ਸੀ, ਪੀ ਆਰ ਟੀ ਸੀ ਦੇ ਜ਼ਿਲ੍ਹਾ ਅਧਿਕਾਰੀਆਂ ਨੇ ਆਪਣੇ ਉਨ੍ਹਾਂ ਪੀੜਤ ਮੁਲਾਜ਼ਮਾਂ ਦੀ ਹਿਫਾਜਤ ਤਾਂ ਕਰਨੀ ਹੀ ਕੀ ਸੀ, ਸਗੋਂ ਸਿਤਮਜ਼ਰੀਫੀ ਇਹ ਕਿ ਉਕਤ ਪ੍ਰਾਈਵੇਟ ਕੰਪਨੀ ਦੇ ਲੱਠਮਾਰ ਟੋਲੇ, ਜਿਸ ਦਾ ਉਕਤ ਕੇਸ ਵਿੱਚ ਚਲਾਨ ਪੇਸ਼ ਨਾ ਹੋਣ ਦੇਣ ਲਈ ਉਸ ਵਕਤ ਦੀ ਸਰਕਾਰੀ ਮਸ਼ੀਨਰੀ ਅਤੇ ਕੰਪਨੀ ਦੇ ਜ਼ੋਰਾਵਰ ਧਨਾਢ ਜ਼ੋਰ ਲਾ ਰਹੇ ਸਨ, ਵਿੱਚੋਂ ਮੁਕੱਦਮੇ ਦੇ ਇੱਕ ਮੁਲਜ਼ਮ ਨੂੰ ਹੀ ਪੀ ਆਰ ਟੀ ਸੀ ਵਿਚ ਭਰਤੀ ਕਰ ਲਿਆ ਗਿਆ ਹੈ। ਦੱਸਿਆ ਜਾਂਦਾ ਹੈ ਕਿ ਚਤਰ ਸਿੰਘ ਨਾਂਅ ਦਾ ਉਹ ਡਰਾਈਵਰ, ਜਿਹੜਾ ਅਧਿਕਾਰੀਆਂ ਵੱਲੋਂ ਵਰਤੀ ਚੁਸਤ-ਚਲਾਕੀ ਦੇ ਚਲਦਿਆਂ ਜੰਮੂ-ਕਟੜਾ ਰੂਟ ਉੱਪਰ ਪੀ ਆਰ ਟੀ ਸੀ ਦੀ ਬੱਸ ਚਲਾ ਰਿਹਾ ਹੈ, ਪਹਿਲਾਂ ਉਸੇ ਪ੍ਰਾਈਵੇਟ ਕੰਪਨੀ ਵਿੱਚ ਡਰਾਈਵਰ ਸੀ ਅਤੇ ਉਕਤ ਮੁਕੱਦਮੇ ਦੇ ਮੁਲਜ਼ਮਾਂ ਵਿੱਚੋਂ ਇਕ ਹੈ।

ਕੀ ਹੁਣ ਬਦਲੀਆਂ ਹੋਈਆਂ ਪ੍ਰਸਥਿਤੀਆਂ ਵਿਚ ਉਕਤ ਮੁਕੱਦਮੇ ਦੇ ਇਨਕੁਆਰੀ ਅਫਸਰ ਰਹੇ ਵੱਖ-ਵੱਖ ਪੁਲਸ ਅਧਿਕਾਰੀਆਂ ਤੋਂ ਇਹ ਜਵਾਬ ਮੰਗਿਆ ਜਾਵੇਗਾ ਕਿ

● ਬਾਕੀ ਸਫ਼ਾ 2 'ਤੇ

## ਅੰਤਰਰਾਸ਼ਟਰੀ ਨਸ਼ਾਖੋਰੀ ਤੇ ਗੈਰ-ਕਾਨੂੰਨੀ ਤਸਕਰੀ ਵਿਰੋਧੀ ਦਿਵਸ ਮਨਾਇਆ



**ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)**-ਸਿਵਲ ਸਰਜਨ ਲੁਧਿਆਣਾ ਡਾ. ਹਿਤਿੰਦਰ ਕੌਰ ਦੀਆ ਹਦਾਇਤਾਂ ਤੇ ਡਾ. ਰਵੀ ਦੱਤ ਐਸ.ਐਮ.ਓ ਸੀ.ਐਚ.ਸੀ ਮਾਨੂੰਪੁਰ ਦੀ ਅਗਵਾਈ ਵਿੱਚ 'ਲੋਕ ਪਹਿਲਾ : ਕਲੰਕ ਤੇ ਵਿਤਕਰੇ ਨੂੰ ਰੋਕੋ, ਰੋਕਥਾਮ ਨੂੰ ਮਜਬੂਤ ਕਰੋ' ਥੀਮ ਅਧੀਨ ਓਟ ਕਲੀਨਿਕ ਸੀ.ਐਚ.ਸੀ ਮਾਨੂੰਪੁਰ ਵਿਖੇ ਅੰਤਰਰਾਸ਼ਟਰੀ ਨਸ਼ਾਖੋਰੀ ਤੇ ਗੈਰ ਕਾਨੂੰਨੀ ਤਸਕਰੀ ਵਿਰੋਧੀ ਦਿਵਸ ਮਨਾਇਆ ਗਿਆ। ਬੀ.ਈ.ਈ ਗੁਰਦੀਪ ਸਿੰਘ ਨੇ ਕਿਹਾ ਨਸ਼ਾ ਅੱਜ ਵਿਸ਼ਵ ਲਈ ਬਹੁਤ ਵੱਡੀ ਚੁਣੌਤੀ ਬਣ ਚੁੱਕਾ ਹੈ। ਨਸ਼ਾ ਇਨਸਾਨ ਦੀ ਸਿਹਤ ਲਈ ਹਾਨੀਕਾਰਕ ਹੈ, ਕਿਉਂਕਿ ਇਹ ਨਾ ਸਿਰਫ਼ ਰੋਗਾਂ ਦੀ ਲੜਨ ਦੀ ਸ਼ਕਤੀ ਨੂੰ ਪ੍ਰਭਾਵਤ ਕਰਦਾ ਹੈ, ਸਗੋਂ ਸਮਾਜ ਵਿੱਚ ਅਪਰਾਧਾਂ ਦਾ ਕਾਰਨ ਵੀ ਬਣਦਾ ਹੈ। ਇਸ ਲਈ ਜ਼ਰੂਰਤ ਹੈ ਕਿ ਬੱਚਿਆਂ ਨੂੰ ਨਸ਼ੇ ਦੇ ਦੁਰਪ੍ਰਭਾਵਾ ਬਾਣੇ ਜਾਣੂ ਕਰਾਇਆ ਜਾਵੇ ਤਾਂ ਜੁ ਉਹ ਨਸ਼ੇ ਦੀ ਦਲਦਲ ਨਾ ਫਸਣ। ਇਸ ਤੋਂ ਇਲਾਵਾ ਜਿਹੜੇ ਵਿਅਕਤੀ ਨਸ਼ੇ ਦੇ ਆਦੀ ਹਨ, ਉਨ੍ਹਾਂ ਦਾ ਨਸ਼ਾ ਛੁਡਵਾਇਆ ਜਾਵੇ। ਇਸ ਸਮੇਂ ਤੇਜਵੀਰ ਸਿੰਘ ਕਾਉਂਸਲਰ ਨੇ ਦੱਸਿਆ ਕਿ ਨਸ਼ੇ ਨੂੰ ਖਤਮ ਕਰਨ ਲਈ ਸਿਹਤ ਵਿਭਾਗ ਵੱਲੋਂ ਵੱਖ-ਵੱਖ ਪੱਧਰ 'ਤੇ ਯਤਨ ਕੀਤੇ ਜਾ ਰਹੇ ਹਨ। ਨਸ਼ਾ ਵਿਰੋਧੀ ਜਾਗਰੂਕਤਾ ਕੈਂਪ ਲਾਉਣ ਦੇ ਨਾਲ-ਨਾਲ ਸੀ.ਐਚ.ਸੀ ਮਾਨੂੰਪੁਰ ਤੇ ਪੀ.ਐਚ.ਸੀ ਮਹਿਦੂਦਾ ਵਿਖੇ ਓਟ ਕਲੀਨਿਕ ਵੀ ਚਲਾਏ ਜਾ ਰਹੇ ਹਨ, ਜਿਥੇ ਨਸ਼ੇ ਦੇ ਆਦੀ ਵਿਅਕਤੀਆਂ ਦਾ ਦਵਾਈ ਰਾਹੀਂ ਨਸ਼ਾ ਛੁਡਵਾਇਆ ਜਾਂਦਾ ਹੈ ਤੇ ਉਨ੍ਹਾਂ ਦੀ ਕਾਉਂਸਲਿੰਗ ਵੀ ਕੀਤੀ ਜਾਂਦੀ ਹੈ। ਇਸ ਸਮੇਂ ਜਗਦੀਪ ਸਿੰਘ ਤੇ ਲਾਡੀ ਆਦਿ ਵੀ ਹਾਜ਼ਰ ਸਨ।

# ਭਾਰਤੀਯ ਅੰਬੇਡਕਰ ਮਿਸ਼ਨ ਨੇ ਕੀਤਾ ਬਾਬਾ ਬੰਦਾ ਸਿੰਘ ਬਹਾਦਰ ਨੂੰ ਯਾਦ



**ਸੰਗਰੂਰ (ਪ੍ਰਵੀਨ ਸਿੰਘ)**

ਭਾਰਤੀਯ ਅੰਬੇਡਕਰ ਮਿਸ਼ਨ ਦੇ ਕੌਮੀ ਪ੍ਰਧਾਨ ਸ੍ਰੀ ਦਰਸ਼ਨ ਸਿੰਘ ਕਾਂਗੜਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਯੂਥ ਵਿੰਗ ਵੱਲੋਂ ਸੂਬਾ ਪ੍ਰਧਾਨ ਮੁਕੇਸ਼ ਰਤਨਾਕਰ ਦੀ ਅਗਵਾਈ ਹੇਠ ਕੋਲਾ ਪਾਰਕ ਵਿਖੇ ਮਹਾਨ ਸਿੱਖ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਮੈਡਮ ਪੂਨਮ ਕਾਂਗੜਾ ਮੈਂਬਰ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਚੰਡੀਗੜ੍ਹ ਨੇ ਸ਼ਿਰਕਤ ਕੀਤੀ। ਇਸ ਮੌਕੇ ਪ੍ਰੀਤਮ ਸਿੰਘ ਪੀਤੂ ਚੇਅਰਮੈਨ ਨਗਰ ਸੁਧਾਰ ਟਰੱਸਟ ਸੰਗਰੂਰ, ਸਿਮਰਤ ਕੌਰ ਖੰਗੂੜਾ ਧਰਮ ਪਤਨੀ ਦਲਵੀਰ ਸਿੰਘ ਗੋਲਡੀ ਸਾਬਕਾ ਵਿਧਾਇਕ, ਅਮਰਜੀਤ ਸਿੰਘ ਟੀਟੂ ਡਾਇਰੈਕਟਰ ਪੰਜਾਬ ਸਟੇਟ ਕੋਆਪ੍ਰੇਟਿਵ ਬੈਂਕ ਲਿਮਟਿਡ ਚੰਡੀਗੜ੍ਹ, ਅਵਤਾਰ ਸਿੰਘ ਈਲਵਾਲ ਚੇਅਰਮੈਨ ਮਾਰਕੀਟ ਕਮੇਟੀ ਸੰਗਰੂਰ, ਰਾਜ ਕੁਮਾਰ ਅਰੋੜਾ ਪ੍ਰਧਾਨ ਸੰਗਰੂਰ ਵੈਲਫੇਅਰ ਐਸੋਸੀਏਸ਼ਨ ਤੇ ਸੂਬਾਈ ਆਗੂ ਗੌਰਮਿੰਟ ਪੈਨਸ਼ਨਰਜ਼ ਤੇ ਡਾ ਗੁਲਜ਼ਾਰ ਸਿੰਘ ਬੌਬੀ ਸਣੇ ਵੱਖ-ਵੱਖ ਖੇਤਰ ਵਿੱਚ ਚੰਗੀ ਕਾਰਗੁਜ਼ਾਰੀ ਵਾਲੇ ਦਰਜਨਾਂ ਆਗੂਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਮੈਡਮ ਪੂਨਮ ਕਾਂਗੜਾ ਨੇ ਕਿਹਾ ਕਿ ਸ਼ਹੀਦ ਸਾਡੇ ਦੇਸ ਦਾ ਸਰਮਾਇਆ ਹਨ, ਜਿਨ੍ਹਾਂ ਨੂੰ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਦੀ ਯਾਦ ਨੂੰ ਤਾਜ਼ਾ ਰੱਖਣ ਲਈ ਭਾਰਤੀਯ ਅੰਬੇਡਕਰ ਮਿਸ਼ਨ ਦਾ ਇਹ ਇੱਕ ਚੰਗਾ ਉਪਰਾਲਾ ਹੈ।

ਪ੍ਰੀਤਮ ਸਿੰਘ ਪੀਤੂ ਤੇ ਅਮਰਜੀਤ ਸਿੰਘ ਟੀਟੂ ਨੇ ਕਿਹਾ ਕਿ ਚੰਗੇ ਸਮਾਜ ਦੀ ਸਿਰਜਣਾ ਲਈ ਹਰ ਸਮਾਜ ਸੇਵੀ ਸੰਸਥਾ ਨੂੰ ਅੱਗੇ ਆਉਣਾ ਚਾਹੀਦਾ ਹੈ। ਰਾਜ ਕੁਮਾਰ ਅਰੋੜਾ ਨੇ ਕਿਹਾ ਕਿ ਸਾਰੀਆਂ ਸਮਾਜ ਸੇਵੀ ਸੰਸਥਾਵਾਂ ਨੂੰ ਨਸ਼ਿਆਂ ਦੇ ਖਾਤਮੇ ਲਈ ਸੰਕਲਪ ਲੈਣਾ ਚਾਹੀਦਾ ਹੈ। ਇਹ ਹੀ ਸ਼ਹੀਦਾਂ ਨੂੰ ਸੱਚੀ ਤੇ ਸੁੱਚੀ ਸ਼ਰਧਾਂਜਲੀ ਹੋਵੇਗੀ ਯੂਥ ਵਿੰਗ ਦੇ ਸੂਬਾ ਪ੍ਰਧਾਨ ਮੁਕੇਸ਼ ਰਤਨਾਕਰ ਨੇ ਕਿਹਾ ਕਿ ਭਾਰਤੀਯ ਅੰਬੇਡਕਰ ਮਿਸ਼ਨ ਜੋ ਕੌਮੀ ਪ੍ਰਧਾਨ ਸ੍ਰੀ ਦਰਸ਼ਨ ਸਿੰਘ ਕਾਂਗੜਾ ਦੀ ਅਗਵਾਈ ਹੇਠ ਪਿਛਲੇ ਕਰੀਬ 24 ਸਾਲਾਂ ਤੋਂ ਸਮਾਜ ਸੇਵਾ ਦੇ ਖੇਤਰ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾ ਰਿਹਾ ਹੈ। ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਸੁਖਪਾਲ ਸਿੰਘ ਭੰਮਾਬੱਦੀ, ਜਗਦੀਪ ਸਿੰਘ ਗੁੱਜਰਾਂ, ਰਾਜ ਕੁਮਾਰ ਸ਼ਰਮਾ, ਅਮਰਿੰਦਰ ਸਿੰਘ ਬੱਬੀ, ਅਮਿਤ ਕੁਮਾਰ ਰੋਕਸੀ, ਰਾਜ ਕੁਮਾਰ ਟੋਨੀ ਤੋਂ ਇਲਾਵਾ ਹੋਰ ਵੀ ਵੱਖ-ਵੱਖ ਆਗੂਆਂ ਨੇ ਸੰਬੋਧਨ ਕਰਦਿਆਂ ਬਾਬਾ ਬੰਦਾ ਸਿੰਘ ਬਹਾਦਰ ਦੀ ਜੀਵਨੀ 'ਤੇ ਚਾਨਣਾ ਪਾਇਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਮੇਸ਼ ਸਿੰਘ ਤਲਵਾੜੀ, ਮੋਹਿਤ ਕੁਮਾਰ, ਅਰਵਿੰਦ ਸਿੱਧੂ, ਇੰਦਰਜੀਤ ਨੀਲੂ, ਹਰਪਾਲ ਸਿੰਘ ਸੋਨੂੰ, ਚਮਕੌਰ ਸਿੰਘ ਜੱਸੀ, ਕਮਲ ਕੁਮਾਰ ਗੋਗਾ, ਜੱਗਾ, ਹਰਪ੍ਰੀਤ ਹੈਪੀ ਤੇ ਸੁਰਿੰਦਰ ਕੌਰ ਬੁਗਰਾ ਆਦਿ ਹਾਜ਼ਰ ਸਨ।

## ਸਰਕਾਰੀ ਖ਼ਜ਼ਾਨੇ ਨੂੰ ਖੋਰਾ ਲਾਉਂਦੇ ਤਿੰਨ ਕੰਡਕਟਰ ਕਾਬੂ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਪੰਜਾਬ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਗਠਤ ਕੀਤੇ ਮਨਿਸਟਰਜ਼ ਫ਼ਲਾਇੰਗ ਸਕੁਐਡ ਨੇ ਸਰਕਾਰੀ ਖ਼ਜ਼ਾਨੇ ਅਤੇ ਸਵਾਰੀਆਂ ਨੂੰ ਚੂਨਾ ਲਾਉਣ ਵਾਲੇ ਤਿੰਨ ਕੰਡਕਟਰਾਂ ਨੂੰ ਕਾਬੂ ਕੀਤਾ ਹੈ। ਇਨ੍ਹਾਂ ਵਿੱਚੋਂ ਇੱਕ ਕੰਡਕਟਰ ਨੇ ਸਵਾਰੀਆਂ ਨੂੰ ਕਰੀਬ 1200 ਰੁਪਏ ਦਾ ਚੂਨਾ ਲਾਇਆ ਸੀ ਜਦਕਿ ਇੱਕ ਹੋਰ ਕੰਡਕਟਰ ਨੂੰ ਦੋ ਦਿਨਾਂ ਵਿੱਚ ਹੀ ਗਬਨ ਦੇ ਦੋ ਕੇਸਾਂ ਵਿੱਚ ਰਿਪੋਰਟ ਕੀਤਾ ਗਿਆ ਹੈ। ਭੁੱਲਰ ਨੇ ਦੱਸਿਆ ਕਿ ਫ਼ਲਾਇੰਗ ਸਕੁਐਡ ਵੱਲੋਂ ਖੰਨਾ ਵਿਖੇ ਚੈਕਿੰਗ ਦੌਰਾਨ ਤਰਨ ਤਾਰਨ ਡਿਪੂ ਦੀ ਬੱਸ ਨੰਬਰ ਪੀ.ਬੀ-02-ਈ.ਜੀ 4728 ਦੀ ਚੈਕਿੰਗ ਕੀਤੀ ਗਈ ਤਾਂ ਕੰਡਕਟਰ ਜਸਕਰਨ ਸਿੰਘ ਨੂੰ ਸਵਾਰੀਆਂ ਤੋਂ 1170 ਰੁਪਏ ਲੈ ਕੇ ਟਿਕਟ ਨਾ ਦੇਣ ਦਾ ਦੋਸ਼ੀ ਪਾਇਆ ਗਿਆ। ਇਹ ਬੱਸ ਦਿੱਲੀ ਤੋਂ ਤਰਨ ਤਾਰਨ ਜਾ ਰਹੀ ਸੀ। ਇਸੇ ਤਰ੍ਹਾਂ ਹੇਡੋਂ ਵਿਖੇ ਲੁਧਿਆਣਾ ਡਿਪੂ ਦੀ ਬੱਸ ਨੰਬਰ ਪੀ.ਬੀ-10-ਐਚ.ਟੀ 2834 ਦੀ ਚੈਕਿੰਗ ਦੌਰਾਨ ਕੰਡਕਟਰ ਸੰਜੇ ਕੁਮਾਰ ਕੋਲੋਂ 615 ਰੁਪਏ ਬਰਾਮਦ ਹੋਏ ਹਨ, ਜੋ ਉਸ ਨੇ ਸਵਾਰੀਆਂ ਕੋਲੋਂ ਲਏ ਸਨ ਪਰ ਬਦਲੇ ਵਿੱਚ ਉਨ੍ਹਾਂ ਨੂੰ ਟਿਕਟ ਨਹੀਂ ਦਿੱਤੀ। ਇਸ ਤੋਂ ਪਹਿਲੇ ਦਿਨ ਕੰਡਕਟਰ ਸੰਜੇ ਕੁਮਾਰ ਨੇ ਤਿੰਨ ਬੱਸਾਂ ਦੀ ਅੱਡਾ ਫੀਸ ਨਾ ਲੈ ਕੇ ਵਿਭਾਗ ਨੂੰ 283 ਰੁਪਏ ਦਾ ਵਿੱਤੀ ਨੁਕਸਾਨ ਪਹੁੰਚਾਇਆ ਸੀ ਜਿਸ ਕਾਰਨ ਉਸ ਨੂੰ ਬਦਲ ਕੇ ਬੱਸ 'ਤੇ ਤੈਨਾਤ ਕੀਤਾ ਗਿਆ ਸੀ। ਹੋਰਨਾਂ ਸੂਬਿਆਂ ਵਿੱਚ ਚੈਕਿੰਗ ਦੀ ਲੜੀ ਤਹਿਤ ਮਨਿਸਟਰਜ਼ ਫ਼ਲਾਇੰਗ ਸਕੁਐਡ ਵੱਲੋਂ ਹਿਮਾਚਲ ਪ੍ਰਦੇਸ਼ ਦੇ ਬਨੀਖੇਤ ਕਸਬੇ ਵਿਖੇ ਚੈਕਿੰਗ ਕੀਤੀ ਗਈ, ਜਿੱਥੋਂ ਅੰਮ੍ਰਿਤਸਰ-1 ਡਿਪੂ ਦੀ ਬੱਸ ਨੰਬਰ ਪੀ.ਬੀ-02-ਈ.ਜੀ 0964 ਦੇ ਕੰਡਕਟਰ ਮਨਜੀਤ ਸਿੰਘ ਨੂੰ ਸਵਾਰੀਆਂ ਤੋਂ 490 ਰੁਪਏ ਲੈ ਕੇ ਟਿਕਟ ਨਾ ਦੇਣ ਲਈ ਰਿਪੋਰਟ ਕੀਤਾ ਗਿਆ ਹੈ। ਇਸ ਤੋਂ ਇਲਾਵਾ ਅਣਅਧਿਕਾਰਤ ਰੂਟਾਂ 'ਤੇ ਚਲਦੀਆਂ ਦੋ ਬੱਸਾਂ ਨੂੰ ਵੀ ਰਿਪੋਰਟ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਫਗਵਾੜਾ ਬਾਈਪਾਸ 'ਤੇ ਚੈਕਿੰਗ ਦੌਰਾਨ ਜਲੰਧਰ-1 ਡਿਪੂ ਦੀ ਬੱਸ ਨੰਬਰ ਪੀ.ਬੀ-08-ਈ.ਐਕਸ 0976 ਅਤੇ ਸ਼ਹੀਦ ਭਗਤ ਸਿੰਘ ਨਗਰ ਡਿਪੂ ਦੀ ਬੱਸ ਨੰਬਰ ਪੀ.ਬੀ-07-ਬੀ.ਕਿਊ 5442 ਨੂੰ ਅਣਅਧਿਕਾਰਤ ਰੂਟ 'ਤੇ ਚਲਦਾ ਪਾਇਆ ਗਿਆ। ਅਣਅਧਿਕਾਰਤ ਰੂਟ 'ਤੇ ਚੱਲਣ ਕਰਕੇ ਦੋਵੇਂ ਬੱਸਾਂ ਕ੍ਰਮਵਾਰ ਮਹਿਜ਼ 9 ਅਤੇ 6 ਸਵਾਰੀਆਂ ਲੈ ਕੇ ਜਾ ਰਹੀਆਂ ਸਨ। ਟਰਾਂਸਪੋਰਟ ਮੰਤਰੀ ਨੇ ਉੱਚ ਅਧਿਕਾਰੀਆਂ ਨੂੰ ਰਿਪੋਰਟ ਕੀਤੇ ਗਏ ਡਰਾਈਵਰਾਂ ਅਤੇ ਕੰਡਕਟਰਾਂ ਵਿਰੁੱਧ ਬਣਦੀ ਵਿਭਾਗੀ ਕਾਰਵਾਈ ਦੇ ਆਦੇਸ਼ ਦਿੱਤੇ ਹਨ।

## ਅੰਤਰਰਾਸ਼ਟਰੀ ਡਰੱਗ ਦਿਵਸ ਮਨਾਇਆ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਅੰਤਰਰਾਸ਼ਟਰੀ ਡਰੱਗ ਦਿਵਸ ਮੌਕੇ ਸਬ ਡਵੀਜ਼ਨ ਸਾਂਝ ਕੇਂਦਰ ਗੁਰੂ ਹਰਸਹਾਏ ਵੱਲੋ ਮਾਨਯੋਗ ਸੀਨੀਅਰ ਕਪਤਾਨ ਪੁਲਸ ਫਿਰੋਜ਼ਪੁਰ ਤੇ ਮਾਨਯੋਗ ਡੀ.ਸੀ.ਪੀ.ਓ. ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਨਸ਼ੇ ਸਬੰਧੀ ਸੈਮੀਨਾਰ ਲਗਾਇਆ ਗਿਆ, ਜਿਸ ਵਿੱਚ ਲੋਕਾਂ ਨੂੰ ਨਸ਼ੇ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ। ਇਸ ਦੌਰਾਨ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ੇ ਬਾਰੇ ਕੋਈ ਵੀ ਇਤਲਾਹ ਦੇਣੀ ਹੈ ਤਾਂ ਉਹ ਬਿਨਾਂ ਕਿਸੇ ਡਰ ਦੇ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਟੋਲ ਫ੍ਰੀ ਨੰਬਰਾਂ 181 ਤੇ 112 'ਤੇ ਸੰਪਰਕ ਕਰਕੇ ਦੇ ਸਕਦੇ ਹਨ।

# ਅੰਤਰਰਾਸ਼ਟਰੀ ਨਸ਼ਾਖੋਰੀ ਤੇ ਗੈਰ-ਕਾਨੂੰਨੀ ਤਸਕਰੀ ਵਿਰੋਧੀ ਦਿਵਸ ਮਨਾਇਆ




**ਮੁਕਤਸਰ (ਸ਼ਮਿੰਦਰਪਾਲ, ਪੂਜਾ)**-ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਸੈਣੀ ਤੇ ਸਿਵਲ ਸਰਜਨ ਡਾ. ਰੰਜੂ ਸਿੰਗਲਾ ਦੇ ਦਿਸ਼ਾ ਨਿਰਦੇਸ਼ਾਂ ਤੇ ਸੀਨੀਅਰ ਮੈਡੀਕਲ ਅਫਸਰ ਡਾ. ਜਤਿੰਦਰ ਪਾਲ ਸਿੰਘ ਦੀ ਅਗਵਾਈ ਹੇਠ ਸੀ.ਐਚ.ਸੀ ਚੱਕ ਸ਼ੇਰੇ ਵਾਲਾ ਵਿਖੇ ਮਾਸ ਮੀਡੀਆ ਵਿੰਗ ਵੱਲੋਂ ਅੰਤਰਰਾਸ਼ਟਰੀ ਨਸ਼ਾਖੋਰੀ ਤੇ ਗੈਰ ਕਾਨੂੰਨੀ ਤਸਕਰੀ ਵਿਰੋਧੀ ਦਿਵਸ ਮਨਾਇਆ ਗਿਆ। ਡਾ. ਜਤਿੰਦਰ ਪਾਲ ਸਿੰਘ ਨੇ ਕਿਹਾ ਕਿ ਅੱਜ ਦਾ ਇਹ ਦਿਨ 'ਲੋਕ ਪਹਿਲਾਂ : ਕਲੰਕ ਤੇ ਵਿਤਕਰੇ ਦੀ ਭਾਵਨਾ ਨੂੰ ਰੋਕੋ ਤੇ ਰੋਕਥਾਮ ਨੂੰ ਮਜਬੂਤ ਕਰੋ' ਦੀ ਥੀਮ ਨਾਲ ਮਨਾਇਆ ਜਾ ਰਿਹਾ ਹੈ, ਜਿਸ ਤੋਂ ਭਾਵ ਹੈ ਕਿ ਨਸ਼ੇ ਕਰਨ ਦੇ ਆਦੀ ਲੋਕਾਂ ਨਾਲ ਵਿਤਕਰਾ ਨਾ ਕੀਤਾ ਜਾਵੇ ਅਤੇ ਉਨ੍ਹਾਂ ਨੂੰ ਵੀ ਸਮਾਜ ਦਾ ਹਿਸਾ ਸਮਝਿਆ ਜਾਵੇ ਅਤੇ ਨਾਲ ਹੀ ਇਸਦੀ ਰੋਕਥਾਮ ਦੇ ਤਰੀਕਿਆਂ ਨੂੰ ਹੋਰ ਮਜਬੂਤ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਨਸ਼ਾਖੋਰੀ ਸਾਡੇ ਸਮਾਜ ਨੂੰ ਘੁਣ ਵਾਂਗ ਖਾ ਰਹੀ ਹੈ। ਇਹ ਉਹ ਸਮਾਜਿਕ ਬੁਰਾਈ ਤੇ ਗੰਭੀਰ ਸਮੱਸਿਆ ਹੈ, ਜਿਸ ਨਾਲ ਨਿੱਜੀ, ਪਰਵਾਰਕ, ਸਮਾਜਿਕ ਅਤੇ ਹੋਰ ਕਈ ਸੰਸਥਾਵਾਂ ਪ੍ਰਭਾਵਿਤ ਹਨ। ਨਸ਼ੇ ਦੀ ਸ਼ੁਰੂਆਤ ਭਾਵੇਂ ਸ਼ੌਕ ਜਾਂ ਫੁਕਰਾਪਣ ਵਿੱਚ ਕੀਤੀ ਜਾਂਦੀ ਹੈ, ਪਰ ਬਾਅਦ ਵਿੱਚ ਇਹ ਆਦਤ ਬਣ ਜਾਂਦੀ ਹੈ। ਜਦੋਂ ਇਸਦੀ ਪੂਰਤੀ ਨਹੀ ਹੁੰਦੀ ਤਾਂ ਨੌਜਵਾਨ ਤੇ ਕਿਸ਼ੋਰ ਗੈਰ ਸਮਾਜੀ ਰਸਤਾ ਅਖਤਿਆਰ ਕਰ ਲੈਂਦੇ ਹਨ। ਨਸ਼ਿਆਂ ਦੀ ਦਲਦਲ ਵਿੱਚ ਫਸੇ ਵਿਅਕਤੀਆਂ ਨੂੰ ਸਹੀ ਰਸਤਾ ਵਿਖਾਉਣ ਤੇ ਸਮਾਜ ਵਿੱਚ ਉਨ੍ਹਾਂ ਦਾ ਰੁਤਬਾ ਮੁੜ ਸੁਰਜੀਤ ਕਰਨ ਲਈ ਸਿਹਤ ਤੇ ਪਰਵਾਰ ਭਲਾਈ ਵਿਭਾਗ ਵੱਲੋਂ ਡਰੱਗ ਡੀ-ਅਡਿਕਸ਼ਨ ਪ੍ਰੋਗਰਾਮ ਤਹਿਤ ਅਹਿਮ ਉਪਰਾਲੇ ਕੀਤੇ ਜਾ ਰਹੇ ਹਨ ਤੇ ਇੱਕ ਹੀ ਸੁਨੇਹਾ ਦਿੱਤਾ ਜਾਂਦਾ ਹੈ 'ਨਸ਼ਿਆਂ ਨੂੰ ਕਹੋ ਨਾਂਹ, ਜ਼ਿੰਦਗੀ ਨੂੰ ਕਹੋ ਹਾਂ।' ਬੀ.ਈ.ਈ ਮਨਬੀਰ ਸਿੰਘ ਨੇ ਦੱਸਿਆ ਕਿ ਸੀਐਚਸੀ ਚੱਕ ਸ਼ੇਰੇਵਾਲਾ ਵਿਖੇ ਚੱਲ ਰਹੇ ਸੂਬਾ ਸਰਕਾਰ ਵੱਲੋਂ ਨਸ਼ਾ ਪੀੜਤਾਂ ਦੇ ਮੁਫ਼ਤ ਇਲਾਜ ਲਈ ਨਸ਼ਾ ਛੁਡਾਓ ਕੇਂਦਰ, ਓਟ ਸੈਂਟਰ ਅਤੇ ਪੁਨਰਵਾਸ ਕੇਂਦਰ ਚਲਾਏ ਜਾ ਰਹੇ ਹਨ, ਜਿਥੇ ਮਨੋਚਕਿਤਸਕ, ਕਾਉਂਸਲਰ, ਸੋਸ਼ਲ ਵਰਕਰ ਅਤੇ ਹੋਰ ਮੈਡੀਕਲ, ਪੈਰਾ ਮੈਡੀਕਲ ਸਟਾਫ਼ ਨਸ਼ੇ ਦੇ ਆਦਿ ਮਰੀਜਾਂ ਨੂੰ ਇਸ ਮਾੜੀ ਆਦਤ ਤੋਂ ਨਿਜ਼ਾਤ ਪਾਉਣ ਵਿੱਚ ਮਦਦ ਕਰਦੇ ਹਨ। ਇਨ੍ਹਾਂ ਕੇਂਦਰਾਂ ਵਿੱਚ ਇਲਾਜ ਦੇ ਨਾਲ ਨਾਲ ਲੋਕਾਂ ਦੀ ਕਾਉਂਸਲਿੰਗ ਵੀ ਕੀਤੀ ਜਾਂਦੀ ਹੈ ਤਾਂ ਜੁ ਉਹ ਨਸ਼ਾ ਛੱਡਣ ਲਈ ਮਾਨਸਿਕ ਤੌਰ 'ਤੇ ਵੀ ਮਜਬੂਤ ਹੋ ਸਕਣ। ਉਨ੍ਹਾਂ ਕਿਹਾ ਕਿ ਸੀਐਚਸੀ ਵਿਖੇ ਬਣੇ ਓਟ ਸੈਂਟਰ ਤੇ 80 ਤੋਂ 100 ਲੋਕ ਨਿਯਮਿਤ ਤੌਰ 'ਤੇ ਆਪਣੇ ਇਲਾਜ ਲਈ ਆ ਰਹੇ ਹਨ।

ਉਨ੍ਹਾਂ ਕਿਹਾ ਕਿ ਜੇਕਰ ਕੋਈ ਪੀੜਤ ਨਸ਼ਾ ਛੱਡਣਾ ਚਾਹੁੰਦਾ ਹੈ ਤਾਂ ਉਸ ਨੂੰ ਸਮਾਜ ਤੇ ਆਪਣੇ ਭਾਈਚਾਰੇ ਵਲੋਂ ਸਹਿਯੋਗ ਨਹੀਂ ਮਿਲਦਾ, ਜਿਸ ਕਾਰਨ ਉਹ ਨਸ਼ਾ ਨਹੀਂ ਛੱਡ ਪਾਉਂਦਾ ਅਤੇ ਇਸ ਦਲਦਲ ਵਿਚ ਹੀ ਫਸਿਆ ਰਹਿ ਜਾਂਦਾ ਹੈ। ਇਸ ਮੌਕੇ ਐਸ.ਆਈ ਪਰਮਜੀਤ ਸਿੰਘ, ਗੁਰਪਾਲ ਸਿੰਘ, ਸੋਹਨ ਲਾਲ, ਜਗਦੇਵ ਸਿੰਘ, ਸੁਰਿੰਦਰ ਕੁਮਾਰ ਐਲ.ਟੀ, ਹੋਰ ਸਟਾਫ ਤੇ ਪਿੰਡਵਾਸੀ ਮੌਜੂਦ ਸਨ।

## ਫੇਮੀਵਾਲਾ ਦੀ ਪੰਚਾਇਤ ਸਾਥੀਆਂ ਸਮੇਤ 'ਆਪ' 'ਚ ਸ਼ਾਮਲ



**ਮੱਖੂ (ਰਛਪਾਲ ਸਿੰਘ ਸੰਧੂ)**-ਪਿੰਡ ਫੇਮੀਵਾਲਾ ਦੇ ਮੌਜੂਦਾ ਸਰਪੰਚ ਚਰਨਜੀਤ ਕੌਰ ਤੇ ਉਨ੍ਹਾਂ ਦੇ ਪਤੀ ਸੁਨੀਲ ਮਸੀਹ ਦੇ ਨਾਲ ਮੈਂਬਰ ਪੰਚਾਇਤ ਰਾਕੇਸ਼, ਬਲਵੀਰ, ਸ਼ਿੰਦੋ, ਚੌਧਰੀ ਲਾਲ ਮਸੀਹ, ਫਰਿਆਦ ਮਸੀਹ, ਦੌਲਤ ਮਸੀਹ, ਰੌਣਕ ਮਸੀਹ, ਕੁਲਵੰਤ ਆਦਿ ਵੱਖ-ਵੱਖ ਸਿਆਸੀ ਪਾਰਟੀਆਂ ਨੂੰ ਛੱਡ ਕੇ ਵਿਧਾਨ ਸਭਾ ਹਲਕਾ ਜ਼ੀਰਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਨਰੇਸ਼ ਕਟਾਰੀਆ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ। ਇਸ ਮੌਕੇ ਵਿਧਾਇਕ ਨਰੇਸ਼ ਕਟਾਰੀਆ ਵੱਲੋਂ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਵਰਕਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੇ ਪੰਜਾਬ 'ਚ ਕਰਾਏ ਜਾ ਰਹੇ ਵਿਕਾਸ ਕੰਮਾਂ ਤੋਂ ਖੁਸ਼ ਹੋ ਕੇ ਲੋਕ ਬਹੁਤ ਹੀ ਉਤਸ਼ਾਹ ਨਾਲ 'ਆਪ' 'ਚ ਸ਼ਾਮਲ ਹੋ ਰਹੇ ਹਨ। ਵਿਧਾਇਕ ਨਰੇਸ਼ ਕਟਾਰੀਆ ਨੇ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਜਿੱਥੇ ਬਿਜਲੀ ਦੇ ਪ੍ਰਤੀ ਬਿੱਲ 600 ਯੂਨਿਟ ਕਰਨ ਦੇ ਨਾਲ ਲੋਕਾਂ ਦੇ ਬਿਜਲੀ ਦੇ ਬਿੱਲ ਜ਼ੀਰੋ ਆ ਰਿਹਾ ਹੈ ਅਤੇ ਲੋਕਾਂ ਨੂੰ ਹਸਪਤਾਲਾਂ ਵਿਚ ਸਿਹਤ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਇਸ ਮੌਕੇ ਕੁਲਵਿੰਦਰ ਸਿੰਘ ਬੱਬਾ, ਪ੍ਰਭਦੀਪ ਸਿੰਘ, ਦਵਿੰਦਰ ਸਿੰਘ ਸਾਬਕਾ ਸਰਪੰਚ, ਲਖਵੀਰ ਸਿੰਘ, ਸ੍ਰੀ ਰਾਮ ਠੇਕੇਦਾਰ, ਡਾਕਟਰ ਸੋਨੂੰ ਤੇ ਜਸਪਾਲ ਤਲਵੰਡੀ ਆਦਿ ਹਾਜ਼ਰ ਸਨ।

## 142 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਹੋਈ



**ਜਗਰਾਉਂ (ਅਮਿਤ ਖੰਨਾ)**-ਐੱਲ ਆਰ ਡੀ ਏ ਵੀ ਕਾਲਜ ਵਿਖੇ ਲੋਕ ਸੇਵਾ ਸੁਸਾਇਟੀ ਵੱਲੋਂ ਲਾਏ 39ਵੇਂ ਕੈਂਪ 'ਚ 142 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਹੋਈ। ਸਵ. ਸੁਸ਼ੀਲ ਕੁਮਾਰ ਜੈਨ ਦੀ ਤੀਜੀ ਬਰਸੀ ਨੂੰ ਸਮਰਪਤ ਲਾਏ ਕੈਂਪ ਦਾ ਉਦਘਾਟਨ ਡਾ. ਮਨੀਸ਼ ਜੈਨ ਐੱਮਡੀ ਜੈਨ ਲੈਬ ਐਂਡ ਐਕਸਰੇ ਕਲੀਨਿਕ ਤੇ ਹਰਸ਼ ਜੈਨ ਐੱਮਡੀ ਸ੍ਰੀ ਅਰਿਹੰਤ ਆਇਲ ਐਂਡ ਜਨਰਲ ਮਿਲ ਨੇ ਕਰਦਿਆਂ ਸੁਸਾਇਟੀ ਵੱਲੋਂ ਨਿਰਵਿਘਨ ਕੀਤੇ ਜਾ ਰਹੇ ਸਮਾਜ ਸੇਵੀ ਕੰਮਾਂ ਦੀ ਸ਼ਲਾਘਾ ਕੀਤੀ। ਸੁਸਾਇਟੀ ਦੇ ਚੇਅਰਮੈਨ ਗੁਲਸ਼ਨ ਅਰੋੜਾ, ਪ੍ਰਧਾਨ ਕੰਵਲ ਕੱਕੜ, ਸੈਕਟਰੀ ਕੁਲਭੂਸ਼ਨ ਗੁਪਤਾ ਤੇ ਕੈਸ਼ੀਅਰ ਸੁਨੀਲ ਬਜਾਜ ਨੇ ਦੱਸਿਆ ਸਰਪ੍ਰਸਤ ਰਾਜਿੰਦਰ ਜੈਨ ਦੇ ਪਰਵਾਰ ਦੇ ਭਰਪੂਰ ਯੋਗਦਾਨ ਸਦਕਾ ਲਾਏ 39ਵੇਂ ਅੱਖਾਂ ਦੇ ਚਿੱਟੇ ਮੋਤੀਏ ਦੇ ਮੁਫ਼ਤ ਚੈੱਕਅਪ ਤੇ ਆਪਰੇਸ਼ਨ ਕੈਂਪ 'ਚ ਸ਼ੰਕਰਾ ਹਸਪਤਾਲ ਮੁੱਲਾਂਪੁਰ ਦੇ ਡਾਕਟਰਾਂ ਦੀ ਟੀਮ ਨੇ ਸਿਰਫ਼ ਚਿੱਟੇ ਮੋਤੀਏ ਵਾਲੇ 142 ਮਰੀਜ਼ਾਂ ਲਈ ਚੈੱਕਅਪ ਕਰਦਿਆਂ 39 ਮਰੀਜ਼ਾਂ ਦੀ ਚੋਣ ਕੀਤੀ, ਜਿਨ੍ਹਾਂ ਦੀਆਂ ਅੱਖਾਂ ਦੇ ਅਪ੍ਰੇਸ਼ਨ ਕਰਾਏ ਜਾਣਗੇ। ਇਸ ਮੌਕੇ ਸਰਜੀਵਨ ਗੁਪਤਾ, ਲਾਕੇਸ਼ ਟੰਡਨ, ਅਨਿਲ ਮਲਹੋਤਰਾ, ਕੈਪਟਨ ਨਰੇਸ਼ ਵਰਮਾ, ਗੋਪਾਲ ਗੁਪਤਾ, ਨੀਰਜ ਮਿੱਤਲ, ਸੁਖਜਿੰਦਰ ਸਿੰਘ ਢਿੱਲੋਂ, ਰਾਜੀਵ ਗੁਪਤਾ, ਮਨੋਹਰ ਸਿੰਘ ਟੱਕਰ, ਮੁਕੇਸ਼ ਗੁਪਤਾ ਤੇ ਮੁਕੇਸ਼ ਮਲਹੋਤਰਾ ਆਦਿ ਹਾਜ਼ਰ ਸਨ।

## ਸੰਭਾਵੀ ਹੜ੍ਹਾਂ ਤੋਂ ਬਚਾਅ ਲਈ ਅਧਿਕਾਰੀਆਂ ਨਾਲ ਮੀਟਿੰਗ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸੰਭਾਵੀ ਹੜ੍ਹਾਂ ਤੋਂ ਬਚਾਅ ਲਈ ਡਾ. ਰੂਹੀ ਦੁੱਗ ਡਿਪਟੀ ਕਮਿਸ਼ਨਰ ਨੇ ਡਿਪਟੀ ਕਮਿਸ਼ਨਰ ਦੇ ਮੀਟਿੰਗ ਹਾਲ ਵਿੱਚ ਜ਼ਿਲ੍ਹਾ ਹੜ੍ਹ ਕੰਟਰੋਲ ਦੀ ਮੀਟਿੰਗ ਦੀ ਪ੍ਰਧਾਨਗੀ ਕੀਤੀ। ਮੀਟਿੰਗ ਵਿੱਚ ਸ੍ਰੀ ਬਿਕਰਮਜੀਤ ਸਿੰਘ ਸ਼ੇਰਗਿੱਲ ਵਧੀਕ ਡਿਪਟੀ ਕਮਿਸ਼ਨਰ, ਸ੍ਰੀ ਕੰਵਰਜੀਤ ਸਿੰਘ ਐਸ.ਡੀ.ਐਮ, ਸ੍ਰੀਮਤੀ ਸਰੋਜ ਰਾਣੀ ਜ਼ਿਲ੍ਹਾ ਮਾਲ ਅਫ਼ਸਰ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਡਰੇਨ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੰਭਾਵੀ ਹੜ੍ਹਾਂ ਦੀ ਸਥਿਤੀ ਤੇ ਕੰਟਰੋਲ ਕਰਨ ਲਈ ਸਾਰੀਆਂ ਡਰੇਨਾਂ ਦੀ ਸਫ਼ਾਈ 10 ਜੁਲਾਈ ਤੋਂ ਪਹਿਲਾਂ-ਪਹਿਲਾਂ ਮੁਕੰਮਲ ਕਰ ਲਈ ਜਾਵੇ ਤਾਂ ਜੁ ਬਰਸਾਤੀ ਸੀਜਨ ਦੌਰਾਨ ਕਿਸੇ ਵੀ ਤਰ੍ਹਾਂ ਦੀ ਕੋਈ ਸਮੱਸਿਆ ਪੇਸ਼ ਨਾ ਆਵੇ। ਉਨ੍ਹਾਂ ਜ਼ਿਲ੍ਹਾ ਦੇ ਬੀ.ਡੀ.ਪੀ.ਓਜ ਨੂੰ ਹਦਾਇਤ ਕੀਤੀ ਕਿ ਪਿੰਡਾਂ ਦੇ ਛੱਪੜਾਂ ਦੀ ਸਫਾਈ ਦਾ ਕੰਮ ਮੁਕੰਮਲ ਕਰ ਲਿਆ ਜਾਵੇ ਤੇ ਜੋ ਛੱਪੜਾਂ ਵਿੱਚ ਪਾਣੀ ਮੌਜੂਦ ਹੈ, ਇਸ ਪਾਣੀ ਦੀ ਨਿਕਾਸੀ ਕੀਤੀ ਜਾਵੇ ਅਤੇ ਛੱਪੜਾਂ ਤੇ ਜੋ ਮੋਟਰਾਂ ਲੱਗੀਆਂ ਹਨ, ਚਾਲੂ ਹਾਲਤ ਵਿੱਚ ਰੱਖੀਆਂ ਜਾਣ ਤਾਂ ਜੁ ਬਰਸਾਤ ਦੌਰਾਨ ਪਿੰਡ ਵਾਸੀਆਂ ਨੂੰ ਕੋਈ ਪ੍ਰੇਸ਼ਾਨੀ ਪੇਸ਼ ਨਾ ਆਵੇ।

## ਅੰਤਰਰਾਸ਼ਟਰੀ ਨਸ਼ਾਖੋਰੀ ਤੇ ਗ਼ੈਰ-ਕਾਨੂੰਨੀ ਤਸਕਰੀ ਵਿਰੋਧੀ ਦਿਵਸ ਮੌਕੇ ਜਾਗਰੂਕਤਾ ਕੈਂਪ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਿਵਲ ਸਰਜਨ ਡਾ. ਦਵਿੰਦਰਜੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਨਸ਼ਾ ਛੁਡਾਊ ਕੇਂਦਰ ਵਿਖੇ ਡਿਪਟੀ ਮੈਡੀਕਲ ਕਮਿਸ਼ਨਰ, ਡਾ. ਸਰੀਤਾ ਦੀ ਅਗਵਾਈ ਹੇਠ 'ਨਸ਼ਾ-ਮੁਕਤ ਭਾਰਤ' ਮੁਹਿੰਮ ਦੇ ਤਹਿਤ 'ਅੰਤਰਰਾਸ਼ਟਰੀ ਨਸ਼ਾਖੋਰੀ ਤੇ ਗੈਰ-ਕਾਨੂੰਨੀ ਤਸਕਰੀ ਵਿਰੋਧੀ ਦਿਵਸ' ਮੌਕੇ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ। ਜਾਗਰੂਕਤਾ ਕੈਂਪ ਨੂੰ ਸੰਬੋਧਨ ਕਰਦਿਆਂ ਸਿਵਲ ਸਰਜਨ ਡਾ. ਦਵਿੰਦਰਜੀਤ ਕੌਰ ਨੇ ਕਿਹਾ ਕਿ ਨਸ਼ਾ ਇੱਕ ਮਾਨਸਿਕ ਰੋਗ ਹੈ, ਜੋ ਇਨਸਾਨ ਨੂੰ ਸਰੀਰਕ, ਮਾਨਸਿਕ ਤੇ ਆਰਥਿਕ ਤੌਰ 'ਤੇ ਕਮਜ਼ੋਰ ਕਰ ਦਿੰਦਾ ਹੈ, ਇਸ ਲਈ ਸਾਨੂੰ ਕਿਸੇ ਵੀ ਕਿਸਮ ਦਾ ਨਸਾ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਵਿਆਪਕ ਵਰਤੋਂ ਸਮਾਜ ਲਈ ਇੱਕ ਚਿੰਤਾ ਦਾ ਵਿਸ਼ਾ ਹੈ, ਕਿਉਂਕਿ ਕਿਸੇ ਵੀ ਦੇਸ ਦੇ ਚੰਗੇ ਭਵਿੱਖ ਲਈ ਉਸ ਦੀ ਤਰੱਕੀ ਦੇ ਰਾਹ ਵਿਚ ਨਸ਼ਾ ਇਕ ਵੱਡੀ ਰੁਕਾਵਟ ਬਣਦਾ ਹੈ। ਇਸ ਮੌਕੇ ਡਿਪਟੀ ਮੈਡੀਕਲ ਕਮਿਸ਼ਨਰ ਡਾ. ਸਰੀਤਾ ਨੇ ਕਿਹਾ ਕਿ ਜੇਕਰ ਕੋਈ ਵਿਅਕਤੀ ਕਿਸੇ ਕਾਰਨ ਨਸ਼ਿਆਂ ਦੀ ਦਲਦਲ ਵਿੱਚ ਫਸਦਾ ਹੈ ਤਾਂ ਇਸਦਾ ਇਲਾਜ ਵੀ ਸੰਭਵ ਹੈ ਤੇ ਉਸਦਾ ਇਹ ਇਲਾਜ ਸਰਕਾਰ ਵੱਲੋਂ ਨਸਾ ਛੁਡਾਊ ਕੇਂਦਰਾਂ, ਓਟ ਕਲੀਨਿਕਾਂ ਅਤੇ ਮੁੜ ਵਸੇਬਾ ਕੇਂਦਰਾਂ ਵਿੱਚ ਬਿਲਕੁਲ ਮੁਫਤ ਕੀਤਾ ਜਾ ਰਿਹਾ ਹੈ। ਮਾਨਸਿਕ ਰੋਗਾਂ ਦੇ ਮਾਹਿਰ ਡਾ. ਸਨਪ੍ਰੀਤ ਕੌਰ ਨੇ ਕੈਂਪ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਜ਼ਿਆਦਾਤਰ ਨੌਜਵਾਨ ਵਰਗ ਨਸ਼ਾ ਕਰਨ ਵੱਲ ਝੁਕ ਰਿਹਾ ਹੈ। ਸਰਸਵਤੀ ਨਰਸਿੰਗ ਇੰਸਟੀਚਿਊਟ ਧਿਆਨਪੁਰਾ ਦੇ ਵਿਦਿਆਰਥੀਆਂ ਦੇ ਪੋਸਟਰ ਮੁਕਾਬਲੇ ਕਰਾਏ ਗਏ ਤੇ ਵਿਦਿਆਰਥੀਆਂ ਵੱਲੋਂ ਨੁੱਕੜ ਨਾਟਕ ਰਾਹੀਂ ਆਮ ਲੋਕਾਂ ਨੂੰ ਜਾਗਰੂਕ ਵੀ ਕੀਤਾ ਗਿਆ। ਇਸ ਮੌਕੇ ਸਹਾਇਕ ਸਿਵਲ ਸਰਜਨ ਡਾ. ਸਵਪਨਜੀਤ ਕੌਰ, ਡਿਪਟੀ ਮੈਡੀਕਲ ਕਮਿਸ਼ਨਰ ਡਾ. ਸਰੀਤਾ, ਜ਼ਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫ਼ਸਰ ਕਰਨੈਲ ਸਿੰਘ, ਜਸਵਿੰਦਰ ਕੌਰ, ਜ਼ਿਲ੍ਹਾ ਬੀ.ਸੀ.ਸੀ ਅਮਰਜੀਤ ਸਿੰਘ, ਐਡਿਕਸਨ ਸੈਂਟਰ ਦਾ ਸਮੂਹ ਸਟਾਫ਼, ਨਰਸਿੰਗ ਕਾਲਜ ਦੇ ਅਧਿਆਪਕ, ਨਰਸਿੰਗ ਵਿਦਿਆਰਥੀ ਤੇ ਆਮ ਲੋਕ ਹਾਜ਼ਰ ਸਨ।

## ...ਸ.ਫਾ 1 ਦੇ ਬਾਕੀ

### ਅਕਾਲ ਤਖਤ ਦੀ ਅਗਵਾਈ...

ਸ਼੍ਰੋਮਣੀ ਕਮੇਟੀ ਨੇ ਇਹ ਵੀ ਦੋਸ਼ ਲਾਇਆ ਹੈ ਕਿ ਪੰਜਾਬ ਸਰਕਾਰ ਨੇ ਬਿੱਲ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੇ ਇਸ਼ਾਰੇ 'ਤੇ ਪਾਸ ਕੀਤਾ ਹੈ। ਇਸ ਤੋਂ ਪਹਿਲਾਂ ਐਡਵੋਕੇਟ ਧਾਮੀ ਨੇ ਦੱਸਿਆ ਕਿ ਮਾਸਟਰ ਤਾਰਾ ਸਿੰਘ ਅਤੇ ਜਵਾਹਰ ਲਾਲ ਨਹਿਰੂ ਵਿਚਾਲੇ ਸਮਝੌਤੇ ਤਹਿਤ ਸ਼੍ਰੋਮਣੀ ਕਮੇਟੀ ਦੇ ਜਨਰਲ ਹਾਊਸ ਦੇ ਦੋ-ਤਿਹਾਈ ਬਹੁਮਤ ਨਾਲ ਸਿੱਖ ਗੁਰਦੁਆਰਾ ਐਕਟ 1925 ਵਿਚ ਕੋਈ ਸੋਧ ਕੀਤੀ ਜਾ ਸਕਦੀ ਹੈ। ਇਸ ਤੋਂ ਪਹਿਲਾਂ ਹੋਈਆਂ ਸੋਧਾਂ ਵੀ ਇਸੇ ਤਰ੍ਹਾਂ ਜਨਰਲ ਹਾਊਸ ਵਲੋਂ ਦੋ-ਤਿਹਾਈ ਬਹੁਮਤ ਨਾਲ ਕੀਤੀਆਂ ਸਿਫਾਰਸ਼ਾਂ ਤਹਿਤ ਹੋਈਆਂ ਹਨ। ਉਨ੍ਹਾ ਕਿਹਾ ਕਿ ਸਿੱਖਾਂ ਦੇ ਧਾਰਮਿਕ ਮਾਮਲਿਆਂ 'ਚ ਸਰਕਾਰਾਂ ਦੀ ਦਖਲਅੰਦਾਜ਼ੀ ਨੂੰ ਕਦੇ ਬਰਦਾਸ਼ਤ ਨਹੀਂ ਕੀਤਾ ਗਿਆ ਅਤੇ ਇਨ੍ਹਾਂ ਸਿੱਖ-ਪਰੰਪਰਾਵਾਂ ਨੂੰ ਅੱਗੇ ਵੀ ਜਾਰੀ ਰੱਖਿਆ ਜਾਵੇਗਾ। ਜਨਰਲ ਇਜਲਾਸ ਵਿਚ ਅਕਾਲ ਤਖਤ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਤਖਤ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਵੀ ਹਾਜ਼ਰ ਸਨ।

### ਇੱਕ ਪਰਵਾਰ ਤੇ ਇੱਕ...

ਉਹਨਾ ਕਿਹਾ ਕਿ ਮਰਿਆਦਾ ਦਾ ਪਾਲਣ ਕਰਨ ਲਈ ਉਹਨਾ ਨੂੰ ਆਪਣਾ ਖੂਨ ਵੀ ਵਹਾਉਣਾ ਪਿਆ ਤਾਂ ਪਿੱਛੇ ਨਹੀਂ ਹਟਣਗੇ।

ਉਹਨਾ ਕਿਹਾ ਕਿ ਉਹ ਜਦੋਂ ਸੰਗਤਾਂ ਵਿੱਚ ਜਾਂਦੇ ਹਨ ਤਾਂ ਸੰਗਤਾਂ ਆਪਣੀਆਂ ਸੰਸਥਾਵਾਂ ਨੂੰ ਬਚਾਉਣ ਲਈ ਤੜਪ ਰਹੀਆਂ ਹਨ। ਅੱਜ ਵੀ ਅਸੀ ਰਸਾਤਲ ਵੱਲ ਜਾ ਰਹੇ ਹਾਂ। ਉਹਨਾ ਜਦੋਂ ਦੋ ਗੱਲਾਂ ਹੋਰ ਕਰਨ ਦੀ ਬਾਤ ਪਾਈ ਤਾਂ ਪ੍ਰਧਾਨ ਨੇ ਰੋਕ ਦਿੱਤਾ ਤੇ ਸਪੀਕਰ ਬੰਦ ਕਰ ਦਿੱਤਾ। ਬੀਬੀ ਨੇ ਕਿਹਾ ਕਿ ਉਹ ਇੱਕ ਪਰਵਾਰ ਦੇ ਏਕਾਧਿਕਾਰ ਨੂੰ ਚੁੱਪ ਕਰਕੇ ਸਹਿੰਦੇ ਰਹੇ, ਜਿਸ ਕਾਰਨ ਅੱਜ ਪੰਥ ਨੂੰ ਇਹ ਦਿਨ ਵੇਖਣੇ ਪੈ ਰਹੇ ਹਨ। ਬੀਬੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਨੂੰ ਆਪਣਾ ਯੂ ਟਿਊਬ ਚੈਨਲ ਪਹਿਲਾਂ ਹੀ ਸ਼ੁਰੂ ਕਰ ਦੇਣਾ ਚਾਹੀਦਾ ਹੈ। ਉਹਨਾ ਕਿਹਾ ਕਿ ਸੱਤ ਮਹੀਨੇ ਪਹਿਲਾਂ ਜਦੋਂ ਉਹਨਾ ਬਾਦਲ ਸਾਹਿਬ ਨੂੰ ਸੁਝਾਅ ਦਿੱਤਾ ਸੀ ਕਿ ਉਹ ਪੀ ਟੀ ਸੀ ਗੁਰੂ ਘਰ ਨੂੰ ਦਾਨ ਕਰ ਦੇਣ ਤਾਂ ਉਹਨਾ ਗੁੱਸਾ ਜ਼ਾਹਰ ਕੀਤਾ ਸੀ।

ਮੈਂਬਰ ਜਸਵੰਤ ਸਿੰਘ ਪੁੜੈਣ ਨੇ ਕਿਹਾ ਕਿ ਪਹਿਲਾਂ ਅਸੀਂ ਸੁੱਤੇ ਰਹਿੰਦੇ ਹਾਂ ਤੇ ਫਿਰ ਵਾਦ-ਵਿਵਾਦ ਵਿੱਚ ਪੈ ਜਾਂਦੇ ਹਾਂ ਤੇ ਉਠਿਆ ਪ੍ਰਸ਼ਨ ਦਾ ਅੰਤ ਉਥੇ ਹੀ ਹੋ ਜਾਂਦਾ ਹੈ। ਉਹਨਾ ਕਿਹਾ ਕਿ ਜਿਹੜਾ ਮਤਾ ਇੱਕ ਮਸਕਰੇ ਨੇ ਲਿਆਂਦਾ ਹੈ, ਉਸ ਨੂੰ ਰੱਦ ਵੀ ਕੀਤਾ ਜਾਂਦਾ ਹੈ ਤੇ ਸਰਕਾਰ ਇਸ ਨੂੰ ਤੁਰੰਤ ਵਾਪਸ ਲਵੇ।

ਉਹਨਾ ਕਿਹਾ ਕਿ ਇਹ ਮਸਕਰਾ ਅੱਜ ਇੱਕ ਮਤਾ ਲੈ ਕੇ ਆਇਆ ਹੈ, ਕੱਲ੍ਹ ਨੂੰ ਮੈਂਬਰ ਬਣਨ ਵਿੱਚ ਤੇ ਵੋਟਰ ਬਣਨ ਲਈ ਵੀ ਸੋਧ ਕਰ ਸਕਦਾ ਹੈ। ਫਿਰ ਛੱਲ੍ਹੀ ਰਾਮ ਤੇ ਟੱਲੀ ਰਾਮ ਵੀ ਮੈਂਬਰ ਤੇ ਵੋਟਰ ਬਣ ਜਾਣਗੇ ਅਤੇ ਫਿਰ ਇਸ ਸਿੱਖਾਂ ਦੀ ਪਾਰਲੀਮੈਂਟ ਦੀ ਕੋਈ ਤੁਕ ਨਹੀਂ ਰਹਿ ਜਾਵੇਗੀ। ਉਹਨਾ ਕਿਹਾ ਕਿ ਅੱਜ ਪੀ ਟੀ ਸੀ ਤੇ ਉਸ ਦੇ ਮਾਲਕਾਂ ਖਿਲਾਫ ਸਾਰੇ ਸਿੱਖ ਵਿਰੁੱਧ ਹਨ ਤੇ ਮੈਂ ਵੀ ਖਿਲਾਫ ਹਾਂ, ਫਿਰ ਸ਼੍ਰੋਮਣੀ ਕਮੇਟੀ ਆਪਣਾ ਚੈਨਲ ਕਿਉਂ ਨਹੀਂ ਸ਼ੁਰੂ ਕਰਦੀ। ਉਹਨਾ ਕਿਹਾ ਕਿ ਜਦੋਂ ਕੋਈ ਵਿਰੋਧੀ ਮੈਂਬਰ ਬੋਲਣ ਲੱਗਦਾ ਹੈ ਤਾਂ ਉਸ 'ਤੇ ਭਾਜਪਾ ਦਾ ਟੈਗ ਲਗਾ ਦਿੱਤਾ ਜਾਂਦਾ ਹੈ, ਸਾਨੂੰ ਇਸ ਵਿੱਚੋਂ ਵੀ ਨਿਕਲਣਾ ਪਵੇਗਾ। ਉਹਨਾ ਕਿਹਾ ਕਿ ਅੱਜ ਦਾ ਸਾਰਾ ਹਾਊਸ ਹੀ ਮੰਗ ਕਰਦਾ ਹੈ ਕਿ ਇੱਕ ਚੈਨਲ ਤੇ ਇੱਕ ਪਰਵਾਰ ਦਾ ਏਕਾਧਿਕਾਰ ਖਤਮ ਕੀਤਾ ਜਾਵੇ ਅਤੇ ਆਪਣਾ ਚੈਨਲ ਤੁਰੰਤ ਸ਼ੁਰੂ ਕੀਤਾ ਜਾਵੇ।

ਬੀਬੀ ਕਿਰਨਜੋਤ ਕੌਰ ਤੇ ਬਾਬਾ ਗੁਰਪ੍ਰੀਤ ਸਿੰਘ ਰੰਧਾਵੇ ਵਾਲੇ ਨੇ ਕਿਹਾ ਕਿ ਜਸਵੰਤ ਸਿੰਘ ਪੁੜੈਣ ਨੇ ਠੀਕ ਕਿਹਾ ਕਿ ਲੋਕ ਪੀ ਟੀ ਸੀ ਦੇ ਏਕਾਧਿਕਾਰ ਨੂੰ ਬਰਦਾਸ਼ਤ ਕਰਨ ਲਈ ਤਿਆਰ ਨਹੀਂ ਹਨ, ਇਸ ਲਈ ਬਿਨਾਂ ਕਿਸੇ ਦੇਰੀ ਦੇ ਪਹਿਲ੍ਹਾਂ ਯੂ ਟਿਊਬ ਚੈਨਲ ਸ਼ੁਰੂ ਕੀਤਾ ਜਾਵੇ ਤੇ ਨਾਲ-ਨਾਲ ਸੈਟੇਲਾਈਟ ਚੈਨਲ ਦੀ ਵੀ ਕਾਰਵਾਈ ਆਰੰਭ ਕੀਤੀ ਜਾਵੇ। ਅਮਰਜੀਤ ਸਿੰਘ ਵਡਾਲਾ ਤੇ ਇੱਕ-ਦੋ ਹੋਰ ਮੈਂਬਰਾਂ ਨੇ ਵੀ ਕਿਹਾ ਕਿ ਬਾਦਲ ਸਾਹਿਬ ਨੂੰ ਚਾਹੀਦਾ ਹੈ ਕਿ ਉਹ ਗੁਰੂ ਘਰ ਨੂੰ ਪੀ ਟੀ ਸੀ ਚੈਨਲ ਦਾਨ ਕਰ ਦੇਣ ਤਾਂ ਸਾਰੇ ਝਮੇਲੇ ਹੀ ਖਤਮ ਹੋ ਜਾਣਗੇ।

ਰਾਜਿੰਦਰ ਸਿੰਘ ਮਹਿਤਾ ਨੇ ਕਿਹਾ ਕਿ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੂੰ ਅਕਾਲ ਤਖਤ ਤੇ ਬੁਲਾ ਕੇ ਜਥੇਦਾਰ ਸਾਹਿਬ ਪੁੱਛ-ਪੜਤਾਲ ਕਰਨ ਕਿ ਉਸ ਦੀ ਪ੍ਰਧਾਨਗੀ ਹੇਠ ਗੁਰੂ ਘਰ ਖਿਲਾਫ ਮਤਾ ਕਿਵੇਂ ਪਾਸ ਕਰ ਦਿੱਤਾ ਗਿਆ। ਭਾਈ ਮਨਜੀਤ ਸਿੰਘ ਨੇ ਕਿਹਾ ਕਿ ਜੇਕਰ ਭਗਵੰਤ ਮਾਨ ਸਾਨੂੰ ਮਾਡਰਨ ਮਸੰਦ ਦੱਸਦਾ ਹੈ ਤਾਂ ਉਹ ਵੀ ਮਾਡਰਨ ਨਚਾਰ ਹੀ ਹੈ।

ਭਗਵੰਤ ਸਿੰਘ ਸਿਆਲਕਾ ਨੇ ਕਿਹਾ ਕਿ ਭਗਵੰਤ ਮਾਨ ਨਾ ਸਿੱਖ ਹੈ ਤੇ ਨਾ ਹੀ ਸਿੱਖ ਰੂਹ ਵਾਲਾ ਵਿਅਕਤੀ ਹੈ, ਜਿਹੜਾ ਚੱਤੇ ਪਹਿਰ ਵੀ ਕਈ ਪ੍ਰਕਾਰ ਦੇ ਪਦਾਰਥ ਛਕ ਕੇ ਰੱਖਦਾ ਹੈ। ਉਹਨਾ ਕਿਹਾ ਕਿ ਜਿਸ ਨੇ ਵੀ ਗੁਰੂ ਘਰ ਨਾਲ ਮੱਥਾ ਲਾਇਆ, ਉਸ ਦਾ ਕੱਖ ਨਹੀਂ ਰਿਹਾ।

### ਪਿਛਲੀਆਂ ਹਕੂਮਤਾਂ ਦੇ...

ਉਹ 9 ਸਾਲ ਮੁਕੱਦਮੇ ਦਾ ਕਾਨੂੰਨ ਅਨੁਸਾਰ ਚਲਾਨ ਪੇਸ਼ ਨਾ ਕਰਕੇ ਆਪਣੇ ਪੱਧਰ ਉਪਰ ਹੀ ਅਖਰਾਜ ਰਿਪੋਰਟਾਂ ਭਰ ਦੇਣ ਤੱਕ ਕਿਵੇਂ ਚਲੇ ਜਾਂਦੇ ਰਹੇ।

ਟ੍ਰੈਫਿਕ ਵਿਭਾਗ ਤੇ ਪੀ ਆਰ ਟੀ ਸੀ ਨੂੰ ਥਾਣਾ ਤਲਵੰਡੀ ਸਾਬੋ ਵੱਲੋਂ ਭੇਜੀ ਉਸ ਰਿਪੋਰਟ ਲਈ ਕੋਈ ਜਵਾਬਦੇਹੀ ਤੈਅ ਹੋਵੇਗੀ, ਜਿਸ ਰਿਪੋਰਟ ਨੂੰ ਅਧਾਰ ਬਣਾ ਕੇ ਅੱਗੋਂ ਨਾ ਸਿਰਫ ਮੁਕੱਦਮੇ ਵਿੱਚ ਲੋੜੀਂਦੀ ਬੱਸ (ਕੇਸ ਪ੍ਰਾਪਰਟੀ) ਨੂੰ ਕੰਡਮ ਕਰਾਰ ਦੇ ਦਿੱਤਾ ਗਿਆ, ਸਗੋਂ ਮਹਿਕਮਾ ਪੀ ਆਰ ਟੀ ਸੀ ਵੱਲੋਂ ਉਕਤ ਮੁਕੱਦਮੇ ਦੇ ਇਕ ਮੁਲਜ਼ਮ ਨੂੰ ਹੀ ਆਪਣੀ ਇਕ ਹੋਰ ਸਰਕਾਰੀ ਬੱਸ ਉੱਪਰ ਡਰਾਈਵਰ ਭਰਤੀ ਕਰ ਲਿਆ ਗਿਆ। ਇਸ ਮੁਕੱਦਮੇ ਦੇ ਇੱਕ ਹੋਰ ਅਹਿਮ ਮੁਲਜ਼ਮ, ਜਿਹੜਾ ਮੂਸੇਵਾਲਾ ਕਤਲ ਕੇਸ ਵਿੱਚ ਵੀ ਇੱਕ ਨਾਮੀ ਗੈਂਗਸਟਰ ਵਜੋਂ ਨਾਮਜ਼ਦ ਕੀਤਾ ਗਿਆ ਹੈ, ਨੂੰ ਪੁਲਸ ਪ੍ਰੋਟਕਸ਼ਨ ਵਰੰਟ 'ਤੇ ਲਿਆ ਕੇ ਪੁੱਛਗਿੱਛ ਕਰੇਗੀ ? ਇਹ ਅਤੇ ਇਸ ਵਰਗੇ ਕਈ ਹੋਰ ਸਵਾਲ ਇੱਥੇ ਚਰਚਾ ਦਾ ਵਿਸ਼ਾ ਬਣੇ ਹੋਏ ਹਨ।

ਇਸ ਸਾਰੇ ਮਾਮਲੇ ਦੇ ਸੰਬੰਧ ਵਿੱਚ ਪੱਖ ਜਾਨਣ ਲਈ ਜਦੋਂ ਐੱਸ ਐੱਚ ਓ ਥਾਣਾ ਤਲਵੰਡੀ ਸਾਬੋ ਨਾਲ ਉਨ੍ਹਾ ਦੇ ਫੋਨ ਨੰਬਰ ਉਪਰ ਸੰਪਰਕ ਕਰਨ ਦਾ ਵਾਰ-ਵਾਰ ਯਤਨ ਕੀਤਾ ਗਿਆ ਤਾਂ ਉਨ੍ਹਾ ਫੋਨ ਉਠਾਉਣ ਦੀ ਜਹਿਮਤ ਨਾ ਉਠਾਈ। ਥਾਣਾ ਤਲਵੰਡੀ ਸਾਬੋ ਵਿਖੇ ਹੀ ਜਦੋਂ ਇੱਕ ਹੋਰ ਏ ਐੱਸ ਆਈ ਨਾਲ ਸੰਪਰਕ ਕੀਤਾ ਗਿਆ ਤਾਂ ਇਸ ਕੇਸ ਵਿੱਚ ਹੁਣ ਚਲਾਨ ਪੇਸ਼ ਕੀਤੇ ਜਾਣ ਦੀ ਪੁਸ਼ਟੀ ਕਰਦਿਆਂ ਉਨ੍ਹਾ ਕਿਹਾ ਕਿ ਪਿਛਲੇ ਸਮੇਂ ਵਿੱਚ ਇਸ ਮਾਮਲੇ ਵਿੱਚ ਹੋਈ ਦੇਰੀ ਦਾ ਕਾਰਨ ਉਨ੍ਹਾਂ ਤੋਂ ਪਹਿਲਾਂ ਵਾਲੇ ਸੰਬੰਧਤ ਪੁਲਸ ਅਫਸਰ ਹੀ ਬਿਹਤਰ ਦੱਸ ਸਕਦੇ ਹਨ।

### 'ਪਿੰਡ-ਸਰਕਾਰ ਮਿਲਣੀ'...

ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਮੁੱਖ ਮੰਤਰੀ ਨੇ ਦੱਸਿਆ ਕਿ ਸੂਬੇ ਦੀਆਂ ਕਈ ਪੰਚਾਇਤਾਂ ਨੇ ਨਿਵੇਕਲੇ ਪ੍ਰਾਜੈਕਟ ਲਾਗੂ ਕਰਕ ਆਪੋ-ਆਪਣੇ ਪਿੰਡਾਂ ਨੂੰ ਮਾਡਰਨ ਪਿੰਡਾਂ ਵਜੋਂ ਵਿਕਸਤ ਕੀਤਾ ਹੈ, ਜਿਸ ਨਾਲ ਇਨ੍ਹਾਂ ਪੰਚਾਇਤਾਂ ਪਾਸੋਂ ਸੁਝਾਅ ਵੀ ਲਏ ਜਾਣਗੇ।

ਇਸ ਮੌਕੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਲਾਲਜੀਤ ਸਿੰਘ ਭੁੱਲਰ, ਸਥਾਨਕ ਸਰਕਾਰਾਂ ਬਾਰੇ ਮੰਤਰੀ ਬਲਕਾਰ ਸਿੰਘ ਤੋਂ ਇਲਾਵਾ ਮੁੱਖ ਮੰਤਰੀ ਦੇ ਵਿਸ਼ੇਸ਼ ਪ੍ਰਮੁੱਖ ਸਕੱਤਰ ਏ ਵੇਣੂੰ ਪ੍ਰਸਾਦ ਤੇ ਹੋਰ ਅਧਿਕਾਰੀ ਹਾਜ਼ਰ ਸਨ।

### ਜੰਗੀ ਜਗੀਰ ਨੂੰ...

ਗਿਆ ਸੀ। ਵਿੱਤ ਮੰਤਰੀ ਨੇ ਕਿਹਾ ਕਿ ਰੱਖਿਆ ਸੇਵਾਵਾਂ ਭਲਾਈ ਵਿਭਾਗ ਵੱਲੋਂ ਇਸ ਸੰਬੰਧੀ ਭੇਜੀ ਗਈ ਤਜਵੀਜ਼ ਨੂੰ ਵਿੱਤ ਵਿਭਾਗ ਵੱਲੋਂ ਮਨਜ਼ੂਰੀ ਦੇ ਦਿੱਤੀ ਗਈ ਹੈ।

ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਉਨ੍ਹਾਂ ਮਾਪਿਆਂ ਦੀ ਰਿਣੀ ਹੈ, ਜਿਨ੍ਹਾਂ ਬਿਨਾਂ ਕੋਈ ਪ੍ਰਵਾਹ ਕੀਤਿਆਂ ਆਪਣਿਆਂ ਪੁੱਤਾਂ ਨੂੰ ਦੇਸ਼ ਦੀ ਰਾਖੀ ਲਈ ਤੋਰਿਆ ਸੀ। ਜ਼ਿਕਰਯੋਗ ਹੈ ਕਿ ਉਨ੍ਹਾਂ ਮਾਪਿਆਂ, ਜੋ ਪੰਜਾਬ ਦੇ ਵਸਨੀਕ ਹਨ ਅਤੇ ਜਿਨ੍ਹਾਂ ਦੇ ਇਕਲੌਤੇ ਪੁੱਤਰ ਜਾਂ 2 ਤੋਂ 3 ਪੁੱਤਰਾਂ ਨੇ ਦੂਜੇ ਵਿਸ਼ਵ ਯੁੱਧ, ਕੌਮੀ ਸੰਕਟ 1962 ਅਤੇ ਕੌਮੀ ਸੰਕਟ 1971 ਦੌਰਾਨ ਭਾਰਤੀ ਫੌਜ ਵਿੱਚ ਸੇਵਾ ਕੀਤੀ, ਨੂੰ ਪੰਜਾਬ ਸਰਕਾਰ ਵੱਲੋਂ ਸਨਮਾਨ ਵਜੋਂ ਸਾਲਾਨਾ ਜੰਗੀ ਜਗੀਰ ਅਦਾ ਕੀਤੀ ਜਾਂਦੀ ਹੈ।

# ਲੁਟੇਰਿਆਂ ਵੱਲੋਂ ਕਾਰੋਬਾਰੀ ਦਾ ਕਤਲ



**ਜਲੰਧਰ (ਇਕਬਾਲ ਸਿੰਘ ਉੱਭੀ)**

ਜਲੰਧਰ ਦੇ ਬਸਤੀ ਗੁਜ਼ਾ ਮੁੱਖ ਬਾਜ਼ਾਰ 'ਚ ਕਰਿਆਨਾ ਕਾਰੋਬਾਰੀ ਦਾ ਹਮਲਾਵਰਾਂ ਵੱਲੋਂ ਚਾਕੂ ਮਾਰ ਕੇ ਕਤਲ ਕਰ ਦਿੱਤਾ। ਕਾਰੋਬਾਰੀ ਦੀ ਪਛਾਣ ਬਿੱਲਾ ਵਜੋਂ ਹੋਈ ਹੈ, ਜਿਸ 'ਤੇ ਤਿੰਨ ਹਥਿਆਰਬੰਦ ਨੌਜਵਾਨਾਂ ਵੱਲੋਂ ਹਮਲਾ ਕੀਤਾ ਗਿਆ, ਜਿਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਕਾਰੋਬਾਰੀ ਆਪਣੀ ਦੁਕਾਨ 'ਤੇ ਸਾਢੇ 6 ਵਜੇ ਦੇ ਕਰੀਬ ਮੌਜੂਦ ਸੀ ਕਿ ਮੋਟਰਸਾਈਕਲ ਸਵਾਰ ਤਿੰਨ ਨੌਜਵਾਨ ਉੱਥੇ ਪਹੁੰਚੇ ਅਤੇ ਉਸ 'ਤੇ ਚਾਕੂਆਂ ਨਾਲ ਤਾਬੜਤੋੜ ਹਮਲਾ ਕਰ ਦਿੱਤਾ। ਫਿਲਹਾਲ ਇਸ ਘਟਨਾ ਨੂੰ ਕਿਸ ਕਾਰਨ ਤੋਂ ਅੰਜਾਮ ਦਿੱਤਾ ਗਿਆ, ਇਹ ਜਾਂਚ ਅਧੀਨ ਹੈ। ਹਮਲਾਵਰ 8 ਹਜ਼ਾਰ ਰੁਪਏ ਲੁੱਟ ਕੇ ਵੀ ਲੈ ਗਏ।

# ਖੇਤੀ ਮਸ਼ੀਨਾਂ 'ਤੇ ਸਬਸਿਡੀ ਲਈ ਕਿਸਾਨ 20 ਜੁਲਾਈ ਤੱਕ ਦੇਣ ਬਿਨੈ ਪੱਤਰ : ਡੀ ਸੀ

**ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)**-ਡਿਪਟੀ ਕਮਿਸ਼ਨਰ ਸ਼੍ਰੀਮਤੀ ਸੁਰਭੀ ਮਲਿਕ ਨੇ ਦੱਸਿਆ ਕਿ ਖੇਤੀਬਾੜੀ ਵਿਭਾਗ ਵੱਲੋਂ ਪਰਾਲੀ ਸੰਭਾਲਣ ਵਾਲੀਆਂ ਮਸ਼ੀਨਾਂ ਦੇ ਨਾਲ-ਨਾਲ ਫ਼ਸਲੀ ਵਿਭਿੰਨਤਾ ਨੂੰ ਪ੍ਰਫੁੱਲਤ ਕਰਨ ਲਈ ਵੀ ਖੇਤੀ ਮਸ਼ੀਨਾਂ ਤੇ ਸਬਸਿਡੀ ਦੇਣ ਦਾ ਐਲਾਨ ਕੀਤਾ ਗਿਆ ਹੈ। ਇਹ ਸਬਸਿਡੀ ਸਬ-ਮਿਸ਼ਨ ਆਨ ਐਗਰੀਕਲਚਰਲ ਮੈਕੇਨਾਈਜ਼ੇਸ਼ਨ (ਸਮੈਮ) ਸਕੀਮ ਅਧੀਨ ਦਿੱਤੀ ਜਾ ਰਹੀ ਹੈ। ਇਸ ਸਕੀਮ ਅਧੀਨ ਕਣਕ-ਝੋਨੇ ਦੇ ਨਾਲ ਨਾਲ ਹੋਰ ਫ਼ਸਲਾਂ ਨੂੰ ਉਤਸ਼ਾਹਤ ਕਰਨ ਲਈ ਤੇ ਫਾਰਮ ਮੈਕੇਨਾਈਜੇਸ਼ਨ ਨੂੰ ਵਧਾਉਣ ਲਈ ਕਿਸਾਨਾਂ ਤੋਂ ਬਿਨੈ-ਪੱਤਰਾਂ ਦੀ ਮੰਗ ਕੀਤੀ ਗਈ ਹੈ। ਕਿਸਾਨ ਇਹ ਬਿਨੈ-ਪੱਤਰ ਆਨਲਾਈਨ ਮਾਧਿਅਮ ਰਾਹੀਂ ਖੇਤੀਬਾੜੀ ਵਿਭਾਗ ਦੇ ਪੋਰਟਲ 'ਤੇ 20 ਜੁਲਾਈ ਤੱਕ ਦੇ ਸਕਦੇ ਹਨ। ਡਿਪਟੀ ਕਮਿਸ਼ਨਰ ਵੱਲੋਂ ਜ਼ਿਲ੍ਹੇ ਦੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਉਹ ਇਨ੍ਹਾਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈਣ ਤਾਂ ਜੁ ਰਵਾਇਤੀ ਫ਼ਸਲੀ ਚੱਕਰ ਤੋਂ ਥੋੜਾ ਥੋੜਾ ਬਦਲਾਅ ਕਰਕੇ ਹੋਰਨਾਂ ਫ਼ਸਲਾਂ ਵਿੱਚ ਵੀ ਕਾਮਯਾਬੀ ਹਾਸਲ ਕੀਤੀ ਜਾ ਸਕੇ। ਇਸ ਮੌਕੇ ਮੁੱਖ ਖੇਤੀਬਾੜੀ ਅਫਸਰ, ਲੁਧਿਆਣਾ, ਡਾ. ਨਰਿੰਦਰ ਸਿੰਘ ਬੈਨੀਪਾਲ ਵੱਲੋਂ ਜਾਣਕਾਰੀ ਦੱਸਿਆ ਗਿਆ ਕਿ ਝੋਨੇ ਦੀ ਮਕੈਨੀਕਲ ਟਰਾਂਸਪਲਾਂਟਿੰਗ ਲਈ ਪੈਡੀ ਟਰਾਂਸਪਲਾਂਟਰ, ਪੀ.ਟੀ.ਓ ਓਪਰੇਟਿਡ ਬੰਡ ਫੌਰਮਰ, ਝੋਨੇ ਦੀ ਸਿੱਧੀ ਬਿਜਾਈ ਵਾਲੀ ਡੀ.ਐਸ.ਆਰ ਡਰਿੱਲ, ਤੇਲ ਮਿੱਲ, ਪੋਟੈਟੋ ਪਲਾਂਟਰ, ਮਿੰਨੀ ਪ੍ਰੋਸੈਸਿੰਗ ਪਲਾਂਟ, ਟਰੈਕਟਰ ਓਪਰੇਟਿਡ ਬੂਮ ਸਪਰੇਅਰ, ਪੈਡੀ ਨਰਸਰੀ ਸੀਡਰ ਆਦਿ ਮਸ਼ੀਨਾਂ ਦੀ ਖਰੀਦ ਤੇ ਸਬਸਿਡੀ ਪ੍ਰਾਪਤ ਕਰਨ ਲਈ ਆਨਲਾਈਨ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ। ਡਾ. ਬੈਨੀਪਾਲ ਨੇ ਦੱਸਿਆ ਕਿ ਅਰਜ਼ੀਆਂ ਪ੍ਰਾਪਤ ਹੋਣ ਉਪਰੰਤ ਵਿਭਾਗ ਤੋਂ ਪ੍ਰਾਪਤ ਹਦਾਇਤਾਂ ਅਨੁਸਾਰ ਲੋੜ ਪੈਣ 'ਤੇ ਡਰਾਅ ਸਿਸਟਮ ਰਾਹੀਂ ਯੋਗ ਬਿਨੈਕਾਰਾਂ ਦੀ ਚੋਣ ਕੀਤੀ ਜਾਵੇਗੀ। ਕਿਸਾਨਾਂ ਨੂੰ ਮਨਜ਼ੂਰੀ ਪੱਤਰ ਪੋਰਟਲ ਰਾਹੀਂ ਹੀ ਜਾਰੀ ਕੀਤੇ ਜਾਣਗੇ, ਜਿਸ ਉਪਰੰਤ ਕਿਸਾਨ ਮਿੱਥੇ ਸਮੇਂ ਦੇ ਅੰਦਰ-ਅੰਦਰ ਵਿਭਾਗ ਵੱਲੋਂ ਪ੍ਰਵਾਨਤ ਤੇ ਪੋਰਟਲ ਵਿੱਚ ਦਰਜ ਕਿਸੇ ਵੀ ਮਸ਼ੀਨਰੀ ਨਿਰਮਾਤਾ ਜਾਂ ਡੀਲਰ ਤੋਂ ਮਸ਼ੀਨ ਦੀ ਖਰੀਦ ਕਰ ਸਕਣਗੇ।

ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਕਿਸਾਨ ਵਿਭਾਗ ਨਾਲ ਨਿਰੰਤਰ ਰਾਬਤਾ ਕਾਇਮ ਰੱਖਣ ਤੇ ਲੋੜ ਪੈਣ ਤੇ ਜਾਂ ਕਿਸੇ ਸਮੱਸਿਆ ਲਈ ਖੇਤੀਬਾੜੀ ਵਿਭਾਗ ਦੇ ਦਫ਼ਤਰਾਂ ਨਾਲ ਸੰਪਰਕ ਕਰਨ।


**ਪਬਲਿਕ ਨੋਟਿਸ**

ICICI Bank
ICICI Bank Limited

**Registered office:** Landmark, Race Course Circle, Vadodara 390 007.
**Corporate office:** ICICI Bank Towers, Bandra-Kurla Complex, Mumbai 400 051.

**ਸੋਨਾ ਨਿਲਾਮੀ ਕਮ ਸੌਦਾ ਨੋਟਿਸ**

ਹੇਠਾਂ ਲਿਖੇ ਕਰਜ਼ਦਾਰਾਂ ਨੂੰ ਸੋਨੇ ਦੇ ਗਹਿਣਿਆਂ ਬਦਲੇ ਆਈ ਸੀ ਆਈ ਸੀ ਆਈ ਬੈਂਕ ਲਿਮ: ('ਆਈ ਸੀ ਆਈ ਸੀ ਆਈ ਬੈਂਕ') ਤੋਂ ਲਈ ਸਹੂਲਤ ('ਸਹੂਲਤ') ਪ੍ਰਤੀ ਬਕਾਇਆ ਰਕਮ ਦੇ ਭੁਗਤਾਨ ਲਈ ਨੋਟਿਸ ਜਾਰੀ ਕੀਤਾ ਗਿਆ ਹੈ। ਕਿਉਂਕਿ ਇਹ ਬਕਾਇਆ ਰਕਮ ਦਾ ਭੁਗਤਾਨ ਕਰਨ 'ਚ ਅਸਫਲ ਰਹੇ ਹਨ। ਇਸ ਲਈ ਅਸੀਂ ਗਿਰਵੀ ਰੱਖੇ ਸੋਨੇ ਦੇ ਗਹਿਣਿਆਂ ਦੀ 7 ਜੁਲਾਈ 2023 ਨੂੰ ਈ-ਨਿਲਾਮੀ ਕਰਨ ਦੇ ਪਾਬੰਦ ਹਨ। ਆਈ ਸੀ ਆਈ ਸੀ ਆਈ ਬੈਂਕ ਨੂੰ ਬਿਨਾਂ ਅਗਾਊਂ ਨੋਟਿਸ ਖਾਤਾ ਹਟਾਉਣ/ਈ-ਨਿਲਾਮੀ ਦੀ ਤਰੀਕ ਬਦਲਣ ਦਾ ਅਧਿਕਾਰ ਹੈ। ਨਿਲਾਮੀ ਦੁਪਹਿਰ 12.30 ਤੋਂ 3.30 ਵਜੇ ਤੱਕ https://jewel-auction.procuretiger.com ਤੇ ਆਨਲਾਈਨ ਕੀਤੀ ਜਾਵੇਗੀ। ਸ਼ਰਤਾਂ ਅਤੇ ਨਿਯਮਾਂ ਦੇ ਵੇਰਵੇ ਲਈ ਕ੍ਰਿਪਾ ਕਰਕੇ ਦਿੱਤੀ ਗਈ ਵੈੱਬਸਾਈਟ 'ਤੇ ਲਾਗ ਕਰੋ। ਮ੍ਰਿਤਕ ਕਰਜ਼ਦਾਰਾਂ ਦੇ ਮਾਮਲੇ 'ਚ ਸਾਰੀਆਂ ਸ਼ਰਤਾਂ ਉਹਨਾਂ ਦੇ ਕਾਨੂੰਨੀ ਵਾਰਸਾਂ 'ਤੇ ਲਾਗੂ ਹੋਣਗੀਆਂ।

| ਕਰਜ਼ਾ ਖਾਤਾ ਨੰ: | ਗਾਹਕ ਦਾ ਨਾਂਅ |
|---|---|
| ਬਰਾਂਚ ਦਾ ਨਾਂਅ : ਚੰਡੀਗੜ੍ਹ ਸੈਕਟਰ-9 ਸੀ | |
| 001305013672 | ਰਣਵੀਰ ਸਿੰਘ |
| ਬਰਾਂਚ ਦਾ ਨਾਂਅ : ਸੰਗਰੂਰ | |
| 029305003643 | ਰਾਜਿੰਦਰਾ ਕਰਬੋਡੀਆ |
| ਬਰਾਂਚ ਦਾ ਨਾਂਅ : ਕਪੂਰਥਲਾ | |
| 044905002300 | ਬਲਜਿੰਦਰ ਕੌਰ |
| ਬਰਾਂਚ ਦਾ ਨਾਂਅ : ਬਰਨਾਲਾ | |
| 051805001973 | ਜਗਦੇਵ ਸਿੰਘ |
| ਬਰਾਂਚ ਦਾ ਨਾਂਅ : ਦੋਰਾਹਾ | |
| 078705002381 | ਹਰਵਿੰਦਰ ਕੌਰ |
| ਬਰਾਂਚ ਦਾ ਨਾਂਅ : ਨਾਭਾ | |
| 078905003589 | ਮਨਪ੍ਰੀਤ ਸਿੰਘ |
| ਬਰਾਂਚ ਦਾ ਨਾਂਅ : ਮੁਕੇਰੀਆਂ | |
| 087705001949 | ਅਣੂ ਅਣੂ |

| ਕਰਜ਼ਾ ਖਾਤਾ ਨੰ: | ਗਾਹਕ ਦਾ ਨਾਂਅ |
|---|---|
| ਬਰਾਂਚ ਦਾ ਨਾਂਅ : ਪੱਟੀ | |
| 150505005804 | ਜਗਤਾਰ ਸਿੰਘ |
| ਬਰਾਂਚ ਦਾ ਨਾਂਅ : ਕਰਤਾਰਪੁਰ | |
| 163405001928 | ਸੁਖਵਿੰਦਰ ਕੌਰ |
| ਬਰਾਂਚ ਦਾ ਨਾਂਅ : ਗੁਰੂ ਹਰਸਹਾਏ | |
| 199305007919 | ਮਹਿੰਦਰੋ ਬਾਈ |
| ਬਰਾਂਚ ਦਾ ਨਾਂਅ : ਗਿੱਦੜਬਾਹਾ | |
| 199905003637 | ਪ੍ਰਗਟ ਸਿੰਘ |
| ਬਰਾਂਚ ਦਾ ਨਾਂਅ : ਮਾਲੇਰਕੋਟਲਾ | |
| 249605001339 | ਨਸ਼ੀਰਾ ਨਸ਼ੀਰਾ |
| ਬਰਾਂਚ ਦਾ ਨਾਂਅ : ਭਵਾਨੀਗੜ੍ਹ | |
| 282905001667 | ਮੇਜਰ ਸਿੰਘ |
| ਬਰਾਂਚ ਦਾ ਨਾਂਅ : ਰਾਮਜਪੁਰਾ ਫੂਲ, ਪੰਜਾਬ | |
| 355505001561 | ਬਲਜਿੰਦਰ ਸਿੰਘ |
| ਬਰਾਂਚ ਦਾ ਨਾਂਅ : ਖਨੌਰੀ, ਪੰਜਾਬ | |
| 356105002039 | ਇੰਦਰ ਮਿੱਤਲ |

| ਕਰਜ਼ਾ ਖਾਤਾ ਨੰ: | ਗਾਹਕ ਦਾ ਨਾਂਅ |
|---|---|
| ਬਰਾਂਚ ਦਾ ਨਾਂਅ : ਭਗਤਾ | |
| 372805001622 | ਗੁਰਪ੍ਰੀਤ ਕੌਰ |
| ਬਰਾਂਚ ਦਾ ਨਾਂਅ : ਚੌਗਾਵਾਂ | |
| 380205002217 | ਨਿਸ਼ਾਨ ਸਿੰਘ |
| 380205002222 | ਨਿਸ਼ਾਨ ਸਿੰਘ |
| 380205002237 | ਨਿਸ਼ਾਨ ਸਿੰਘ |
| ਬਰਾਂਚ ਦਾ ਨਾਂਅ : ਭੀਖੀ | |
| 381905002186 | ਜਸਪਾਲ ਕੌਰ |
| ਬਰਾਂਚ ਦਾ ਨਾਂਅ : ਸੰਗਤ | |
| 383505002489 | ਕਿਰਨਜੀਤ ਕੌਰ |
| ਬਰਾਂਚ ਦਾ ਨਾਂਅ : ਬੋਹਾ | |
| 394905001286 | ਲਛਮਣ ਸਿੰਘ |
| ਬਰਾਂਚ ਦਾ ਨਾਂਅ : ਚੰਡੀਗੜ੍ਹ ਸੈਕਟਰ-35 ਸੀ | |
| 632205010445 | ਨੀਲਮ ਨਰੂਲਾ |
| ਬਰਾਂਚ ਦਾ ਨਾਂਅ : ਸ੍ਰੀ ਗੰਗਾਨਗਰ-ਲੱਕੜ ਮੰਡੀ | |
| 079705004182 | ਰਿਤੂ ਨਾ |

ਮਿਤੀ : 27.06.2023
ਸਥਾਨ : ਚੰਡੀਗੜ੍ਹ, ਜਲੰਧਰ, ਮੁਕਤਸਰ, ਪਟਿਆਲਾ, ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਅੰਮ੍ਰਿਤਸਰ, ਬਠਿੰਡਾ, ਫਿਰੋਜ਼ਪੁਰ, ਮਾਨਸਾ, ਫਾਜ਼ਿਲਕਾ, ਲੁਧਿਆਣਾ, ਕਪੂਰਥਲਾ, ਰੂਪਨਗਰ, ਫਰੀਦਕੋਟ, ਫਤਿਹਗੜ੍ਹ ਸਾਹਿਬ, ਹੁਸ਼ਿਆਰਪੁਰ, ਗੁਰਦਾਸਪੁਰ, ਤਰਨ ਤਾਰਨ, ਬਰਨਾਲਾ, ਮਾਲੇਰਕੋਟਲਾ, ਮੋਗਾ, ਪਠਾਨਕੋਟ, ਸੰਗਰੂਰਪਾਲ, ਨਵਾਡਾ, ਸਮਸਤੀਪੁਰ, ਅਬਹੋਰ

ਸਹੀ/-
ਅਧਿਕਾਰਤ ਅਫਸਰ,
ਵਾਸਤੇ ਆਈ ਸੀ ਆਈ ਸੀ ਆਈ ਬੈਂਕ, ਲਿਮ:



YES BANK

**Registered & Corporate Office : YES BANK House**, Off Western Express Highway, Santacruze East, **Mumbai**-400055, **CIN:** L65190MH2003PLC143249, **Email:** communications@yesbank.in,
**Website:** www.yesbank.in

**[(ਰੂਲ-8 (i)] ਸੰਕੇਤਕ ਕਬਜ਼ਾ ਨੋਟਿਸ**

ਜਦਕਿ, ਨਿਮਨਹਸਤਾਖਰੀ ਨੇ ਯੈੱਸ ਬੈਂਕ ਲਿਮ: ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ, 2002 (2002 ਦਾ 54) ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ (1) ਮੈਸ. ਸੈਵਨ ਸਟਾਰ ਨਿੱਟਵੀਅਰਜ ਰਾਹੀਂ ਇਸ ਦੇ ਮਾਲਕ ਪ੍ਰਮੋਦ ਖੋਸਲਾ ਪੁੱਤਰ ਰਜਿੰਦਰ ਪਾਲ, ਪਤਾ : ਮੰਦਰ ਮੋਹਨ ਲਾਲ ਗਲੀ, ਪੁਰਾਣਾ ਬਜ਼ਾਰ, ਲੁਧਿਆਣਾ-141008, ਨਾਲ ਹੀ : ਮਕਾਨ ਨੰ. 153-ਏ ਬਲਾਕ, ਹੰਬੜਾਂ ਰੋਡ, ਸਾਹਮਣੇ ਰਾਧਾ ਸਵਾਮੀ ਸਤਸੰਗ ਘਰ, ਨਿਊ ਕਿਚਲੂ ਨਗਰ, ਲੁਧਿਆਣਾ-141001 ('ਕਰਜ਼ਦਾਰ') (2) ਮੈਸ. ਸੈਵਨ ਸਟਾਰ ਇੰਟਰਨੈਸ਼ਨਲ ਰਾਹੀਂ ਇਸਦੇ ਮਾਲਕ ਸ੍ਰੀ ਪ੍ਰਵੇਸ਼ ਖੋਸਲਾ ਪੁੱਤਰ ਪ੍ਰਮੋਦ ਖੋਸਲਾ, ਪਤਾ : ਮੰਦਰ ਮੋਹਨ ਲਾਲ ਗਲੀ, ਪੁਰਾਣਾ ਬਜ਼ਾਰ, ਲੁਧਿਆਣਾ-141008 ('ਸਹਿ-ਕਰਜ਼ਦਾਰ ਅਤੇ ਗਰੰਟਰ') (3) ਸ੍ਰੀ ਪ੍ਰਮੋਦ ਖੋਸਲਾ ਪੁੱਤਰ ਰਜਿੰਦਰਪਾਲ, ਵਾਸੀ ਮਕਾਨ ਨੰ. 153-ਏ ਬਲਾਕ, ਹੰਬੜਾਂ ਰੋਡ, ਸਾਹਮਣੇ ਰਾਧਾ ਸਵਾਮੀ ਸਤਸੰਗ ਘਰ, ਨਿਊ ਕਿਚਲੂ ਨਗਰ, ਲੁਧਿਆਣਾ-141001 ('ਸਹਿ-ਕਰਜ਼ਦਾਰ ਤੇ ਗਰੰਟਰ') (4) ਸ੍ਰੀ ਪ੍ਰਵੇਸ਼ ਖੋਸਲਾ ਪੁੱਤਰ ਪ੍ਰਮੋਦ ਖੋਸਲਾ, ਵਾਸੀ ਮਕਾਨ ਨੰ. 153-ਏ ਬਲਾਕ, ਹੰਬੜਾਂ ਰੋਡ, ਸਾਹਮਣਾ ਰਾਧਾ ਸਵਾਮੀ ਸਤਸੰਗ ਘਰ, ਨਿਊ ਕਿਚਲੂ ਨਗਰ, ਲੁਧਿਆਣਾ-141001 ('ਸਹਿ-ਕਰਜ਼ਦਾਰ ਤੇ ਗਰੰਟਰ') (5) ਸ੍ਰੀਮਤੀ ਸੁਮਿਤਾ ਖੋਸਲਾ ਪਤਨੀ ਸ੍ਰੀ ਪ੍ਰਮੋਦ ਖੋਸਲਾ ਪੁੱਤਰ ਰਜਿੰਦਰਪਾਲ, ਵਾਸੀ ਮਕਾਨ ਨੰ. 153-ਏ ਬਲਾਕ, ਹੰਬੜਾਂ ਰੋਡ, ਸਾਹਮਣੇ ਰਾਧਾ ਸਵਾਮੀ ਸਤਸੰਗ ਘਰ, ਨਿਊ ਕਿਚਲੂ ਨਗਰ, ਲੁਧਿਆਣਾ-141001 ('ਸਹਿ-ਕਰਜ਼ਦਾਰ ਤੇ ਗਰੰਟਰ') ਨੂੰ ਨੋਟਿਸ 'ਚ 13 ਜਨਵਰੀ 23 ਨੂੰ ਦਰਸਾਈ ਰਕਮ ਰੁ. 71,80,205.65 (ਇਕੱਤਰ ਲੱਖ ਅੱਸੀ ਹਜ਼ਾਰ ਦੋ ਸੌ ਪੰਜ ਰੁਪਏ ਅਤੇ ਪੈਂਹਠ ਪੈਸੇ ਕੇਵਲ) ਸਮੇਤ 26 ਜੂਨ 2023 ਤੋਂ ਭਵਿੱਖੀ ਵਿਆਜ ਅਤੇ ਹੋਰ ਚਾਰਜਿਜ਼ ਦੇ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਦਾ ਸੱਦਾ ਦਿੰਦਾ 15 ਫਰਵਰੀ 2023 ਨੂੰ ਨੋਟਿਸ ਜਾਰੀ ਕੀਤਾ ਤੇ 24 ਫਰਵਰੀ 2023 ਨੂੰ ਭੇਜਿਆ ਸੀ।

ਕਰਜ਼ਦਾਰ ਅਤੇ ਗਰੰਟਰ ਪੂਰੀ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ। ਕਰਜ਼ਦਾਰਾਂ, ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ 26 ਜੂਨ 2023 ਨੂੰ ਸੰਕੇਤਕ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਇਹਨਾਂ ਜਾਇਦਾਦਾਂ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਤੋਂ ਖਬਰਦਾਰ ਕੀਤਾ ਜਾਂਦਾ ਹੈ, ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਬਕਾਇਆ ਰਕਮ ਰੁ: 71,80,205.65 (ਇਕੱਤਰ ਲੱਖ ਅੱਸੀ ਹਜ਼ਾਰ ਦੋ ਸੌ ਪੰਜ ਰੁਪਏ ਅਤੇ ਪੈਂਹਠ ਪੈਸੇ ਕੇਵਲ) 13 ਜਨਵਰੀ 2023 ਨੂੰ ਅਤੇ ਇਸ ਉੱਪਰ ਵਿਆਜ ਅਤੇ ਲਾਗਤਾਂ ਯੈੱਸ ਬੈਂਕ ਲਿਮ: ਦੀ ਵਸੂਲੀ ਹੇਠ ਹੋਵੇਗੀ। ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

**ਰਹਿਣ ਕੀਤੀ ਅਚੱਲ ਜਾਇਦਾਦ ਦਾ ਵੇਰਵਾ :**

| ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਹੱਦਾਂ | ਰਹਿਣਕਾਰ |
|---|---|---|
| ਮਕਾਨ ਨੰ. ਬੀ-3-471, ਜਾਇਦਾਦ ਰਕਬਾ 75 ਵਰਗ ਗਜ਼, ਸ਼ਹਿਰ ਲੁਧਿਆਣਾ, ਪੁਰਾਣਾ ਬਜ਼ਾਰ ਵਜੋਂ ਜਾਣੀ ਜਾਂਦੀ ਅਬਾਦੀ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ | ਉੱਤਰ : ਖੁਦ ਮਾਲਕ, ਦੱਖਣ : ਪ੍ਰਵੀਨ ਭਨੋਟ, ਪੂਰਬ : ਗਲੀ, ਪੱਛਮ : ਡਾ. ਦੇਸ ਰਾਜ | ਸ੍ਰੀਮਤੀ ਸੁਮਿਤਾ ਖੋਸਲਾ ਪਤਨੀ ਸ੍ਰੀ ਪ੍ਰਮੋਦ ਖੋਸਲਾ ਪੁੱਤਰ ਰਜਿੰਦਰਪਾਲ। |

ਮਿਤੀ :26 ਜੂਨ 2023
ਸਥਾਨ : ਲੁਧਿਆਣਾ

ਸ੍ਰੀ ਗੌਰਵ ਮਹਾਜਨ
ਅਧਿਕਾਰਤ ਅਫਸਰ
ਵਾਸਤੇ ਯੈੱਸ ਬੈਂਕ ਲਿਮਟਿਡ


ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**

ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * **Web** : www.nawanzamana.in

27-June-PAGE-3.qxd 6/26/2023 10:46 PM Page 1



# ਭੁੱਲਰ ਵੱਲੋਂ ਸੜਕ ਦਾ ਨੀਂਹ ਪੱਥਰ ਰੱਖਣ ਉਪਰੰਤ ਧਰਨਾ ਸਮਾਪਤ

## ਹਲਕੇ ਦੇ ਬਾਕੀ ਮਸਲਿਆਂ ਨੂੰ ਜਲਦੀ ਹੱਲ ਕਰਨ ਦਾ ਮੰਤਰੀ ਨੇ ਦਿੱਤਾ ਭਰੋਸਾ





**ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਕਰੀਬ ਇਕ ਸਾਲ ਤੋਂ ਪੱਟੀ ਹਲਕੇ ਅੰਦਰ ਅੱਤ ਖਸਤਾ ਹਾਲਤ ਸੜਕਾਂ ਪੱਟੀ ਤੋਂ ਸੰਗਵਾਂ ਵਾਇਆ ਭੱਗੂਪੁਰ ਤੇ ਪੱਟੀ ਤੋਂ ਹਰੀਕੇ ਵਾਇਆ ਪਰਿੰਗੜੀ 'ਚ ਡੂੰਘੇ ਟੋਏ ਪੈਣ ਕਾਰਨ ਨਿੱਤ ਵਾਪਰਦੇ ਸੜਕੀ ਹਾਦਸਿਆਂ ਨੂੰ ਰੋਕਣ, ਸੜਕਾਂ ਨੂੰ ਬਣਾਉਣ ਸਮੇਤ ਕਈ ਅਹਿਮ ਮਸਲਿਆਂ ਨੂੰ ਲੈ ਕੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ (ਪੰਜਾਬ) ਦੇ ਪੱਟੀ ਜ਼ੋਨ ਵੱਲੋਂ ਪੱਟੀ ਐੱਸਡੀਐੱਮ ਦਫਤਰ ਅੱਗੇ ਲੱਗੇ ਮੋਰਚੇ ਨੂੰ ਲਗਭੱਗ ਇਕ ਸਾਲ ਬੀਤਣ 'ਤੇ ਆਖਰ ਵਿਰਾਮ ਲੱਗ ਗਿਆ। ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਉਪਰੋਕਤ ਸੜਕ ਨੂੰ ਬਣਾਉਣ ਲਈ ਨੀਂਹ ਪੱਥਰ ਰੱਖਣ ਤੋਂ ਬਾਅਦ ਧਰਨੇ ਨੂੰ ਸੂਬਾ ਪ੍ਰਧਾਨ ਜਥੇਦਾਰ ਸੁਖਵਿੰਦਰ ਸਿੰਘ ਸਭਰਾ ਦੀ ਹਾਜ਼ਰੀ 'ਚ ਸਮਾਪਤ ਕਰਵਾਇਆ ਗਿਆ। ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ, ਜ਼ਿਲਾ ਪ੍ਰਧਾਨ ਸਤਨਾਮ ਸਿੰਘ ਮਾਣੋਚਾਹਲ, ਜਰਨੈਲ ਸਿੰਘ ਨੂਰਦੀ, ਫਤਿਹ ਸਿੰਘ ਪਿੱਦੀ, ਬਲਵਿੰਦਰ ਸਿੰਘ ਚੋਲਾ, ਤਰਸੇਮ ਸਿੰਘ ਧਾਰੀਵਾਲ, ਮੇਹਰ ਸਿੰਘ ਤਲਵੰਡੀ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਦੱਸਿਆ ਕਿ ਪਿੰਡ ਸੰਗਵਾਂ ਭੱਗੂਪੁਰ ਵਾਲੀ ਸੜਕ ਬਣਾਉਣ, ਪਿੰਡਾਂ ਦੀਆਂ ਸੜਕਾਂ ਦੀ ਨਿਸ਼ਾਨਦੇਹੀ ਕਰਕੇ ਸੜਕਾਂ ਬਣਾਉਣ, ਪਿੰਡ ਸੀਤੋ ਨੌ ਬਾਅਦ ਰੋਹੀ ਦੀ ਖਲਵਾਈ ਕਰਵਾਉਣ, ਸੜਕਾਂ ਵਿਚ ਖੰਭੇ/ਰੁੱਖ ਆਦਿ ਪਾਸੇ ਕਰਵਾਉਣ ਆਦਿ ਮੰਗਾਂ ਨੂੰ ਲੈ ਕੇ ਪੱਕਾ ਮੋਰਚਾ ਲਗਾਇਆ ਗਿਆ ਸੀ। ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਕਿਸਾਨ ਆਗੂ ਗੁਰਬੇਜ ਸਿੰਘ ਧਾਰੀਵਾਲ, ਦਿਲਬਾਗ ਸਿੰਘ ਪਹੂਵਿੰਡ, ਦਲਬੀਰ ਸਿੰਘ ਭੂਰਾ ਕਰੀਮਪੁਰਾ, ਸਵਰਨ ਸਿੰਘ ਖਹਿਰਾ ਹਰੀਕੇ, ਰੂਪ ਸਿੰਘ ਸੈਦੋ ਦੀ ਅਗਵਾਈ ਹੇਠ ਪੱਟੀ ਦੇ ਐੱਸਡੀਐੱਮ ਦਫਤਰ ਅੱਗੇ ਕਿਸਾਨਾਂ ਨੇ ਵੱਡਾ ਇਕੱਠ ਕੀਤਾ। ਧਰਨੇ 'ਚ ਪਹੁੰਚੇ ਮੰਤਰੀ ਅਤੇ ਕਿਸਾਨ ਆਗੂਆਂ ਵਿਚਾਰ ਲੰਮਾ ਸਮਾਂ ਮੀਟਿੰਗ ਚੱਲੀ। ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਮੀਟਿੰਗ ਵਿੱਚ ਸੀਤੋ ਨੌ ਬਾਅਦ ਰੋਹੀ ਦੀ ਖਲਵਾਈ ਕਰਵਾਉਣ, ਪਿੰਡ ਪਰਿੰਗੜੀ, ਹਰੀਕੇ ਵਾਲੀ ਸੜਕ, ਪਿੰਡਾਂ ਨਾਲ ਲਿੰਕ ਰੱਖਦੀਆਂ ਸੜਕਾਂ, ਪਿੰਡ ਦੁੱਬਲੀ ਗਾਊਸ਼ਾਲਾ ਵਿਚ ਪੂਰੇ ਪ੍ਰਬੰਧ ਕਰਨ ਅਤੇ ਹੋਰ ਮੰਗ ਪੱਤਰ ਨਾਲ ਸਬੰਧਤ ਮਸਲਿਆਂ ਨੂੰ ਛੇਤੀ ਹੱਲ ਕਰਨ ਦਾ ਵਿਸ਼ਵਾਸ ਦਿਵਾਇਆ। ਇਸ ਮੌਕੇ ਚਾਨਣ ਸਿੰਘ ਬੰਗਲਾ ਰਾਏ, ਹਰਿੰਦਰ ਸਿੰਘ ਆਸਲ, ਨਿਸ਼ਾਨ ਸਿੰਘ ਪੱਟੀ, ਗੁਰਜੰਟ ਸਿੰਘ ਭੱਗੂਪੁਰ, ਹਰਪਾਲ ਸਿੰਘ ਜੋਧ ਸਿੰਘ ਵਾਲਾ, ਪਰਮਜੀਤ ਸਿੰਘ ਤਲਵੰਡੀ, ਰਵੇਲ ਸਿੰਘ ਮੱਖੀ ਕਲਾਂ, ਅਜਮੇਰ ਸਿੰਘ ਅਮੀਸ਼ਾਹ, ਬਲਵਿੰਦਰ ਸਿੰਘ ਹਰੀਕੇ, ਸ਼ਿੰਦਾ ਸਿੰਘ ਬੂਹ, ਕਿਰਪਾਲ ਬੁਰਜ ਪੂਹਲਾ, ਸੁਖਬੀਰ ਸਿੰਘ ਢਿੱਲੋਂ, ਜਰਨੈਲ ਸਿੰਘ ਧਾਰੀਵਾਲ, ਲਖਵਿੰਦਰ ਸਿੰਘ ਵਰਨਾਲਾ, ਸੁਖਵੰਤ ਸਿੰਘ ਪੱਟੀ, ਸੁਖਚੈਨ ਸਿੰਘ ਪੱਟੀ, ਬੱਗੂ ਭੂਰਾ, ਗੁਰਸ਼ਰਨ ਸਿੰਘ ਕੰਡਿਆਲਾ, ਹਰਚਰਨ ਸਿੰਘ ਆਸਲ, ਖਜਾਨ ਸਿੰਘ ਕਿਰਤੋਵਾਲ, ਜੋਗਿੰਦਰ ਸਿੰਘ ਗੱਟੀ, ਹੈਪੀ ਸੰਗਵ, ਬੀਬੀ ਕੁਲਵੰਤ ਕੌਰ ਧਾਲੀਵਾਲ, ਮਨਜੀਤ ਕੌਰ ਧਾਰੀਵਾਲ, ਦਿਲਬਾਗ ਸਿੰਘ ਚੇਅਰਮੈਨ, ਮਨਜੀਤ ਕਰਿਆਨਾ, ਅਵਤਾਰ ਸਿੰਘ ਢਿਲੋਂ ਮੀਡੀਆ ਇੰਚਾਰਜ, ਗੁਰਬਿੰਦਰ ਐਕਸੀਅਨ, ਜਸਬੀਰ ਸਿੰਘ ਸੋਢੀ, ਗੁਰਮੀਤ ਸਿੰਘ ਜੇਈ, ਰਾਜਬੀਰ ਆੜ੍ਹਤੀਆ ਪ੍ਰਧਾਨ, ਪਲਵਿੰਦਰ ਭੋਲਾ ਰਾੜੀਆ ਪ੍ਰਧਾਨ, ਗੁਰਵੇਲ ਸਿੰਘ ਲੁਹਾਰੀਆ, ਸੋਨੂੰ ਭੁੱਲਰ ਕਿਰਤੋਵਾਲ, ਗੁਰਪ੍ਰੀਤ ਸਿੰਘ ਗੋਰਾ ਮੈਂਬਰ, ਰਾਜਵਿੰਦਰ ਸਿੰਘ ਔਲਖ, ਜੁਗਰਾਜ ਸਿੰਘ, ਸੁੱਖ ਬਾਠ ਧਿਗਣਾ, ਸਾਹਿਬ ਸੁਰਜੀਤ ਭੱਗੂਪੁਰ ਹਵੇਲੀਆਂ, ਚਰਨ ਕਮਲ ਸਿੰਘ, ਬਲਜਿੰਦਰ ਮਲਹਾਰ, ਸਰਪੰਚ ਗੁਰਪ੍ਰੀਤ ਗੋਪੀ, ਜੱਜ ਮਾਲੜਾ, ਬਿੱਲਾ ਜ਼ੋਸਨ, ਸਿਕਦਰ ਪ੍ਰਧਾਨ ਟਰੱਕ ਯੂਨੀਅਨ, ਗੁਰਮੀਤ ਸਿੰਘ, ਇੰਦਰਪਾਲ ਸਿੰਘ, ਪ੍ਰਭਜੀਤ ਸਿੰਘ, ਰਾਕੇਸ ਕਮਲ ਕੌਂਸਲਰ, ਐਸ.ਐਚ.ਓ. ਹਰਪ੍ਰੀਤ ਸਿੰਘ, ਵਿਪਨ ਕੁਮਾਰ ਪ੍ਰਧਾਨ, ਬਲਜੀਤ ਸਿੰਘ ਲੋਹੁਕਾ, ਰਵੀਸੇਰ ਸਿੰਘ, ਤਰਸੇਮ ਸਿੰਘ ਪ੍ਰਧਾਨ ਚੂਸਲੇਵੜ, ਜਸਬੀਰ ਸਿੰਘ ਬੋਪਾਰਾਏ, ਗੁਰਲਾਲ ਧਾਰੀਵਾਲ, ਰਾਜੇਸ਼ ਸਭਰਵਾਲ, ਸੁਰਜੀਤ ਕੌਂਸਲਰ, ਰੂਪ ਸੰਧੂ, ਲਖਵਿੰਦਰ ਪ੍ਰਧਾਨ ਸਭਰਾ, ਸਾਬ ਠੱਕਰਪੁਰਾ, ਸਤਨਾਮ ਠੱਕਰਪੁਰਾ, ਨੰਬਰਦਾਰ ਕੁਲਵੰਤ, ਬਲਜਿੰਦਰ ਸਹੀਦ, ਗੁਰਪ੍ਰੀਤ ਬਰਵਾਲਾ, ਚਮਕੌਰ ਜੈਲਦਾਰ, ਗੁਰਪ੍ਰੀਤ ਰਸੂਲਪੁਰ, ਗੁਰਮੀਤ ਸੈਕਟਰੀ ਆਦਿ ਹਾਜ਼ਰ ਸਨ।

# ਨਸ਼ਿਆਂ ਨੂੰ ਜੜ੍ਹ ਤੋਂ ਖਤਮ ਕਰਨ ਲਈ ਸਮੂਹਿਕ ਹੰਭਲਾ ਮਾਰਨ ਦੀ ਲੋੜ : ਲਖਵਿੰਦਰ ਸਿੰਘ

**ਬਟਾਲਾ (ਤਰਲੋਕ ਬੱਗਾ)**-ਨਸ਼ਿਆਂ ਦੀ ਵਿਆਪਕ ਵਰਤੋਂ ਸਮਾਜ ਲਈ ਇਕ ਬਹੁਤ ਗੰਭੀਰ ਚਿੰਤਾ ਦਾ ਵਿਸ਼ਾ ਹੈ ਕਿਉਂਕਿ ਕਿਸੇ ਵੀ ਦੇਸ਼ ਦੇ ਚੰਗੇ ਭਵਿੱਖ ਲਈ ਉਸ ਦੀ ਤਰੱਕੀ ਦੇ ਰਾਹ ਵਿਚ ਨਸ਼ਾ ਇਕ ਵੱਡੀ ਰੁਕਾਵਟ ਬਣਦਾ ਹੈ। ਇਸ ਲਈ ਸਾਡੇ ਸਾਰਿਆਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਨਸ਼ਿਆਂ ਨੂੰ ਜੜ੍ਹ ਤੋਂ ਖਤਮ ਕਰਨ ਲਈ ਰਲ ਕੇ ਹੰਭਲਾ ਮਾਰੀਏ। ਇਹ ਪ੍ਰਗਟਾਵਾ ਲਖਵਿੰਦਰ ਸਿੰਘ ਨਾਇਬ ਤਹਿਸੀਲਦਾਰ ਬਟਾਲਾ ਨੇ ਸਥਾਨਕ ਬੇਰਿੰਗ ਯੂਨੀਅਨ ਕ੍ਰਿਸ਼ਚੀਅਨ ਕਾਲਜ, ਬਟਾਲਾ ਵਿਖੇ ਮਨਾਏ ਗਏ ਅੰਤਰਰਾਸ਼ਟਰੀ ਨਸ਼ਾ ਖੋਰੀ ਅਤੇ ਗੈਰ-ਕਾਨੂੰਨੀ ਤਸ਼ਕਰੀ ਵਿਰੋਧੀ ਦਿਵਸ ਮੌਕੇ ਕੀਤਾ। ਇਸ ਮੌਕ ਪ੍ਰਿੰਸੀਪਲ ਡਾ. ਅਸ਼ਵਨੀ ਕਾਂਸਰਾ, ਮਾਸਟਰ ਜੋਗਿੰਦਰ ਸਿੰਘ ਅੱਚਲੀ ਗੇਟ, ਡਾ. ਜੇਪੀ ਸਿੰਘ, ਪ੍ਰੋਫੈਸਰ ਜਸਬੀਰ ਸਿੰਘ, ਸੁਪਡੈਂਟ ਸੁੰਦਰ ਸ਼ਰਮਾ, ਰਾਜਵਿੰਦਰ ਸਿੰਘ ਅਤੇ ਮੈਡਮ ਅਮਨਦੀਪ ਕੋਰ ਆਦਿ ਮੌਜੂਦ ਸਨ।

ਇਸ ਮੌਕੇ ਸੰਬੋਧਨ ਕਰਦਿਆਂ ਨਾਇਬ ਤਹਿਸੀਲਦਾਰ ਲਖਵਿੰਦਰ ਸਿੰਘ ਨੇ ਕਿਹਾ ਕਿ ਡਾ. ਹਿਮਾਂਸ਼ੂ ਅਗਰਵਾਲ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾ-ਨਿਰਦੇਸ਼ ਹੇਠ ਅੰਤਰਰਾਸ਼ਟਰੀ ਨਸ਼ਾ ਖੋਰੀ ਅਤੇ ਗੈਰ-ਕਾਨੂੰਨੀ ਤਸਕਰੀ ਵਿਰੋਧੀ ਦਿਵਸ ਮਨਾਇਆ ਗਿਆ ਹੈ ਅਤੇ ਐਸਡੀਐਮ-ਕਮ-ਕਮਿਸ਼ਨਰ ਕਾਰਪੋਰੇਸ਼ਨ ਬਟਾਲਾ ਡਾ. ਸ਼ਾਇਰੀ ਭੰਡਾਰੀ ਦੀ ਅਗਵਾਈ ਹੇਠ ਕਰਵਾਏ ਸਮਾਗਮ ਦੌਰਾਨ ਵੱਖ-ਵੱਖ ਸਖਸ਼ੀਅਤਾਂ ਨੇ ਨਸ਼ਿਆਂ ਨੂੰ ਖਤਮ ਕਰਨ ਤੇ ਸਮਾਜ ਨੂੰ ਜਾਗਰੂਕ ਕਰਨ ਲਈ ਵਿਚਾਰ ਪੇਸ਼ ਕੀਤੇ। ਉਨ੍ਹਾਂ ਕਿਹਾ ਕਿ ਨਸ਼ਾ ਇਕ ਮਾਨਸਿਕ ਰੋਗ ਹੈ ਜੋ ਇਨਸਾਨ ਨੂੰ ਸਰੀਰਕ, ਮਾਨਸਿਕ ਤੇ ਆਰਥਿਕ ਤੌਰ ਤੇ ਕਮਜ਼ੋਰ ਕਰ ਦਿੰਦਾ ਹੈ, ਇਸ ਲਈ ਸਾਨੂੰ ਕਿਸੇ ਵੀ ਕਿਸਮ ਦਾ ਨਸ਼ਾ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ।

ਉਨ੍ਹਾਂ ਦੱਸਿਆ ਕਿ ਜੇਕਰ ਕੋਈ ਵਿਅਕਤੀ ਕਿਸੇ ਕਾਰਨ ਨਸ਼ਿਆਂ ਦੀ ਦਲਦਲ ਵਿੱਚ ਫਸਦਾ ਹੈ ਤਾਂ ਇਸਦਾ ਇਲਾਜ ਵੀ ਸੰਭਵ ਹੈ ਤੇ ਉਸਦਾ ਇਹ ਇਲਾਜ ਸਰਕਾਰ ਵੱਲੋਂ ਨਸ਼ਾ ਛੁਡਾਊ ਕੇਂਦਰਾਂ, ਓਟ ਕਲੀਨਿਕਾਂ ਅਤੇ ਮੁੜ ਵਸੇਬਾ ਕੇਂਦਰਾਂ ਵਿੱਚ ਬਿਲਕੁਲ ਮੁਫਤ ਕੀਤਾ ਜਾ ਰਿਹਾ ਹੈ। ਇਸ ਮੌਕੇ ਕਰਵਾਏ ਸਮਾਗਮ ਦੌਰਾਨ ਵੱਖ-ਵੱਖ ਸ਼ਖਸੀਅਤਾਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਨਸ਼ਾ ਇਕ ਨਾ-ਮੁਰਾਦ ਬਿਮਾਰੀ ਹੈ, ਨਸ਼ਿਆਂ ਦੀਆਂ ਆਦਤਾਂ ਵਿੱਚ ਫਸ ਕੇ ਨੌਜਵਾਨ ਆਪਣਾ ਅਤੇ ਆਪਣੇ ਦੇਸ਼ ਦਾ ਭਵਿੱਖ ਖਰਾਬ ਕਰਦੇ ਹਨ ਕਿਉਂਕਿ ਉਹ ਗਲਤ ਅਤੇ ਠੀਕ ਵਿੱਚ ਫਰਕ ਨਹੀਂ ਕਰ ਸਕਦੇ। ਉਨ੍ਹਾਂ ਨਸ਼ਿਆਂ ਦੇ ਕਾਰਨ, ਨਸ਼ਾ ਕਰਨ ਵਾਲੇ ਵਿਅਕਤੀ ਦੇ ਲੱਛਣ, ਨਸ਼ਾ ਕਰਨ ਨਾਲ ਸਰੀਰ ਨੂੰ ਲੱਗਣ ਵਾਲੇ ਹੋਰ ਰੋਗਾਂ ਅਤੇ ਇਨ੍ਹਾਂ ਦੇ ਇਲਾਜ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ।

# ਸੋਹਲ, ਭੋਮਾ ਤੇ ਤਲਵੰਡੀ ਵੱਲੋਂ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਦਾ ਮਾਣ-ਸਨਮਾਨ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**—ਫੈਡਰੇਸ਼ਨ ਆਗੂ ਭਾਈ ਮਨਜੀਤ ਸਿੰਘ ਭੋਮਾ, ਸਰਬਜੀਤ ਸਿੰਘ ਸੋਹਲ ਅਤੇ ਰਣਜੀਤ ਸਿੰਘ ਤਲਵੰਡੀ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਦੇ ਨਵ-ਨਿਯੁਕਤ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਦਾ ਸਨਮਾਨ ਕੀਤਾ ਗਿਆ ਅਤੇ ਉਨ੍ਹਾਂ ਵੱਲੋਂ ਸਿੱਖ ਕੌਮ ਦੀ ਅਗਵਾਈ ਕਰਨ ਦੀ ਪਰਮਾਤਮਾ ਅੱਗੇ ਅਰਦਾਸ ਕੀਤੀ ਗਈ।

ਇਸ ਮੌਕੇ ਸੰਬੋਧਨ ਕਰਦਿਆਂ ਭਾਈ ਭੋਮਾ, ਸੋਹਲ ਅਤੇ ਤਲਵੰਡੀ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੂੰ ਸ੍ਰੀ ਅਕਾਲ ਤਖਤ ਸਹਿਬ ਦਾ ਜਥੇਦਾਰ ਨਿਯੁਕਤ ਕਰਨਾ ਬਹੁਤ ਹੀ ਸ਼ਲਾਘਾਯੋਗ ਕਦਮ ਹੈ ਜਿਸ ਦੇ ਉਹ ਯੋਗ ਹਨ ਅਤੇ ਉਹ ਆਸ ਕਰਦੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਗਿਆਨੀ ਰਘਬੀਰ ਸਿੰਘ ਸਿੱਖ ਕੌਮ ਨੂੰ ਇੱਕ ਚੰਗੀ ਸੇਧ ਦੇ ਕੇ ਸਿੱਖ ਕੌਮ ਵਿੱਚ ਆਈ ਗਿਰਾਵਟ ਨੂੰ ਦੂਰ ਕਰਨ ਦਾ ਯਤਨ ਕਰਨਗੇ।

ਫੈਡਰੇਸ਼ਨ ਆਗੂਆਂ ਨੇ ਕਿਹਾ ਕਿ ਉਹ ਸਿੰਘ ਸਾਹਿਬ ਦੇ ਮੋਢੇ ਨਾਲ ਮੋਢਾ ਜੋੜ ਕੇ ਖੜਨਗੇ ਅਤੇ ਜਿੱਥੇ ਲੋੜ ਹੋਵੇਗੀ ਉਹ ਪਿੱਛੇ ਨਹੀਂ ਹਟਣਗੇ। ਉਨ੍ਹਾਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਸਿੰਘ ਸਾਹਿਬ ਨੂੰ ਹਰ ਪੱਖ ਤੋਂ ਸਹਿਯੋਗ ਦਿੱਤਾ ਜਾਵੇ ਤਾਂ ਜੋ ਉਹ ਹੋਰ ਵੀ ਤਨ-ਦੇਹੀ ਨਾਲ ਸੰਗਤਾਂ ਦੀ ਸੇਵਾ ਕਰ ਸਕਣ। ਉਕਤ ਆਗੂਆਂ ਵੱਲੋਂ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ।

# ਸ਼ੇਰ-ਏ-ਪੰਜਾਬ ਸਪੋਰਟਸ ਕਲੱਬ ਵੱਲੋਂ 6 ਦਿਨਾ ਦਸਤਾਰ ਸਿਖਲਾਈ ਕੈਂਪ ਆਯੋਜਿਤ



**ਨੌਸ਼ਹਿਰਾ ਮੱਝਾ ਸਿੰਘ (ਸਤਨਾਮ ਸਿੰਘ ਕਿਰਤੀ)**-ਨੌਜਵਾਨ ਬੱਚਿਆਂ ਨੂੰ ਆਪਣੇ ਸਿੱਖੀ ਸਰੂਪ ਨਾਲ ਜੋੜਨ ਦੇ ਮਕਸਦ ਨਾਲ ਪਿਛਲੇ ਲੰਬੇ ਸਮੇਂ ਤੋਂ ਕੰਮ ਕਰ ਰਹੀ ਸੰਸਥਾ ਸ਼ੇਰ-ਏ ਪੰਜਾਬ ਸਪੋਰਟਸ ਐਂਡ ਵੈੱਲਫੇਅਰ ਕਲੱਬ ਪਿੰਡ ਖੋਖਰ ਫੌਜੀਆਂ ਵੱਲੋ ਸ਼ਾਨ-ਏ-ਦਸਤਾਰ ਟੀਮ ਬਟਾਲਾ ਦੇ ਸਹਿਯੋਗ ਨਾਲ 6 ਦਿਨਾ ਦਸਤਾਰ ਸਿਖਲਾਈ ਕੈਂਪ ਆਯੋਜਿਤ ਕੀਤਾ ਗਿਆ ਜਿਸ ਵਿੱਚ ਵੱਖ-ਵੱਖ ਪਿੰਡਾਂ ਦੇ ਬੱਚਿਆ ਨੇ ਦਸਤਾਰ ਸਿੱਖਣ ਲਈ ਆਪਣੀ ਦਿਲਚਸਪੀ ਦਿਖਾਈ ਅਤੇ ਆਪਣੇ ਸਿੱਖੀ ਵਿਰਸੇ ਨਾਲ ਜੁੜੇ। ਸਿਖਲਾਈ ਕੈਂਪ ਵਿੱਚ ਸ਼ਾਨ-ਏ-ਦਸਤਾਰ ਟੀਮ ਬਟਾਲਾ ਵੱਲੋਂ ਸਿਖਲਾਈ ਕੈਂਪ ਵਿੱਚ ਭਾਗ ਲੈਣ ਵਾਲੇ ਬੱਚਿਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਓਥੇ ਹੀ ਪਿੰਡ ਖੋਖਰ ਫੌਜੀਆਂ ਦੀ ਸੰਗਤ ਅਤੇ ਸੇਰ - ਏ ਪੰਜਾਬ ਸਪੋਰਟਸ ਐਂਡ ਵੈਲਫੇਅਰ ਕਲੱਬ ਵਲੋਂ ਇਸ ਮੌਕੇ ਸ਼ਾਨ-ਏ-ਦਸਤਾਰ ਟੀਮ ਦੇ ਕੋਚ ਪ੍ਰੀਤਪਾਲ ਸਿੰਘ ਨੂੰ ਵੀ ਸਨਮਾਨਿਆ। ਇਸ ਮੌਕੇ ਅਵਤਾਰ ਸਿੰਘ ਖਾਲਸਾ ਸਾਬਕਾ ਸਰਪੰਚ, ਗੁਰਪ੍ਰੀਤ ਸਿੰਘ ਹੁੰਦਲ, ਜਸਬੀਰ ਸਿੰਘ ਦਿਓਲ, ਬਲਬੀਰ ਸਿੰਘ ਝੁੱਨ, ਸੂਬੇਦਾਰ ਕੁਲਦੀਪ ਸਿੰਘ ਝੁੱਨ, ਮਨਮੋਹਨ ਸਿੰਘ ਬਾਜਵਾ, ਤਰਲੋਕ ਸਿੰਘ ਹੁੰਦਲ, ਮਨਜੀਤ ਸਿੰਘ ਘੁੰਮਣ, ਬਖਸ਼ੀਸ਼ ਸਿੰਘ ਹੁੰਦਲ, ਅਮਰੀਕ ਸਿੰਘ ਬਾਜਵਾ, ਸੁਖਬੀਰ ਸਿੰਘ ਪੰਨੂ, ਚੈਂਚਲ ਸਿੰਘ ਹੁੰਦਲ, ਹਰਸ਼ਰਨਜੀਤ ਸਿੰਘ ਗੋਨੀ, ਗੁਰਦਿਆਲ ਸਿੰਘ ਪੰਨੂ, ਕੁਲਦੀਪ ਸਿੰਘ, ਮਨਜੀਤ ਸਿੰਘ ਕਾਕੂ ਆਦਿ ਹਾਜ਼ਰ ਸਨ

# ਕੈਬਨਿਟ ਮੰਤਰੀ ਈ ਟੀ ਓ ਨੂੰ ਮਜ਼ਦੂਰ ਪਰਿਵਾਰਾਂ ਨੇ ਦਿੱਤਾ ਯਾਦ ਪੱਤਰ

**ਗਹਿਰੀ ਮੰਡੀ (ਮਨਜੀਤ ਸਿੰਘ ਭੰਗੂ)**-ਪਿੰਡ ਜਾਣੀਆਂ ਦੇ ਕਰਨੌਲੀ ਵਿਚ ਰਹਿੰਦੇ ਮਜ਼ਦੂਰ ਪਰਿਵਾਰਾਂ ਨੇ ਕੈਬਨਿਟ ਮੰਤਰੀ ਪੰਜਾਬ ਹਰਭਜਨ ਸਿੰਘ ਨੂੰ ਗੁਰਪ੍ਰੀਤ ਸਿੰਘ ਬਲੱਡ ਗਰੁਪ ਮਹਾਦੇਵ ਖੂਨਦਾਨ ਪੰਜਾਬ ਪ੍ਰਧਾਨ ਦੀ ਅਗਵਾਈ 'ਚ ਯਾਦ ਪੱਤਰ ਦਿਤਾ।

ਉਨ੍ਹਾਂ ਕਿਹਾ ਕਿ ਇਥੇ ਪਾਣੀ ਦਾ ਨਿਕਾਸ ਨਾ ਹੋਣ ਕਾਰਨ ਫਿਰਨੀ ਵਾਲੀ ਸੜਕ ਮੀਂਹ ਦੇ ਪਾਣੀ ਨਾਲ ਨੱਕੋ-ਨੱਕ ਭਰ ਜਾਂਦੀ ਹੈ ਤੇ ਘਰਾਂ ਵਿਚ ਵੀ ਪਾਣੀ ਵੜ ਜਾਂਦਾ ਹੈ। ਇਸ ਲਈ ਤੁਸੀਂ ਇਸ ਦਾ ਹੱਲ ਕੱਢਣ ਲਈ ਖੁਦ ਹੀ ਨੀਂਹ ਪੱਥਰ ਰੱਖ ਕੇ ਗਏ ਸੀ। ਇਥੇ ਪਾਣੀ ਜਮ੍ਹਾ ਹੋਣ ਕਾਰਨ ਸੜਕ 'ਤੇ ਅਕਸਰ ਹੀ ਹਾਦਸੇ ਹੁੰਦੇ ਰਹਿੰਦੇ ਹਨ। ਪਿੰਡ ਵਾਲਿਆਂ ਦਾ ਕਹਿਣਾ ਹੈ ਕੇ ਇਥੇ ਸਟਰੀਟ ਲਾਈਟਾਂ ਵੀ ਲਗਾਈਆਂ ਜਾਣ ਅਤੇ ਪਾਣੀ ਦਾ ਨਿਕਾਸ ਵੀ ਕੀਤਾ ਜਾਵੇ ਤਾਂ ਜੋ ਕੋਈ ਵੀ ਮੁਸ਼ਕਲ ਨਾ ਆ ਸਕੇ। ਉਨ੍ਹਾਂ ਕਿਹਾ ਕਿ ਇਸ ਦਾ ਜਲਦੀ ਤੋਂ ਜਲਦੀ ਹੱਲ ਕੱਢਿਆ ਜਾਵੇ। ਇਸ ਮੌਕੇ ਸਰਬਜੀਤ ਸਿੰਘ, ਸੁਖਜਿੰਦਰ ਸਿੰਘ, ਜੋਬਨਜੀਤ ਸਿੰਘ, ਗੁਰਪ੍ਰੀਤ ਸਿੰਘ, ਜਸਪਾਲ ਸਿੰਘ ਅਤੇ ਹਰਵਿੰਦਰ ਸਿੰਘ ਆਦਿ ਹਾਜ਼ਰ ਸਨ।



# ਬਾਬਾ ਮੀਆਂ ਲਾਲ ਦੀ ਦਰਗਾਹ 'ਤੇ ਮੇਲਾ ਅੱਜ ਤੇ ਭਲਕ

**ਮਾਨਾਂਵਾਲਾ (ਜਸਦੇਵ ਮਾਨ)**-ਪਿੰਡ ਮਾਨ ਸੈਂਡਵਾਲ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਬਾਬਾ ਮੀਆਂ ਲਾਲ ਸਪੋਰਟਸ ਕਲੱਬ ਰਜਿ: ਵੱਲੋਂ ਸਾਲਾਨਾ ਸੱਭਿਆਚਾਰਕ ਮੇਲਾ ਬੜੀ ਸ਼ਾਨੋ-ਸ਼ੌਕਤ ਨਾਲ ਕਰਵਾਇਆ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਬਾਬਾ ਮੀਆਂ ਲਾਲ ਦਰਗਾਹ ਦੀ ਮੁੱਖ ਸੇਵਾਦਾਰ ਬੀਬੀ ਸੁਖਵਿੰਦਰ ਕੌਰ ਨੇ ਦੱਸਿਆ ਕਿ 27 ਤੇ 28 ਜੂਨ ਨੂੰ ਦੋ ਦਿਨ ਲੱਗਣ ਵਾਲੇ ਇਸ ਮੇਲੇ ਵਿੱਚ ਖੂਬ ਰੌਣਕਾਂ ਲੱਗਣਗੀਆਂ। ਪਹਿਲੇ ਦਿਨ ਮਸ਼ਹੂਰ ਕੱਵਾਲ ਆਪਣੀਆਂ ਕੱਵਾਲੀਆਂ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ। ਦੂਸਰੇ ਦਿਨ ਪ੍ਰਸਿੱਧ ਗਾਇਕ ਗੁਰਵਿੰਦਰ ਬਰਾੜ ਤੇ ਮੈਡਮ ਸੁਖਜੀਤ ਕੌਰ ਆਪਣੀ ਗਾਇਕੀ ਦੇ ਜੌਹਰ ਵਿਖਾਉਣਗੇ। ਇਸ ਦੌਰਾਨ ਲੰਗਰ ਭੰਡਾਰੇ ਅਤੁੱਟ ਵਰਤਣਗੇ।

# ਜ਼ਿਲ੍ਹਾ ਪੁਲਸ ਨੇ ਡੀ ਏ ਵੀ ਸਕੂਲ ਵਿਖੇ ਮਨਾਇਆ ਨਸ਼ਾ ਵਿਰੋਧੀ ਦਿਵਸ



**ਰੂਪਨਗਰ, (ਨਵਾਂ ਜ਼ਮਾਨਾ ਸਰਵਿਸ)**—ਸਥਾਨਕ ਜ਼ਿਲ੍ਹਾ ਪੁਲਸ ਸਾਂਝ ਕੇਂਦਰ ਦੁਆਰਾ ਐੱਸ.ਐਸ.ਪੀ. ਵਿਵੇਕਸ਼ੀਲ ਸੋਨੀ,ਆਈ ਪੀ ਐਸ ਦੀ ਅਗਵਾਈ ਵਿੱਚ ਸਥਾਨਕ ਡੀ.ਏ.ਵੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਵਿੱਚ ਇੱਕ ਪ੍ਰਭਾਵਸ਼ਾਲੀ ਸਮਾਗਮ ਕਰਕੇ ਨਸ਼ਾ ਵਿਰੋਧੀ ਦਿਵਸ ਮਨਾਇਆ ਗਿਆ। ਸਮਾਗਮ ਨੂੰ ਸੰਬੋਧਨ ਕਰਦਿਆ ਐਸ.ਐਸ.ਪੀ ਨੇ ਕਿਹਾ ਕਿ ਅਸੀਂ ਆਪਣੇ ਨਜ਼ਰੀਏ ਵਿੱਚ ਬਦਲਾਅ ਲਿਆ ਕੇ ਨਸ਼ਿਆਂ ਦੀ ਮਾੜੀ ਅਲਾਮਤ ਤੋਂ ਸਮਾਜ ਨੂੰ ਸਹੀ ਸੇਧ ਦੇ ਸਕਦੇ ਹਾਂ। ਉਨ੍ਹਾਂ ਸਮਾਜ ਦੇ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਲਾਮਬੰਦ ਹੋ ਕੇ ਇਕ ਸਿਹਤਮੰਦ ਪੰਜਾਬ ਦੀ ਸਿਰਜਣਾ ਵਿੱਚ ਆਪਣਾ ਯੋਗਦਾਨ ਪਾਉਣ। ਸਮਾਗਮ ਦੇ ਪਹਿਲੇ ਸ਼ੈਸ਼ਨ ਵਿੱਚ ਸਿਵਲ ਸਰਜਨ, ਡਾ. ਪਰਮਿੰਦਰ ਕੁਮਾਰ ਦੀ ਅਗਵਾਈ ਵਿੱਚ ਡਾ. ਬਲਦੇਵ ਸਿੰਘ ਅਤੇ ਮਨੋ-ਚਕਿਤਸ਼ਕ ਡਾ. ਜਸਪ੍ਰੀਤ ਕੌਰ ਨੇ ਹਾਜ਼ਰੀਨ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵ ਸੰਬੰਧੀ ਜਾਣਕਾਰੀ ਦਿੱਤੀ। ਸਮਾਗਮ ਦੌਰਾਨ ਕ੍ਰਾਂਤੀ ਕਲਾ ਮੰਚ ਰੂਪਨਗਰ ਵੱਲੋਂ ਨੁਕੜ ਨਾਟਕ 'ਜਾਗੋ' ਪੇਸ਼ ਕੀਤਾ ਗਿਆ।

ਉਲੰਪੀਅਨ ਰਾਜਪਾਲ ਸਿੰਘ ਹੁੰਦਲ ਨੇ ਕਿਹਾ ਕਿ ਅਜਿਹੇ ਸਮਾਗਮ ਵਿੱਚ ਸ਼ਿਰਕਤ ਕਰਨਾ ਉਨ੍ਹਾਂ ਲਈ ਮਾਣਮੱਤੀ ਪ੍ਰਾਪਤੀ ਹੈ। ਡੀ.ਐੱਸ.ਪੀ. ਤਰਲੋਚਨ ਸਿੰਘ ਨੇ ਸਕੂਲ ਦੇ ਐੱਨ.ਸੀ.ਸੀ ਕੈਡਿਟਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਐਨ.ਸੀ.ਸੀ ਕੈਡਿਟ ਨਸ਼ਿਆ ਵਿਰੋਧੀ ਕਾਰਜ ਵਿੱਚ ਉਸਾਰੂ ਰੋਲ ਅਦਾ ਕਰ ਸਕਦੇ ਸਨ। ਡੀ.ਐੱਸ.ਪੀ.ਐਸ.ਟੀ.ਐਫ ਰੁਪਿੰਦਰਜੀਤ ਸਿੰਘ ਅਤੇ ਐੱਸ.ਐੱਚ.ਓ ਪਵਨ ਕੁਮਾਰ ਵੀ ਮੌਕੇ 'ਤੇ ਹਾਜ਼ਰ ਸਨ। ਇਸ ਮੌਕੇ ਰਾਜਿੰਦਰ ਸਿੰਘ, ਕੇ.ਐੱਲ ਚੋਪੜਾ, ਕਰਨੈਲ ਸਿੰਘ, ਰਣਜੀਤ ਐਵੀਨਿਊ ਤੋਂ ਇਲਾਵਾ ਰਟਾਇਰਡ ਪ੍ਰਿੰਸੀਪਲ ਕਮਲਦੇਵ ਸ਼ਰਮਾ ਸਨਸਿਟੀ ਐਸੋਸ਼ੀਏਸ਼ਨ ਅਤੇ ਆਦਰਸ਼ ਨਗਰ ਸੁਸਾਇਟੀ ਮੈਂਬਰ ਤੋਂ ਇਲਾਵਾ ਬਲੱਡ ਡੋਨਰ ਜਗਦੇਵ ਸਿੰਘ, ਦਲਜੀਤ ਸਿੰਘ, ਭਗਵੰਤ ਕੌਰ ਵੀ ਹਾਜ਼ਰ ਸਨ। ਐੱਸ.ਐਸ.ਪੀ. ਅਤੇ ਸਾਂਝ ਕੇਂਦਰ ਰੂਪਨਗਰ ਦੁਆਰਾ ਸੰਸਥਾ ਦੀ ਮੁਖੀ ਮੈਡਮ ਸੰਗੀਤਾ ਰਾਣੀ ਅਤੇ ਸੀਨੀਅਰ ਅਧਿਆਪਕ ਇਕਬਾਲ ਸਿੰਘ ਨੂੰ ਵਿਸ਼ੇਸ਼ ਰੂਪ ਵਿੱਚ ਸਨਮਾਨਿਤ ਕੀਤਾ ਗਿਆ। ਇਸ ਮੌਕੇ ਇੰਚਾਰਜ ਕੇਂਦਰ ਇੰਸਪੈਕਟਰ ਹਰਪ੍ਰੀਤ ਸਿੰਘ ਦੀ ਟੀਮ ਮੈਂਬਰ ਵਿਨੇ ਕੁਮਾਰ ਅਤੇ ਗੁਰਿੰਦਰਸਿੰਘ ਤੋਂ ਇਲਾਵਾ ਅਸ਼ਵਨੀ ਸ਼ਰਮਾ, ਅਸ਼ੋਕ ਸੋਨੀ , ਰਾਜੇਸ਼ ਸ਼ਰਮਾ, ਰਵੀਇੰਦਰ ਸਿੰਘ, ਜਸਪ੍ਰੀਤ ਸਿੰਘ, ਮੈਡਮ ਰਿਤੂ ਸ਼ਰਮਾ, ਮੈਡਮ ਮਨਪ੍ਰੀਤ ਕੌਰ ਤੋਂ ਇਲਾਵਾ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

# ਡੇਅਰੀ ਫਾਰਮਿੰਗ ਦਾ ਸਿਖਲਾਈ ਕੋਰਸ 3 ਜੁਲਾਈ ਤੋਂ ਹੋਵੇਗਾ ਸ਼ੁਰੂ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਿਤ ਪੇਂਡੂ ਬੇਰੁਜ਼ਗਾਰ ਨੌਜਵਾਨ ਲੜਕੇ/ਲੜਕੀਆਂ ਜੋ ਡੇਅਰੀ ਦਾ ਕਿੱਤਾ ਸ਼ੁਰੂ ਕਰਨਾ ਚਾਹੁੰਦੇ ਹਨ, ਡੇਅਰੀ ਸਿਖਲਾਈ ਕੋਰਸ ਵਾਸਤੇ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ, ਜ਼ਿਲਾ ਪ੍ਰਬੰਧਕੀ ਕੰਪਲੈਕਸ, ਬਲਾਕ-ਬੀ, ਚੌਥੀ ਮੰਜ਼ਿਲ, ਕਮਰਾ ਨੰਬਰ 508 ਵਿਖੇ ਮਿਤੀ 30 ਜੂਨ 2023 ਤੱਕ ਅਰਜ਼ੀਆਂ ਦੇ ਸਕਦੇ ਹਨ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਵਰਿਆਮ ਸਿੰਘ, ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ ਨੇ ਦੱਸਿਆ ਕਿ ਖੇਤੀ ਵਿੱਚ ਵਿਭਿੰਨਤਾ ਲਿਆਉਣ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਲਈ ਡੇਅਰੀ ਦੇ ਕਿੱਤੇ ਨੂੰ ਸਹਾਇਕ ਧੰਦੇ ਵਜੋਂ ਅਪਨਾਉਣ ਲਈ 2 ਹਫਤੇ ਦੀ ਡੇਅਰੀ ਸਿਖਲਾਈ ਮਿਤੀ 3 ਜੁਲਾਈ 2023 ਤੋਂ ਡੇਅਰੀ ਸਿਖਲਾਈ ਤੇ ਵਿਸਥਾਰ ਕੇਂਦਰ, ਵੇਰਕਾ (ਜ਼ਿਲਾ ਅੰਮ੍ਰਿਤਸਰ) ਵਿਖੇ ਕਰਵਾਈ ਜਾਣੀ ਹੈ। ਇਸ ਸਿਖਲਾਈ ਕੋਰਸ ਵਿੱਚ ਜ਼ਿਲਾ ਗੁਰਦਾਸਪੁਰ ਨਾਲ ਸਬੰਧਤ ਬੇਰੁਜ਼ਗਾਰ ਨੌਜਵਾਨ ਲੜਕੇ/ਲੜਕੀਆਂ ਜੋ ਘੱਟੋ-ਘੱਟ 5ਵੀਂ ਪਾਸ ਹੋਣ, ਉਮਰ 18 ਤੋਂ 50 ਸਾਲ ਦਰਮਿਆਨ ਹੋਵੇ, ਪੇਂਡੂ ਖੇਤਰ ਨਾਲ ਸਬੰਧਤ ਹੋਣ, ਗਰੰਟੀ ਅਤੇ ਹਰੇ ਚਾਰੇ ਦੀ ਬਿਜਾਈ ਵਾਸਤੇ ਜ਼ਮੀਨ ਦਾ ਪ੍ਰਬੰਧ ਹੋਵੇ, ਇਸ ਸਿਖਲਾਈ ਵਿੱਚ ਭਾਗ ਲੈ ਸਕਦੇ ਹਨ। ਡਿਪਟੀ ਡਾਇਰੈਕਟਰ ਨੇ ਦੱਸਿਆ ਕਿ ਸਿਖਲਾਈ ਉਪਰੰਤ ਵਿਭਾਗ ਵੱਲੋਂ ਸਬੰਧਤਾਂ ਨੂੰ ਵੱਖ-ਵੱਖ ਬੈਂਕਾਂ ਤੋਂ ਡੇਅਰੀ ਕਰਜ਼ੇ ਦੀ ਸੁਵਿਧਾ ਰਾਹੀਂ 2 ਤੋਂ 20 ਪਸ਼ੂਆਂ ਦੇ ਡੇਅਰੀ ਯੂਨਿਟ ਸਥਾਪਤ ਕਰਵਾ ਕੇ 25 ਫੀਸਦੀ ਜਨਰਲ ਅਤੇ 33 ਫੀਸਦੀ ਅ.ਜਾਤੀ. ਲਈ ਸਬਸਿਡੀ ਮੁਹੱਈਆ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਚਾਹਵਾਨ ਲੜਕੇ/ਲੜਕੀਆਂ ਇਸ ਸਬੰਧੀ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ, ਗੁਰਦਾਸਪੁਰ ਨਾਲ ਆਪਣੇ ਅਸਲ ਯੋਗਤਾ ਸਰਟੀਫਿਕੇਟ ਅਤੇ ਪਾਸਪੋਰਟ ਸਾਈਜ਼ ਫੋਟੋ ਅਤੇ ਆਧਾਰ ਕਾਰਡ ਲੈ ਕੇ ਫਾਰਮ ਭਰਵਾ ਸਕਦੇ ਹਨ। ਵਧੇਰੇ ਜਾਣਕਾਰੀ ਲਈ ਫੋਨ ਨੰ: 01874-220163 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਟ੍ਰੈਮ-3 ਸਟੈਂਡਰਡ ਟਰੈਕਟਰਾਂ ਦੀ ਰਜਿਸਟ੍ਰੇਸ਼ਨ 30 ਤੱਕ

**ਗੁਰਦਾਸਪੁਰ, (ਜਨਕ ਮਹਾਜਨ)**-ਪੰਜਾਬ ਸਰਕਾਰ ਵੱਲੋਂ ਸੂਬੇ ਦੇ ਕਿਸਾਨਾਂ ਨੂੰ ਵੱਡੀ ਰਾਹਤ ਦਿੰਦੇ ਹੋਏ ਟ੍ਰੈਮ-3 ਸਟੈਂਡਰਡ ਟਰੈਕਟਰਾਂ ਦੀ ਰਜਿਸਟ੍ਰੇਸ਼ਨ ਕਰਵਾਉਣ ਲਈ 30 ਜੂਨ ਤੱਕ ਦਾ ਸਮਾਂ ਨਿਰਧਾਰਿਤ ਕੀਤਾ ਗਿਆ ਹੈ। ਇਸ ਸਬੰਧੀ ਦਵਿੰਦਰ ਕੁਮਾਰ, ਆਰਟੀਏ ਗੁਰਦਾਸਪੁਰ ਨੇ ਜ਼ਿਲ੍ਹੇ ਅੰਦਰ ਆਉਂਦੇ ਸਾਰੇ ਹੀ ਡੀਲਰਾਂ ਅਤੇ ਏਜੰਸੀਆ ਨੂੰ ਕਿਹਾ ਹੈ ਕਿ ਜੇਕਰ ਉਨ੍ਹਾਂ ਪਾਸ ਕੋਈ ਅਜਿਹਾ ਟਰੈਕਟਰ ਹੋਵੇ ਜੋ ਰਜਿਸਟਰਡ ਹੋਣ ਤੋਂ ਰਹਿ ਗਿਆ ਹੋਵੇ, ਉਸ ਨੂੰ ਲੋੜੀਂਦੇ ਦਸਤਾਵੇਜ਼ ਲੈ ਕੇ ਆਨਲਾਈਨ ਅਪਲਾਈ ਕਰਕੇ ਰਜਿਸਟਰਡ ਕਰਵਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਜਿਸ ਡੀਲਰ ਦੀ ਆਈਡੀ ਉਪਲੱਬਧ ਨਹੀਂ ਹੈ, ਉਹ ਸਿੱਧੇ ਤੌਰ 'ਤੇ ਕਿਸੇ ਵੀ ਕੰਮ-ਕਾਜ ਵਾਲੇ ਦਿਨ ਆਰਟੀਏ ਦਫ਼ਤਰ ਆ ਕੇ ਆਪਣੇ ਟਰੈਕਟਰਾਂ ਦੀ ਰਜਿਸਟ੍ਰੇਸ਼ਨ ਕਰਵਾ ਸਕਦਾ ਹੈ। ਇਸ ਤੋਂ ਇਲਾਵਾ ਜ਼ਿਲ੍ਹੇ ਦੀ ਹਦੂਦ ਅੰਦਰ ਆਉਂਦੇ ਸਾਰੇ ਹੀ ਐਸਡੀਐਮ (ਰਜਿਸਟਿੰਗ ਅਤੇ ਲਾਇਸੰਸ) ਪਾਸ ਵੀ ਆਪਣੇ ਟ੍ਰੈਮ-3 ਸਟੈਂਡਰਡ ਟਰੈਕਟਰਾਂ ਦੀ ਰਜਿਸਟ੍ਰੇਸ਼ਨ ਕਰਵਾਉਣ ਲਈ 30 ਜੂਨ 2023 ਤੱਕ ਅਥਾਰਟੀ ਨਾਲ ਤਾਲਮੇਲ ਕਰਕੇ ਆਪਣੇ ਟਰੈਕਟਰ ਰਸਿਟਰਡ ਕਰਵਾ ਸਕਦੇ ਹਨ। ਉਨ੍ਹਾਂ ਕਿਹਾ ਕਿ ਇਸ ਮਿਤੀ ਤੋਂ ਬਾਅਦ ਟ੍ਰੈਮ-3 ਸਟੈਂਡਰਡ ਟਰੈਕਟਰਾਂ ਦੀ ਰਜਿਸਟ੍ਰੇਸ਼ਨ ਨਹੀਂ ਹੋ ਸਕੇਗੀ। ਇਸ ਤੋਂ ਇਲਾਵਾ ਕਿਸਾਨ ਜੱਥੇਬੰਦੀਆਂ ਅਤੇ ਸਬੰਧਤ ਡੀਲਰਾਂ ਨੂੰ ਅਪੀਲ ਕੀਤੀ ਹੈ ਕਿ ਪੰਜਾਬ ਸਰਕਾਰ ਵੱਲੋਂ ਮਾਨਤਾ ਪ੍ਰਾਪਤ ਡੀਲਰਾਂ ਵੱਲੋਂ ਸੇਲ ਕੀਤੇ ਗਏ ਹੀ ਟਰੈਕਟਰ ਰਜਿਸਟਰਡ ਕੀਤੇ ਜਾਣਗੇ।

# ਲੋਕ ਭਲਾਈ ਯੋਜਨਾਵਾਂ ਸਦਕਾ ਪੰਜਾਬੀ ਭਾਜਪਾ ਨਾਲ ਜੁੜ ਰਹੇ : ਡਾ. ਵੇਰਕਾ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਕਾਰਜ-ਕਾਲ ਦੇ 9 ਵਰ੍ਹੇ ਪੂਰੇ ਹੋਣ ਤੇ ਮੋਦੀ ਸਰਕਾਰ ਦੀਆਂ ਦੇਸ ਪ੍ਰਤੀ ਉਪਲਬਧੀਆਂ ਤੋਂ ਦੇਸ ਦੇ ਲੋਕ ਬਹੁਤ ਖੁਸ ਹਨ ਜਿਸ ਸਦਕਾ ਪੰਜਾਬ ਵਿੱਚ ਵੀ ਭਾਰਤੀ ਜਨਤਾ ਪਾਰਟੀ ਮਜ਼ਬੂਤ ਹੋ ਰਹੀ ਹੈ। ਇਹ ਪ੍ਰਗਟਾਵਾ ਸਾਬਕਾ ਵਿਧਾਇਕ ਅਤੇ ਭਾਰਤੀ ਜਨਤਾ ਪਾਰਟੀ ਹਲਕਾ ਜੰਡਿਆਲਾ ਗੁਰੂ ਦੇ ਇੰਚਾਰਜ ਡਾ. ਦਲਬੀਰ ਸਿੰਘ ਵੇਰਕਾ ਨੇ ਭਾਰਤੀ ਜਨਤਾ ਪਾਰਟੀ ਵੱਲੋਂ ਲੋਕ ਸਭਾ ਹਲਕਾ ਤਰਨਤਾਰਨ ਵਿੱਚ ਵਿੱਚ ਕੀਤੀ ਗਈ ਰੈਲੀ ਵਿੱਚ ਸ਼ਾਮਲ ਹੋਣ ਲਈ ਜੰਡਿਆਲਾ ਗੁਰੂ ਤੋਂ ਰਵਾਨਾ ਹੋਣ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।

ਡਾ. ਵੇਰਕਾ ਨੇ ਕਿਹਾ ਕਿ ਕੇਂਦਰ ਵਿਚਲੀ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਵੱਲੋਂ ਨਰਿੰਦਰ ਮੋਦੀ ਪ੍ਰਧਾਨ ਮੰਤਰੀ ਦੀ ਅਗਵਾਈ ਹੇਠ ਸ਼ੁਰੂ ਕੀਤੀਆਂ ਯੋਜਨਾਵਾਂ ਤਹਿਤ ਵੱਡੀ ਗਿਣਤੀ ਵਿੱਚ ਪੰਜਾਬ ਦੇ ਲੋਕ ਇਨ੍ਹਾਂ ਯੋਜਨਾਵਾਂ ਦਾ ਲਾਭ ਉਠਾ ਰਹੇ ਹਨ ਅਤੇ ਵੱਡੀ ਗਿਣਤੀ ਵਿੱਚ ਲੋਕ ਭਾਰਤੀ ਜਨਤਾ ਪਾਰਟੀ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ 2024 ਵਿੱਚ ਹੋ ਰਹੀਆਂ ਲੋਕ ਸਭਾ ਚੋਣਾਂ ਵਿੱਚ ਪੰਜਾਬ ਦੀਆਂ 13 ਸੀਟਾਂ ਤੇ ਭਾਰਤੀ ਜਨਤਾ ਪਾਰਟੀ ਸ਼ਾਨਦਾਰ ਜਿੱਤ ਪ੍ਰਾਪਤ ਕਰੇਗੀ। ਡਾ. ਵੇਰਕਾ ਨੇ ਕਿਹਾ ਕਿ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਦੇਸ਼ ਦੇ ਨੌਜਵਾਨਾਂ ਨੂੰ ਸਹੀ ਦਿਸ਼ਾ ਦਿਖਾ ਕੇ ਉਨ੍ਹਾਂ ਨੂੰ ਅਤੇ ਦੇਸ਼ ਨੂੰ ਤਰੱਕੀ ਦੀ ਰਾਹ ਤੇ ਪਾਇਆ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਾਜੀਵ ਕੁਮਾਰ ਮਾਣਾ, ਤਜਿੰਦਰ ਸਿੰਘ ਬਿੱਟੂ ਲਾਹੌਰੀਆ, ਰਾਜਪਾਲ ਸਿੰਘ ਪ੍ਰਧਾਨ ਮਹਿਤਾ ਚੌਕ, ਗੁਲਜਿੰਦਰ ਸਿੰਘ ਲਾਡੀ ਸਰਕਲ ਪ੍ਰਧਾਨ, ਰਾਜਬੀਰ ਸਿੰਘ ਚੌਕ ਮਹਿਤਾ, ਰਣਜੀਤ ਸਿੰਘ, ਕੁੰਨਣ ਸਿੰਘ ਪ੍ਰਧਾਨ, ਬੀਬੀ ਸ਼ੀਲਾ, ਬਲਵਿੰਦਰ ਗਿੱਲ, ਸਰਬਜੀਤ ਸਿੰਘ ਖਾਨਕੋਟ ਆਦਿ ਵੀ ਆਗੂ ਹਾਜ਼ਰ ਸਨ।

# ਡਾ: ਰੁਬਿੰਦਰਜੀਤ ਸਿੰਘ ਨੇ ਐੱਸ ਐੱਚ ਸੀ ਕੋਟ ਟੋਡਰਮੱਲ ਦਾ ਚਾਰਜ ਸੰਭਾਲਿਆ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਆਮ ਆਦਮੀ ਕਲੀਨਿਕ ਗਿੱਲ ਮੰਝ ਤੋਂ ਬਲਦ ਕੇ ਆਏ ਆਰਐਮਓ ਡਾ: ਰੁਬਿੰਦਰਜੀਤ ਸਿੰਘ ਨੇ ਬਤੌਰ ਇੰਚਾਰਜ ਸਿਡਰੀ ਹੈਲਥ ਸੈਂਟਰ (ਐੱਸ.ਐੱਚ.ਸੀ) ਕੋਟ ਟੋਡਰਮੱਲ ਦਾ ਚਾਰਜ ਸੰਭਾਲ ਲਿਆ ਹੈ। ਆਰਐਮਓ ਡਾ: ਰੁਬਿੰਦਰਜੀਤ ਸਿੰਘ ਦਾ ਸਿਡਰੀ ਹੈਲਥ ਸੈਂਟਰ ਕੋਟ ਟੋਡਰ ਮੱਲ ਵਿਖੇ ਪਹੁੰਚਣ ਤੇ ਸਮੂਹ ਸਟਾਫ ਵਲੋਂ ਭਰਵਾਂ ਸੁਆਗਤ ਕਰਦੇ ਹੋਏ ਉਨ੍ਹਾਂ ਨੂੰ ਜੀ ਆਇਆਂ ਆਖਿਆ ਅਤੇ ਫੁੱਲ੍ਹਾਂ ਦਾ ਗੁਲਦਸਤਾ ਭੇਟ ਕੀਤਾ ਗਿਆ। ਚਾਰਜ ਸੰਭਾਲਣ ਉਪਰੰਤ ਡਾ: ਰੁਬਿੰਦਰਜੀਤ ਸਿੰਘ ਨੇ ਸਮੂਹ ਸਟਾਫ ਮੈਂਬਰਾਂ ਨਾਲ ਮੀਟਿੰਗ ਕੀਤੀ।

ਉਨ੍ਹਾਂ ਨੇ ਸਮੂਹ ਸਟਾਫ ਨੂੰ ਵਿਭਾਗੀ ਹਦਾਇਤਾਂ ਦੀ ਪਾਲਣਾ ਕਰਨ ਅਤੇ ਵਿਭਾਗੀ ਕੰਮ ਪੂਰੀ ਲਗਨ ਤੇ ਇਮਾਨਦਾਰੀ ਨਾਲ ਕਰਨ ਅਤੇ ਆਪਣੀ ਡਿਊਟੀ ਤੇ ਸਮੇਂ ਸਿਰ ਹਾਜ਼ਰ ਹੋਣਾ ਯਕੀਨੀ ਬਣਾਉਣ ਲਈ ਕਿਹਾ। ਡਾ: ਰੁਬਿੰਦਰਜੀਤ ਸਿੰਘ ਨੇ ਕਿਹਾ ਸਿਹਤ ਵਿਭਾਗ ਲੋਕਾਂ ਨੂੰ ਮਿਆਰੀ ਸਿਹਤ ਸੇਵਾਂ ਪ੍ਰਦਾਨ ਕਰਨ ਵਚਨਬੱਧ ਹੈ ਅਤੇ ਸਿਡਰੀ ਹੈਲਥ ਸੈਂਟਰ ਵਿੱਚ ਮਿਲ ਰਹੀਆਂ ਸਿਹਤ ਸਹੂਲਤਾਂ ਦਾ ਇਲਾਕੇ ਲੋਕਾਂ ਨੂੰ ਪੂਰਾ ਪੂਰਾ ਲਾਭ ਉਠਾਉਣਾ ਚਾਹੀਦਾ ਹੈ। ਇਸ ਮੌਕੇ ਸੀਐੱਚਓ ਸੁਰਿੰਦਰ ਪਾਲ, ਹੈਲਥ ਇੰਸਪੈਕਟਰ ਮਨਜੀਤ ਰਾਜ, ਏਐਨਐਮ ਭੁਪਿੰਦਰ ਕੌਰ, ਹਰਮੀਤ ਸਿੰਘ ਮੇਲ ਵਰਕਰ ਆਦਿ ਸਮੂਹ ਸਟਾਫ ਅਤੇ ਆਸ਼ਾ ਵਰਕਰਾਂ ਹਾਜ਼ਰ ਸਨ।

# ਮਈ ਮਹੀਨੇ ਜ਼ਿਲ੍ਹਾ ਗੁਰਦਾਸਪੁਰ ਦੇ 86.87 ਫੀਸਦੀ ਬਿਜਲੀ ਖਪਤਕਾਰਾਂ ਦੇ ਜ਼ੀਰੋ ਬਿੱਲ ਆਏ : ਰਮਨ ਬਹਿਲ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਮੂਹ ਬਿਜਲੀ ਖਪਤਕਾਰਾਂ ਨੂੰ 300 ਯੂਨਿਟ ਪ੍ਰਤੀ ਮਹੀਨਾ ਮੁਫ਼ਤ ਬਿਜਲੀ ਦੇਣ ਦਾ ਵਾਅਦਾ ਨਿਭਾਇਆ ਜਾ ਰਿਹਾ ਹੈ। ਰਾਜ ਸਰਕਾਰ ਦੀ 300 ਯੂਨਿਟ ਮੁਫ਼ਤ ਬਿਜਲੀ ਸਹੂਲਤ ਦਾ ਸਮਾਜ ਦੇ ਹਰ ਵਰਗ ਨੂੰ ਬਿਨਾਂ ਕਿਸੇ ਭੇਦ-ਭਾਵ ਲਾਭ ਪਹੁੰਚ ਰਿਹਾ ਹੈ। ਇਕੱਲੇ ਸਰਹੱਦੀ ਜ਼ਿਲੇ ਗੁਰਦਾਸਪੁਰ ਦੇ 254647 ਘਰੇਲੂ ਖਪਤਕਾਰਾਂ ਵਿੱਚੋ 221201 (86.87 ਫੀਸਦੀ) ਖਪਤਕਾਰਾਂ ਦੇ ਮਈ ਮਹੀਨੇ ਵਿੱਚ ਜ਼ੀਰੋ ਬਿੱਲ ਆਏ ਹਨ। ਇਹ ਜਾਣਕਾਰੀ ਦਿੰਦਿਆਂ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਚੋਣਾਂ ਤੋਂ ਪਹਿਲਾਂ ਸੂਬਾ ਵਾਸੀਆਂ ਨੂੰ 300 ਯੂਨਿਟ ਪ੍ਰਤੀ ਮਹੀਨਾ ਮੁਫ਼ਤ ਬਿਜਲੀ ਸਹੂਲਤ ਦੇਣ ਦੀ ਗਾਰੰਟੀ ਦਿੱਤੀ ਸੀ ਅਤੇ ਸਰਕਾਰ ਬਣਦਿਆਂ ਹੀ ਇਸ ਗਰੰਟੀ ਨੂੰ ਪੂਰਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ 300 ਯੂਨਿਟ ਮੁਫ਼ਤ ਬਿਜਲੀ ਸਹੂਲਤ ਹਰ ਕਿਸੇ ਧਰਮ, ਜਾਤ, ਵਰਗ ਤੋਂ ਉੱਪਰ ਉੱਠ ਕੇ ਸਾਰਿਆਂ ਨੂੰ ਦਿੱਤੀ ਜਾ ਰਹੀ ਹੈ। ਉਨਾਂ ਕਿਹਾ ਕਿ ਕੇਵਲ ਜ਼ਿਲੇ ਗੁਰਦਾਸਪੁਰ ਦੇ 254647 ਘਰੇਲੂ ਖਪਤਕਾਰਾਂ ਵਿੱਚੋ 221201 (86.87 ਫੀਸਦੀ) ਖਪਤਕਾਰਾਂ ਦੇ ਮਈ ਮਹੀਨੇ ਵਿੱਚ ਜ਼ੀਰੋ ਬਿੱਲ ਆਏ ਹਨ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਫਰਵਰੀ ਅਤੇ ਮਾਰਚ ਮਹੀਨੇ ਵਿੱਚ ਵੀ 90.40 ਫੀਸਦੀ ਖਪਤਕਾਰਾਂ ਦੇ ਜ਼ੀਰੋ ਬਿੱਲ ਆਏ ਸਨ। ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਇਸ ਤੋਂ ਪਹਿਲਾਂ ਰਵਾਇਤੀ ਪਾਰਟੀਆਂ ਦੀਆਂ ਸਰਕਾਰਾਂ ਵੇਲੇ ਬਿਜਲੀ ਦੇ ਬਿੱਲ ਆਮ ਲੋਕਾਂ ਉੱਪਰ ਵੱਡਾ ਬੋਝ ਸਨ ਅਤੇ ਬਹੁਤ ਸਾਰੇ ਗਰੀਬ ਅਤੇ ਮੱਧ ਵਰਗੀ ਪਰਿਵਾਰਾਂ ਵੱਲੋਂ ਵੱਡੇ-ਵੱਡੇ ਬਿਜਲੀ ਬਿੱਲ ਭਰਨੇ ਉਨ੍ਹਾਂ ਦੇ ਵੱਸ ਵਿੱਚ ਨਹੀਂ ਸੀ। ਉਨਾਂ ਕਿਹਾ ਕਿ ਹੁਣ ਬਿਜਲੀ ਦਾ ਜ਼ੀਰੋ ਬਿੱਲ ਆਉਣ ਕਾਰਨ ਲੋਕ ਓਹੀ ਹਜ਼ਾਰਾਂ ਰੁਪਏ ਆਪਣੇ ਪਰਿਵਾਰ ਦੀ ਬਿਹਤਰੀ, ਬੱਚਿਆਂ ਦੀ ਪੜ੍ਹਾਈ ਆਦਿ ਉੱਪਰ ਖਰਚ ਕਰ ਰਹੇ ਹਨ। ਉਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸੂਬਾ ਸਰਕਾਰ ਆਮ ਲੋਕਾਂ ਦੀ ਸਰਕਾਰ ਹੈ ਅਤੇ ਸਰਕਾਰ ਨੂੰ ਆਮ ਲੋਕਾਂ ਦਾ ਪੂਰੀ ਤਰ੍ਹਾਂ ਖਿਆਲ ਹੈ।

# ਲਾਲ ਝੰਡਾ ਪੰਜਾਬ ਭੱਠਾ ਲੇਬਰ ਯੂਨੀਅਨ ਨੇ ਐੱਸ ਡੀ ਐੱਮ ਨੂੰ ਸੌਂਪਿਆ ਮੰਗ ਪੱਤਰ



**ਪਠਾਨਕੋਟ (ਦਵਿੰਦਰ ਸਿੰਘ)**-ਪਠਾਨਕੋਟ ਜ਼ਿਲ੍ਹੇ ਅੰਦਰ ਵਿਸ਼ੇਸ਼ ਕਰਕੇ ਲਾਲ ਝੰਡਾ ਪੰਜਾਬ ਭੱਠਾ ਲੇਬਰ ਯੂਨੀਅਨ (ਸਬੰਧਤ ਸੀ ਟੀ ਯੂ ਪੰਜਾਬ) ਜ਼ਿਲ੍ਹਾ ਪਠਾਨਕੋਟ ਵਲੋਂ ਐਸਡੀਐਮ ਪਠਾਨਕੋਟ ਨੂੰ ਮੰਗ ਪੱਤਰ ਦੇ ਕੇ ਮੰਗ ਕੀਤੀ ਕਿ ਪੜਤਾਲ ਕਰਕੇ, ਕੰਮ ਕਰਾ ਕੇ ਘੱਟ ਮਜ਼ਦੂਰੀ ਦੇਣ ਵਾਲੇ ਭੱਠਾ ਮਾਲਕਾਂ ਖਿਲਾਫ ਕਾਰਵਾਈ ਕੀਤੀ ਜਾਵੇ। ਮਸਲੇ ਸਬੰਧੀ ਪ੍ਰੈਸ ਨੋਟ ਰਾਹੀਂ ਜਾਣਕਾਰੀ ਦਿੰਦਿਆਂ ਸੀਟੀਯੂ ਪੰਜਾਬ ਦੇ ਵਿੱਤ ਅਤੇ ਲਾਲ ਝੰਡਾ ਪੰਜਾਬ ਭੱਠਾ ਲੇਬਰ ਯੂਨੀਅਨ ਦੇ ਜਨਰਲ ਸਕੱਤਰ ਕਾਮਰੇਡ ਸ਼ਿਵ ਕੁਮਾਰ ਨੇ ਦੱਸਿਆ ਕਿ ਅਸਿਸਟੈਂਟ ਲੇਬਰ ਕਮਿਸ਼ਨਰ ਜਿਲ੍ਹਾ ਪਠਾਨਕੋਟ ਦੀ ਹਾਜ਼ਰੀ ਵਿੱਚ 15 ਮਈ ਨੂੰ ਭੱਠਾ ਮਾਲਕ ਐਸੋਸੀਏਸ਼ਨ ਜ਼ਿਲ੍ਹਾ ਪਠਾਨਕੋਟ ਅਤੇ ਲਾਲ ਝੰਡਾ ਪੰਜਾਬ ਭੱਠਾ ਲੇਬਰ ਯੂਨੀਅਨ (ਸਬੰਧਤ ਸੀਟੀਯੂ ਪੰਜਾਬ) ਜ਼ਿਲ੍ਹਾ ਪਠਾਨਕੋਟ ਦੇ ਵਿਚਕਾਰ ਗਰਮੀ ਦੇ ਸੀਜ਼ਨ ਦੌਰਾਨ ਭੱਠਿਆਂ ਉਪਰ ਕੰਮ ਕਰਦੇ ਮਜ਼ਦੂਰਾਂ ਦੀਆਂ ਵੱਖ-ਵੱਖ ਕੈਟਾਗਿਰੀਆਂ ਦੇ ਮਜ਼ਦੂਰੀ ਦੇ ਨਵੇਂ ਰੇਟਾਂ ਦਾ ਸਮਝੌਤਾ ਹੋਇਆ ਸੀ। ਭੱਠਿਆਂ ਉਪਰ 15 ਜੂਨ ਨੂੰ ਬੰਦ ਹੋ ਗਿਆ ਹੈ। ਹੁਣ ਵਿਸ਼ੇਸ਼ ਕਰਕੇ ਪਿੰਡ ਤੱਗੋਸ਼ਾਹ, ਪਰਮਾਨੰਦ, ਮਾੜੀ, ਜੰਗਲਾਂ, ਭਵਾਨੀ, ਚੌਹਾਨਾ, ਨਾਲਾ ਘਰੋਟਾ ਏਰੀਏ ਦੇ ਪੰਜ-ਛੇ ਭੱਠਾ ਮਾਲਕ ਜਿਹੜੇ ਇਸ ਸਾਰੀ ਭੱਠਿਆਂ ਦੀ ਮੰਡੀ ਦੇ ਮਾਲਕ ਹਨ, ਹਿਸਾਬ ਸਮੇਂ ਸਮਝੌਤੇ ਦੀ ਉਲੰਘਣਾ ਕਰਕੇ ਕੱਚੀਆਂ ਇੱਟਾਂ ਬਣਾਉਣ ਵਾਲੇ ਪਥੇਰ ਕਿਰਤੀਆਂ ਨੂੰ ਤਹਿ ਰੇਟ 879 ਰੁਪਏ ਪ੍ਰਤੀ ਹਜ਼ਾਰ ਇੱਟਾਂ ਦੀ ਬਜਾਏ 845 ਰੁਪਏ 34 ਰੁਪਏ ਪ੍ਰਤੀ ਹਜ਼ਾਰ ਘੱਟ ਮਜ਼ਦੂਰੀ ਅਤੇ ਅੱਠ-ਦਸ ਵਾਟ ਦੇ ਦੋ ਦੋ ਬਲਬਾਂ ਦਾ ਬਿਜਲੀ ਬਿੱਲ ਹਜ਼ਾਰਾਂ ਰੁਪਏ ਜਬਰੀ ਵਸੂਲ ਕੇ ਇੱਕ ਇੱਕ ਭੱਠਾ ਮਾਲਕ ਢਾਈ-ਤਿੰਨ ਲੱਖ ਰੁਪਏ ਭੱਠਾ ਮਜ਼ਦੂਰਾਂ ਦੀ ਲੁੱਟ ਕਰ ਰਹੇ ਹਨ। ਅੱਤ ਦੀ ਗਰਮੀ ਵਿਚ ਮਜ਼ਦੂਰਾਂ ਨੇ ਖੂਨ ਪਸੀਨਾ ਵਹਾ ਕੇ ਮਾਲਕਾਂ ਲਈ ਕੰਮ ਕੀਤਾ ਹੈ, ਹੁਣ ਮਾਲਕਾਂ ਵੱਲੋਂ ਮਜ਼ਦੂਰਾਂ ਨਾਲ ਧੱਕੇਸ਼ਾਹੀ ਕੀਤੀ ਜਾ ਰਹੀ ਹੈ ਜਦੋਂਕਿ ਪਠਾਨਕੋਟ ਜ਼ਿਲ੍ਹੇ ਦੇ ਬਾਕੀ ਭੱਠਾ ਮਾਲਕਾਂ ਨੇ ਸਮਝੌਤੇ ਅਨੁਸਾਰ ਪੂਰਾ ਰੇਟ ਦੇ ਚੁੱਕੇ ਹਨ।

ਕਾਮਰੇਡ ਸ਼ਿਵ ਕੁਮਾਰ, ਦਰਸ਼ਨ ਸਿੰਘ ਅਖਰੋਟਾ ਅਤੇ ਮਨਹਰਨ ਨੇ ਲਾਲ ਝੰਡਾ ਪੰਜਾਬ ਭੱਠਾ ਲੇਬਰ ਯੂਨੀਅਨ ਵਲੋਂ ਐਸ ਡੀ ਐਮ ਪਠਾਨਕੋਟ ਤੋਂ ਮੰਗ ਕੀਤੀ ਕਿ ਉਪਰੋਕਤ ਏਰੀਏ ਵਿੱਚ ਪੈਂਦੇ ਇੱਟ ਭੱਠਿਆਂ ਉੱਪਰ ਮਜ਼ਦੂਰਾਂ ਨਾਲ ਹੋ ਰਹੀ ਬੇਇਨਸਾਫ਼ੀ ਨੂੰ ਨਿੱਜੀ ਦੌਰਾ ਕਰਕੇ ਹਕੀਕਤ ਨੂੰ ਦੇਖਿਆ ਜਾਵੇ ਤੇ ਪੜਤਾਲ ਉਪਰੰਤ ਕਾਨੂੰਨੀ ਕਾਰਵਾਈ ਕਰਨ ਦੇ ਆਦੇਸ਼ ਦਿੱਤੇ ਜਾਣ, ਭੱਠਾ ਮਜ਼ਦੂਰਾਂ ਦੀ ਹੋ ਰਹੀ ਲੁੱਟ ਨੂੰ ਤੁਰੰਤ ਰੋਕਿਆ ਜਾਵੇ, ਕੰਮ ਕਰਵਾ ਕੇ ਮਜ਼ਦੂਰੀ ਨਾ ਦੇਣ ਵਾਲੇ ਮਾਲਕਾਂ ਖਿਲਾਫ ਬੰਧੂਆ ਮਜ਼ਦੂਰੀ ਰੋਕੂ ਐਕਟ ਦੇ ਤਹਿਤ ਕਾਰਵਾਈ ਕੀਤੀ ਜਾਵੇ ਅਤੇ ਵਰਕਰਾਂ ਨੂੰ ਉਨ੍ਹਾਂ ਦੀ ਬਣਦੀ ਮਜ਼ਦੂਰੀ ਦਿਵਾਉਣ ਤੇ ਉਨ੍ਹਾਂ ਨੂੰ ਮੁਕਤ ਕਰਾਇਆ ਜਾਵੇ ਤਾਂ ਕਿ ਮਜ਼ਦੂਰ ਸਮੇਂ ਸਿਰ ਆਪਣੇ ਘਰਾਂ ਨੂੰ ਵਾਪਸ ਜਾਣ।

ਨਵਾਂ ਜ਼ਮਾਨਾ
ਮੰਗਲਵਾਰ, 27 ਜੂਨ 2023

# ਸ਼ੁਰੂਆਤ ਚੰਗੀ ਹੈ

*ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਦੇ ਸੱਦੇ ਉੱਤੇ ਪਟਨਾ ਵਿੱਚ 23 ਜੂਨ ਨੂੰ ਹੋਈ ਮੀਟਿੰਗ ਨੂੰ ਭਾਜਪਾ ਵਿਰੁੱਧ ਬਣਨ ਵਾਲੇ ਮਹਾਂਗਠਜੋੜ ਦੀ ਪਹਿਲੀ ਸਫ਼ਲਤਾ ਕਿਹਾ ਜਾ ਸਕਦਾ ਹੈ। ਇਸ ਮੀਟਿੰਗ ਵਿੱਚ 15 ਸਿਆਸੀ ਪਾਰਟੀਆਂ ਦੇ 32 ਆਗੂ ਸ਼ਾਮਲ ਹੋਏ ਸਨ। ਮੀਟਿੰਗ ਵਿੱਚ ਸਭ ਪਾਰਟੀਆਂ ਦੇ ਆਗੂਆਂ ਨੇ ਆਪਣੇ ਮਤਭੇਦ ਲਾਂਭੇ ਰੱਖਦਿਆਂ ਭਾਜਪਾ ਨੂੰ ਹਰਾਉਣ ਲਈ ਆਪਣੀ ਵਚਨਬੱਧਤਾ ਪ੍ਰਗਟ ਕੀਤੀ ਸੀ। ਇਸ ਮੀਟਿੰਗ ਵਿੱਚ ਕਾਂਗਰਸ, ਟੀ ਐੱਮ ਸੀ, ਆਪ, ਜੇ ਐੱਮ ਐੱਮ, ਡੀ ਐੱਮ ਕੇ, ਜੇ ਡੀ ਯੂ, ਸਪਾ, ਆਰ ਜੇ ਡੀ, ਐੱਨ ਸੀ, ਸ਼ਿਵ ਸੈਨਾ (ਠਾਕਰੇ), ਸੀ ਪੀ ਐੱਮ, ਸੀ ਪੀ ਆਈ, ਸੀ ਪੀ ਆਈ (ਐੱਮ ਐੱਲ), ਐੱਨ ਸੀ ਪੀ ਤੇ ਪੀ ਡੀ ਪੀ ਦੇ ਮੁਖੀ ਸ਼ਾਮਲ ਹੋਏ। ਮੀਟਿੰਗ ਵਿੱਚ ਕੇਂਦਰ ਸਰਕਾਰ ਦੇ ਦਿੱਲੀ ਬਾਰੇ ਆਰਡੀਨੈਂਸ ਵਿਰੁੱਧ ਕਾਂਗਰਸ ਦੀ ਹਮੈਤ ਦੇ ਸਵਾਲ ਤੋਂ ਬਿਨਾਂ ਬਾਕੀ ਸਭ ਸਵਾਲਾਂ ਉੱਤੇ ਆਮ ਸਹਿਮਤੀ ਸੀ। ਆਪ ਤੇ ਕਾਂਗਰਸ ਦੀ ਮੁਸ਼ਕਲ ਇਹ ਹੈ ਕਿ ਪੰਜਾਬ ਤੇ ਦਿੱਲੀ ਵਿੱਚ ਇਹ ਸਿੱਧੇ ਟਕਰਾਅ ਵਿੱਚ ਹਨ। ਇਸ ਤੋਂ ਇਲਾਵਾ ਦਸੰਬਰ ਵਿੱਚ ਹੋਣ ਵਾਲੀਆਂ ਰਾਜਸਥਾਨ ਤੇ ਮੱਧ ਪ੍ਰਦੇਸ਼ ਦੀਆਂ ਵਿਧਾਨ ਸਭਾ ਚੋਣਾਂ ਵਿੱਚ ਵੀ ਆਪ ਨੇ ਚੋਣਾਂ ਲੜਨ ਦਾ ਬਿਗਲ ਵਜਾ ਦਿੱਤਾ ਹੈ, ਜਿੱਥੇ ਭਾਜਪਾ ਨਾਲ ਕਾਂਗਰਸ ਦਾ ਸਿੱਧਾ ਮੁਕਾਬਲਾ ਹੈ। ਕਾਂਗਰਸ ਲਈ ਆਰਡੀਨੈਂਸ ਦਾ ਵਿਰੋਧ ਕਰਨਾ ਉਸ ਦੀ ਲੋਕਤੰਤਰੀ ਤੇ ਸੰਘੀ ਢਾਂਚੇ ਪ੍ਰਤੀ ਵਚਨਬੱਧਤਾ ਦਾ ਸਵਾਲ ਹੈ, ਜਿਸ ਬਾਰੇ ਕਾਂਗਰਸ ਪ੍ਰਧਾਨ ਖੜਗੇ ਨੇ ਇਸ਼ਾਰਾ ਵੀ ਕਰ ਦਿੱਤਾ ਹੈ ਕਿ ਇਹ ਫ਼ੈਸਲਾ ਲੋਕ ਸਭਾ ਦੇ ਅਜਲਾਸ ਮੌਕੇ ਕਰ ਲਿਆ ਜਾਵੇਗਾ, ਪਰ ਆਮ ਆਦਮੀ ਪਾਰਟੀ ਸਾਹਮਣੇ ਅਸਲ ਮੁੱਦਾ ਲੈ-ਦੇ ਕਰਕੇ ਆਪਣੀ ਤਾਕਤ ਵਧਾਉਣ ਦਾ ਹੈ। ਲੋਕ ਸਭਾ ਚੋਣਾਂ ਤੋਂ ਪਹਿਲਾਂ 5 ਵਿਧਾਨ ਸਭਾ ਚੋਣਾਂ ਵਿੱਚ ਜੇਕਰ ਭਾਜਪਾ ਜਿੱਤ ਜਾਂਦੀ ਹੈ ਤਾਂ ਉਹ ਮਹਾਂਗਠਜੋੜ ਉੱਤੇ ਹਾਵੀ ਹੋ ਜਾਵੇਗੀ, ਇਸ ਲਈ ਵਿਧਾਨ ਸਭਾ ਚੋਣਾਂ 'ਚ ਉਸ ਨੂੰ ਹਰਾਉਣ ਦਾ ਸਵਾਲ ਵੀ ਮਹਾਂਗਠਜੋੜ ਦੇ ਏਜੰਡੇ ਉੱਤੇ ਰਹੇਗਾ। ਆਮ ਆਦਮੀ ਪਾਰਟੀ ਦੀ ਵੱਖਰੀ ਸੁਰ ਦਾ ਕਾਰਨ ਇਹ ਵੀ ਹੋ ਸਕਦਾ ਹੈ ਕਿ ਉਹ ਕਾਂਗਰਸ ਉੱਤੇ ਦਬਾਅ ਬਣਾ ਕੇ ਰਾਜਸਥਾਨ ਤੇ ਮੱਧ ਪ੍ਰਦੇਸ਼ ਵਿੱਚ ਕੁੱਝ ਸੀਟਾਂ ਹਾਸਲ ਕਰਨਾ ਚਾਹੁੰਦੀ ਹੋਵੇ। ਇਸ ਮੀਟਿੰਗ ਦੀ ਸਭ ਤੋਂ ਵੱਡੀ ਸਫ਼ਲਤਾ ਇਹ ਸੀ ਕਿ ਤ੍ਰਿਣਮੂਲ ਕਾਂਗਰਸ, ਸਪਾ ਤੇ ਆਪ ਵਰਗੀਆਂ ਉਹ ਪਾਰਟੀਆਂ ਵੀ ਸ਼ਾਮਲ ਹੋਈਆਂ, ਜਿਹੜੀਆਂ ਕਾਂਗਰਸ ਦੀਆਂ ਕੱਟੜ ਵਿਰੋਧੀ ਹਨ। ਅਗਲੀ ਮੀਟਿੰਗ ਸ਼ਿਮਲਾ ਵਿੱਚ ਹੋਣੀ ਹੈ, ਹੋ ਸਕਦਾ ਹੈ ਕਿ ਉਦੋਂ ਤੱਕ ਕਾਂਗਰਸ ਤੇ ਆਮ ਆਦਮੀ ਪਾਰਟੀ ਆਪਸੀ ਮੱਤਭੇਦ ਦੂਰ ਕਰ ਲੈਣਗੀਆਂ।*

*ਸ਼ੁਰੂਆਤ ਤਾਂ ਚੰਗੀ ਹੈ, ਪਰ ਹਾਲੇ ਲੰਮਾ ਪੈਂਡਾ ਤੈਅ ਕਰਨਾ ਪੈਣਾ ਹੈ। ਮਹਾਰਾਸ਼ਟਰ, ਤਾਮਿਲਨਾਡੂ, ਬਿਹਾਰ, ਝਾਰਖੰਡ, ਅਸਾਮ, ਤ੍ਰਿਪੁਰਾ, ਮਨੀਪੁਰ, ਪੁੱਡੂਚੇਰੀ ਤੇ ਜੰਮੂ-ਕਸ਼ਮੀਰ ਦੀਆਂ 166 ਲੋਕ ਸਭਾ ਸੀਟਾਂ ਉੱਤੇ ਪਹਿਲਾਂ ਤੋਂ ਹੀ ਭਾਜਪਾ ਵਿਰੁੱਧ ਗਠਜੋੜ ਮੌਜੂਦ ਹਨ। ਓਡੀਸ਼ਾ, ਆਂਧਰਾ ਤੇ ਤੇਲੰਗਾਨਾ ਦੀਆਂ 63 ਸੀਟਾਂ ਉੱਤੇ ਕਾਂਗਰਸ ਤੇ ਕਮਿਊਨਿਸਟਾਂ ਦਾ ਗਠਜੋੜ ਪਹਿਲਾਂ ਵੀ ਬਣਦਾ ਰਿਹਾ ਹੈ।*

*ਗੁਜਰਾਤ, ਰਾਜਸਥਾਨ, ਮੱਧ ਪ੍ਰਦੇਸ਼, ਛਤੀਸਗੜ੍ਹ, ਉੱਤਰਾਖੰਡ, ਹਿਮਾਚਲ, ਹਰਿਆਣਾ, ਕਰਨਾਟਕ, ਗੋਆ ਤੇ ਉੱਤਰ-ਪੂਰਬੀ ਰਾਜਾਂ ਦੀਆਂ 150 ਸੀਟਾਂ ਹਨ, ਜਿੱਥੇ ਭਾਜਪਾ ਨਾਲ ਕਾਂਗਰਸ ਦਾ ਸਿੱਧਾ ਮੁਕਾਬਲਾ ਹੈ। ਇਨ੍ਹਾਂ ਵਿਚਲੇ ਕੁਝ ਰਾਜਾਂ ਵਿੱਚ ਵੋਟਾਂ ਦੀ ਵੰਡ ਰੋਕਣ ਲਈ ਆਪ, ਸਪਾ, ਕਮਿਊਨਿਸਟਾਂ ਤੇ ਸਥਾਨਕ ਛੋਟੀਆਂ ਪਾਰਟੀਆਂ ਨੂੰ ਕਾਂਗਰਸ ਨੇ ਕਿਸ ਤਰ੍ਹਾਂ ਸਾਥ ਰੱਖਣਾ ਹੈ, ਇਹ ਬਹੁਤ ਵੱਡਾ ਮਸਲਾ ਨਹੀਂ । ਕੇਰਲਾ ਵਿੱਚ ਤਾਂ ਭਾਜਪਾ ਮੁਕਾਬਲੇ ਵਿੱਚ ਹੀ ਨਹੀਂ ਹੈ।*

*ਮਹਾਂਗੱਠਜੋੜ ਲਈ ਸਭ ਤੋਂ ਵੱਡਾ ਮਸਲਾ ਯੂ ਪੀ, ਬੰਗਾਲ, ਪੰਜਾਬ ਤੇ ਦਿੱਲੀ ਦੀਆਂ 142 ਸੀਟਾਂ ਦਾ ਹੈ। ਇਨ੍ਹਾਂ ਵਿੱਚੋਂ ਵੀ ਸਭ ਤੋਂ ਔਖਾ ਪੱਛਮੀ ਬੰਗਾਲ ਦਾ ਹੈ, ਜਿੱਥੇ ਮਹਾਂਗੱਠਜੋੜ ਵਿੱਚ ਸ਼ਾਮਲ ਪਾਰਟੀਆਂ ਦਾ ਸਿਰ ਵਢਵਾਂ ਵੈਰ ਹੈ। ਮੱਤਭੇਦ ਉਭਰਦੇ ਰਹਿਣੇ ਹਨ, ਕਿਉਂਕਿ ਹਰ ਪਾਰਟੀ ਆਪਣੀ ਨੁਮਾਇੰਦਗੀ ਵਧਾਉਣ ਲਈ ਸਿਰਤੋੜ ਕੋਸ਼ਿਸ਼ ਕਰੇਗੀ। ਆਸ ਕਰਨੀ ਬਣਦੀ ਹੈ ਕਿ ਮੱਤਭੇਦਾਂ ਦੇ ਬਾਵਜੂਦ ਫਾਸ਼ੀਵਾਦ ਨੂੰ ਹਰਾਉਣ ਲਈ ਸਭ ਧਿਰਾਂ ਹਕੀਕਤ ਸਮਝ ਕੇ ਉਸਾਰੂ ਸੋਚ ਅਪਣਾਉਣਗੀਆਂ। ਸ਼ੁਰੂਆਤ ਚੰਗੀ ਹੈ, ਚੰਗੇ ਨਤੀਜੇ ਦੀ ਵੀ ਆਸ ਹੈ।*

**-ਚੰਦ ਫਤਿਹਪੁਰੀ**

## ਵਿਅੰਗ

*ਸ਼ਹਿਦ ਦੇ ਨਾਲੋਂ ਮਿੱਠਾ ਯਾਰੋ,*
*ਇੱਕ ਮੈਂ ਜ਼ਹਿਰ ਬਣਾ ਲੈਂਦਾ ਹਾਂ।*
*ਨਫ਼ਰਤ ਵਾਲਾ ਟੀਕਾ ਲਾ ਕੇ,*
*ਆਪਣਾ ਫਰਜ਼ ਨਿਭਾ ਲੈਂਦਾ ਹਾਂ।*
*ਕਈ ਵਾਰ ਤਾਂ ਭੁੱਲ-ਭੁਲੇਖੇ,*
*ਆਪਣੇ ਆਪ ਨੂੰ ਲਾ ਲੈਂਦਾ ਹਾਂ।*
*ਇਸ ਦਾ ਜਦੋਂ ਰੀਐਕਸ਼ਨ ਹੁੰਦਾ,*
*ਆਪਣਾ ਘਰ ਸੜਵਾ ਲੈਂਦਾ ਹਾਂ।*
*ਫੇਸਬੁੱਕ 'ਤੇ ਜ਼ਹਿਰ ਛਿੜਕ ਕੇ,*
*ਥੋੜ੍ਹੇ ਬਹੁਤ ਕਮਾ ਲੈਂਦਾ ਹਾਂ।*
*ਫੁੱਲਾਂ ਨੂੰ ਮੈਂ ਗਾਲ੍ਹਾਂ ਕੱਢ ਕੇ,*
*ਖਾਰਾਂ ਕੋਲ ਪਨਾਹ ਲੈਂਦਾ ਹਾਂ।*
*ਆਪਣਾ ਸੜਿਆ ਘਰ ਦੇਖ ਕੇ,*
*ਸਭ ਨੂੰ ਮੀਤ ਬਣਾ ਲੈਂਦਾ ਹਾਂ।*

**-ਗੁਲਪੁਰ**

# ਕਮਿਊਨਿਸਟ ਹੋਣਾ ਫ਼ਖ਼ਰ ਹੀ ਤਾਂ ਹੈ (1)


ਸੁੱਚਾ ਸਿੰਘ ਖੱਟੜਾ

ਹਾਲੇ ਵੀ ਕੁਝ ਭਰੋਸੇਯੋਗਤਾ ਸਾਂਭੀ ਬੈਠੇ ਪੱਤਰਕਾਰ ਐਂਕਰਾਂ ਵਿੱਚੋਂ ਇੱਕ ਨਾਮੀ ਐਂਕਰ ਦਾ ਕਹਿਣਾ ਸੀ ਕਿ ਜਦੋਂ ਵੀ ਉਹ ਆਪਣੇ ਚੈਨਲ ਉੱਤੇ ਰਾਜ ਕਰਦੀ ਪਾਰਟੀ ਦੇ ਨੁਮਾਇੰਦੇ ਤੋਂ ਦੇਸ਼ ਵਿੱਚ ਮਹਿੰਗਾਈ, ਬੇਰੁਜ਼ਗਾਰੀ, ਫਿਰਕਾਪ੍ਰਸਤੀ ਆਦਿ ਮਸਲਿਆਂ ਉੱਤੇ ਸਵਾਲ ਕਰਦਾ ਹੈ ਤਾਂ ਮੇਰੇ ਸਵਾਲ ਦਾ ਉੱਤਰ ਦੇਣ ਤੋਂ ਪਹਿਲਾਂ ਉਹ ਮੈਨੂੰ ਕਮਿਊਨਿਸਟ ਗਰਦਾਨਦਾ ਹੈ। ਇਹ ਐਂਕਰ ਕਮਿਊਨਿਸਟ ਅਖਵਾਏ ਜਾਣ ਤੋਂ ਕੀ ਮਹਿਸੂਸ ਕਰਦਾ ਹੈ? ਉਹ ਕਮਿਊਨਿਸਟ ਹੈ ਵੀ ਕਿ ਨਹੀਂ? ਪਰ ਉਸ ਨੇ ਇਹ ਨਹੀਂ ਕਿਹਾ ਕਿ ਉਹ ਕਮਿਊਨਿਸਟ ਨਹੀਂ ਹੈ। ਵਾਰਤਾਲਾਪ ਦੇ ਇਸ ਪ੍ਰਸੰਗ ਵਿੱਚ ਇੱਕ ਗੱਲ ਸਪੱਸ਼ਟ ਹੈ ਕਿ ਕਮਿਊਨਿਸਟ ਉਹ ਹੁੰਦੇ ਹਨ, ਜਿਹੜੇ ਲੋਕ ਮਸਲਿਆਂ ਉੱਤੇ ਗੱਲ ਕਰਦੇ ਹਨ। ਆਪਣੇ ਆਰਟੀਕਲ ਦੇ ਸੰਬੰਧ ਵਿੱਚ ਇਹ ਪਹਿਲਾ ਪ੍ਰਸੰਗ ਹੈ ਕਿ ਕਮਿਊਨਿਸਟ ਹੋਣਾ ਫ਼ਖਰ ਹੀ ਤਾਂ ਹੈ।

ਇਸੇ ਸੰਬੰਧ ਵਿੱਚ ਇੱਕ ਰੌਚਕ ਪ੍ਰਸੰਗ ਹੋਰ ਹੈ। 35-40 ਵਰ੍ਹੇ ਪਹਿਲਾਂ ਮੇਰੇ ਪਿੰਡ ਅਤੇ ਮੇਰੇ ਹੀ ਗਵਾਂਢ ਵਿੱਚ ਇੱਕ ਬਰਾਤ ਆਈ। ਅਕਾਲੀ ਮੋਰਚੇ ਵਿੱਚ ਤਰਨ ਤਾਰਨ ਦੇ ਰੇਲ ਹਾਦਸੇ ਤੋਂ ਬਹੁਤੇ ਪਾਠਕ ਜਾਣੂ ਹਨ। ਹਾਦਸਾਗ੍ਰਸਤ ਜਥਾ ਨੂਰਪੁਰ ਬੇਦੀ ਤੋਂ ਸੀ। ਉਸ ਜੱਥੇ ਦੇ ਜਥੇਦਾਰ ਸ. ਬਚਨ ਸਿੰਘ ਦੀ ਜਾਨ ਤਾਂ ਬਚ ਗਈ ਸੀ ਪਰ ਲੱਤ ਕੱਟੀ ਗਈ ਸੀ। ਜਥੇਦਾਰ ਬਰਾਤ ਵਿੱਚ ਬਰਾਤੀ ਸੀ। ਮੇਰੇ ਘਰਵਾਲੀ ਦੇ ਪੇਕਾ ਪਿੰਡ ਦੇ ਨਾਲ ਲੱਗਵਾਂ ਉਸ ਦਾ ਪਿੰਡ ਸੀ। ਇਸ ਦੇ ਪੇਕਿਆਂ ਨਾਲ ਨੇੜਤਾ ਸੀ। ਪਿੰਡਾਂ ਵਿੱਚ ਰਿਵਾਜ ਹੈ ਕਿ ਜੇਕਰ ਕਿਸੇ ਬਰਾਤੀ ਦੀ ਕੋਈ ਧੀ-ਭੈਣ ਉਸ ਪਿੰਡ ਵਿੱਚ ਵਿਆਹੀ ਹੋਵੇ ਤਾਂ ਉਸ ਨੂੰ ਲੱਭ ਕੇ ਬਰਾਤੀ ਉਸ ਦੇ ਹੱਥ ਉੱਤੇ ਕੁਝ ਨਾ ਕੁਝ ਧਰ ਕੇ ਜਾਣਾ ਆਪਣਾ ਫਰਜ਼ ਸਮਝਦਾ ਹੈ। ਚਾਹ-ਪਾਣੀ ਤੋਂ ਵਿਹਲਾ ਹੋ ਕੇ ਜਥੇਦਾਰ ਇਸ ਮੰਤਵ ਲਈ ਮੇਰੇ ਘਰ ਆ ਗਿਆ। ਉਂਝ ਉਹ ਮੇਰਾ ਵੀ ਚੰਗਾ ਜਾਣੂ ਸੀ। ਮੇਰੇ ਕਮਿਊਨਿਸਟ ਹੋਣ ਦਾ ਵੀ ਉਸ ਨੂੰ ਪਤਾ ਸੀ। ਅਸੀਂ ਘਰ ਨਾ ਮਿਲੇ। ਸਾਹਮਣੇ ਮੇਰੇ ਵੱਡੇ ਭਰਾ ਦੇ ਘਰ ਦਾ ਪਤਾ ਲੱਗਣ ਉਤੇ ਜਥੇਦਾਰ ਮੇਰੇ ਭਰਾ ਕੋਲ ਜਾ ਬੈਠਾ। ਮੇਰਾ ਭਰਾ ਆਰਮੀ ਤੋਂ ਧਾਰਮਿਕ ਟੀਚਰ (ਨਾਇਬ ਸੂਬੇਦਾਰ) ਸੇਵਾ-ਮੁਕਤ ਹੈ। ਦੋਵਾਂ ਵੇਲਿਆਂ ਦੇ ਪੰਜ ਬਾਣੀਆਂ ਦੇ ਨਿੱਤ ਨੇਮੀ ਅਤੇ ਦਿਨ ਵਿੱਚ ਜਦੋਂ ਵੀ ਇਕੱਲੇ ਤਾਂ ਸੁਖਮਨੀ ਸਾਹਿਬ ਦਾ ਪਾਠ ਕਰਦੇ ਰਹਿੰਦੇ ਹਨ। ਕਿਸੇ ਨਾਲ ਵੀ ਗੱਲ ਕਰਦਿਆ ਸੁਣਦੇ ਵੱਧ ਹੈ ਬੋਲਦੇ ਘੱਟ ਹੈ। ਜਥੇਦਾਰ ਜਦੋਂ ਉਨ੍ਹਾ ਕੋਲ ਗਿਆ ਤਾਂ ਵੀ ਮੇਰਾ ਭਰਾ ਸੁਖਮਨੀ ਸਾਹਿਬ ਦਾ ਪਾਠ ਕਰ ਰਿਹਾ ਸੀ। ਜਥੇਦਾਰ ਨੇ ਬੈਠਦਿਆਂ ਸਾਰ ਹੈਰਾਨੀ ਵਿੱਚ ਸਾਡੇ ਵਿੱਚੋਂ ਇੱਕ ਦੇ ਕਮਿਊਨਿਸਟ ਅਤੇ ਦੂਜੇ ਦੇ ਗੁਰਸਿੱਖ ਹੋਣ ਦਾ ਕਾਰਨ ਮੇਰੇ ਵੱਡੇ ਭਰਾ ਤੋਂ ਸਮਝਣਾ ਚਾਹਿਆ। ਮੇਰੇ ਭਰਾ ਦਾ ਸੁੱਤੇ ਸਿੱਧ ਦਿੱਤਾ ਉੱਤਰ ਸੀ, "ਮੈਂ ਗੁਰੂ ਦਾ ਸਿਧਾਂਤ ਵਿੱਚੋਂ ਸਿੱਖ ਹਾਂ ਅਤੇ ਮੇਰਾ ਛੋਟਾ ਭਰਾ ਅਮਲ ਵਿੱਚ ਸਿੱਖ ਹੈ।" ਇਹ ਗੱਲ ਜਥੇਦਾਰ ਬਚਨ ਸਿੰਘ ਨੇ ਮੈਨੂੰ ਖੁਦ ਸੁਣਾਈ ਪਿਛੋਕੜ ਮੇਰਾ ਵੀ ਧਾਰਮਿਕ ਹੈ, ਪਰ ਮੈਨੂੰ ਕਮਿਊਨਿਸਟ ਬਣਨ ਵਿੱਚ ਕੁਝ ਵੀ ਅਧਾਰਮਿਕ ਨਹੀਂ ਲੱਗਾ।

ਪਾਠਕਾਂ ਲਈ ਤੀਜੀ ਘਟਨਾ ਵੀ ਇਸੇ ਦਿਸ਼ਾ ਵਿੱਚ ਅਰਥ ਭਰਪੂਰ ਹੈ। ਲਖਨਊ ਤੋਂ ਭਾਰਤੀ ਹਵਾਈ ਜਹਾਜ਼ ਦੇ ਅਗਵਾਕਾਰਾਂ ਵਿੱਚ ਸਿੱਖ ਚਿੰਤਕ ਹਰਸਿਮਰਨ ਸਿੰਘ ਮੇਰਾ ਜਮਾਤੀ ਅਤੇ ਸੀਟ ਫੈਲੋ ਹੈ। ਮੇਰੇ ਕਮਿਊਨਿਸਟ ਹੋ ਜਾਣ ਦਾ ਪਤਾ ਲੱਗਣ ਉੱਤੇ ਉਸ ਦੀ ਚਿੱਠੀ ਆਈ। ਚਿੱਠੀ ਵਿੱਚ ਉਸ ਨੇ ਮੈਨੂੰ ਯਾਦ ਕਰਵਾਇਆ ਕਿ ਮੈਂ ਖ਼ਾਲਸਾ ਸਕੂਲ ਅਨੰਦਪੁਰ ਸਾਹਿਬ ਦਾ ਅੰਮ੍ਰਿਤਧਾਰੀ ਹੋ ਕੇ ਕਮਿਊਨਿਸਟ ਬਣ ਕੇ ਠੀਕ ਨਹੀਂ ਕੀਤਾ। ਮੋੜਵੀਂ ਚਿੱਠੀ ਰਾਹੀਂ ਮੇਰਾ ਉੱਤਰ ਸੀ ਕਿ ਕਾਰਲ ਮਾਰਕਸ ਗੁਰੂ ਨਾਨਕ ਦੇਵ ਜੀ ਨੂੰ ਜਾਣਦਾ ਵੀ ਸੀ ਜਾਂ ਨਹੀਂ, ਉਸ ਨੇ ਗੁਰੂ ਨਾਨਕ ਦੇਵ ਜੀ ਦੇ ਮਾਨਵਵਾਦੀ ਫਲਸਫੇ ਦਾ ਵਿਗਿਆਨਕ ਵਿਸਥਾਰ ਅਤੇ ਵਿਆਖਿਆ ਇਸ ਢੰਗ ਨਾਲ ਕਰ ਦਿੱਤੀ ਹੈ ਕਿ ਮਨੁੱਖੀ ਕਿਰਤ ਦੇ ਹਰ ਪਹਿਲੂ ਨੂੰ ਇੱਕ ਸਟੀਕ ਵਿਗਿਆਨ ਬਣਾ ਦਿੱਤਾ ਹੈ। ਇਸ ਲਈ ਆਉਣ ਵਾਲੇ ਸਮਿਆਂ ਵਿੱਚ ਕਾਰਲ ਮਾਰਕਸ ਨੂੰ ਅੱਜ ਪੜ੍ਹ ਕੇ ਉਸ ਤੋਂ 400 ਸੌ ਸਾਲ ਪਹਿਲਾਂ ਹੋ ਚੁੱਕੇ ਬਾਬਾ ਨਾਨਕ ਦੀ ਵਡਿਆਈ ਵਿੱਚ ਉਨ੍ਹਾਂ ਪ੍ਰਤੀ ਸ਼ਰਧਾ ਵਿੱਚ ਕਿਸੇ ਘਾਟ ਦੀ ਥਾਂ ਵਾਧਾ ਹੀ ਹੋਇਆ ਹੈ। ਮੇਰੇ ਉੱਤਰ ਵਿੱਚ ਸੀ ਕਿ ਬਾਬਾ ਨਾਨਕ ਦੁਨੀਆ ਦਾ ਪਹਿਲਾ ਕਮਿਊਨਿਸਟ ਅਤੇ ਕਾਰਲ ਮਾਰਕਸ ਨੂੰ ਬਾਬਾ ਨਾਨਕ ਦਾ ਅਸਲੀ ਸਿੱਖ ਕਹਿਣ ਵਿੱਚ ਕੀ ਗਲਤ ਹੈ? ਇਸ ਲਈ ਮੈਂ ਕਮਿਊਨਿਸਟ ਬਣ ਕੇ ਗੁਰੂ ਤੋਂ ਬੇਮੁੱਖ ਨਹੀਂ ਹਾਂ।

ਹਾਲਤ ਇਹ ਹੈ ਕਿ ਮੇਰੇ ਵੱਲੋਂ ਇੱਕ ਗਰੈਜੂਏਟ ਤੋਂ ਕਮਿਊਨਿਸਟ ਸ਼ਬਦ ਦੇ ਅਰਥ ਪੁੱਛਣ ਉੱਤੇ ਉਸ ਦਾ ਉੱਤਰ ਸੀ ਕਿ 'ਕੌਮ ਨੂੰ ਨਸ਼ਟ ਕਰਨ ਵਾਲੇ।' ਇਹ ਉੱਤਰ ਉਸ ਨੇ ਕਿਤਿਓਂ ਪੜ੍ਹ ਕੇ ਨਹੀਂ, ਸਗੋਂ ਉਸ ਦਾ ਕਹਿਣਾ ਸੀ ਕਿ ਲੋਕ ਇੰਝ ਕਹਿੰਦੇ ਹਨ। ਸਪੱਸ਼ਟ ਹੈ ਕਿ ਜੇਕਰ ਕਾਲਜਾਂ, ਯੂਨੀਵਰਸਿਟੀਆਂ ਵਿੱਚ ਵੱਖ-ਵੱਖ ਵਿਚਾਰਧਾਰਾਵਾਂ ਦਾ ਮੰਥਨ ਅਤੇ ਚਰਚਾਵਾਂ ਨਹੀਂ ਹੁੰਦੀਆਂ ਤਾਂ ਇੰਨੇ ਗੰਭੀਰ ਅਤੇ ਆਪਣੇ ਅੰਦਰ ਪੂਰਾ ਫਲਸਫ਼ਾ ਸਾਂਭੀ ਬੈਠੇ ਸ਼ਬਦ ਦਾ ਇਹੋ ਜਿਹਾ ਅਰਥ ਹੀ ਮਿਲੇਗਾ।

ਸਿੱਖ ਧਰਮ ਵਿੱਚ ਬਾਬਾ ਨਾਨਕ ਵੱਲੋਂ ਆਪਣੇ ਸਮੇਂ ਵਿੱਚ ਸਮੁੱਚੀ ਮਾਨਵਤਾ ਦੇ ਭਲੇ ਲਈ ਉਠਾਏ ਮੁੱਦੇ ਅਤੇ ਦ੍ਰਿੜ੍ਹਤਾ ਨਾਲ ਲਏ ਪੈਂਤੜੇ ਸਨ ਕਿ ਕਾਰਲ ਮਾਰਕਸ ਦੇ ਫਲਸਫ਼ੇ ਨੂੰ ਵੀਹਵੀਂ ਸਦੀ ਦੇ ਅੱਧ ਤੋਂ ਬਾਅਦ ਤੱਕ ਕਮਿਊਨਿਸਟਾਂ ਨੂੰ ਮਾਰਕਸਵਾਦੀ ਵਿਚਾਰਾਂ ਵਿੱਚ ਬਾਬਾ ਨਾਨਕ ਦੀ ਵਿਚਾਰਧਾਰਾ ਦਿਸਦੀ ਸੀ। ਇਹੀ ਕਾਰਨ ਸੀ ਅਨੇਕਾਂ ਕਾਮਰੇਡ ਰਹਿਤ ਮਰਿਆਦਾ ਰੱਖਣ ਵਾਲੇ ਸਨ। ਕਾਮਰੇਡ ਹਰਦਿੱਤ ਸਿੰਘ ਭੱਠਲ ਤਾਂ ਤਿੰਨ ਫੁੱਟੀ ਕਿਰਪਾਨ ਹਮੇਸ਼ਾ ਨਾਲ ਰੱਖਦੇ ਸਨ। ਕਾਮਰੇਡ ਸੋਹਣ ਸਿੰਘ ਜੋਸ਼ ਤਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵੀ ਰਹੇ ਹਨ।

ਹੁਣ ਕਮਿਊਨਿਸਟ ਸ਼ਬਦ ਵੀ ਸਰਲ ਵਿਆਖਿਆ ਵੱਲ ਮੁੜਦੇ ਹਾਂ। ਮਾਨਵ ਸੱਭਿਅਤਾ ਦੇ ਵਿਕਾਸ ਦਾ ਸਿਧਾਂਤ ਅੱਜ ਕਥਾ ਕਹਾਣੀਆਂ ਤੋਂ ਬਾਹਰ ਆ ਚੁੱਕਾ ਹੈ। ਇਹ ਸਥਾਪਤ ਸੱਚਾਈ ਹੈ ਕਿ ਮਾਨਵ ਆਪਣੀ ਹੋਂਦ ਵਿੱਚ ਆਉਣ ਤੋਂ ਬਾਅਦ ਆਪਣੀ ਸਭਿਅਤਾ ਦੇ ਮੁਢਲੇ ਦੌਰ ਵਿੱਚ ਜੰਗਲਾਂ ਵਿੱਚ ਵਾਸ ਕਰਦਾ ਸੀ ਅਤੇ ਉਹ ਕਮਿਊਨ ਜਾਂ ਕਬੀਲੇ ਵਿੱਚ ਰਹਿੰਦਾ ਸੀ। ਸਮਾਜ ਦੇ ਵਿਕਾਸ ਦੇ ਕਮਿਊਨ ਜਾਂ ਕਬੀਲਾ ਪੜਾਅ ਦੇ ਕੁਝ ਖ਼ੂਬਸੂਰਤ ਲੱਛਣ ਹਨ। ਇਨ੍ਹਾਂ ਲੱਛਣਾਂ ਨੂੰ ਸਮਝਣ ਤੋਂ ਪਹਿਲਾਂ ਇਹ ਜਾਣ ਲੈਣਾ ਜ਼ਰੂਰੀ ਹੈ ਕਿ ਅੱਜ ਦੇ ਸਮਾਜ ਤੱਕ ਪਹੁੰਚਣ ਲਈ ਮਨੁੱਖੀ ਕਿਰਤ ਹੀ ਮੁੱਖ ਅਧਾਰ ਹੈ।

ਜਦੋਂ ਕਮਿਊਨ ਜਾਂ ਕਬੀਲਾ ਪ੍ਰਬੰਧ ਵੱਲ ਨਜ਼ਰ ਜਾਂਦੀ ਹੈ ਤਾਂ (ੳ) ਇੱਥੇ ਕਿਰਤ ਦੀ ਖਰੀਦ-ਵੇਚ ਨਹੀਂ ਹੈ (ਅ) ਕਿਰਤ ਲਈ ਸੰਦ ਸਾਧਨ ਭਾਵੇਂ ਉਹ ਭਾਲੇ, ਡੰਡੇ-ਸੋਟੇ ਹੀ ਕਿਉਂ ਨਾ ਹੋਣ, ਸਭ ਦੇ ਸਾਂਝੇ ਹਨ। (ੲ) ਪੈਦਾਵਾਰ ਭਾਵੇਂ ਫਲ-ਫਰੂਟ, ਜਾਨਵਰਾਂ ਦਾ ਸ਼ਿਕਾਰ ਹੀ ਹੋਵੇ, ਸ਼ਾਮ ਨੂੰ ਸਭ ਤੋਂ ਬਜ਼ੁਰਗ ਔਰਤ ਅੱਗੇ ਲਿਆ ਕੇ ਰੱਖ ਦਿੱਤਾ ਜਾਂਦਾ ਸੀ। ਇਸ ਤਰ੍ਹਾਂ ਪੈਦਾਵਾਰ ਵੀ ਸਾਂਝੀ ਹੈ। (ਸ) ਕਬੀਲੇ ਦੀ ਮੁਖੀ ਔਰਤ ਉਸ ਪੈਦਾਵਾਰ ਨੂੰ ਕਬੀਲੇ ਦੇ ਸਾਰੇ ਜੀਆਂ ਵਿੱਚ ਵੰਡ ਦਿੰਦੀ ਸੀ (ਹ) ਉਹ ਉਸ ਪੈਦਾਵਾਰ ਦੀ ਕਾਣੀ-ਵੰਡ ਨਹੀਂ ਸੀ ਕਰਦੀ। ਇਸ ਲਈ ਗੈਰ ਬਰਾਬਰੀ ਨਹੀਂ ਸੀ। "ਸਭੈ ਸਾਂਝੀਵਾਲ ਸਦਾਇਨ ਕੋਈ ਨ ਦੀਸੈ ਬਾਹਰਾ ਜੀਉ" ਦੇ ਨਿਯਮ ਦੀ ਸੁੱਤੇ ਸਿੱਧ ਪਾਲਣਾ ਹੋ ਰਹੀ ਸੀ। ਸਵਾਲ ਅੱਜ ਦੀ ਸੱਭਿਅਤਾ ਨੂੰ ਹਜ਼ਾਰਾਂ ਸਾਲ ਪਿਛਾਂਹ ਲਿਜਾ ਕੇ ਕਮਿਊਨ ਜਾਂ ਕਬੀਲਾ ਪੜਾਅ ਵੱਲ ਧੱਕਣ ਦਾ ਨਹੀਂ। ਸਵਾਲ ਕਮਿਊਨ ਜਾਂ ਕਬੀਲਾ ਪ੍ਰਬੰਧ ਦੇ ਮੁਢਲੇ ਅਤੇ ਅੱਜ ਲਈ ਉਪਯੋਗੀ ਲੱਛਣਾਂ ਉਤੇ ਪ੍ਰਬੰਧ ਖੜਾ ਕਰਨ ਦਾ ਹੈ। ਕਿਉਂਕਿ ਸੱਭਿਅਤਾ ਦੇ ਕਮਿਊਨ ਪੜਾਅ ਵਿੱਚ ਪੈਦਾਵਾਰ ਸੰਬੰਧੀ ਕੁਝ ਸ਼ਾਨਦਾਰ ਖ਼ੂਬੀਆ ਹਨ। ਜਿਨ੍ਹਾ ਵਿੱਚ ਸਾਂਝੀਵਾਲਤਾ ਅਤੇ ਬਰਾਬਰੀ ਉਭਰੇ ਲੱਛਣ ਹਨ। ਕਿਰਤ ਦਾ ਪੱਧਰ ਕੋਈ ਵੀ ਹੋਵੇ ਕਿਰਤ ਵੀ ਲੁੱਟ ਨਹੀਂ ਹੈ। ਬਸ ਜਿਹੜਾ ਕਮਿਊਨ ਜਾਂ ਕਬੀਲਾ ਜ਼ਿੰਦਗੀ ਦੇ ਇਨ੍ਹਾਂ ਵੱਡਮੁੱਲੇ ਲੱਛਣਾਂ ਨੂੰ ਪਿਆਰ ਕਰਦਾ ਹੈ ਇਨ੍ਹਾਂ ਨੂੰ ਮੰਨਦਾ ਹੈ ਉਸ ਨੂੰ ਕਮਿਊਨਿਸਟ ਕਿਹਾ ਜਾਣ ਲੱਗਾ। ਸਮਾਜ ਬਦਲ ਚੁੱਕਾ ਹੈ। ਅੱਜ ਸੁੱਤੇ ਸਿੱਧ ਕਿਰਤ ਨਹੀਂ ਲੱਭਦੀ। ਕ੍ਰਿਤ ਸਿਰਜਣੀ ਪੈਣੀ ਹੈ। ਕਿਰਤ ਦੇ ਬੂਹੇ ਖੋਲ੍ਹਣੇ ਪੈਣੇ ਹਨ। ਅੱਜ ਦੇ ਪ੍ਰਬੰਧ ਲਈ ਕਮਿਊਨ ਪੜਾਅ ਦੀ ਬਜ਼ੁਰਗ ਔਰਤ ਦੀ ਤਲਾਸ਼ ਦੀ ਲੋੜ ਨਹੀਂ। ਇਹ ਭੂਮਿਕਾ ਸਰਕਾਰ ਨੇ ਨਿਭਾਉਣੀ ਹੈ। ਗੈਰ ਬਰਾਬਰੀ ਪੈਦਾ ਕਰਨ, ਪੈਦਾਵਾਰ ਦੀ ਕਾਣੀ ਵੰਡ ਕਰਨ ਵਾਲੇ ਜੁਗਾੜੀਆਂ ਅਤੇ ਜੁਗਾੜੀਆਂ ਦੀ ਪਹਿਚਾਣ ਕਰਕੇ ਕਿਸੇ ਨਵੇਂ ਪ੍ਰਬੰਧ ਦਾ ਮਾਡਲ ਚਿਤਵਣਾ ਅਤੇ ਲੋਕਾਂ ਸਾਹਮਣੇ ਲਿਆਉਣਾ ਹੋਵੇਗਾ। ਕਿਰਤ ਦੀ ਸਿਰਜਣਾ ਕਰਨੀ ਹੈ, ਸਮਾਜਿਕ ਸੁਰੱਖਿਆ ਦਾ ਪ੍ਰਬੰਧ ਕਰਨਾ ਹੈ, ਮੁਢਲੀਆਂ ਲੋੜਾਂ ਪੂਰੀਆਂ ਕਰਨੀਆਂ ਹਨ, ਸੁਵਿਧਾਵਾਂ ਦਾ ਪ੍ਰਬੰਧ ਕਰਨਾ ਪੈਣਾ ਹੈ। ਇਨ੍ਹਾਂ ਅਤੇ ਅਜਿਹੇ ਹੋਰ ਅਣਗਿਣਤ ਕਾਰਜਾਂ ਜਾਂ ਲਈ ਕਿਸੇ ਵੀ ਪ੍ਰਬੰਧ ਅਧੀਨ ਕਿਰਤ ਖ਼ਰੀਦਣੀ ਅਤੇ ਵੇਚਣੀ ਪੈਣੀ ਹੈ, ਪਰ ਕਿਰਤ ਦੀ ਖ਼ਰੀਦ ਅਤੇ ਵੇਚ ਦੇ ਧੰਦੇ ਵਿੱਚ ਗੈਰ ਬਰਾਬਰੀ ਦੀ ਥਾਂ ਪਾਈ-ਪਾਈ ਉਪਰੋਕਤ ਜ਼ਿੰਮੇਵਾਰੀਆਂ ਨਿਭਾਉਣ ਲਈ ਖਰਚੀ ਜਾਵੇਗੀ। ਟੈਕਸ ਪ੍ਰਣਾਲੀ ਵੀ ਗੈਰ ਬਰਾਬਰੀ ਨੂੰ ਬੇਲਗਾਮ ਨਹੀਂ ਕਰੇਗੀ।

ਪੈਦਾਵਾਰ ਪਬਲਿਕ ਸੈਕਟਰ ਜਾਂ ਪ੍ਰਾਈਵੇਟ ਹੋਵੇ, ਪਰ ਬਕਾਇਦਾ ਉਪਰੋਕਤ ਰੋਸ਼ਨੀ ਵਿੱਚ ਕਰਵਾਈ ਜਾਏ। ਅਸੀਂ ਵੇਖਦੇ ਹਾਂ ਕਿ ਜਿਉਂ-ਜਿਉਂ ਪੈਦਾਵਾਰ ਪ੍ਰਾਈਵੇਟ ਅਦਾਰਿਆਂ ਹਵਾਲੇ ਕੀਤੀ ਜਾਂਦੀ ਹੈ, ਕਿਰਤ ਦੀ ਇੱਕ ਪਾਸੇ ਲੁੱਟ, ਦੂਜੇ ਪਾਸੇ ਗੈਰ ਬਰਾਬਰੀ ਦਾ ਵਧਣਾ ਤਹਿ ਹੈ, ਕਿਉਂਕਿ ਰਾਜ ਸੱਤਾਵਾਨ ਅਤੇ ਸਰਮਾਏਦਾਰ ਸਾਂਝ ਪਾ ਚੁੱਕੇ ਹਨ, ਇਸ ਲਈ ਸਰਕਾਰ ਉਪ੍ਰੋਕਤ ਜ਼ਿੰਮੇਵਾਰੀਆਂ ਨਿਭਾਉਣਯੋਗ ਹੋ ਹੀ ਨਹੀਂ ਸਕਣੀ। ਸੱਤਾ ਵਿੱਚ ਬਣੇ ਰਹਿਣ ਜਾਂ ਦੂਜੇ ਕੋਲੋਂ ਹਥਿਆਉਣ ਲਈ ਲੋੜ ਅਨੁਸਾਰ ਬੋਲੀਆਂ ਲਾ ਕੇ ਵੋਟਾਂ ਖਰੀਦੀਆਂ ਜਾਂਦੀਆਂ ਰਹਿਣਗੀਆਂ। ਨਤੀਜੇ ਵਜੋਂ ਅੰਗਹੀਣਾਂ, ਵਿਧਵਾਵਾਂ ਅਤੇ ਬਜ਼ੁਰਗਾਂ ਨੂੰ ਇੱਕ ਦਿਨ ਦੀ 50 ਰੁਪਏ ਪੈਨਸ਼ਨ ਵਾਲਾ ਸਮਾਜਿਕ ਸੁਰੱਖਿਆ ਦਾ ਡਰਾਮਾ ਚੱਲਦਾ ਰਹੇਗਾ।

**(ਚਲਦਾ)**

**#ਸੰਪਰਕ : 94176-52947**

# ਜਦੋਂ ਖੇਸੀ ਦੀ ਬੁੱਕਲ ਨੇ ਤਿੰਨ-ਚਾਰ ਬੰਦਿਆਂ ਨੂੰ ਡਰਾ ਕੇ ਭਜਾਇਆ

**ਜਸਪਾਲ ਸਿੰਘ ਨਾਗਰਾ 'ਮਹਿੰਦਪੁਰੀਆ'**

ਸਾਲ 1987 ਦੇ ਜਨਵਰੀ ਮਹੀਨੇ ਦੀ ਗੱਲ ਹੈ। ਉਦੋਂ ਪੰਜਾਬ ਦਾ ਮਾਹੌਲ ਸੁਖਾਵਾਂ ਨਹੀਂ ਸੀ। ਅੱਤਵਾਦ ਦਾ ਪੂਰਾ ਬੋਲਬਾਲਾ ਸੀ। ਜਲੰਧਰ ਜ਼ਿਲ੍ਹੇ ਦੇ ਪਿੰਡ ਫਤਿਹਪੁਰ ਭਗਵਾਂ ਦੇ ਸਰਕਾਰੀ ਸਕੂਲ 'ਚ ਮੈਂ ਸਾਇੰਸ ਅਧਿਆਪਕ ਲੱਗਾ ਹੋਇਆ ਸਾਂ। ਉਨ੍ਹੀਂ ਦਿਨੀਂ ਸਾਡੇ ਨਾਲ ਪੜ੍ਹਾਉਂਦੇ ਕਸ਼ਮੀਰ ਸਿੰਘ ਪੀ.ਟੀ.ਆਈ ਦਾ ਵਿਆਹ ਆ ਗਿਆ। ਉਸ ਦਾ ਪਿੰਡ ਸੋਤਲਾ ਜ਼ਿਲ੍ਹਾ ਹੁਸ਼ਿਆਰਪੁਰ 'ਚ ਪੈਂਦਾ ਸੀ, ਜੋ ਕਿ ਸਾਡੇ ਸਕੂਲ ਤੋਂ ਸੌ ਕਿਲੋਮੀਟਰ ਦੇ ਕਰੀਬ ਦੂਰ ਸੀ। ਸਕੂਲ ਛੁੱਟੀ ਦਾ ਸਮਾਂ ਵੀ ਉਦੋਂ ਚਾਰ ਵਜੇ ਦਾ ਹੋਇਆ ਕਰਦਾ ਸੀ। ਮੈਂ ਤੇ ਗਿਆਨੀ ਮਾਸਟਰ ਅਵਤਾਰ ਸਿੰਘ ਨੇ ਛੁੱਟੀ ਤੋਂ ਬਾਅਦ ਉਸ ਦੇ ਪਿੰਡ ਪਹੁੰਚਣਾ ਸੀ। ਸਕੂਟਰ 'ਤੇ ਦੋਹਰੀ ਸਵਾਰੀ ਬੰਦ ਸੀ। ਗਿਆਨੀ ਜੀ ਨੇ ਦਲੇਰੀ ਵਰਤਦੇ ਹੋਏ ਮੈਨੂੰ ਆਪਣੇ ਸਕੂਟਰ ਦੇ ਮਗਰ ਬਿਠਾ ਕੇ ਪੀ.ਟੀ ਦੇ ਪਿੰਡ ਜਾਣ ਦਾ ਨਿਰਣਾ ਲੈ ਲਿਆ।

ਠੰਢ ਪੂਰੇ ਜ਼ੋਰਾਂ 'ਤੇ ਸੀ। ਮੈਂ ਸਕੂਟਰ ਦੇ ਮਗਰ ਖੇਸੀ ਦੀ ਬੁੱਕਲ ਮਾਰ ਕੇ ਬੈਠਾ ਵਾਹਿਗੁਰੂ-ਵਾਹਿਗੁਰੂ ਦਾ ਉਚਾਰਣ ਕਰ ਰਿਹਾ ਸਾਂ। ਹਨੇਰਾ ਹੋ ਰਿਹਾ ਸੀ। ਅਸੀਂ ਪਿੰਡਾਂ ਵਿੱਚ ਦੀ ਹੁੰਦੇ ਪਿੰਡ ਸੋਤਲੇ ਜਾ ਰਹੇ ਸਾਂ। ਉਦੋਂ ਸੂਰਜ ਛੁਪਣ ਤੋਂ ਪਹਿਲਾਂ-ਪਹਿਲਾਂ ਸਭ ਲੋਕ ਡਰ ਦੇ ਮਾਰੇ ਘਰਾਂ ਵਿੱਚ ਤੜ ਜਾਂਦੇ ਸਨ। ਅਸੀਂ ਇੱਕ ਪਿੰਡ ਦੇ ਬਾਹਰਵਾਰ ਜਾ ਰਹੇ ਸਾਂ। ਸਾਹਮਣੇ ਖੜ੍ਹੇ ਤਿੰਨ-ਚਾਰ ਬੰਦੇ ਖੜ੍ਹੇ ਵਿਖਾਈ ਦਿੱਤੇ। ਉਹਨਾਂ ਨੂੰ ਵੇਖ ਕੇ ਸਾਡੇ ਸਾਹ ਸੂਤੇ ਗਏ। ਅਸੀਂ ਉਹਨਾਂ ਨੂੰ ਅੱਤਵਾਦੀ ਸਮਝ ਕੇ ਘਬਰਾ ਗਏ ਸਾਂ। ਮਨੋਂ-ਮਨੀਂ ਅਸੀਂ ਸੋਚਣ ਲੱਗੇ ਕਿ ਅੱਜ ਸਾਡੀ ਜ਼ਿੰਦਗੀ ਦਾ ਸ਼ਾਇਦ ਆਖਰੀ ਦਿਨ ਹੀ ਹੋ ਨਿਬੜੇਗਾ। ਜਦੋਂ ਅਸੀਂ ਉਹਨਾਂ ਦੇ ਕੋਲ ਪਹੁੰਚੇ ਤਾਂ ਉਹਨਾਂ ਨੇ ਸਾਨੂੰ ਰੁਕਣ ਦਾ ਇਸ਼ਾਰਾ ਕੀਤਾ। ਗਿਆਨੀ ਜੀ ਨੇ ਸਕੂਟਰ ਰੋਕ ਲਿਆ। ਉਹਨਾਂ 'ਚੋਂ ਇੱਕ ਨੇ ਪੁੱਛਿਆ ਕਿ ਕੌਣ ਹੋ ਤੁਸੀਂ? ਗਿਆਨੀ ਜੀ ਨੇ ਬੜੇ ਹੀ ਕਨਫੀਡੈਂਸ ਨਾਲ ਜਵਾਬ ਦਿੰਦਿਆਂ ਕਿਹਾ, ਤੁਹਾਨੂੰ ਕੌਣ ਚਾਹੀਦੇ ਨੇ। ਐਨਾ ਕਹਿੰਦੇ ਹੋਏ ਗਿਆਨੀ ਜੀ ਨੇ ਮੈਨੂੰ ਵੀ ਨਾਲ ਹੀ ਆਖ ਦਿੱਤਾ ਕਿ ਇਹਨਾਂ ਨੂੰ ਬੁੱਕਲ ਖੋਲ੍ਹ ਕੇ ਵਿਖਾ ਦੇ ਕਿ ਅਸੀਂ ਕੌਣ ਹਾਂ। ਬੱਸ ਫੇਰ ਕੀ ਸੀ, ਉਹਨਾਂ ਨੂੰ ਭੱਜਦਿਆਂ ਨੂੰ ਰਾਹ ਨਾ ਲੱਭੇ। ਉਹ ਸਾਨੂੰ ਖਤਰਨਾਕ ਅੱਤਵਾਦੀ ਸਮਝ ਬੈਠੇ ਹੋਣਗੇ। ਅਸਲ ਵਿੱਚ ਅਸੀਂ ਨਿਹੱਥੇ ਹੀ ਸਾਂ। ਅਸੀਂ ਉੱਥੋਂ ਆਪਣੀ ਸੂਝਬੂਝ ਦੀ ਵਰਤੋਂ ਕਰਕੇ ਬੜੇ ਅਰਾਮ ਨਾਲ ਨਿਕਲ ਗਏ। ਅਸਲ ਵਿੱਚ ਅਸੀਂ ਉਹਨਾਂ ਤੋਂ ਡਰੇ ਹੋਏ ਸੀ ਤੇ ਉਹ ਸਾਡੇ ਕੋਲੋਂ ਡਰੇ ਹੋਏ ਸਨ।

ਜਦੋਂ ਅਸੀਂ ਪੀ.ਟੀ ਦੇ ਪਿੰਡ ਪਹੁੰਚ ਕੇ ਇਹ ਘਟਨਾ ਦੂਜੇ ਸਾਥੀਆਂ ਨਾਲ ਸਾਂਝੀ ਕੀਤੀ ਤਾਂ ਬੜਾ ਹਾਸਾ ਪਿਆ। ਅੱਜ ਵੀ ਇਹ ਘਟਨਾ ਮੈਨੂੰ ਯਾਦ ਕਰਕੇ ਦਿਲ ਦਹਿਲ ਜਾਂਦਾ ਹੈ। ਸਾਡਾ ਇਹ ਦੋਸਤ ਪਿਛਲੇ ਦਿਨੀਂ ਜਦੋਂ ਇਸ ਸੰਸਾਰ ਨੂੰ ਅਲਵਿਦਾ ਆਖ ਗਿਆ ਤਾਂ ਇਹ ਘਟਨਾ ਮੁੜ ਤਰੋਤਾਜ਼ਾ ਹੋ ਗਈ। ਮੈਂ ਅੱਜ ਵੀ ਸੋਚਦਾ ਹਾਂ ਕਿ ਜੇ ਕਿਤੇ ਖੇਸੀ ਦੀ ਬੁੱਕਲ ਨਾ ਮਾਰੀ ਹੁੰਦੀ ਤਾਂ ਸ਼ਾਇਦ ਇਹ ਘਟਨਾ ਲਿਖਣ ਦਾ ਮੌਕਾ ਨਾ ਹੀ ਮਿਲਦਾ। ਅੱਜ ਵੀ ਜਦੋਂ ਕੋਈ ਜਥੇਬੰਦੀ ਪੰਜਾਬ ਦੇ ਹਾਲਾਤ ਨੂੰ ਖਰਾਬ ਕਰਨ ਦੀ ਕੋਸ਼ਿਸ਼ ਕਰਦੀ ਹੈ ਤਾਂ ਸਾਡੇ ਵਰਗੇ ਲੋਕਾਂ ਨੂੰ ਪੁਰਾਣੇ ਦਿਨ ਯਾਦ ਕਰਕੇ ਡਰ ਲੱਗਣ ਲੱਗ ਪੈਂਦਾ ਹੈ। ਕਾਸ਼ ਪੰਜਾਬ ਦੇ ਹਾਲਾਤ ਨੂੰ ਮੁੜ ਕੋਈ ਲਾਂਬੂ ਲਾਉਣ ਦੀ ਕੋਸ਼ਿਸ਼ ਨਾ ਕਰੇ। ਕੋਈ ਵੀ ਸੂਬਾ ਉਦੋਂ ਹੀ ਤਰੱਕੀ ਦੀਆਂ ਲੀਹਾਂ 'ਤੇ ਪੁਲਾਂਘਾਂ ਪੁੱਟਦਾ ਹੈ, ਜਦੋਂ ਹਾਲਾਤ ਸਾਜ਼ਗਾਰ ਹੋਣ।

***# ਸੰਪਰਕ :+13604481989***

# ਕੀ ਰੂਸ 'ਚ ਵੈਗਨਰ ਗਰੁੱਪ ਦਾ ਵਿਦਰੋਹ ਪੁਤਿਨ ਦੀ ਸੱਤਾ ਨੂੰ ਹਿਲਾ ਸਕਦਾ ਹੈ?



ਵੈਗਨਰ ਗਰੁੱਪ ਅਤੇ ਰੂਸੀ ਫੌਜ ਵਿਚਕਾਰ ਬੰਧਨ ਯੂਕਰੇਨ ਵਿੱਚ ਜੰਗ ਸ਼ੁਰੂ ਹੋਣ ਤੋਂ ਤੁਰੰਤ ਬਾਅਦ ਹੀ ਟੁੱਟ ਗਿਆ। ਸੰਘਰਸ਼ ਤੋਂ ਪਹਿਲਾਂ ਵੈਗਨਰ ਗਰੁੱਪ ਨੇ ਗੈਰ-ਅਧਿਕਾਰਤ ਰੂਪ ਵਿੱਚ ਰੂਸੀ ਰਾਜ ਦੇ ਹਿੱਤਾਂ ਨੂੰ ਅੱਗੇ ਵਧਾਇਆ। ਉਹਨਾਂ ਖੇਤਰਾਂ ਵਿੱਚ ਜਿੱਥੇ ਰੂਸ ਦਾ ਨਿਹਿਤ ਹਿੱਤ ਸੀ, ਪਰ ਉਹ ਆਪਣੀ ਸਿੱਧੀ ਸ਼ਮੂਲੀਅਤ ਨੂੰ ਸੀਮਤ ਕਰਨਾ ਚਾਹੁੰਦਾ ਸੀ, ਜਿਵੇਂ ਕਿ ਸੀਰੀਆ ਅਤੇ ਸੁਡਾਨ ਵਿੱਚ, ਵੈਗਨਰ ਗਰੁੱਪ ਨੇ ਰੂਸੀ ਸਰਕਾਰ ਨੂੰ ਮਦਦ ਪ੍ਰਦਾਨ ਕੀਤੀ।

ਉਦਾਹਰਨ ਲਈ, ਰੂਸ ਨੇ 2014 ਵਿੱਚ ਕ੍ਰੀਮੀਆ ਦੇ ਆਪਣੇ ਕਬਜ਼ੇ ਵਿੱਚ ਸਹਾਇਤਾ ਲਈ ਵੈਗਨਰ ਗਰੁੱਪ ਦੀ ਵਰਤੋਂ ਕੀਤੀ। ਰੂਸ ਵੱਲੋਂ 2014 ਵਿੱਚ ਪੂਰਬੀ ਯੂਕਰੇਨ ਦੇ ਡੋਨਬਾਸ ਖੇਤਰ ਵਿੱਚ ਵੈਗਨਰ ਗਰੁੱਪ ਦੀ ਵਰਤੋਂ ਨੇ ਵੀ ਰੂਸੀ ਫੌਜ ਨੂੰ ਸ਼ਮੂਲੀਅਤ ਤੋਂ ਮੁੱਕਰਨ ਦਾ ਮੌਕਾ ਦਿੱਤਾ। ਵੈਗਨਰ ਗਰੁੱਪ ਅਤੇ ਰੂਸੀ ਫੌਜ ਇੱਕ-ਦੂਜੇ ਦੇ ਉਦੇਸ਼ਾਂ ਦਾ ਸਮਰਥਨ ਕਰਦੇ ਹਨ।

ਰੂਸ-ਯੂਕਰੇਨ ਯੁੱਧ ਨੇ ਦੋਵਾਂ ਸਮੂਹਾਂ ਵਿਚਕਾਰ ਸੰਬੰਧਾ ਨੂੰ ਬਦਲ ਦਿੱਤਾ। ਰੂਸੀ ਫੌਜ ਨੂੰ ਯੂਕਰੇਨ ਵਿੱਚ ਤੇਜ਼ੀ ਨਾਲ ਫੌਜੀ ਜਿੱਤ ਦੀ ਉਮੀਦ ਸੀ। ਇਸ ਦੀ ਬਜਾਏ ਇਸ ਨੂੰ ਲੱਗਭੱਗ ਸੰਘਰਸ਼ ਦੀ ਸ਼ੁਰੂਆਤ ਤੋਂ ਹੀ ਝਟਕਿਆਂ ਦਾ ਸਾਹਮਣਾ ਕਰਨਾ ਪਿਆ। ਇਹ ਝਟਕੇ ਇੰਨੇ ਮਹੱਤਵਪੂਰਨ ਸਨ ਕਿ ਉਨ੍ਹਾਂ ਨੇ ਰੂਸ ਨੂੰ ਵੈਗਨਰ ਗਰੁੱਪ ਨੂੰ ਸਿੱਧੇ ਤੌਰ 'ਤੇ ਇਸ ਦੇ ਕਾਰਜਾਂ ਦਾ ਸਮਰਥਨ ਕਰਨ ਲਈ ਤਾਇਨਾਤ ਕਰਨ ਲਈ ਮਜਬੂਰ ਕੀਤਾ।

ਫੌਜੀ ਰੂਪਾਂ ਵਿੱਚ ਵੈਗਨਰ ਸਮੂਹ ਦੀ ਰੂਸ ਦੀ ਤਾਇਨਾਤੀ ਨੇ ਯੂਕਰੇਨ ਵਿੱਚ ਇਸਦੇ ਕਾਰਜਾਂ ਨੂੰ ਸਥਿਰ ਕਰਨ ਵਿੱਚ ਸਹਾਇਤਾ ਕੀਤੀ।

2022 ਵਿੱਚ ਵੈਗਨਰ ਸਮੂਹ, ਰੂਸੀ ਫੌਜ ਦੇ ਬਹੁਤੇ ਹਿੱਸੇ ਦੇ ਉਲਟ, ਇੱਕ ਉੱਚ ਸਿਖਲਾਈ ਪ੍ਰਾਪਤ ਫੋਰਸ ਸੀ। ਵੈਗਨਰ ਗਰੁੱਪ ਦੇ ਸਿਪਾਹੀ ਅਸਲ ਵਿੱਚ ਰੂਸ ਦੀਆਂ ਬਹੁਤ ਸਾਰੀਆਂ ਸ਼ੁਰੂਆਤੀ ਸਫਲਤਾਵਾਂ ਲਈ ਜ਼ਿੰਮੇਵਾਰ ਸਨ, ਜਿਵੇਂ ਕਿ ਸਿਵੀਏਰੋਡੋਨੇਟਸਕ ਦੀ ਲੜਾਈ।

ਇਹ ਓਪਰੇਸ਼ਨ ਹਾਲਾਂਕਿ ਬਿਨਾਂ ਲਾਗਤ ਦੇ ਨਹੀਂ ਸਨ। ਵੈਗਨਰ ਗਰੁੱਪ ਨੂੰ ਇੰਨਾ ਵੱਡਾ ਨੁਕਸਾਨ ਹੋਇਆ ਕਿ ਇਹ ਆਪਣੀਆਂ ਰਵਾਇਤੀ ਰਣਨੀਤੀਆਂ ਨੂੰ ਕਾਇਮ ਨਹੀਂ ਰੱਖ ਸਕਿਆ। ਇਸ ਦੀ ਬਜਾਏ ਵੈਗਨਰ ਗਰੁੱਪ ਨੇ ਰੂਸ ਦੀਆਂ ਜੇਲ੍ਹਾਂ ਸਮੇਤ ਆਪਣੀਆਂ ਘੱਟ ਹੋਈਆਂ ਫੌਜਾਂ ਨੂੰ ਭਰਨ ਲਈ ਸਮੂਹਿਕ ਭਰਤੀ ਦੇ ਯਤਨ ਸ਼ੁਰੂ ਕੀਤੇ।

ਇਸ ਨੇ ਵੈਗਨਰ ਸਮੂਹ ਅਤੇ ਰੂਸੀ ਫੌਜ ਦੇ ਵਿਚਕਾਰ ਦੀਆਂ ਲਾਈਨਾਂ ਨੂੰ ਧੁੰਦਲਾ ਕਰ ਦਿੱਤਾ, ਜਦੋਂ ਕਿ ਪਹਿਲਾਂ ਦੋਵਾਂ ਸੰਸਥਾਵਾਂ ਦੇ ਪ੍ਰਭਾਵ ਦੇ ਵੱਖਰੇ ਖੇਤਰ ਸਨ, ਦੋਵੇਂ ਹੁਣ ਜ਼ਰੂਰੀ ਤੌਰ 'ਤੇ ਰਵਾਇਤੀ ਤਾਕਤਾਂ ਵਜੋਂ ਕੰਮ ਕਰਦੇ ਹਨ।

ਪ੍ਰਭਾਵ ਦੇ ਅਸਪਸ਼ਟ ਰੂਪ ਨੂੰ, ਜਦੋਂ ਕਿ ਰੂਸੀ ਫੌਜ ਅਤੇ ਵੈਗਨਰ ਸਮੂਹ ਦੇ ਮਾਮਲੇ ਵਿੱਚ ਜ਼ਰੂਰਤ ਦੁਆਰਾ ਮਜਬੂਰ ਕੀਤਾ ਜਾਂਦਾ ਹੈ, ਰੂਸ ਲਈ ਬੇਮਿਸਾਲ ਨਹੀਂ ਹਨ। ਅਸਲ ਵਿੱਚ ਉਹ ਰੂਸੀ ਰਾਜਨੀਤਕ ਪ੍ਰਣਾਲੀ ਦੀ ਇੱਕ ਵਿਸ਼ੇਸ਼ਤਾ ਹਨ ਅਤੇ ਇਸ ਲਈ ਇੱਕ ਵਿਅਕਤੀ ਜ਼ਿੰਮੇਵਾਰ ਹੈ, ਉਹ ਹੈ ਵਲਾਦੀਮੀਰ ਪੁਤਿਨ।


ਮਨਮੀਤ ਕੱਕੜ

ਪੁਤਿਨ ਦਾ ਪ੍ਰਭਾਵ-ਆਖਰਕਾਰ ਸਿਰਫ ਰੂਸੀ ਰਾਸ਼ਟਰਪਤੀ ਹੀ ਆਪਣੇ ਮਾਤਹਿਤ ਵਿਚਕਾਰ ਝਗੜਿਆਂ ਨੂੰ ਹੱਲ ਕਰ ਸਕਦਾ ਹੈ। ਇਹ ਨਾ ਸਿਰਫ ਪੁਤਿਨ ਦੇ ਮਾਤਹਿਤ ਅਧਿਕਾਰੀਆਂ ਦੀ ਸ਼ਕਤੀ ਦੇ ਅਧਾਰ ਬਣਾਉਣ ਦੀ ਯੋਗਤਾ ਨੂੰ ਸੀਮਤ ਕਰਦਾ ਹੈ, ਜੋ ਉਸ ਨੂੰ ਚੁਣੌਤੀ ਦੇ ਸਕਦਾ ਹੈ, ਬਲਕਿ ਰਾਜਨੀਤਕ ਪ੍ਰਣਾਲੀ ਲਈ ਉਸ ਦੀ ਮਹੱਤਤਾ ਨੂੰ ਵੀ ਮਜ਼ਬੂਤ ਕਰਦਾ ਹੈ।

ਰੂਸੀ ਰਾਜਨੀਤਕ ਪ੍ਰਣਾਲੀ ਦਾ ਇਹ ਪਹਿਲੂ ਸ਼ਾਂਤੀ ਦੇ ਸਮੇਂ ਵਿੱਚ ਬਹੁਤ ਪ੍ਰਭਾਵਸ਼ਾਲੀ ਹੈ, ਜਦੋਂ ਤੱਕ ਪੁਤਿਨ ਲਈ ਆਪਣਾ ਪ੍ਰਭਾਵ ਅਤੇ ਸ਼ਕਤੀ ਬਣਾਈ ਰੱਖਣ ਦਾ ਟੀਚਾ ਹੈ। ਸੰਘਰਸ਼ ਜਾਂ ਸਿੱਧੇ ਯੁੱਧ ਦੇ ਸਮੇਂ ਵਿੱਚ ਹਾਲਾਂਕਿ ਦੋ ਧਿਰੀ ਸੁਰੱਖਿਆ ਪ੍ਰਣਾਲੀ ਆਸਾਨੀ ਨਾਲ ਇੱਕ ਮੁਸੀਬਤ ਬਣ ਸਕਦੀ ਹੈ। ਯੂਕਰੇਨ 'ਤੇ ਰੂਸ ਦੇ ਹਮਲੇ ਦੀ ਅਗਵਾਈ ਵਿੱਚ ਇਹ ਸਪੱਸ਼ਟ ਹੋ ਗਿਆ ਕਿ ਪੁਤਿਨ ਦੇ ਮਾਤਹਿਤਾਂ ਨੇ ਉਸ ਨੂੰ ਯੂਕਰੇਨੀ ਜਾਂ ਰੂਸੀ ਹਥਿਆਰਬੰਦ ਬਲਾਂ ਦੀਆਂ ਸਮਰਥਾਵਾਂ ਦੀ ਇੱਕ ਸਹੀ ਅਤੇ ਸਪੱਸ਼ਟ ਤਸਵੀਰ ਪ੍ਰਦਾਨ ਨਹੀਂ ਕੀਤੀ।

ਮੌਜੂਦਾ ਰੂਸ-ਯੂਕਰੇਨ ਸੰਘਰਸ਼ ਦੌਰਾਨ ਇਸ ਦਾ ਮਤਲਬ ਸੀ ਕਿ ਪ੍ਰਤੀਯੋਗੀ ਧੜਿਆਂ ਵਿੱਚ ਆਪਸੀ ਸਹਿਯੋਗ ਹੋਣਾ ਚਾਹੀਦਾ ਸੀ - ਇਸ ਮਾਮਲੇ ਵਿੱਚ ਰੂਸੀ ਫੌਜ ਅਤੇ ਅਰਧ ਸੈਨਿਕ ਬਲਾਂ ਵਿੱਚ ਇਹ ਸਹਿਯੋਗ ਨਾਮਾਤਰ ਰਿਹਾ ਹੈ। ਸਭ ਤੋਂ ਮਾੜੀ ਸਥਿਤੀ ਵਿੱਚ ਇਹ ਤਣਾਅ ਖੁੱਲ੍ਹੇ ਟਕਰਾਅ ਦਾ ਕਾਰਨ ਬਣ ਸਕਦੇ ਹਨ, ਜਿਵੇਂ ਕਿ ਅਸੀਂ ਵੈਗਨਰ ਸਮੂਹ ਅਤੇ ਰੂਸੀ ਫੌਜ ਵਿਚਕਾਰ ਦੇਖਿਆ ਹੈ।

ਹਾਲਾਂਕਿ ਇਹ ਤੂਫਾਨ ਹੁਣ ਲਈ ਪੁਤਿਨ ਲਈ ਫਿਲਹਾਲ ਲੰਘਿਆ ਜਾਪਦਾ ਹੈ, ਵੈਗਨਰ ਸਮੂਹ ਰੂਸ ਪ੍ਰਤੀ ਅਰਧ ਸੈਨਿਕ ਬਲਾਂ ਵਿੱਚ ਅਸੰਤੋਸ਼ ਪੈਦਾ ਕਰਨ ਦੀ ਸਭ ਤੋਂ ਪ੍ਰਮੁੱਖ ਉਦਾਹਰਣ ਹੈ।

ਰਮਜਾਨ ਕਾਦਿਰੋਵ, ਚੇਚਨ ਨੇਤਾ ਜੋ 12,000 ਸੈਨਿਕਾਂ ਦੇ ਨੀਮ ਫੌਜੀ ਸਮੂਹ ਦੀ ਕਮਾਂਡ ਕਰਦਾ ਹੈ, ਨੇ ਪਹਿਲਾਂ ਹੀ ਆਪਣੀਆਂ ਫੌਜਾਂ ਅਤੇ ਰੂਸੀ ਫੌਜ ਵਿਚਕਾਰ ਸਮੱਸਿਆਵਾਂ ਸਬੰਧੀ ਚਰਚਾ ਕੀਤੀ ਹੈ।

ਇਹ ਗੱਲ ਕਰਨਾ ਮਹੱਤਵਪੂਰਨ ਹੈ ਕਿ ਜਦੋਂ ਪੁਤਿਨ ਰਾਸ਼ਟਰ ਨੂੰ ਆਪਣੇ ਸੰਬੋਧਨ ਵਿੱਚ ਵੈਗਨਰ ਸਮੂਹ ਦੀ ਨਿੰਦਾ ਕਰਦੇ ਦਿਖਾਈ ਦਿੱਤੇ, ਜਦੋਂ ਪ੍ਰਿਗੋਜਿਨ ਦੀ ਬਗਾਵਤ ਚੱਲ ਰਹੀ ਸੀ, ਪਰ ਪੁਤਿਨ ਨੇ ਆਪਣੇ ਸੰਬੋਧਨ ਵਿੱਚ ਵੈਗਨਰ ਗਰੁੱਪ ਦੇ ਨੇਤਾ ਦਾ ਨਾਂਅ ਦਾ ਜ਼ਿਕਰ ਨਹੀਂ ਕੀਤਾ। ਇਹ ਭੁੱਲ ਨਿਸ਼ਚਿਤ ਤੌਰ 'ਤੇ ਸੋਚ-ਸਮਝ ਕੇ ਕੀਤੀ ਗਈ ਸੀ। ਇਸ ਭੁੱਲ ਨੇ ਪ੍ਰਿਗੋਜਿਨ ਦੀ ਬਗਾਵਤ ਦੀ ਸਫਲਤਾ, ਜਾਂ ਅਸਫਲਤਾ, ਦੇ ਅਧਾਰ 'ਤੇ ਪੁਤਿਨ ਦੇ ਵਿਕਲਪਾਂ ਨੂੰ ਖੁੱਲ੍ਹਾ ਰੱਖਿਆ।

ਥੋੜ੍ਹੇ ਸਮੇਂ ਲਈ ਬਗਾਵਤ ਅਜੇ ਵੀ ਰੂਸ-ਯੂਕਰੇਨ ਵਿੱਚ ਜੰਗ ਵਿੱਚ ਇੱਕ ਮੋੜ ਬਣ ਸਕਦੀ ਹੈ, ਪਰ ਇਹ ਸੰਘਰਸ਼ ਨੂੰ ਕਿਵੇਂ ਬਦਲੇਗਾ, ਇਹ ਅਜੇ ਵੀ ਅਨਿਸਚਿਤ ਹੈ। ਜੇ ਇਹ ਲੰਮਾ ਸਮਾਂ ਚੱਲਦਾ ਹੁੰਦਾ ਤਾਂ ਵਿਦਰੋਹ ਸੰਭਾਵਤ ਤੌਰ 'ਤੇ ਪੁਤਿਨ ਨੂੰ ਸੰਘਰਸ਼ ਨੂੰ ਖਤਮ ਕਰਨ ਅਤੇ ਚਿਹਰਾ ਬਚਾਉਣ ਦਾ ਇੱਕ ਰਸਤਾ ਪ੍ਰਦਾਨ ਕਰ ਸਕਦਾ ਸੀ।

ਰੂਸ-ਯੂਕਰੇਨ ਟਕਰਾਅ ਦੀ ਸ਼ੁਰੂਆਤ ਤੋਂ ਪੁਤਿਨ ਨੂੰ ਪਤਾ ਸੀ ਕਿ ਉਹ ਯੂਕਰੇਨ ਵਿੱਚ ਹਾਰ ਦੀ ਨਮੋਸ਼ੀ ਝੱਲਣ ਦੇ ਸਮਰੱਥ ਨਹੀਂ ਹੈ। ਜੇਕਰ ਉਹ ਹਾਰ ਦਾ ਦੋਸ਼ ਇੱਕ ਜਾਂ ਕਈ ਬਲੀ ਦੇ ਬੱਕਰਿਆਂ 'ਤੇ ਪਾ ਸਕਦਾ ਹੈ-ਜਿਵੇਂ ਕਿ ਵੈਗਨਰ ਗਰੁੱਪ ਦੀਆਂ ਫੌਜਾਂ ਜਾਂ ਹੋਰ ਨੀਮ ਫੌਜੀ ਸਮੂਹ ਜੋ ਅਜੇ ਵੀ ਯੂਕਰੇਨ ਯੁੱਧ ਬੰਦ ਕਰਨ ਬਾਰੇ ਅੰਦੋਲਨ ਕਰ ਰਹੇ ਹਨ, ਇਹ ਸਭ ਪੁਤਿਨ ਨੂੰ ਇਸ ਸਭ ਕਾਸੇ 'ਚੋਂ ਆਪਣੇ-ਆਪ ਨੂੰ ਬਚਾ ਕੇ ਨਿੱਕਲਣ ਦਾ ਤਰੀਕਾ ਵੀ ਹੋ ਸਕਦਾ ਹੈ। ਇਹ ਅਜੇ ਵੀ ਪੁਤਿਨ ਦੇ ਹੇਠਾਂ ਸੱਤਾ ਗਲਿਆਰਿਆਂ ਵਿੱਚ ਤਬਦੀਲੀ ਦਾ ਕਾਰਨ ਬਣ ਸਕਦਾ ਹੈ। ਉਹ ਦਲੀਲ ਨਾਲ 2000 ਦੀਆਂ ਚੋਣਾਂ ਜਿੱਤਣ ਤੋਂ ਬਾਅਦ ਆਪਣੇ ਰਾਸ਼ਟਰਪਤੀ ਹੁੰਦੇ ਹੋਣ ਦੇ ਸਭ ਤੋਂ ਕਮਜ਼ੋਰ ਸਮਿਆਂ ਵਿੱਚੋਂ ਇੱਕ ਹੈ, ਪਰ ਉਹ ਆਸਾਨੀ ਨਾਲ ਕੰਟਰੋਲ ਨਹੀਂ ਛੱਡੇਗਾ।

ਆਪਣੇ ਪ੍ਰਭਾਵ ਨੂੰ ਕਾਇਮ ਰੱਖਣ ਲਈ ਪੁਤਿਨ ਯੂਕਰੇਨ ਵਿੱਚ ਜੰਗ ਦੇ ਸਿੱਧੇ ਪ੍ਰਭਾਵਾਂ ਦੇ ਨਾਲ ਰੂਸ ਉੱਤੇ ਆਪਣੇ ਦਬਦਬੇ ਨੂੰ ਮੁੜ ਕਾਇਮ ਕਰਨ ਲਈ ਕਿਸੇ ਵੀ ਅਤੇ ਹਰ ਸੰਭਾਵਨਾ 'ਤੇ ਵਿਚਾਰ ਕਰੇਗਾ।

***# ਸੰਪਰਕ : 95774-40002***

27-JUNE-PAGE-5.qxd 6/26/2023 10:43 PM Page 1



# ਆਪ ਸਰਕਾਰ ਵੱਲੋਂ ਪੈਨਸ਼ਨਰਾਂ 'ਤੇ ਜਜ਼ੀਆ ਟੈਕਸ ਲਾ ਕੇ ਹਰ ਸਾਲ 72 ਕਰੋੜ ਰੁਪਏ ਵਸੂਲੇ ਜਾਣਗੇ : ਲੁਬਾਣਾ/ਰਾਣਵਾਂ

## ■ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਨੋਟੀਫਿਕੇਸ਼ਨ ਦੀਆਂ ਸਾੜੀਆਂ ਕਾਪੀਆਂ




**ਪਟਿਆਲਾ (ਨਵਾਂ ਜ਼ਮਾਨਾ ਸਰਵਿਸ)**

ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੀ ਕਲਾਸ ਫੋਰਥ ਗੌਰਮਿਟ ਇੰਪਲਾਈਜ਼ ਯੂਨੀਅਨ ਪੰਜਾਬ (1680) ਜ਼ਿਲ੍ਹਾ ਕਮੇਟੀ ਵੱਲੋਂ ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਿਸ਼ਾਲ ਗੇਟ ਰੈਲੀ ਕਰਕੇ ਆਪ ਸਰਕਾਰ ਦੁਆਰਾ ਸਰਕਾਰੀ ਤੇ ਅਰਧ-ਸਰਕਾਰੀ ਵਿਭਾਗਾਂ ਵਿੱਚੋਂ ਸੇਵਾ ਮੁਕਤ ਹੋਏ ਮੁਲਾਜ਼ਮਾਂ (ਪੈਨਸ਼ਨਰਾਂ) ਤੋਂ 200 ਰੁਪਏ ਜਜੀਆ ਟੈਕਸ ਵਸੂਲਣ ਸੰਬੰਧੀ ਜਾਰੀ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜ ਕੇ ਮੁੱਖ ਮੰਤਰੀ ਤੇ ਵਿੱਤ ਮੰਤਰੀ ਦਾ ਜ਼ੋਰਦਾਰ ਪਿੱਟ ਸਿਆਪਾ ਕੀਤਾ ਗਿਆ। ਮੁਲਾਜ਼ਮਾਂ ਤੇ ਪ੍ਰਮੁੱਖ ਆਗੂਆਂ ਕਾਮਰੇਡ ਨਿਰਮਲ ਸਿੰਘ ਧਾਲੀਵਾਲ, ਦਰਸ਼ਨ ਸਿੰਘ ਲੁਬਾਣਾ, ਬਲਜਿੰਦਰ ਸਿੰਘ, ਦੀਪ ਚੰਦ ਹੰਸ, ਜਗਮੋਹਨ ਨੌਲੱਖਾ ਤੇ ਸੂਰਜ ਪਾਲ ਯਾਦਵ ਨੇ ਕਿਹਾ ਕਿ ਕਾਂਗਰਸ ਸਰਕਾਰ ਨੇ ਅਪ੍ਰੈਲ 2018 ਵਿੱਚ ਮੁਲਾਜ਼ਮਾਂ 'ਤੇ ਵਿਕਾਸ ਟੈਕਸ ਦੇ ਨਾਂਅ 'ਤੇ 200 ਰੁਪਏ ਜਜੀਆ ਟੈਕਸ ਲਾਇਆ ਸੀ, ਪ੍ਰੰਤੂ "ਆਪ ਸਰਕਾਰ" ਦੇ ਚੋਣਾਂ ਵੇਲੇ ਕੀਤੇ ਵਾਅਦੇ ਹੁਣ ਖੋਖਲੇ ਸਾਬਿਤ ਹੋ ਰਹੇ ਹਨ, ਕਿਉਂਕਿ ਸ੍ਰੀ ਹਰਪਾਲ ਸਿੰਘ ਚੀਮਾ ਵਿੱਤ ਮੰਤਰੀ ਵੀ ਕਾਂਗਰਸ ਸਰਕਾਰ ਵੇਲੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਇਕੱਠਾਂ ਵਿੱਚ ਗਲਾਂ 'ਚ ਮੁਲਾਜ਼ਮ ਮੰਗਾਂ ਦੀ ਫੱਟੀ ਪਾ ਕੇ ਵਾਅਦੇ ਤੇ ਦਾਅਵੇ ਕਰਦੇ ਸਨ, ਪ੍ਰੰਤੂ ਅੱਜ ਸਾਰੇ ਉਲਟ ਸਾਬਿਤ ਹੋ ਰਹੇ ਹਨ। ਦਰਸ਼ਨ ਸਿੰਘ ਲੁਬਾਣਾ ਨੇ ਦੱਸਿਆ ਕਿ ਪੰਜਾਬ ਵਿੱਚ ਪੈਨਸ਼ਨਰਾਂ ਦੀ ਗਿਣਤੀ ਤਕਰੀਬਨ "ਤਿੰਨ ਲੱਖ" ਹੈ, 2400 ਰੁਪਏ ਇੱਕ ਪੈਨਸ਼ਨਰ ਪਾਸੋਂ ਸਾਲ ਵਿੱਚ ਵਸੂਲੇ ਜਾਣੇ ਹਨ, ਜੋ ਪ੍ਰਤੀ ਮਹੀਨਾ 6 ਕਰੋੜ ਰੁਪਏ ਬਣਦੇ ਹਨ 3,00,000×2400 ਸਾਲਾਨਾ 72 ਕਰੋੜ ਰੁਪਏ ਰਾਸ਼ੀ ਬਣਦੀ ਹੈ। ਇਹ ਕਟੌਤੀ ਕਰਕੇ ਆਪ ਸਰਕਾਰ ਨੇ ਬਜ਼ੁਰਗ ਪੈਨਸ਼ਨਰਾਂ ਨਾਲ ਧ੍ਰੋਹ ਕੀਤਾ ਹੈ। ਗੇਟ ਰੈਲੀ ਵਿੱਚ ਵਿਸ਼ੇਸ਼ ਤੌਰ 'ਤੇ ਕੱਚੇ/ਆਊਟ ਸੋਰਸ ਮੁਲਾਜ਼ਮਾਂ ਤੇ ਮੁਲਾਜ਼ਮਾਂ ਦੀਆਂ ਲਮਕਾ ਅਵਸਥਾ ਵਿੱਚ ਪਈਆਂ ਮੰਗਾਂ ਦਾ ਵੀ ਜ਼ਿਕਰ ਕੀਤਾ ਗਿਆ।

ਇਸ ਮੌਕੇ ਪਾਵਰਕਾਮ ਆਗੂ ਸੰਤੋਖ ਸਿੰਘ ਬੋਪਾਰਾਏ, ਭਿੰਦਰ ਸਿੰਘ ਚਹਿਲ, ਜਗਤਾਰ ਸਿੰਘ, ਉਤਮ ਸਿੰਘ ਬਾਗੜੀ, ਸੁਖਦੇਵ ਸੁੱਖੀ, ਪ੍ਰੀਤਮ ਚੰਦ ਠਾਕੁਰ, ਬਲਬੀਰ ਸਿੰਘ, ਇੰਦਰਪਾਲ, ਅਸ਼ੋਕ ਕੁਮਾਰ ਬਿੱਟੂ, ਰਾਮ ਪਾਲ, ਸੁਨੀਲ ਦੱਤ, ਪ੍ਰਕਾਸ਼ ਲੁਬਾਣਾ, ਰਾਜੇਸ਼ ਗੋਲੂ, ਮੇਧ ਨਾਥ, ਉਂਕਾਰ ਸਿੰਘ, ਨਿਸ਼ਾ ਰਾਣੀ, ਰਾਮ ਪ੍ਰਸਾਦ ਸਹੋਤਾ, ਤਰਲੋਚਨ ਮਾੜੂ, ਮੱਖਣ ਸਿੰਘ, ਵੈਦ ਪ੍ਰਕਾਸ਼, ਹਰਬੰਸ ਸਿੰਘ, ਸੁਭਾਸ਼, ਕੁਲਦੀਪ ਸਿੰਘ ਸਕਰਾਲੀ, ਅਮਰਜੀਤ ਜੋਗੀਪੁਰ, ਅਪਵਿੰਦਰ ਸਿੰਘ ਗੁੱਲੀ, ਸ਼ਿਵ ਚਰਨ, ਰਾਜ ਨਾਥ, ਸਤਪਾਲ ਲੰਗ, ਦਰਸ਼ਨ ਭਾਦਸੋਂ, ਗੁਰਿੰਦਰ ਗੁਰੀ, ਕਿਰਨ ਪਾਲ, ਮੇਜਰ ਸਿੰਘ, ਅਰੁਣ ਕੁਮਾਰ, ਰਾਜਵੰਤ ਕੌਰ, ਲਖਵੀਰ ਸਿੰਘ, ਅਮਰਜੀਤ ਧਾਲੀਵਾਲ, ਬੰਸੀ ਲਾਲ, ਰਾਜੇਸ਼ ਕੁਮਾਰ, ਜਗਤਾਰ ਬਾਬਾ, ਸਤਿਨਰਾਇਣ ਗੋਨੀ ਆਦਿ ਹਾਜ਼ਰ ਸਨ।

## ਗੁਰਨਾਮ ਸਿੰਘ ਯੂਥ ਪੰਜਾਬ ਦੇ ਮੀਡੀਆ ਮੁਖੀ ਬਣੇ

**ਫਾਜ਼ਿਲਕਾ (ਕ੍ਰਿਸ਼ਨ ਸਿੰਘ)**-ਗੁਰਨਾਮ ਸਿੰਘ ਸੰਧੂ ਨੂੰ ਨੈਸ਼ਨਲ ਸਟੂਡੈਂਟ ਫਾਰਮਰਜ਼ ਆਰਗੇਨਾਈਜ਼ੇਸ਼ਨ ਇੰਡੀਆ ਪੰਜਾਬ ਦਾ ਮੀਡੀਆ ਮੁਖੀ (ਸੂਬਾ ਪ੍ਰਧਾਨ) ਯੂਥ ਪੰਜਾਬ ਨਾਮਜ਼ਦ ਕੀਤਾ ਗਿਆ ਹੈ। ਇਸ ਮੌਕੇ ਗੁਰਨਾਮ ਸਿੰਘ ਸੰਧੂ ਨੇ ਕਿਹਾ ਕਿ ਨੈਸ਼ਨਲ ਸਟੂਡੈਂਟ ਫਾਰਮਰਜ਼ ਆਰਗੇਨਾਈਜੇਸ਼ਨ ਇੰਡੀਆ ਪੰਜਾਬ ਦੇ ਕੌਮੀ ਪ੍ਰਧਾਨ ਸ੍ਰ. ਅਖਿਲੇਸ਼ ਸਿੰਘ ਲੋਧੀ ਤੇ ਕੌਮੀ ਕਨਵੀਨਰ ਸੀਤਲ ਕੌਰ ਨੇ ਉਨ੍ਹਾਂ ਨੂੰ ਜਥੇਬੰਦੀ ਦਾ ਮੀਡੀਆ ਮੁਖੀ (ਸੂਬਾ ਪ੍ਰਧਾਨ) ਨਾਮਜ਼ਦ ਕਰਕੇ ਉਨ੍ਹਾਂ ਨੂੰ ਬਣਦਾ ਮਾਣ ਸਤਿਕਾਰ ਦਿੱਤਾ ਹੈ, ਇਸ ਲਈ ਉਹ ਉਨ੍ਹਾਂ ਦੇ ਧੰਨਵਾਦੀ ਹਨ। ਉਨ੍ਹਾ ਕਿਹਾ ਕਿ ਉਨ੍ਹਾਂ ਨੂੰ ਪੂਰਾ ਵਿਸ਼ਵਾਸ ਹੈ ਕਿ ਉਹ ਸੰਸਥਾ ਲਈ ਸੱਚੀ ਤਨਦੇਹੀ ਤੇ ਲਗਨ ਨਾਲ ਕੰਮ ਕਰਨਗੇ। ਉਨ੍ਹਾ ਕਿਹਾ ਕਿ ਲੋਕ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਦੇ ਹੱਲ ਲਈ ਉਨ੍ਹਾਂ ਤੱਕ ਪਹੁੰਚ ਕਰ ਸਕਦੇ ਹਨ ਤੇ ਉਹ ਲੋਕਾਂ ਦੀਆਂ ਮੁਸ਼ਕਲਾਂ ਨੂੰ ਹੱਲ ਕਰਵਾਉਣ ਦੀ ਪੂਰੀ ਕੋਸ਼ਿਸ਼ ਕਰਨਗੇ।



## ਨਸ਼ਾ ਵਿਰੋਧੀ ਦਿਵਸ ਮਨਾਇਆ

**ਭੀਖੀ (ਧਰਮਵੀਰ ਸ਼ਰਮਾ)**-ਐਡੀਸ਼ਨਲ ਡਾਇਰੈਕਟਰ ਜਨਰਲ ਪੁਲਸ ਬਠਿੰਡਾ ਰੇਂਜ ਬਠਿੰਡਾ, ਐੱਸ ਐੱਸ ਪੀ ਮਾਨਸਾ ਡਾ. ਨਾਨਕ ਸਿੰਘ, ਕਪਤਾਨ ਪੁਲਸ (ਡੀ)-ਕਮ-ਜ਼ਿਲ੍ਹਾ ਕਮਿਊਨਿਟੀ ਪੁਲਸ ਅਫਸਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਥਾਣਾ ਸਾਂਝ ਕੇਂਦਰ ਭੀਖੀ ਵੱਲੋਂ ਸਥਾਨਕ ਬੱਸ ਸਟੈਂਡ ਵਿਖੇ ਅੰਤਰ ਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਮਨਾਇਆ ਗਿਆ, ਜਿਸ ਵਿੱਚ ਟੈਕਸੀ ਯੂਨੀਅਨ ਭੀਖੀ ਦੇ ਵਰਕਰਾਂ ਤੇ ਆਮ ਲੋਕਾਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਪਬਲਿਕ ਨੂੰ ਨਸ਼ਾ ਮੁਕਤ ਸਮਾਜ ਬਣਾਉਣ ਲਈ ਪ੍ਰੇਰਿਤ ਕੀਤਾ ਤੇ ਨਸ਼ਿਆਂ ਦੀ ਰੋਕਥਾਮ ਲਈ ਪਬਲਿਕ ਨਾਲ ਵਿਚਾਰ ਵਟਾਂਦਰਾ ਕੀਤਾ। ਇਸ ਮੌਕੇ ਸਾਂਝ ਕੇਂਦਰ ਕਰਮਚਾਰੀ ਜਗਸੀਰ ਸਿੰਘ ਨੇ ਕਿਹਾ ਕਿ ਨਸ਼ਿਆਂ ਦੇ ਖਾਤਮੇ ਲਈ ਸਾਨੂੰ ਹੰਭਲਾ ਮਾਰਨ ਦੀ ਲੋੜ ਹੈ।

# ਪੈਨਸ਼ਨਰਾਂ ਨੇ ਵਿਕਾਸ ਫੰਡ ਦੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜੀਆਂ

## ਸਰਕਾਰ ਨੇ ਫੈਸਲਾ ਵਾਪਸ ਨਾ ਲਿਆ ਤਾਂ ਤਿੱਖਾ ਸੰਘਰਸ਼ ਵਿੱਢਾਂਗੇ : ਪ੍ਰੇਮ ਸਾਗਰ/ਸਿਕੰਦਰ ਸਿੰਘ



ਸਮਰਾਲਾ ਵਿਖੇ ਪ੍ਰੇਮ ਸਾਗਰ ਸ਼ਰਮਾ ਦੀ ਅਗਵਾਈ ਹੇਠ ਪੈਨਸ਼ਨਰ ਪੰਜਾਬ ਸਰਕਾਰ ਵੱਲੋਂ ਜਾਰੀ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜਦੇ ਹੋਏ।

**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਸਰਕਾਰ ਵੱਲੋਂ ਪੰਜਾਬ ਭਰ ਦੇ ਪੈਨਸ਼ਰਾਂ ਕੋਲੋਂ 200 ਰੁਪਏ ਪ੍ਰਤੀ ਮਹੀਨਾ ਵਿਕਾਸ ਫੰਡ ਦੇ ਨਾਂ 'ਤੇ ਜਜੀਆ ਵਸੂਲਣ ਦੇ ਵਿਰੋਧ ਵਿੱਚ ਪੈਨਸ਼ਨਰਜ਼ ਮਹਾਂ ਸੰਘ (ਸੰਘਰਸ਼ੀ) ਦੇ ਪ੍ਰਧਾਨ ਪ੍ਰੇਮ ਸਾਗਰ ਸ਼ਰਮਾ ਤੇ ਪਾਵਰਕਾਮ ਮੰਡਲ ਸਮਰਾਲਾ ਦੇ ਪ੍ਰਧਾਨ ਸਿਕੰਦਰ ਸਿੰਘ ਦੀ ਅਗਵਾਈ ਹੇਠ ਐੱਸ. ਡੀ. ਐੱਮ. ਦਫਤਰ ਸਾਹਮਣੇ ਸਮੂਹ ਪੈਨਸ਼ਨਰਾਂ ਵੱਲੋਂ ਪੰਜਾਬ ਸਰਕਾਰ ਵੱਲੋਂ ਜਾਰੀ ਨੋਟੀਫਿਕੇਸ਼ਨ ਦੀਆਂ ਕਾਪੀਆਂ ਫੂਕੀਆਂ ਗਈਆਂ ਅਤੇ ਪੰਜਾਬ ਸਰਕਾਰ ਦਾ ਪਿੱਟ ਸਿਆਪਾ ਕੀਤਾ ਗਿਆ। ਇਸ ਮੌਕੇ ਪ੍ਰੈਸ ਦੇ ਨਾਂ ਬਿਆਨ ਜਾਰੀ ਕਰਦੇ ਹੋਏ ਉਪਰੋਕਤ ਆਗੂਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ 2.59 ਲਾਗੂ ਤਾਂ ਕੀ ਕਰਨਾ ਸੀ, ਉਲਟਾ 200 ਰੁਪਏ ਪ੍ਰਤੀ ਮਹੀਨਾ ਭਾਵ 2400 ਰੁਪਏ ਪ੍ਰਤੀ ਸਾਲਾਨਾ ਕੱਟਣ ਨਾਲ ਸਰਕਾਰ ਨੇ 84 ਕਰੋੜ ਰੁਪਏ ਸਾਲਾਨਾ ਪੈਨਸ਼ਨਰਾਂ ਦੀਆਂ ਜੇਬਾਂ ਵਿੱਚੋਂ ਕੱਢਣਾ ਸ਼ੁਰੂ ਕਰ ਦਿੱਤਾ ਹੈ। ਸਰਕਾਰ ਦੇ ਇਸ ਫੈਸਲੇ ਨਾਲ ਪੰਜਾਬ ਭਰ ਦੇ ਪੈਨਸ਼ਨਰਾਂ ਅੰਦਰ ਰੋਸ ਲਹਿਰ ਫੈਲ ਚੁੱਕੀ ਹੈ ਤੇ ਪੈਨਸ਼ਨਰਾਂ ਨੇ ਭਗਵੰਤ ਮਾਨ ਸਰਕਾਰ ਖਿਲਾਫ ਝੰਡਾ ਬੁਲੰਦ ਕਰਨ ਦਾ ਐਲਾਨ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਅੱਜ ਨੋਟੀਫਿਕੇਸ਼ਨ ਸਾੜਨਾ, ਸਰਕਾਰ ਨੂੰ ਚਿਤਾਵਨੀ ਦੇਣਾ ਹੈ ਕਿ ਉਹ ਇਸ ਨਾਦਰਸ਼ਾਹੀ ਫੁਰਮਾਨ ਨੂੰ ਵਾਪਸ ਲਵੇ, ਜੇਕਰ ਸਰਕਾਰ ਨੇ ਇਹ ਫੈਸਲਾ ਵਾਪਸ ਨਾ ਲਿਆ ਤਾਂ ਆਉਣ ਵਾਲੇ ਸਮੇਂ ਵਿੱਚ ਪੰਜਾਬ ਭਰ ਦੇ ਪੈਨਸ਼ਨਰ ਇਕੱਠੇ ਹੋ ਕੇ ਸਰਕਾਰ ਦਾ ਪੰਜਾਬ ਪੱਧਰ 'ਤੇ ਪਿੱਟ ਸਿਆਪਾ ਕਰਨਗੇ। ਪ੍ਰੇਮ ਸਾਗਰ ਸ਼ਰਮਾ ਨੇ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਭਗਵੰਤ ਮਾਨ ਸਰਕਾਰ ਪੁਰਾਣੀਆਂ ਰਿਵਾਇਤੀ ਪਾਰਟੀਆਂ ਦੀਆਂ ਸਰਕਾਰਾਂ ਨਾਲੋਂ ਵੀ ਮਾੜੀ ਨਿਕਲ ਰਹੀ ਹੈ, ਜਿਸ ਤੋਂ ਪੰਜਾਬ ਦੇ ਲੋਕਾਂ ਨੂੰ ਬਹੁਤ ਉਮੀਦਾਂ ਸਨ। ਜੇਕਰ ਪੰਜਾਬ ਸਰਕਾਰ ਦੀ ਵਜ੍ਹਾ ਕਾਰਨ ਪੰਜਾਬ ਦੇ ਪੈਨਸ਼ਨਰਾਂ ਨਾਲ ਕੋਈ ਅਣਹੋਣੀ ਘਟਨਾ ਵਾਪਰਦੀ ਹੈ ਤਾਂ ਇਸ ਦੀ ਸਾਰੀ ਜ਼ਿੰਮੇਵਾਰੀ ਭਗਵੰਤ ਮਾਨ ਸਰਕਾਰ ਦੀ ਹੋਵੇਗੀ।

ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜਨ ਮੌਕੇ ਉਪਰੋਕਤ ਤੋਂ ਇਲਾਵਾ ਪਵਨ ਕੁਮਾਰ, ਦਰਸ਼ਨ ਸਿੰਘ, ਸੰਗਤ ਸਿੰਘ ਸੇਖੋਂ ਪ੍ਰਧਾਨ ਟੀ. ਐੱਸ. ਯੂ., ਗੁਰਚਰਨ ਸਿੰਘ, ਹੁਸ਼ਿਆਰ ਸਿੰਘ, ਗੁਰਚਰਨ ਸਿੰਘ, ਕੁਲਵੰਤ ਸਿੰਘ, ਮਾ. ਪ੍ਰੇਮ ਨਾਥ, ਪਰਮਜੀਤ ਸਿੰਘ, ਅਮਰੀਕ ਸਿੰਘ, ਬਖਸ਼ੀਸ਼ ਸਿੰਘ, ਨੈਬ ਸਿੰਘ, ਬਹਾਦਰ ਸਿੰਘ, ਜਸਮੇਰ ਸਿੰਘ, ਰੁਲਦਾ ਸਿੰਘ, ਮੁਖਤਿਆਰ ਸਿੰਘ, ਸਿਕੰਦਰ ਸਿੰਘ, ਬਿਹਾਰੀ ਲਾਲ ਸੱਦੀ, ਮਨਮੋਹਣ ਸਿੰਘ, ਜਸਵੰਤ ਸਿੰਘ, ਸੁਖਦਰਸ਼ਨ ਸਿੰਘ, ਪ੍ਰੀਤਮ ਸਿੰਘ, ਸੁਰਜੀਤ ਵਿਸ਼ਦ, ਪ੍ਰੇਮ ਕੁਮਾਰ, ਦਰਸ਼ਨ ਸਿੰਘ ਕੈਸ਼ੀਅਰ, ਦਰਸ਼ਨ ਸਿੰਘ ਕੋਟਾਲਾ, ਹਰਪਾਲ ਸਿੰਘ ਸਿਹਾਲਾ, ਸ਼ਵਿੰਦਰ ਸਿੰਘ, ਸੋਨੀਆ, ਰਵਿੰਦਰ ਕੌਰ ਆਦਿ ਹਾਜ਼ਰ ਸਨ। ਇਸ ਤੋਂ ਇਲਾਵਾ ਰੋਸ ਧਰਨੇ ਵਿੱਚ ਵੱਡੀ ਗਿਣਤੀ 'ਚ ਵੱਖ ਵੱਖ ਮਹਿਕਮਿਆਂ ਦੇ ਪੈਨਸ਼ਨਰ ਹਾਜ਼ਰ ਹੋਏ।

# ਛੱਪੜ ਦਾ ਪਾਣੀ ਓਵਰਫਲੋ ਹੋਣ ਕਾਰਨ ਲੋਕ ਪ੍ਰੇਸ਼ਾਨ

## ■ ਨਗਰ ਪੰਚਾਇਤ ਨੇ ਲਾਇਆ ਕਮੇਟੀ ਦਫਤਰ ਨੂੰ ਜਿੰਦਰਾ



**ਮਾਨਸਾ (ਰੀਤਵਾਲ)**-ਜ਼ਿਲ੍ਹੇ ਦੇ ਕਸਬਾ ਜੋਗਾ ਵਿਖੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ, ਗੁਰਦੁਆਰਾ ਪਾਤਸ਼ਾਹੀ ਨੌਵੀਂ ਸਾਹਮਣੇ ਤੇ ਸ਼ਹਿਰ ਦੇ ਮੇਨ ਰਸਤੇ ਵਿੱਚ ਅਤੇ ਘਰਾਂ ਅੱਗੇ ਬਾਰਸ਼ਾਂ ਤੋਂ ਪਹਿਲਾਂ ਛੱਪੜ ਦੇ ਗੰਦੇ ਪਾਣੀ ਦਾ ਓਵਰਫਲੋ ਹੋਣ ਕਰਕੇ ਗੰਦਾ ਪਾਣੀ ਇਕੱਠਾ ਹੋਣ ਨਾਲ ਲੰਬੇ ਸਮੇਂ ਤੋਂ ਸ਼ਹਿਰ ਵਾਸੀ ਪ੍ਰੇਸ਼ਾਨੀਆਂ ਨਾਲ ਜੂਝ ਰਹੇ ਹਨ ਅਤੇ ਭਿਆਨਕ ਬੀਮਾਰੀਆਂ ਫੈਲਣ ਤੋਂ ਵੀ ਡਰ ਸਤਾ ਰਿਹਾ ਹੈ। ਨਗਰ ਪੰਚਾਇਤ ਨੇ ਛੋਟੀਆਂ ਮੋਟੀਆਂ ਬਹੁਤ ਕੋਸ਼ਿਸ਼ਾਂ ਕੀਤੀਆਂ ਹੱਲ ਕਰਨ ਲਈ, ਪਰ ਲੰਬੇ ਸਮੇਂ ਤੋਂ ਪੁਖਤਾ ਪ੍ਰਬੰਧ ਕੋਈ ਨਹੀਂ ਹੋਇਆ। ਇਸ ਲਈ ਨਗਰ ਪੰਚਾਇਤ ਜੋਗਾ ਦੇ ਪ੍ਰਧਾਨ ਕਾਮਰੇਡ ਗੁਰਮੀਤ ਸਿੰਘ ਜੋਗਾ ਨੇ ਆਪਣੇ ਹੀ ਅਧਿਕਾਰੀਆਂ ਖਿਲਾਫ ਰੋਸ ਜ਼ਾਹਰ ਕਰਦਿਆਂ ਕਿਹਾ ਕਿ ਪਿੰਡ ਦੇ ਰੁਕੇ ਹੋਏ ਵਿਕਾਸ ਕਾਰਜਾਂ ਸਬੰਧੀ ਜ਼ਿਲ੍ਹੇ ਦੇ ਸਬੰਧਤ ਮਹਿਕਮਿਆਂ ਨੂੰ ਚਿੱਠੀਆਂ ਕਰ ਚੁੱਕੇ ਹਾਂ, ਪਰ ਨਗਰ ਪੰਚਾਇਤ ਦਾ ਕਾਰਜ ਸਾਧਕ ਅਫਸਰ ਤੇ ਜੇ ਈ ਪਿੰਡ ਦੀਆਂ ਸਮੱਸਿਆਵਾਂ ਵੱਲ ਧਿਆਨ ਨਹੀਂ ਦੇ ਰਿਹਾ, ਪਰ ਮਹੀਨੇ ਵਿੱਚ ਇੱਕ-ਅੱਧੀ ਵਾਰ ਸਿਰਫ ਤਨਖਾਹਾਂ ਲੈਣ ਲਈ ਹੀ ਗੇੜਾ ਮਾਰਦੇ ਹਨ। ਉਨ੍ਹਾਂ ਕਮੇਟੀ ਦਫਤਰ ਨੂੰ ਜਿੰਦਰਾ ਲਾ ਕੇ ਕਾਰਜ ਸਾਧਕ ਅਫਸਰ ਜੋਗਾ, ਜ਼ਿਲ੍ਹਾ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ ਅਤੇ ਡਿਪਟੀ ਕਮਿਸ਼ਨਰ ਮਾਨਸਾ ਤੋਂ ਮੰਗ ਕੀਤੀ ਕਿ ਗੰਦੇ ਪਾਣੀ ਦੀ ਸਮੱਸਿਆ ਦਾ ਹੱਲ ਜਲਦੀ ਕੀਤਾ ਜਾਵੇ। ਕਾਮਰੇਡ ਗੁਰਮੀਤ ਸਿੰਘ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਇਸ ਦਾ ਹੱਲ ਜਲਦ ਨਹੀਂ ਹੁੰਦਾ ਤਾਂ ਮਜਬੂਰਨ ਸਮੂਹ ਕੌਂਸਲਰ ਡੀ ਸੀ ਦਫਤਰ ਮਾਨਸਾ ਅੱਗੇ ਧਰਨਾ ਦੇਣ ਲਈ ਮਜਬੂਰ ਹੋਣਗੇ, ਜਿਸ ਦੀ ਜ਼ਿੰਮੇਵਾਰੀ ਸਬੰਧਤ ਪ੍ਰਸ਼ਾਸਨ ਦੀ ਹੋਵੇਗੀ। ਜਦੋਂ ਇਸ ਸਬੰਧੀ ਕਾਰਜ ਸਾਧਕ ਅਫਸਰ ਅਸੀਸ ਕੁਮਾਰ ਨਾਲ ਗੱਲਬਾਤ ਕਰਨੀ ਚਾਹੀ ਤਾਂ ਉਨ੍ਹਾਂ ਫੋਨ ਦਾ ਜਵਾਬ ਦੇਣਾ ਜ਼ਰੂਰੀ ਨਹੀਂ ਸਮਝਿਆ ਤੇ ਜੇ ਈ ਜਤਿੰਦਰ ਸਿੰਘ ਨੇ ਕਿਹਾ ਕਿ ਕੁਝ ਕੰਮ ਅੱਜ ਚਾਲੂ ਕਰਵਾ ਦਿੱਤੇ ਹਨ ਤੇ ਬਾਕੀ ਇੱਕ ਦੋ ਦਿਨ ਵਿੱਚ ਚਾਲੂ ਹੋ ਜਾਣਗੇ। ਇਸ ਗੰਦੇ ਪਾਣੀ ਦਾ ਪ੍ਰਬੰਧ ਵੀ ਜਲਦੀ ਕੀਤਾ ਜਾਵੇਗਾ। ਇਸ ਮੌਕੇ ਕੌਂਸਲਰ ਗਰਤੇਜ ਸਿੰਘ, ਮਹਿੰਦਰ ਸਿੰਘ, ਨਰਿੰਦਰਪਾਲ ਸਿੰਘ ਸੁੱਖਾ, ਗੁਰਜੰਟ ਸਿੰਘ ਮਾਟਾ, ਮਲਕੀਤ ਸਿੰਘ ਫੌਜੀ, ਪ੍ਰਧਾਨ ਦਾਰਾ ਸਿੰਘ, ਬਿੱਕਰ ਸਿੰਘ, ਰਾਮ ਸਿੰਘ ਝੱਲੀ, ਮੀਤ ਪ੍ਰਧਾਨ ਰਾਜਵੰਤ ਕੌਰ, ਗਰਮੇਲ ਕੌਰ, ਗੁਰਜੀਤ ਕੌਰ, ਰਾਜਦੀਪ ਕੌਰ ਆਦਿ ਹਾਜ਼ਰ ਸਨ।

# ਪੈਨਸ਼ਨਰਾਂ ਵਿਧਾਇਕ ਦੇ ਘਰ ਅੱਗੇ ਸਾੜੀਆਂ ਜਜ਼ੀਆ ਟੈਕਸ ਦੀਆਂ ਕਾਪੀਆਂ

**ਮੋਗਾ (ਅਮਰਜੀਤ ਬੱਬਰੀ)**-ਪੰਜਾਬ, ਯੂ ਟੀ ਕਰਮਚਾਰੀ ਤੇ ਪੈਨਸ਼ਨਰ ਸਾਂਝਾ ਫਰੰਟ ਤੇ ਪਾਵਰਕਾਮ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ ਅਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਪੰਜਾਬ ਵੱਲੋਂ ਲਏ ਗਏ ਸਾਂਝੇ ਫੈਸਲੇ ਅਨੁਸਾਰ ਪੰਜਾਬ ਸਰਕਾਰ ਦੇ ਸਮੂਹ 'ਆਪ' ਵਿਧਾਇਕਾਂ ਦੇ ਨਿਵਾਸਾਂ ਅੱਗੇ ਇਸ ਨਾਦਰਸ਼ਾਹੀ ਫਰਮਾਨ ਦਾ ਪੁਤਲਾ ਫੂਕ ਕੇ ਰੋਸ ਪ੍ਰਦਰਸ਼ਨ ਕੀਤੇ ਜਾਣ ਦੀ ਕੜੀ ਹੇਠ ਅੱਜ ਮੋਗਾ ਤੋਂ ਵਿਧਾਇਕ ਡਾ. ਅਮਨਦੀਪ ਅਰੋੜਾ ਦੇ ਘਰ ਸਾਹਮਣੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ ਤੇ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਉਪਰੋਕਤ ਜਥੇਬੰਦੀਆਂ ਦੇ ਆਗੂ ਅਮਰੀਕ ਸਿੰਘ ਮਸੀਤਾਂ ਸੂਬਾਈ ਜਨਰਲ ਸਕੱਤਰ, ਪੋਹਲਾ ਸਿੰਘ ਬਰਾੜ, ਸਤਪਾਲ ਸਿੰਘ ਸਹਿਗਲ, ਗੁਰਮੇਲ ਨਾਹਰ ਸਕੱਤਰ, ਪ੍ਰਿਅਵਰਤ ਗੁਪਤਾ ਕਨਵੀਨਰ, ਦਰਸ਼ਨ ਲਾਲ ਸ਼ਰਮਾ ਸਕੱਤਰ, ਫੈਡਰੇਸ਼ਨ ਏਟਕ ਦੇ ਸਕੱਤਰ ਸਵਰਨਜੀਤ ਸਿੰਘ, ਜਗਸੀਰ ਸਿੰਘ, ਓਂਕਾਰ ਸਿੰਘ ਤੇ ਬੂਟਾ ਸਿੰਘ ਭੱਟੀ ਆਦਿ ਨੇ ਆਪਣੇ ਸਾਂਝੇ ਸੰਬੋਧਨ ਵਿੱਚ ਕਿਹਾ ਕਿ ਸਰਕਾਰ ਹੁਣ ਪੈਨਸ਼ਨਰਾਂ ਦੀਆਂ ਪੈਨਸ਼ਨਾਂ ਵਿੱਚੋਂ ਵਿਕਾਸ ਟੈਕਸ ਦੇ ਨਾਂ 'ਤੇ ਜਜੀਆ ਟੈਕਸ ਕੱਟ ਕੇ ਪੰਜਾਬ ਦਾ ਵਿਕਾਸ ਕਰਨ ਜਾ ਰਹੀ ਹੈ। ਅਜਿਹਾ ਕਰਕੇ ਪੰਜਾਬ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਮੁੱਖ ਮੰਗਾਂ ਤੋਂ ਧਿਆਨ ਹਟਾਉਣ ਦੀ ਕੋਸ਼ਿਸ਼ ਕਰ ਰਹੀ ਹੈ, ਪਰ ਸੰਘਰਸ਼ਸ਼ੀਲ ਮਜ਼ਦੂਰ ਤੇ ਪੈਨਸ਼ਨਰ ਜਥੇਬੰਦੀਆਂ ਅਜਿਹਾ ਬਿਲਕੁਲ ਨਹੀਂ ਹੋਣ ਦੇਣਗੀਆਂ। ਇਹ ਗੱਲ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਚੰਗੀ ਤਰ੍ਹਾਂ ਸਮਝ ਲੈਣੀ ਚਾਹੀਦੀ ਹੈ ਕਿ ਜਿਹੜੇ ਲੋਕ ਸਰਕਾਰ ਬਣਾਉਣਾ ਜਾਣਦੇ ਹਨ, ਉਹ ਉਨ੍ਹਾਂ ਨੂੰ ਡੇਗਣਾ ਵੀ ਜਾਣਦੇ ਹਨ, ਕਿਉਂਕਿ ਸਰਕਾਰ ਬਣਨ ਤੋਂ ਪਹਿਲਾਂ ਸ੍ਰ. ਸਰਕਾਰ ਸੀ ਤਾਂ ਆਮ ਆਦਮੀ ਪਾਰਟੀ ਦੇ ਆਗੂ ਤੇ ਮੰਤਰੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਧਰਨਿਆਂ ਤੇ ਮੁਜ਼ਾਹਰਿਆਂ 'ਚ ਸ਼ਾਮਲ ਹੁੰਦੇ ਸਨ ਤੇ ਕਹਿੰਦੇ ਸਨ ਕਿ ਤੁਹਾਡੀਆਂ ਸਾਰੀਆਂ ਮੰਗਾਂ ਬਿਲਕੁਲ ਜਾਇਜ਼ ਹਨ ਤੇ ਤੁਸੀਂ ਸਾਡੀ ਸਰਕਾਰ ਬਣ ਕੇ ਬਦਲਾਅ ਲਿਆਓ, ਅਸੀਂ ਤੁਹਾਡੀਆਂ ਸਾਰੀਆਂ ਮੰਗਾਂ ਪੂਰੀਆਂ ਕਰਾਂਗੇ। ਮੰਤਰੀ ਮੰਡਲ ਦੀ ਪਹਿਲੀ ਮੀਟਿੰਗ ਵਿੱਚ ਸਾਰੀਆਂ ਮੰਗਾਂ ਪੂਰੀਆਂ ਕੀਤੀਆਂ ਜਾਣਗੀਆਂ, ਪਰ ਇਹ ਸਭ ਝੂਠ ਦਾ ਪੁਲੰਦਾ ਨਿਕਲਿਆ।



ਸਮੂਹ ਜਥੇਬੰਦੀਆਂ ਵੱਲੋਂ ਸਮੂਹਕ ਤੌਰ 'ਤੇ ਸਰਕਾਰ ਨੂੰ ਚਿਤਾਵਨੀ ਦਿੱਤੀ ਗਈ ਕਿ ਸਰਕਾਰ ਪਰਖ ਨਾ ਕਰੇ ਅਤੇ ਇਸ ਵਿਕਾਸ ਟੈਕਸ ਦੇ ਨਾਂ 'ਤੇ ਲਗਾਏ ਗਏ ਜਜੀਆ ਟੈਕਸ ਦੇ ਨਾਦਰਸ਼ਾਹੀ ਹੁਕਮ ਨੂੰ ਬਿਨਾਂ ਕਿਸੇ ਦੇਰੀ ਤੋਂ ਵਾਪਸ ਲਿਆ ਜਾਵੇ। ਮੁਲਾਜ਼ਮਾਂ ਦੀਆਂ ਸਾਰੀਆਂ ਮੰਗਾਂ ਪੂਰੀਆਂ ਕੀਤੀਆਂ ਜਾਣ, ਜੇਕਰ ਸਰਕਾਰ ਨੇ ਵਿਕਾਸ ਟੈਕਸ ਦਾ ਨਾਦਰਸ਼ਾਹੀ ਫਰਮਾਨ ਵਾਪਸ ਨਾ ਲਿਆ ਤੇ ਮੰਗਾਂ ਪੂਰੀਆਂ ਨਾ ਕੀਤੀਆਂ ਤਾਂ ਸਮੂਹ ਜਥੇਬੰਦੀਆਂ ਸਾਂਝੇ ਤੌਰ 'ਤੇ ਤਿੱਖਾ ਸੰਘਰਸ਼ ਵਿੱਢਣ ਤੋਂ ਵੀ ਗੁਰੇਜ਼ ਨਹੀਂ ਕਰਨਗੀਆਂ, ਜਿਸ ਲਈ ਪੰਜਾਬ ਸਰਕਾਰ ਪੂਰੀ ਤਰ੍ਹਾਂ ਜ਼ਿੰਮੇਵਾਰ ਹੋਵੇਗੀ। ਅੰਤ ਵਿੱਚ ਮੋਗਾ ਦੀ ਵਿਧਾਇਕਾ ਡਾ: ਅਮਨਦੀਪ ਕੌਰ ਅਰੋੜਾ ਦੀ ਰਿਹਾਇਸ਼ ਅੱਗੇ ਪੰਜਾਬ ਸਰਕਾਰ ਵਿਰੁੱਧ ਜਾਰੀ ਨਾਦਰਸ਼ਾਹੀ ਫਰਮਾਨ ਦੀਆਂ ਕਾਪੀਆਂ ਸਾੜ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਸਮੂਹ ਜਥੇਬੰਦੀਆਂ ਦੇ ਨੁਮਾਇੰਦਿਆਂ ਤੇ ਮੈਂਬਰਾਂ ਨੇ ਸ਼ਮੂਲੀਅਤ ਕੀਤੀ।

# ਪੈਨਸ਼ਨਰ ਜੁਆਇੰਟ ਫਰੰਟ ਨੇ ਵਿਧਾਇਕ ਦੇ ਘਰ ਅੱਗੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜ ਕੇ ਸੌਂਪਿਆ ਮੰਗ ਪੱਤਰ



**ਮੋਗਾ (ਅਮਰਜੀਤ ਬੱਬਰੀ)**

ਪੰਜਾਬ ਗੌਰਮਿੰਟ ਪੈਨਸ਼ਨਰ ਜੁਆਇੰਟ ਫਰੰਟ ਪੰਜਾਬ ਦੇ ਫੈਸਲੇ ਮੁਤਾਬਕ ਜਜੀਆ ਟੈਕਸ ਬਨਾਮ ਡਿਵੈਲਮੈਂਟ ਫੰਡ ਦੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਡਾ: ਅਮਨਦੀਪ ਕੌਰ ਅਰੋੜਾ ਦੇ ਘਰ ਅੱਗੇ ਸਾੜੀਆਂ ਗਈਆਂ ਤੇ ਆਪਣਾ ਮੰਗ ਪੱਤਰ ਮੋਗਾ ਦੀ ਵਿਧਾਇਕਾ ਨੂੰ ਸੌਂਪਿਆ ਗਿਆ। ਵੱਖ ਵੱਖ ਬੁਲਾਰਿਆਂ ਲੈਕ: ਸੁਖਮੰਦਰ ਸਿੰਘ, ਬਲੌਰ ਸਿੰਘ ਘਾਲੀ, ਰਾਜਿੰਦਰ ਸਿੰਘ ਰਿਆੜ ਫੈਡਰੇਸ਼ਨ ਆਗੂ, ਬੰਤ ਸਿੰਘ ਬੱਧਨੀ, ਬਲਵਿੰਦਰ ਸਿੰਘ, ਜੁਗਿੰਦਰ ਸਿੰਘ ਢੁੱਡੀਕੇ, ਬਲਬੀਰ ਸਿੰਘ ਮੋਗਾ, ਚਮਕੌਰ ਸਿੰਘ ਸਰਾਂ ਤੇ ਗੁਰਜੀਤ ਸਿੰਘ ਮੱਲ੍ਹੀ ਨੇ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਸਰਕਾਰ ਵੱਲੋਂ ਪੈਨਸ਼ਨਰਾਂ 'ਤੇ ਲਾਏ 200 ਰੁਪਏ ਮਹੀਨਾ ਟੈਕਸ ਲਾਉਣ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕੀਤੀ। ਜੱਜ ਪਾਲ ਬਾਜੇ ਕੇ, ਸੁਰਿੰਦਰ ਰਾਮ ਕੁੱਸਾ, ਸਰਬਜੀਤ ਦਾਉਧਰ ਤੇ ਨਾਇਬ ਸਿੰਘ ਆਦਿ ਬੁਲਾਰਿਆਂ ਨੇ ਮੰਗ ਕੀਤੀ ਕਿ ਇਹ ਜਜੀਆ ਟੈਕਸ ਵਾਲਾ ਪੱਤਰ ਵਾਪਸ ਲਿਆ ਜਾਵੇ ਤੇ ਛੇਵੇਂ ਪੇ ਕਮਿਸ਼ਨ ਦੀਆਂ ਸਿਫਾਰਸ਼ਾਂ ਮੁਤਾਬਕ 2.59 ਦਾ ਗੁਣਾਕ ਤੇ ਨੋਸ਼ਨਲ ਪੈਨਸ਼ਨ ਸੋਧ ਵਿਧੀ ਲਾਗੂ ਕੀਤੀ ਜਾਵੇ ਤੇ ਸਾਢੇ ਪੰਜ ਸਾਲ ਦਾ ਬਕਾਇਆ ਪੈਨਸ਼ਨਰਾਂ ਨੂੰ ਯੱਕਮੁਸ਼ਤ ਦਿੱਤਾ ਜਾਵੇ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ।

ਅੱਜ ਦੇ ਪ੍ਰੋਗਰਾਮ 'ਚ ਸੁਖਦੇਵ ਸਿੰਘ, ਸੁਰਿੰਦਰ ਸਿੰਘ ਮੋਗਾ, ਕੇਵਲ ਸਿੰਘ, ਭੁਪਿੰਦਰ ਸਿੰਘ ਜੋਗੇ ਵਾਲਾ, ਕੁਲਦੀਪ ਸਿੰਘ ਮੋਗਾ, ਜਗਜੀਤ ਸਿੰਘ, ਵਿਜੈ ਸ਼ਰਮਾ, ਪ੍ਰਿੰਸੀਪਲ ਜਗਜੀਤ ਸਿੰਘ, ਸਤਿਯਮ ਪ੍ਰਕਾਸ, ਲਖਵਿੰਦਰ ਸਿੰਘ, ਪ੍ਰਕਾਸ ਚੰਦ, ਜਸਪ੍ਰੀਤ ਸਿੰਘ ਤੇ ਚੰਦਰ ਦੇਵ, ਰਾਮ ਸਲੇਰੀ, ਹਜ਼ੂਰਾ ਸਿੰਘ ਤੇ ਤੇਜਾ ਸਿੰਘ ਘੱਲ ਕਲਾਂ ਸ਼ਾਮਲ ਹੋਏ।

# ਭੱਠਾ ਮਜ਼ਦੂਰਾਂ ਨੂੰ ਪੂਰਾ ਰੇਟ ਨਾ ਮਿਲਣ ਦਾ ਮਾਮਲਾ ਗਰਮਾਇਆ

## ■ ਲੇਬਰ ਕਮਿਸ਼ਨਰ ਤੋਂ ਕੀਤੀ ਇਨਸਾਫ ਦੀ ਮੰਗ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਸਬ-ਡਵੀਜ਼ਨ ਪਾਤੜਾਂ ਅਧੀਨ ਆਉਂਦੇ ਪਿੰਡ ਦੁਤਾਲ ਵਿਖੇ ਪਿਛਲੇ ਲੰਬੇ ਸਮੇਂ ਤੋਂ ਚੱਲ ਰਹੇ ਇੱਟਾਂ ਭੱਠੇ ਦੇ ਮਾਲਕ ਤੇ ਜਮਾਂਦਾਰ ਵੱਲੋਂ ਇੱਟਾਂ ਦੀ ਪੁਟਾਈ ਦਾ ਕੰਮ ਕਰਨ ਵਾਲੇ ਮਜ਼ਦੂਰਾਂ ਨੂੰ ਸਰਕਾਰੀ ਸ਼ਰਤਾਂ ਮੁਤਾਬਕ ਤੈਅ-ਸ਼ੁਦਾ ਰੇਟ ਨਾ ਮਿਲਣ ਦਾ ਮਾਮਲਾ ਸਾਹਮਣੇ ਆਇਆ ਹੈ। ਮਜ਼ਦੂਰਾਂ ਨੇ ਬਣਦੀ ਮਜ਼ਦੂਰੀ ਪ੍ਰਾਪਤ ਕਰਨ ਲਈ ਪ੍ਰਸ਼ਾਸਨ ਤੱਕ ਪਹੁੰਚ ਕੀਤੀ ਹੈ। ਲਾਲ ਝੰਡਾ ਭੱਠਾ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਪ੍ਰਲਾਦ ਸਿੰਘ ਨਿਆਲ ਦੀ ਅਗਵਾਈ ਵਿੱਚ ਭੱਠਾ ਮਜ਼ਦੂਰਾਂ ਨੇ ਐੱਸ ਡੀ ਐੱਮ ਪਾਤੜਾਂ ਤੇ ਲੇਬਰ ਕਮਿਸ਼ਨਰ ਪਟਿਆਲਾ ਨੂੰ ਦਰਖਾਸਤਾਂ ਭੇਜ ਕੇ ਇਨਸਾਫ ਦੀ ਮੰਗ ਕਰਦਿਆਂ ਮਜ਼ਦੂਰੀ ਨਾ ਦੇਣ ਵਾਲਿਆਂ ਖਿਲਾਫ ਸਖਤ ਕਾਰਵਾਈ ਦੀ ਮੰਗ ਕੀਤੀ ਹੈ। ਲੇਬਰ ਕਮਿਸ਼ਨਰ ਨੂੰ ਭੇਜਿਆ ਗਿਆ ਪੱਤਰ ਦਿਖਾਉਂਦਿਆਂ ਭੱਠਾ ਮਜ਼ਦੂਰ ਸਤਪਾਲ ਸਿੰਘ, ਬਲਜਿੰਦਰ ਕੁਮਾਰ, ਮਲਖਾਨ ਰਾਮ, ਵਕੀਲ ਰਾਮ, ਦੁੱਲਾ ਰਾਮ, ਚਿਮਨ ਲਾਲ ਤੇ ਬੱਗਾ ਰਾਮ ਆਦਿ ਨੇ ਦੱਸਿਆ ਕਿ ਉਹ ਪਿੰਡ ਦੁਤਾਲ ਦੇ ਅੰਮ੍ਰਿਤ ਲਾਲ ਐਂਡ ਕੰਪਨੀ ਭੱਠੇ ਉਤੇ ਕਰੀਬ 25 ਪਰਿਵਾਰ ਇੱਟਾਂ ਦੀ ਪਥਾਈ ਦਾ ਕੰਮ ਕਰਦੇ ਹਨ, ਪਰ ਭੱਠੇ ਦੇ ਮਾਲਕ ਰਮੇਸ਼, ਕੁਮਾਰ ਮਿੱਤਲ, ਪ੍ਰਮੋਦ ਕੁਮਾਰ ਤੇ ਜਮਾਂਦਾਰ ਭਿੰਦਾ ਰਾਮ ਮਜ਼ਦੂਰਾਂ ਦਾ ਸ਼ੋਸ਼ਣ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਇਹ ਆਪਸ ਵਿੱਚ ਮਿਲ ਕੇ ਸਰਕਾਰ ਵੱਲੋਂ ਤੈਅ-ਸ਼ੁਦਾ ਮਜ਼ਦੂਰੀ ਰੇਟ ਸਮੇਤ ਜਮਾਂਦਾਰੀ 895-11 ਮਿਤੀ 28 ਫਰਵਰੀ 2023 ਤੱਕ ਅਤੇ ਮਿਤੀ 1 ਮਾਰਚ 2023 ਤੱਕ 935 ਰੁਪਏ 42 ਪੈਸੇ ਬਿਨਾਂ ਜਮਾਂਦਾਰੀ 842 ਰੁਪਏ 80 ਪੈਸੇ, ਮਿਤੀ 28 ਫਰਵਰੀ 2023 ਤੱਕ ਅਤੇ 1040 ਰੁਪਏ 94 ਪੈਸੇ ਮਿਤੀ 1 ਮਾਰਚ 2023 ਤੋਂ ਮਿਤੀ 31 ਅਗਸਤ 2023 ਤੱਕ ਬਣਦਾ ਹੈ, ਪ੍ਰੰਤੂ ਭੱਠਾ ਮਾਲਕ 570 ਰੁਪਏ ਦੇ ਹਿਸਾਬ ਨਾਲ ਮਜ਼ਦੂਰੀ ਦਿੰਦਾ ਹੈ। ਉਨ੍ਹਾਂ ਦੱਸਿਆ ਕਿ ਮਜ਼ਦੂਰ ਪਰਚਾ ਰੇਟ ਗਾਰਾ ਕੱਟ ਕੇ 700 ਰੁਪਏ ਲੈਣਾ ਚਾਹੁੰਦੇ ਹਨ। ਇਸ ਦੌਰਾਨ ਲਾਲ ਝੰਡਾ ਭੱਠਾ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਪ੍ਰਲਾਦ ਸਿੰਘ ਨਿਆਲ ਨੇ ਮੰਗ ਕੀਤੀ ਹੈ ਕਿ ਭੱਠਾ ਮਜ਼ਦੂਰਾਂ ਦਾ ਕੀਤਾ ਜਾ ਰਿਹਾ ਸ਼ੋਸ਼ਣ ਤੁਰੰਤ ਬੰਦ ਕਰਵਾਉਣ ਦੇ ਨਾਲ-ਨਾਲ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ।

ਇਸ ਮੌਕੇ ਭੱਠਾ ਮਜ਼ਦੂਰਾਂ ਵਿੱਚ ਹੋਰਨਾਂ ਤੋਂ ਇਲਾਵਾ ਪੂਲਾ, ਨਾਮ, ਗ੍ਰਾਮ, ਕਾਲਾ, ਲੱਖਾ ਰਾਮ, ਭਾਨਾ ਰਾਮ ਆਦਿ ਹਾਜ਼ਰ ਸਨ।

# ਸਿਵਲ ਹਸਪਤਾਲ 'ਚ ਨਸ਼ਾ ਵਿਰੋਧੀ ਦਿਵਸ ਮਨਾਇਆ

**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਸਰਕਾਰ ਦੀਆਂ ਹਦਾਇਤਾਂ ਤੇ ਸਿਵਲ ਸਰਜਨ ਲੁਧਿਆਣਾ ਡਾ. ਹਤਿੰਦਰ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਨਵ ਜੀਵਨ ਕੇਂਦਰ ਐੱਸ.ਡੀ.ਐੱਚ. ਸਮਰਾਲਾ ਵਿਖੇ ਸੀਨੀਅਰ ਮੈਡੀਕਲ ਅਫਸਰ ਡਾ. ਤਾਰਕਜੋਤ ਸਿੰਘ ਦੀ ਅਗਵਾਈ ਹੇਠ ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਮਨਾਇਆ ਗਿਆ, ਜਿਸ ਵਿੱਚ ਸੀਨੀਅਰ ਮੈਡੀਕਲ ਅਫਸਰ ਡਾ. ਤਾਰਕਜੋਤ ਸਿੰਘ ਦੁਆਰਾ ਬੱਚਿਆਂ ਤੇ ਆਮ ਲੋਕਾਂ ਨੂੰ ਨਸ਼ੇ ਦੇ ਮਾੜੇ ਅਸਰ ਤੇ ਉਨ੍ਹਾਂ ਤੋਂ ਬਚਣ ਬਾਰੇ ਦੱਸਿਆ ਗਿਆ ਤੇ ਨਾਲ ਹੀ ਨਸ਼ਾ ਕਰ ਰਹੇ ਮਰੀਜ਼ਾਂ ਨੂੰ ਦਵਾਈ ਤੇ ਕਾਊਂਸਲਿੰਗ ਦੀ ਸਹਾਇਤਾ ਨਾਲ ਨਸ਼ਾ ਛੱਡ ਕੇ ਮੁੜ ਸਵਸਥ ਜ਼ਿੰਦਗੀ ਜਿਊਣ ਲਈ ਕਿਹਾ ਗਿਆ। ਉਨ੍ਹਾ ਕਿਹਾ ਕਿ ਨਸ਼ੇ ਸਿਰਫ ਨਸ਼ਾ ਕਰਨ ਵਾਲੇ ਵਿਅਕਤੀ ਦੇ ਉੱਤੇ ਹੀ ਅਸਰ ਨਹੀਂ ਕਰਦੇ, ਸਗੋਂ ਉਸ ਦੇ ਨਾਲ ਰਹਿਣ ਵਾਲੇ ਪਰਿਵਾਰਕ ਮੈਂਬਰਾਂ ਤੇ ਸਮਾਜ ਉੱਤੇ ਵੀ ਬੁਰਾ ਪ੍ਰਭਾਵ ਪਾਉਂਦੇ ਹਨ। ਇਸ ਦੇ ਨਾਲ ਹੀ ਰਵੀ ਕੌਸ਼ਲ (ਕੌਂਸਲਰ) ਦੁਆਰਾ ਇਸ ਮੌਕੇ ਨਰਸਿੰਗ ਦੇ ਬਚਿਆਂ ਵਿੱਚ ਚਾਰਟ ਪ੍ਰਤੀਯੋਗਤਾ, ਕਵਿਤਾਵਾਂ ਤੇ ਨਾਲ ਹੀ ਬੱਚਿਆਂ ਦੁਆਰਾ ਰੈਲੀ ਕਰਵਾਈ ਗਈ ਤੇ ਲੋਕਾਂ ਨੂੰ ਨਸ਼ੇ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਗਿਆ।

ਇਸ ਮੌਕੇ ਡਾ. ਲਖਵਿੰਦਰ ਸਿੰਘ, ਡਾ. ਸੰਦੀਪ ਮਾਨਵ, ਡਾ. ਪ੍ਰਭਜੋਤ ਸਿੰਘ, ਡਾ. ਗੁਰਿੰਦਰ ਕੌਰ, ਨਰਸਿੰਗ ਸਿਸਟਰ ਅਪਵਿੰਦਰ ਕੌਰ, ਪ੍ਰਦੀਪ ਕੁਮਾਰ ਮ.ਪ.ਹ.ਵ., ਸੰਗੀਤਾ ਮਹਿਤਾ ਡਾਟਾ ਐਂਟਰੀ ਉਪਰੇਟਰ, ਜਸਪ੍ਰੀਤ ਸਿੰਘ ਮੇਲ ਸਟਾਫ ਨਰਸ, ਸੌਰਵ ਮਹਿਤਾ ਵਾਰਡ ਅਟੈਂਡੈਂਟ ਤੇ ਸਿਵਲ ਹਸਪਤਾਲ ਦੇ ਸਮੂਹ ਸਟਾਫ ਤੇ ਲੁਧਿਆਣਾ ਇੰਸੀਚਿਊਟ ਆਫ ਨਰਸਿੰਗ ਕਾਲਜ ਕਟਾਣੀ ਕਲਾਂ ਦੇ ਅਧਿਆਪਕ ਤੇ ਵਿਦਿਆਰਥੀ ਮੌਜੂਦ ਸਨ।




# ਖ਼ਾਲਸਾ ਗੁਰਦੁਆਰਾ ਛਾਉਣੀ ਵਿਖੇ ਲੱਗਿਆ ਗੁਰਮਤਿ ਕੈਂਪ ਸੰਪੰਨ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਨੌਜਵਾਨ ਪੀੜ੍ਹੀ ਨੂੰ ਗੁਰਮਤਿ ਵਿੱਦਿਆ ਨਾਲ ਜੋੜਨ ਲਈ ਫ਼ਿਰੋਜ਼ਪੁਰ ਛਾਉਣੀ ਦੇ ਖ਼ਾਲਸਾ ਗੁਰਦੁਆਰਾ ਸਾਹਿਬ ਵਿਖੇ ਪ੍ਰਬੰਧਕੀ ਕਮੇਟੀ ਵੱਲੋਂ ਸ਼੍ਰੋਮਣੀ ਗੁਰਦੁਆਰਾ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਨਾਲ ਸਾਂਝੇ ਤੌਰ 'ਤੇ ਬੱਚਿਆਂ ਨੂੰ ਆਪਣੇ ਵਿਰਸੇ, ਨੈਤਿਕ ਕਦਰਾਂ-ਕੀਮਤਾਂ ਅਤੇ ਧਾਰਮਿਕ ਭਾਵਨਾਵਾਂ ਤੇ ਗੁਰਬਾਣੀ ਨਾਲ ਜੋੜਨ ਲਈ ਇਕ ਤਿੰਨ ਦਿਨਾਂ ਵਿਸ਼ੇਸ਼ ਗੁਰਮਤਿ ਕੈਂਪ 23 ਤੋਂ 25 ਜੂਨ ਤੱਕ ਲਗਾਇਆ ਗਿਆ।ਗੁਰਮਤਿ ਕੈਂਪ ਸਬੰਧੀ ਜਾਣਕਾਰੀ ਦਿੰਦੇ ਹੋਏ ਖ਼ਾਲਸਾ ਗੁਰਦਵਾਰਾ ਕਮੇਟੀ ਦੇ ਪ੍ਰਧਾਨ ਸਤਿੰਦਰਜੀਤ ਸਿੰਘ ਤੇ ਪ੍ਰਚਾਰ ਸਕੱਤਰ ਡਾ. ਗੁਰਨਾਮ ਸਿੰਘ ਨੇ ਦੱਸਿਆ ਕਿ ਗੁਰਮਤਿ ਕੈਂਪ ਵਿੱਚ 50 ਦੇ ਕਰੀਬ ਬੱਚਿਆਂ ਤੇ ਉਨ੍ਹਾਂ ਦੇ ਮਾਪਿਆਂ ਨੇ ਭਾਗ ਲਿਆ, ਜਿਸ ਵਿੱਚ ਸ਼੍ਰੋਮਣੀ ਗੁਰਦੁਆਰਾ ਕਮੇਟੀ, ਸ਼੍ਰੀ ਅੰਮ੍ਰਿਤਸਰ ਸਾਹਿਬ ਤੋਂ ਭਾਈ ਜੱਜ ਸਿੰਘ ਤੇ ਗਿਆਨੀ ਹਰਸੁਮਨ ਸਿੰਘ ਨੇ ਬੱਚਿਆਂ ਤੇ ਉਨ੍ਹਾਂ ਦੇ ਮਾਤਾ-ਪਿਤਾ ਨੂੰ ਜੀਵਨ ਦੇ ਹਰ ਖੇਤਰ ਵਿੱਚ ਮਰਿਆਦਾ ਕਾਇਮ ਰੱਖਣ, ਨੈਤਿਕ ਕਦਰਾਂ ਤੇ ਗੁਰਬਾਣੀ ਨਾਲ ਹਮੇਸ਼ਾ ਜੁੜੇ ਰਹਿਣ ਦੀ ਪ੍ਰੇਰਣਾ ਦਿੱਤੀ।ਪ੍ਰਧਾਨ ਸਤਿੰਦਰਜੀਤ ਸਿੰਘ ਨੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਦੱਸਿਆ ਕਿ ਸਾਨੂੰ ਸਾਡੀ ਨੌਜਵਾਨ ਪੀੜ੍ਹੀ, ਜੋ ਨਸ਼ੇ ਦੀ ਦਲਦਲ ਵਿੱਚ ਧਸਦੀ ਹੋਈ ਪੰਜਾਬੀ ਵਿਰਸੇ ਤੋਂ ਜਿੱਥੇ ਦੂਰ ਹੁੰਦੀ ਜਾ ਰਹ ਹੈ, ਉੱਥੇ ਗੁਰਬਾਣੀ ਪ੍ਰਤੀ ਉਨ੍ਹਾਂ ਦਾ ਝੁਕਾਅ ਵੀ ਘੱਟ ਹੈ।ਇਸ ਲਈ ਸਾਨੂੰ ਆਪਣੇ ਬੱਚਿਆਂ ਨੂੰ ਗੁਰਬਾਣੀ ਨਾਲ ਜੋੜਨ ਲਈ ਆਪ ਮੁਹਾਰੇ ਅੱਗੇ ਆਉਣਾ ਪਵੇਗਾ ਤੇ ਉਨ੍ਹਾਂ ਨੂੰ ਗੁਰੂ ਸਾਹਿਬ ਵੱਲੋਂ ਦਿਖਾਏ ਰਸਤੇ 'ਤੇ ਚੱਲਣ ਲਈ ਅਜਿਹੇ ਗੁਰਮਤਿ ਕੈਂਪ ਲਗਾਉਣੇ ਚਾਹੀਦੇ ਹਨ, ਜਿਨ੍ਹਾਂ ਵਿੱਚ ਉਨ੍ਹਾਂ ਨੂੰ ਜਾਣਕਾਰੀ ਦਿੱਤੀ ਜਾ ਸਕੇ।ਗੁਰਮਤਿ ਕੈਂਪ ਦੇ ਸਮਾਪਤੀ ਸਮਾਰੋਹ ਸਮੇਂ ਮੈਂਬਰ ਸ਼੍ਰੋਮਣੀ ਕਮੇਟੀ ਦਰਸ਼ਨ ਸਿੰਘ ਸ਼ੇਰ ਖਾਂ ਤੇ ਖ਼ਾਲਸਾ ਗੁਰਦੁਆਰਾ ਦੇ ਕਮੇਟੀ ਮੈਂਬਰਾਂ ਨੇ ਸ਼੍ਰੋਮਣੀ ਕਮੇਟੀ ਮੈਂਬਰ ਤੇ ਪ੍ਰਚਾਰਕਾਂ ਦਾ ਸਨਮਾਨ ਕੀਤਾ ਗਿਆ।ਇਸ ਦੇ ਨਾਲ ਹੀ ਕੈਂਪ ਵਿੱਚ ਭਾਗ ਲੈਣ ਵਾਲੇ ਬੱਚਿਆਂ ਨੂੰ ਮੈਡਲ ਤੇ ਸਰਟੀਫਿਕੇਟ ਦੇ ਕੇ ਹੌਸਲਾ ਅਫਜ਼ਾਈ ਕੀਤੀ ਗਈ।ਇਸ ਮੌਕੇ ਤਰਲੋਕ ਸਿੰਘ ਸਕੱਤਰ, ਦਵਿੰਦਰ ਸਿੰਘ ਤੇਜ਼ੀ, ਜਰਨੈਲ ਸਿੰਘ, ਭਾਈ ਰਛਪਾਲ ਸਿੰਘ, ਭਾਈ ਜਰਨੈਲ ਸਿੰਘ ਰਾਗੀ ਹਾਜ਼ਰ ਸਨ।



# ਸ਼ਹਿਰ 'ਚ ਚੋਰੀਆਂ ਦਾ ਬੋਲਬਾਲਾ, ਲੋਕ ਆਪਣੇ ਪੱਧਰ 'ਤੇ ਕਰ ਰਹੇ ਹਨ ਚੋਰਾਂ ਨੂੰ ਕਾਬੂ

■ ਪੁਲਸ ਵੱਲੋਂ ਪੀੜਤਾਂ ਨੂੰ ਸਵਾਲਾਂ 'ਚ ਉਲਝਾਇਆ ਜਾ ਰਿਹੈ

■ ਸ਼ਹਿਰ ਵਾਸੀਆਂ ਨੇ ਮੁੱਖ ਮੰਤਰੀ ਤੇ ਜ਼ਿਲ੍ਹਾ ਪੁਲਸ ਮੁਖੀ ਤੋਂ ਕੀਤੀ ਸੁਰੱਖਿਆ ਦੀ ਮੰਗ

**ਮਲੋਟ (ਗੁਰਮੀਤ ਸਿੰਘ ਮੱਕੜ)**

ਸ਼ਹਿਰ ਵਿੱਚ ਦਿਨੋਂ ਦਿਨ ਵਧ ਰਹੀਆਂ ਚੋਰੀਆਂ ਨੂੰ ਠੱਲ੍ਹ ਨਹੀਂ ਪਾਈ ਜਾ ਸਕੀ, ਭਾਵੇਂ ਪੁਲਸ ਵੱਲੋਂ ਦਿਨ-ਰਾਤ ਪੀ.ਸੀ.ਆਰ. ਦੀ ਗਸ਼ਤ ਕੀਤੀ ਜਾ ਰਹੀ ਹੈ। ਇਸ ਵਿੱਚ ਸਭ ਤੋਂ ਵੱਡੀ ਗੱਲ ਦੇਖਣ ਨੂੰ ਸਾਹਮਣੇ ਆਈ ਹੈ ਕਿ ਜੋ ਨਾਬਾਲਿਗ ਚੋਰਾਂ ਨੂੰ ਪੁਲਸ ਦੇ ਹਵਾਲੇ ਕੀਤਾ ਜਾਂਦਾ ਹੈ ਤਾਂ ਪੁਲਸ ਵੱਲੋਂ ਕੋਈ ਡੂੰਘੀ ਜਾਂਚ ਕਰਨ ਦੀ ਬਜਾਏ ਉਨ੍ਹਾਂ ਨੂੰ ਛੱਡ ਦਿੱਤਾ ਜਾਂਦਾ ਹੈ ਅਤੇ ਨਾਬਾਲਿਗਾਂ ਵੱਲੋਂ ਕੀਤਾ ਖੁਲਾਸਾ ਕਿ ਚੋਰੀ ਦਾ ਮਾਲ ਕਬਾੜੀਆਂ ਨੂੰ ਵੇਚਦੇ ਹਨ ਅਤੇ ਚਿੱਟੇ ਦੀ ਪੂਰਤੀ ਲਈ ਉਹ ਚੋਰੀ ਕਰਦੇ ਹਨ ਅਤੇ ਨਾਲ ਹੀ ਚਿੱਟਾ ਵੇਚਣ ਵਾਲੇ ਦਾ ਖੁਲਾਸਾ ਕੀਤਾ ਜਾਂਦਾ ਹੈ, ਜਿਸ ਵਿੱਚ ਨਾ ਤਾਂ ਅੱਜ ਤੱਕ ਕਬਾੜੀਆ ਕਾਬੂ ਕੀਤਾ ਗਿਆ ਹੈ ਅਤੇ ਨਾ ਹੀ ਕੋਈ ਚਿੱਟਾ ਵੇਚਣ ਵਾਲਾ, ਜਿਸ ਕਾਰਨ ਟੂਟੀਆਂ, ਪਾਣੀ ਦੀਆਂ ਪਾਈਪਾਂ ਤੇ ਹੋਰ ਘਰੇਲੂ ਸਾਮਾਨ ਦੀ ਚੋਰੀ ਵੱਡੇ ਪੱਧਰ 'ਤੇ ਹੋ ਰਹੀ ਹੈ। ਇਸ ਦੀ ਸ਼ਹਿਰ ਵਾਸੀਆਂ ਵੱਲੋਂ ਪੁਲਸ ਕੋਲ ਪਹੁੰਚ ਨਹੀਂ ਕੀਤੀ ਜਾਂਦੀ, ਕਿਉਂਕਿ ਪੁਲਸ ਪੀੜਤ ਵਿਅਕਤੀ ਨੂੰ ਹੀ ਸਵਾਲਾਂ ਵਿੱਚ ਉਲਝਾ ਲੈਂਦੀ ਹੈ, ਜਿਸ ਕਾਰਨ ਖੱਜਲ ਖੁਆਰੀ ਤੋਂ ਬਚਣ ਲਈ ਸ਼ਹਿਰ ਵਾਸੀ ਕੰਨੀਂ ਕਤਰਾਉਂਦੇ ਹਨ, ਜਿਸ ਦੀ ਤਾਜ਼ਾ ਮਿਸਾਲ ਬੀਤੇਂ ਦਿਨੀਂ ਦਿਨ ਦਿਹਾੜੇ ਮੱਕੜ ਕਲੋਨੀ ਵਿੱਚੋਂ ਟੂਟੀਆਂ ਚੋਰੀ ਕਰਦੇ ਹੋਏ ਨਾਬਾਲਿਗ ਨੂੰ ਰੰਗੇ ਹੱਥੀਂ ਕਾਬੂ ਕੀਤਾ, ਜਿਸ ਨੇ ਖੁਲਾਸਾ ਕੀਤਾ ਕਿ ਉਹ ਥਾਣਾ ਸਿਟੀ ਦੇ ਨਜ਼ਦੀਕ ਪੁਲ ਥੱਲੇ ਖੜੇ ਵਿਅਕਤੀਆਂ ਕੋਲੋਂ ਨਸ਼ੇ ਦੀ ਪੁੜੀ ਖ੍ਰੀਦਣ ਲਈ ਚੋਰੀ ਕਰਦਾ ਹੈ ਅਤੇ ਕਬਾੜੀਆਂ ਨੂੰ ਚੋਰੀ ਦਾ ਸਾਮਾਨ ਵੇਚਦਾ ਹੈ। ਉਸ ਨੂੰ ਪੁਲਸ ਦੇ ਹਵਾਲੇ ਕੀਤਾ ਤਾਂ ਨਾ ਹੀ ਪੁਲਸ ਨੇ ਚਿੱਟਾ ਵੇਚਣ ਵਾਲੇ ਨੂੰ ਕਾਬੂ ਕੀਤਾ ਤੇ ਨਾ ਹੀ ਕਬਾੜੀਏ ਨੂੰ ਅਤੇ ਉਸ ਨਾਬਾਲਿਗ ਨੂੰ ਰਿਹਾਅ ਕਰ ਦਿੱਤਾ। ਜਿਸ ਤੋਂ ਬਾਅਦ ਉਹ ਫ਼ਿਰ ਚੋਰੀ ਕਰਦਾ ਕਈ ਵਾਰ ਕਾਬੂ ਕੀਤਾ, ਪ੍ਰੰਤੂ ਸ਼ਹਿਰ ਵਾਸੀਆਂ ਨੇ ਪੁਲਸ ਦੇ ਹਵਾਲੇ ਨਹੀਂ ਕੀਤਾ। ਬੀਤੇਂ ਦਿਨੀਂ ਇੱਕ ਵਿਅਕਤੀ ਦੇ ਘਰ ਤੋਂ ਫਿਟਿੰਗ ਕੀਤੀਆਂ ਪਾਣੀ ਦੀਆਂ ਪਾਈਪਾਂ ਦੀ ਚੋਰੀ ਕਰਕੇ ਲੈ ਗਏ, ਪ੍ਰੰਤੂ ਉਸ ਵਿਅਕਤੀ ਵੱਲੋਂ ਖੱਜਲ ਖੁਆਰੀ ਤੋਂ ਬਚਣ ਲਈ ਪੁਲਸ ਤੱਕ ਪਹੁੰਚ ਹੀ ਨਹੀਂ ਕੀਤੀ। ਅੱਜ ਫ਼ਿਰ ਦਿਨ ਦਿਹਾੜੇ ਇੱਕ ਵਿਅਕਤੀ ਨੂੰ ਖੰਡ ਦਾ ਗੱਟਾ ਚੋਰੀ ਕਰਦੇ ਹੋਏ ਮੋਟਰਸਾਈਕਲ ਸਮੇਤ ਸ਼ਹਿਰ ਵਾਸੀਆਂ ਵੱਲੋਂ ਕਾਬੂ ਕੀਤਾ ਗਿਆ ਤੇ ਪੁਲਸ ਦੇ ਹਵਾਲੇ ਕਰ ਦਿੱਤਾ। ਜਦੋਂ ਸ਼ਹਿਰ ਵਾਸੀਆਂ ਨੇ ਪੁਲਸ ਨੂੰ ਕਾਰਵਾਈ ਕਰਨ ਲਈ ਕਿਹਾ ਤਾਂ ਪੁਲਸ ਨੇ ਫ਼ਿਰ ਉਨ੍ਹਾਂ ਨੂੰ ਸਵਾਲਾਂ ਦੇ ਘੇਰੇ ਵਿੱਚ ਉਲਝਾ ਲਿਆ, ਜਿਸ ਕਰਕੇ ਕੰਮਕਾਜੀ ਸ਼ਹਿਰ ਵਾਸੀਆਂ ਵੱਲੋਂ ਪਿੱਛੇ ਹਟਣਾ ਹੀ ਬਿਹਤਰ ਸਮਝਿਆ ਅਤੇ ਨੌਜਵਾਨ ਕੋਲੋਂ ਕਾਬੂ ਕੀਤਾ ਮੋਟਰਸਾਈਕਲ ਵੀ ਚੋਰੀ ਦਾ ਸੀ। ਹੁਣ ਸ਼ਹਿਰ ਵਾਸੀਆਂ ਵਿੱਚ ਚਰਚਾ ਹੈ ਕਿ ਉਹ ਚੋਰ ਨੂੰ ਛੱਡ ਦੇਣਗੇ ਤੇ ਉਹ ਫ਼ਿਰ ਤੋਂ ਚੋਰੀਆਂ ਕਰਨ ਵਿੱਚ ਲੁਪਤ ਹੋ ਜਾਵੇਗਾ। ਸ਼ਹਿਰ ਵਾਸੀਆਂ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਜ਼ਿਲ੍ਹਾ ਪੁਲਸ ਮੁਖੀ ਤੋਂ ਮੰਗ ਕੀਤੀ ਹੈ ਕਿ ਉਹ ਚੋਰੀਆਂ ਦੇ ਵੱਧ ਰਹੇ ਜੁਰਮ ਨੂੰ ਰੋਕਣ ਲਈ ਸਾਰਥਕ ਕਾਰਵਾਈ ਕਰਨ ਤਾਂ ਜੋ ਸ਼ਹਿਰ ਵਾਸੀਆਂ ਵਿੱਚ ਪਾਈ ਜਾ ਰਹੀ ਅਸੁਰੱਖਿਆ ਦੀ ਭਾਵਨਾ ਨੂੰ ਸੁਰੱਖਿਅਤ ਕੀਤਾ ਜਾ ਸਕੇ।



## ਪੈਨਸ਼ਨਰਾਂ 'ਤੇ ਟੈਕਸ ਲਾਉਣਾ ਆਪ ਸਰਕਾਰ ਦਾ ਨਾਦਰਸ਼ਾਹੀ ਫੈਸਲਾ : ਹਰਿਆਊ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸੂਬਾ ਸਰਕਾਰ ਲੋਕ ਹਿੱਤੂ ਫੈਸਲੇ ਲੈਣ ਦੀ ਬਜਾਏ ਲੋਕ ਵਿਰੋਧੀ ਫੈਸਲੇ ਲਗਾਤਾਰ ਕਰ ਰਹੀ ਹੈ। ਪੰਜਾਬ ਦੇ ਲੋਕਾਂ ਨੇ ਬਦਲਾਅ ਦੇ ਨਾਂ ਉਤੇ ਆਮ ਆਦਮੀ ਪਾਰਟੀ ਨੂੰ ਵੋਟਾਂ ਪਾਈਆਂ ਸਨ, ਪਰ ਸਰਕਾਰ ਹਰ ਫਰੰਟ 'ਤੇ ਫੇਲ੍ਹ ਸਾਬਿਤ ਹੋ ਰਹੀ ਹੈ। ਪੈਨਸ਼ਨਰਾਂ ਉੱਤੇ ਲਗਾਇਆ ਟੈਕਸ ਸਰਕਾਰ ਦੀ ਨਾਕਾਮੀ ਦਾ ਸਭ ਤੋਂ ਵੱਡਾ ਸਬੂਤ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਗੱਜਣ ਸਿੰਘ ਹਰਿਆਊ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।

ਅਕਾਲੀ ਆਗੂ ਨੇ ਕਿਹਾ ਕਿ ਅਕਾਲੀ ਦਲ ਬਾਦਲ ਦੀ ਸਰਕਾਰ ਵੇਲੇ ਜਿੱਥੇ ਪੈਨਸ਼ਨਾਂ ਸਮੇਂ ਸਿਰ ਮਿਲਦੀਆਂ ਸਨ, ਉੱਥੇ ਹੀ ਵੱਧ ਤੋਂ ਵੱਧ ਸਹੂਲਤਾਂ ਦਿੱਤੀਆਂ ਜਾਂਦੀਆਂ ਸਨ, ਪਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਨੇ 200 ਰੁਪਏ ਪ੍ਰਤੀ ਮਹੀਨਾ ਟੈਕਸ ਦੇ ਰੂਪ ਵਿੱਚ ਕੱਟੇ ਜਾਣ ਦੇ ਜੋ ਫੈਸਲਾ ਕੀਤਾ ਗਿਆ ਹੈ, ਉਹ ਪੈਨਸ਼ਨ ਧਾਰਕਾਂ ਨਾਲ ਬਹੁਤ ਹੀ ਵੱਡਾ ਧੱਕਾ ਹੈ। ਉਨ੍ਹਾ ਕਿਹਾ ਕਿ ਇੱਕ ਪਾਸੇ ਪੰਜਾਬ 'ਚ ਹਰ ਔਰਤ ਨੂੰ 1000 ਰੁਪਏ ਮਹੀਨਾ ਤੇ ਬੁਢਾਪਾ, ਅੰਗਹੀਣ ਅਤੇ ਵਿਧਵਾ ਪੈਨਸ਼ਨਾਂ 2500 ਰੁਪਏ ਦਿੱਤੇ ਜਾਣ ਸਮੇਤ ਹੋਰ ਵੀ ਬਹੁਤ ਸਾਰੇ ਵਾਅਦੇ ਕੀਤੇ ਗਏ ਸਨ, ਪਰ ਇਨ੍ਹਾਂ ਵਾਅਦਿਆਂ ਨੂੰ ਪੂਰਾ ਹੋਣ ਦੀ ਉਡੀਕ ਕਰ ਰਹੇ ਪੈਨਸ਼ਨ ਧਾਰਕਾਂ 'ਤੇ ਟੈਕਸ ਲਾ ਕੇ ਸਰਕਾਰ ਨੇ ਨਾਦਰਸ਼ਾਹ ਨੂੰ ਵੀ ਮਾਤ ਪਾ ਦਿੱਤੀ ਹੈ। ਉਨ੍ਹਾ ਕਿਹਾ ਕਿ ਆਮ ਆਦਮੀ ਪਾਰਟੀ ਦੇ ਝੂਠੇ ਵਾਅਦਿਆਂ 'ਚ ਠੱਗੇ ਗਏ ਲੋਕ ਹੁਣ ਹਰ ਵਰਗ ਦੇ ਭਲੇ ਲਈ ਕੰਮ ਕਰਦੀ ਰਹੀ ਅਕਾਲੀ ਦਲ ਦੀ ਸਰਕਾਰ ਦੀ ਬੇਸਬਰੀ ਨਾਲ ਉਡੀਕ ਕਰ ਰਹੇ ਹਨ।

# ਰਾਏ ਸਿੱਖ ਅਜ਼ਾਦ ਸੈਨਾ ਨੇ ਡਿਪਟੀ ਕਮਿਸ਼ਨਰ ਨੂੰ ਸੌਂਪਿਆ ਮੰਗ ਪੱਤਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਰਾਏ ਸਿੱਖ ਅਜ਼ਾਦ ਸੈਨਾ (ਰਜਿ.) ਪੰਜਾਬ ਵੱਲੋਂ ਸੂਬਾ ਉਪ ਪ੍ਰਧਾਨ ਅਰੂੜ ਸਿੰਘ ਘੋਗਾ ਦੀ ਅਗਵਾਈ ਹੇਠ ਜ਼ਿਲ੍ਹਾ ਫਿਰੋਜ਼ਪੁਰ ਦੇ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੂੰ ਇੱਕ ਮੰਗ ਪੱਤਰ ਦਿੱਤਾ ਗਿਆ।ਇਸ ਉਪਰੰਤ ਗੱਲਬਾਤ ਕਰਦਿਆਂ ਸੂਬਾ ਉਪ ਪ੍ਰਧਾਨ ਅਰੂੜ ਸਿੰਘ ਘੋਗਾ ਨੇ ਕਿਹਾ ਕਿ ਪ੍ਰੋਫੈਸਰ ਹਰਨੇਕ ਸਿੰਘ ਨਾਮ ਦੇ ਇੱਕ ਵਿਅਕਤੀ ਨੇ ਵੀਡੀਓ ਰਾਹੀਂ ਬਿਆਨ ਜਾਰੀ ਕੀਤਾ ਹੈ ਕਿ ਰਾਏ ਸਿੱਖ ਬਰਾਦਰੀ ਨੂੰ ਐੱਸ ਸੀ ਸਮਾਜ ਵਿੱਚੋਂ ਬਾਹਰ ਕੀਤਾ ਜਾਣਾ ਚਾਹੀਦਾ ਹੈ, ਕਿਉਂਕਿ ਇਨ੍ਹਾਂ ਵਿੱਚ ਐੱਸ ਸੀ ਸਮਾਜ ਵਾਲੇ ਕੋਈ ਵੀ ਫ਼ੀਚਰ ਨਹੀਂ ਹਨ।ਉਨ੍ਹਾਂ ਕਿਹਾ ਕਿ ਰਾਏ ਸਿੱਖ ਅਜ਼ਾਦ ਸੈਨਾ ਪ੍ਰੋਫ਼ੈਸਰ ਹਰਨੇਕ ਸਿੰਘ ਦੇ ਇਸ ਘਟੀਆ ਤੇ ਬੇਤੁਕੇ ਬਿਆਨ ਦਾ ਡੱਟ ਕੇ ਵਿਰੋਧ ਕਰਦੀ ਹੈ।ਉਨ੍ਹਾਂ ਕਿਹਾ ਕਿ ਐੱਸ ਸੀ ਸਮਾਜ ਵਿੱਚ ਸ਼ਾਮਲ ਹੋਣ ਦਾ ਸਭ ਤੋਂ ਵੱਡਾ ਫ਼ੀਚਰ ਹੁੰਦਾ ਹੈ ਪੱਛੜਿਆ ਹੋਣਾ ਤੇ ਜੇਕਰ ਗੱਲ ਕਰੀਏ ਰਾਏ ਸਿੱਖ ਬਰਾਦਰੀ ਦੀ ਤਾਂ ਰਾਏ ਸਿੱਖ ਬਰਾਦਰੀ ਅੱਜ ਵੀ ਐੱਸ ਸੀ ਸਮਾਜ ਵਿੱਚ ਸ਼ਾਮਲ ਹੋਰ ਬਰਾਦਰੀਆਂ ਜਿਵੇਂ ਕੇ ਰਵਿਦਾਸੀਆ ਭਾਈਚਾਰਾ ਜਾਂ ਮੀਨਾ ਭਾਈਚਾਰੇ ਨਾਲੋਂ ਵਿੱਦਿਅਕ ਪੱਖੋਂ ਤੇ ਆਰਥਿਕ ਪੱਖ ਤੋਂ ਬਹੁਤ ਪਿੱਛੇ ਹੈ।ਜੇਕਰ ਜ਼ਮੀਨ ਜਾਇਦਾਦ ਦੀ ਵੀ ਗੱਲ ਕਰੀਏ ਤਾਂ ਸਿਰਫ 30 ਪ੍ਰਤੀਸ਼ਤ ਰਾਏ ਸਿੱਖ ਲੋਕ ਹੀ ਅਜਿਹੇ ਹੋਣਗੇ, ਜਿਨ੍ਹਾਂ ਕੋਲ ਚਾਰ ਤੋਂ ਪੰਜ ਕਿੱਲੇ ਜ਼ਮੀਨ ਹੋ ਸਕਦੀ ਹੈ ਤੇ ਬਾਕੀ ਦੇ 70 ਪ੍ਰਤੀਸ਼ਤ ਲੋਕ ਅੱਜ ਵੀ ਬੇ-ਜ਼ਮੀਨੇ ਹਨ ਅਤੇ ਮਿਹਨਤ ਮਜ਼ਦੂਰੀ ਕਰਕੇ ਆਪਣੇ ਪਰਿਵਾਰਾਂ ਦਾ ਪਾਲਣ ਪੋਸ਼ਣ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਰਾਏ ਸਿੱਖ ਬਰਾਦਰੀ ਲਈ ਹਰਨੇਕ ਸਿੰਘ ਵਾਂਗ ਘਟੀਆ ਸੋਚ ਰੱਖਣ ਵਾਲੇ ਹਰੇਕ ਵਿਅਕਤੀ ਨੂੰ ਉਹ ਦੱਸਣਾ ਚਾਹੁੰਦੇ ਹਨ ਕਿ ਚਾਰ ਜਾਂ ਪੰਜ ਕਿੱਲੇ ਜ਼ਮੀਨ ਨਾਲ ਕੋਈ ਸਰਮਾਏਦਾਰ ਨਹੀਂ ਬਣ ਜਾਂਦਾ, ਇੰਨੀ ਕੁ ਜ਼ਮੀਨ ਨਾਲ ਤਾਂ ਘਰ ਹੀ ਮਸਾਂ ਚੱਲਦਾ ਹੈ, ਘਰਾਂ ਦੇ ਖਰਚੇ ਮਸਾਂ ਪੂਰੇ ਹੁੰਦੇ ਹਨ।ਉਨ੍ਹਾਂ ਕਿਹਾ ਕਿ ਦੇਸ਼ ਆਜ਼ਾਦ ਹੋਣ ਤੋਂ ਪਹਿਲਾਂ ਅੰਗਰੇਜ਼ਾਂ ਨੇ ਰਾਏ ਸਿੱਖ ਬਰਾਦਰੀ ਨੂੰ ਜ਼ਰਾਇਮ ਪੇਸ਼ਾ ਕੌਮ ਕਰਾਰ ਦਿੱਤਾ ਹੋਇਆ ਸੀ।ਜਦੋਂ ਦੇਸ਼ ਆਜ਼ਾਦ ਹੋਇਆ ਰਾਏ ਸਿੱਖ ਬਰਾਦਰੀ ਉਦੋਂ ਤੋਂ ਹੀ ਰਾਖਵੇਂਕਰਨ ਦੀ ਹੱਕਦਾਰ ਸੀ, ਪਰ ਇਹ ਹੱਕ ਵੀ ਬਰਾਦਰੀ ਨੂੰ ਬਹੁਤ ਲੇਟ ਆਜ਼ਾਦੀ ਤੋਂ 60 ਸਾਲ ਬਾਅਦ 2007 ਵਿੱਚ ਜਾ ਕੇ ਮਿਲਿਆ ਤੇ ਉਹ ਵੀ ਬਹੁਤ ਲੰਬੀ ਘਾਲਣਾ ਘਾਲਣ ਤੋਂ ਬਾਅਦ। ਉਨ੍ਹਾਂ ਕਿਹਾ ਕਿ ਰਾਏ ਸਿੱਖ ਬਰਾਦਰੀ ਪ੍ਰੋਫੈਸਰ ਹਰਨੇਕ ਸਿੰਘ ਵਾਂਗ ਰਾਖਵਾਂਕਰਨ ਲੈਣ ਵਾਲੀ ਕਿਸੇ ਵੀ ਬਰਾਦਰੀ ਦੇ ਵਿਰੋਧ ਵਿੱਚ ਨਹੀਂ ਹੈ, ਜੋ ਵੀ ਰਾਖਵਾਂਕਰਨ ਲੈਂਦੇ ਹਨ ਜੀ ਸਦਕੇ ਲੈਣ।ਉਨ੍ਹਾਂ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਸਰਕਾਰ ਨੇ ਵੀ ਹਰਨੇਕ ਸਿੰਘ ਵਰਗਿਆਂ ਦੇ ਘਟੀਆ ਬਿਆਨਾਂ ਕਰਕੇ ਰਾਏ ਸਿੱਖ ਬਰਾਦਰੀ ਨਾਲ ਕਿਸੇ ਵੀ ਤਰ੍ਹਾਂ ਦਾ ਕੋਈ ਧੱਕਾ ਕਰਨ ਦੀ ਕੋਸ਼ਿਸ਼ ਕੀਤੀ ਤਾਂ ਸਮੁੱਚੀ ਰਾਏ ਸਿੱਖ ਬਰਾਦਰੀ ਤੇ ਰਾਏ ਸਿੱਖ ਅਜ਼ਾਦ ਸੈਨਾ ਇਸ ਦਾ ਮੂੰਹ ਤੋੜ ਜਵਾਬ ਦੇਵੇਗੀ ਅਤੇ ਕਿਸੇ ਵੀ ਕੀਮਤ 'ਤੇ ਆਪਣਾ ਰਾਖਵਾਂਕਰਨ ਦਾ ਹੱਕ ਖੋਹਣ ਨਹੀਂ ਦੇਵੇਗੀ।ਇਸ ਮੌਕੇ ਚਰਨਜੀਤ ਸਿੰਘ ਬਲਾਕ ਪ੍ਰਧਾਨ ਗੁਰੂ ਹਰਸਹਾਏ, ਰਾਵਿੰਦਰ ਸਿੰਘ ਬਲਾਕ ਸਕੱਤਰ, ਸੁਖਦੇਵ ਬਲਾਕ ਉਪ ਪ੍ਰਧਾਨ, ਬਲਜੀਤ ਸਿੰਘ ਬਲਾਕ ਸਲਾਹਕਾਰ, ਮੰਗਤ ਸਿੰਘ ਬਲਾਕ ਖਜ਼ਾਨਚੀ, ਇੰਦਰਜੀਤ ਸਿੰਘ ਬਲਾਕ ਮੀਤ ਪ੍ਰਧਾਨ, ਸੁੱਖਾ ਸਿੰਘ ਵੱਲੀਆ, ਸੁਖਚੈਨ ਸਿੰਘ, ਪਿੱਪਲ ਸਿੰਘ, ਸੁਖਦੇਵ ਸਿੰਘ, ਗੁਰਪ੍ਰੀਤ ਸਿੰਘ, ਗੁਰਵਿੰਦਰ ਸਿੰਘ, ਜੱਗਾ ਸਿੰਘ, ਹਰਬੰਸ ਸਿੰਘ, ਬਲਵਿੰਦਰ ਸਿੰਘ ਦੋਧੀ, ਰਸ਼ਪਾਲ ਸਿੰਘ, ਜਗਮੀਤ ਸਿੰਘ ਆਦਿ ਮੁੱਖ ਤੌਰ 'ਤੇ ਸ਼ਾਮਲ ਹੋਏ।



# ਲੋਕਾਂ ਨੂੰ ਦੇਸ਼ ਅੰਦਰ ਅਣ-ਐਲਾਨੀ ਐਮਰਜੈਂਸੀ ਦਾ ਸਾਹਮਣਾ ਕਰਨਾ ਪੈ ਰਿਹੈ : ਐੱਮ ਸੀ ਪੀ ਆਈ (ਯੂ)

**ਦੋਰਾਹਾ (ਹਰਮਿੰਦਰ ਸੇਠ)**

ਭਾਰਤੀ ਮਾਰਕਸਵਾਦੀ ਕਮਿਊਨਿਸਟ ਪਾਰਟੀ (ਯੂਨਾਈਟਡ) ਦੇ ਸਕੱਤਰੇਤ ਸੁਖਦੇਵ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਦੇਸ਼ ਦੀ ਹਾਕਮ ਜਮਾਤ ਬੀ ਜੇ ਪੀ ਸਰਕਾਰ ਵੱਲੋਂ ਅੰਦਰ ਜਮਹੂਰੀਅਤ ਤੇ ਜਮਹੂਰੀ ਕਦਰਾਂ ਕੀਮਤਾਂ ਨੂੰ ਲਗਾਈ ਜਾ ਰਹੀ ਢਾਅ ਅਤੇ ਫਾਸ਼ੀਵਾਦੀ ਤੇ ਅਪਣਾਈਆ ਜਾ ਰਹੀਆਂ ਏਕਾ-ਅਧਿਕਾਰਵਾਦੀ ਨੀਤੀਆਂ ਦੀ ਸਖਤ ਨਿਖੇਧੀ ਕੀਤੀ ਗਈ। ਪ੍ਰਧਾਨ ਮੰਤਰੀ ਨਿਰੇਂਦਰ ਮੋਦੀ ਵੱਲੋਂ ਵਾਰ ਵਾਰ ਅਮਰੀਕਾ ਜਾਣਾ ਤੇ ਭਾਰਤ ਦੀ ਅਮਰੀਕਾ ਨਾਲ ਵਧਾਈ ਜਾ ਰਹੀ ਨੇੜਤਾ ਦੇਸ਼ ਦੀ ਪ੍ਰਭੂਸੱਤਾ ਲਈ ਨਵੇਂ ਖਤਰਿਆਂ ਦੇ ਸੰਕੇਤ ਦੇ ਰਹੇ ਹਨ।

ਐੱਮ ਸੀ ਪੀ ਆਈ (ਯੂ) ਦੇ ਕੌਮੀ ਸਕੱਤਰ ਕਾ: ਕੁਲਦੀਪ ਸਿੰਘ ਨੇ ਰਾਸ਼ਟਰੀ ਤੇ ਅੰਤਰ-ਰਾਸ਼ਟਰੀ ਹਾਲਾਤ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਸਾਰਾ ਵਿਸ਼ਵ ਆਰਥਕ ਸੰਕਟ ਦੀ ਚਪੇਟ ਵਿੱਚ ਬੁਰੀ ਤਰ੍ਹਾਂ ਆਇਆ ਹੋਇਆ ਹੈ। ਰੂਸ ਅੰਦਰ ਪ੍ਰਧਾਨ ਪੂਤਿਨ ਦੀ ਨਿੱਜੀ ਫੌਜ ਵੱਲੋਂ ਬਗਾਵਤ ਕਰਨਾ ਵਿਸ਼ਵ ਦੇ ਵਿਗੜ ਰਹੇ ਹਾਲਾਤ ਲਈ ਹੋਰ ਭੈੜੇ ਸੰਕੇਤ ਹਨ।

ਪ੍ਰਧਾਨ ਮੰਤਰੀ ਸ੍ਰੀ ਨਿਰੇਂਦਰ ਮੋਦੀ ਦੀ ਅਗਵਾਈ ਹੇਠ ਬੀ ਜੇ ਪੀ ਦੀ ਸਰਕਾਰ ਵੱਲੋਂ ਅਪਣਾਈਆਂ ਜਾ ਰਹੀਆਂ ਏਕਾ-ਅਧਿਕਾਰਵਾਦੀ ਤੇ ਹਿੰਦੂਤਵ ਦੀਆਂ ਅਪਣਾਈਆਂ ਜਾ ਰਹੀਆਂ ਨੀਤੀਆਂ ਦੇਸ਼ ਦੀ ਜਮਹੂਰੀਅਤ, ਅਖੰਡਤਾ ਲਈ ਇੱਕ ਗੰਭੀਰ ਖਤਰਾ ਪੈਦਾ ਕਰ ਰਹੀਆਂ ਹਨ ਅਤੇ ਦੇਸ਼ ਦੀਆਂ ਖੁਦ-ਮੁਖਤਿਆਰ ਸੰਸਥਾਵਾਂ ਦੀ ਖੁੱਦ-ਮੁਖਤਿਆਰੀ ਸੀਮਤ ਕਰਕੇ ਦੇਸ਼ ਦੇ ਫੈਡਰਲ ਢਾਂਚੇ ਨੂੰ ਤਬਾਹ ਕਰਕੇ ਇੱਕ ਤਾਨਾਸ਼ਾਹੀ ਰਾਜ ਵੱਲ ਵਧਿਆ ਜਾ ਰਿਹਾ ਹੈ।



ਦੇਸ਼ ਵਾਸੀ ਦੇਸ਼ ਅੰਦਰ ਅਣ-ਐਲਾਨੀ ਐਮਰਜੈਂਸੀ ਦੀ ਮਾਰ ਝੱਲ ਰਹੇ ਹਨ। ਦੇਸ਼ ਦੇ ਜਨਤਕ ਅਦਾਰਿਆਂ ਦੇ ਨਿੱਜੀਕਰਨ ਰਾਹੀਂ ਦੇਸ਼ ਨੂੰ ਦੇਸੀ ਤੇ ਵਿਦੇਸ਼ੀ ਕਾਰਪੋਰੇਟ ਘਰਾਣਿਆਂ ਕੋਲ ਗਹਿਣੇ ਕੀਤਾ ਜਾ ਰਿਹਾ ਹੈ। ਕਿਸਾਨਾਂ-ਮਜ਼ਦੂਰਾਂ ਤੇ ਆਮ ਅਦਮੀ ਦੀਆਂ ਮੁਸ਼ਕਲਾਂ ਦਾ ਕੋਈ ਹੱਲ ਨਹੀਂ ਕੀਤਾ ਜਾ ਰਿਹਾ। ਕਿਸਾਨੀ ਮਸਲੇ ਸਾਰੀਆਂ ਫਸਲਾਂ ਉੱਪਰ ਐੱਮ ਐੱਸ ਪੀ ਲਾਗੂ ਕਰਨਾ ਤੇ ਹੋਰ ਵਾਜਬ ਮੰਗਾਂ ਉਸੇ ਤਰ੍ਹਾਂ ਖੜੀਆਂ ਹਨ। ਦੇਸ਼ ਅੰਦਰ ਭ੍ਰਿਸ਼ਟਾਚਾਰ ਦਾ ਬੋਲਬਾਲਾ ਹੋਰ ਵੀ ਜ਼ਿਆਦਾ ਫੈਲਦਾ ਜਾ ਰਿਹਾ ਹੈ।

ਪੰਜਾਬ ਦੀ ਸਥਿਤੀ ਉੱਪਰ ਵਿਚਾਰ ਕਰਦਿਆਂ ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਅਮਨ ਕਾਨੂੰਨ ਦੀ ਸਥਿਤੀ ਵਿਗੜਦੀ ਜਾ ਰਹੀ ਹੈ। ਕਤਲ, ਅਗਵਾਕਰਨ, ਫਿਰੌਤੀ ਮੰਗਣ, ਲੁੱਟ-ਖੋਹ ਦੀਆਂ ਵਾਰਦਾਤਾਂ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ। ਪੰਜਾਬ ਅੰਦਰ ਨਸ਼ਾ ਬੇਰੋਕ-ਟੋਕ ਸ਼ਰੇਆਮ ਵਿੱਕ ਰਿਹਾ ਹੈ, ਅਜਿਹਾ ਕੋਈ ਦਿਨ ਨਹੀਂ ਜਦੋਂ ਨਸ਼ਿਆਂ ਕਾਰਨ ਇੱਕ ਤੋਂ ਵੱਧ ਮੌਤਾਂ ਨਾ ਹੋਣ। ਮਹਿੰਗਾਈ ਦੀ ਮਾਰ ਝਲਦੇ ਲੋਕਾਂ ਉੱਪਰ ਹੋਰ ਭਾਰ ਪਾਇਆ ਜਾ ਰਿਹਾ ਹੈ, ਦੋ ਵਾਰ ਪੈਟਰੋਲ-ਡੀਜ਼ਲ ਉੱਪਰ ਵੈਟ ਦੀਆਂ ਦਰਾਂ ਵਧਾਈਆਂ ਤੇ ਬਿਜਲੀ ਦੀਆਂ ਦਰਾਂ ਵਿੱਚ ਵਾਧਾ ਕਰਕੇ ਲੋਕਾਂ ਦਾ ਕਚੂਮਰ ਕੱਢਿਆ ਜਾ ਰਿਹਾ ਹੈ। ਪੈਨਸ਼ਨਰਾਂ ਉੱਪਰ 'ਵਿਕਾਸ ਕਰ' ਦੇ ਨਾਂਅ ਹੇਠ ਦੋ ਸੌ ਰੁਪਏ ਪ੍ਰਤੀ ਮਹੀਨਾ ਜਜ਼ੀਆ ਲਗਾ ਦਿੱਤਾ। ਇਸ ਸਭ ਕੁੱਝ ਦੀ ਸਖਤ ਨਿੰਦਾ ਕਰਦੇ ਹੋਏ ਐੱਮ ਸੀ ਪੀ ਆਈ (ਯੂ) ਇਨ੍ਹਾਂ ਨੂੰ ਵਾਪਸ ਲੈਣ ਦੀ ਮੰਗ ਕਰਦੀ ਹੈ।

ਵਧ ਰਹੇ ਪ੍ਰਦੂਸ਼ਨ, ਸੰਘੀ ਢਾਂਚੇ ਨੂੰ ਲਗਾਏ ਜਾ ਰਹੇ ਖੋਰੇ, ਜ਼ਮੀਨਦੋਜ ਪਾਣੀ ਦੇ ਘੱਟਦੇ ਜਾ ਰਹੇ ਪੱਧਰ ਤੇ ਕਿਸਾਨੀ ਦੀਆਂ ਹੋਰ ਮੰਗਾਂ ਨੂੰ ਪੰਜਾਬ ਦੀਆਂ ਪੰਜ ਕਿਸਾਨ ਜਥੇਬੰਦੀਆਂ ਵੱਲੋਂ ਲਗਾਏ ਜਾ ਰਹੇ ਮੋਰਚੇ ਦਾ ਐੱਮ ਸੀ ਪੀ ਆਈ (ਯੂ) ਨੇ ਪੂਰਾ ਸਮਰਥਨ ਕਰਨ ਦਾ ਫੈਸਲਾ ਕੀਤਾ ਹੈ। ਕੁੱਲ ਹਿੰਦ ਕਿਸਾਨ ਫੈਡਰੇਸ਼ਨ ਦੇ ਪ੍ਰਧਾਨ ਕਾ: ਪ੍ਰੇਮ ਸਿੰਘ ਭੰਗੂ ਨੇ ਕਿਸਾਨੀ ਦੀ ਹੋ ਰਹੀ ਦੁਰ-ਦਸ਼ਾ ਬਾਰੇ ਜਾਣਕਾਰੀ ਦਿੱਤੀ। ਮੀਟਿੰਗ ਵਿੱਚ ਪਵਨ ਕੁਮਾਰ ਕੌਸ਼ਲ, ਸੁਖਦੇਵ ਸਿੰਘ, ਗੁਰਪ੍ਰੀਤ ਸਿੰਘ ਨਾਸਤਿਕ, ਜ਼ੋਰਾ ਸਿੰਘ ਨੇ ਵੀ ਆਪਣੇ ਵਿਚਾਰ ਰੱਖੇ।

# ਵਿਧਾਇਕ ਨੇ ਬਲਾਕ ਪ੍ਰਾਇਮਰੀ ਹੈੱਲਥ ਯੂਨਿਟ ਦਾ ਰੱਖਿਆ ਨੀਂਹ ਪੱਥਰ

**ਮਮਦੋਟ (ਹਰਪਾਲ ਸਿੰਘ ਸੋਢੀ, ਜਸਬੀਰ ਸਿੰਘ ਕੰਬੋਜ)**

ਪੰਜਾਬ, ਪੰਜਾਬੀ ਤੇ ਪੰਜਾਬੀਅਤ ਦੀ ਵਕਾਲਤ ਕਰਦੀ ਆ ਰਹੀ ਆਮ ਆਦਮੀ ਪਾਰਟੀ ਵੱਲੋਂ ਜਿੱਥੇ ਸੂਬੇ ਭਰ ਵਿੱਚ ਪੰਜਾਬੀਆਂ ਨੂੰ ਸਿੱਖਿਆ ਤੇ ਸਿਹਤ ਸਹੂਲਤਾਂ ਦੇਣ ਦੇ ਨਾਲ ਨਾਲ ਲੋਕਾਂ ਦੀ ਜ਼ਿੰਦਗੀ ਨੂੰ ਸੁਖਾਲੀ ਕਰਨ ਲਈ ਯਤਨ ਕੀਤੇ ਜਾ ਰਹੇ ਹਨ, ਉਥੇ ਮੁਹੱਲਾ ਕਲੀਨਿਕਾਂ ਦੇ ਨਾਲ ਨਾਲ ਡਾਕਟਰਾਂ ਦੀ ਭਰਤੀ ਕਰਕੇ ਸੂਬੇ ਭਰ ਵਿੱਚ ਡਾਕਟਰ ਤਾਇਨਾਤ ਕੀਤੇ ਜਾ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਰਜਨੀਸ਼ ਦਹੀਆ ਨੇ ਮਮਦੋਟ ਵਿਖੇ ਕਮਿਊਨਿਟੀ ਹੈਲਥ ਸੈਂਟਰ ਦੀ ਇਮਾਰਤ ਵਿੱਚ 28 ਲੱਖ ਦੀ ਲਾਗਤ ਨਾਲ ਬਨਣ ਵਾਲੇ ਪ੍ਰਾਇਮਰੀ ਹੈਲਥ ਯੂਨਿਟ ਦਾ ਨੀਂਹ ਪੱਥਰ ਰੱਖਣ ਸਮੇਂ ਸਾਂਝੇ ਕੀਤੇ।

ਗੱਲਬਾਤ ਕਰਦਿਆਂ ਦਹੀਆ ਨੇ ਸਪੱਸ਼ਟ ਕੀਤਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਵਿੱਚ ਉਹ ਹਲਕੇ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹਨ। ਉਨ੍ਹਾ ਕਿਹਾ ਕਿ ਜਿਵੇਂ ਅੱਜ ਮਮਦੋਟ ਵਿਖੇ ਬਲਾਕ ਪੱਧਰੀ ਹੈਲਥ ਸੈਂਟਰ ਦੀ ਸਥਾਪਨਾ ਕੀਤੀ ਜਾ ਰਹੀ ਹੈ, ਤਿਵੇਂ ਹੀ ਹਲਕੇ ਵਿੱਚ ਹੋਰਨਾਂ ਸਹੂਲਤਾਂ ਨਾਲ ਲੋਕਾਂ ਨੂੰ ਲੈਸ ਕਰਨ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ। ਉਨ੍ਹਾ ਕਿਹਾ ਕਿ ਬੇਸ਼ੱਕ ਪਹਿਲੀਆਂ ਸਰਕਾਰਾਂ ਵੱਲੋਂ ਖਜ਼ਾਨਾ ਖਾਲੀ ਦਾ ਰਾਗ ਅਲਾਪਦਿਆਂ ਪੰਜਾਬੀਆਂ ਨਾਲ ਧੋਖਾਧੜੀ ਕੀਤੀ ਜਾਂਦੀ ਰਹੀ ਹੈ, ਪਰ ਭਗਵੰਤ ਸਿੰਘ ਮਾਨ ਦੀ

**■ ਮਾਨ ਸਰਕਾਰ ਸੂਬੇ ਦੇ ਵਿਕਾਸ ਲਈ ਵਚਨਬੱਧ : ਰਜਨੀਸ਼ ਦਹੀਆ**



ਸਰਕਾਰ ਵੱਲੋਂ ਸੂਬੇ ਦੇ ਸਰਵਪੱਖੀ ਵਿਕਾਸ ਲਈ ਖਜ਼ਾਨੇ ਦੀ ਕੋਈ ਕਮੀ ਨਹੀਂ। ਉਨ੍ਹਾਂ ਕਿਹਾ ਕਿ ਅੱਜ ਹਸਪਤਾਲ ਕੈਂਪਸ ਵਿੱਚ ਪਹੁੰਚਣ 'ਤੇ ਮੈਨੂੰ ਇਸ ਕਰਕੇ ਵੀ ਖੁਸ਼ੀ ਹੋਈ ਕਿ ਹਸਪਤਾਲ ਦੇ ਡਾਕਟਰਾਂ ਤੇ ਅਮਲੇ ਵੱਲੋਂ ਆਪਣੀ ਡਿਊਟੀ ਬਾਖੂਬੀ ਨਿਭਾਈ ਜਾ ਰਹੀ ਹੈ, ਜਿਸ ਦੀ ਇਲਾਕਾ ਨਿਵਾਸੀਆਂ ਨੇ ਵੀ ਪ੍ਰਸੰਸਾ ਕੀਤੀ ਹੈ। ਉਨ੍ਹਾ ਕਿਹਾ ਕਿ ਸੀ.ਐੱਚ.ਸੀ. ਮਮਦੋਟ ਵਿਖੇ ਅਲਟਰਾਸਾਊਂਡ ਸੈਂਟਰ ਖੁੱਲ੍ਹਵਾਉਣ ਲਈ ਉਹ ਜਲਦ ਹੀ ਸਿਹਤ ਮੰਤਰੀ ਪੰਜਾਬ ਨਾਲ ਮੀਟਿੰਗ ਕਰਨਗੇ ਤਾਂ ਜੋ ਲੋਕਾਂ ਨੂੰ ਮਮਦੋਟ ਵਿਖੇ ਹੀ ਅਲਟਰਾਸਾਊਂਡ ਦੀ ਸਹੂਲਤ ਪ੍ਰਾਪਤ ਹੋ ਸਕੇ। ਉਨ੍ਹਾ ਕਿਹਾ ਕਿ ਜਲਦ ਹੀ ਹਰ ਪਿੰਡ ਵਿੱਚ ਪੰਜਾਬ ਸਰਕਾਰ ਵੱਲੋਂ ਆਮ ਆਦਮੀ ਕਲੀਨਿਕ ਸਥਾਪਤ ਕੀਤੇ ਜਾਣਗੇ ਤਾਂ ਜੋ ਲੋਕਾਂ ਨੂੰ ਆਪਣੇ ਘਰਾਂ ਦੇ ਨੇੜੇ ਹੀ ਡਾਕਟਰੀ ਸਹੂਲਤ ਪ੍ਰਾਪਤ ਹੋ ਸਕੇ। ਉਨ੍ਹਾ ਕਿਹਾ ਕਿ ਆਉਂਦੇ ਦਿਨਾਂ ਵਿੱਚ ਪਿੰਡ ਲੱਖਾ ਹਾਜੀ ਵਿਖੇ ਵੀ ਹੈਲਥ ਐਂਡ ਵੈਲਨੈਸ ਸੈਂਟਰ ਦਾ ਨੀਂਹ ਪੱਥਰ ਰੱਖਿਆ ਜਾਵੇਗਾ।

ਉਨ੍ਹਾ ਕਿਹਾ ਕਿ ਕਮਿਊਨਿਟੀ ਹੈਲਥ ਸੈਂਟਰ ਮਮਦੋਟ ਸਮੇਤ ਸੀ.ਐੱਚ.ਸੀ. ਮਮਦੋਟ ਅਧੀਨ ਆਉਂਦੇ ਸਬ-ਸੈਂਟਰਾਂ ਵਿੱਚ ਮਰੀਜ਼ਾਂ ਦੀ ਸਹੂਲਤ ਲਈ ਹਰ ਸੇਵਾ ਉਪਲਬਧ ਹੈ ਤੇ ਹਸਪਤਾਲ ਦੇ ਮਾਹਰ ਡਾਕਟਰਾਂ ਵੱਲੋਂ ਸਮੇਂ-ਸਮੇਂ 'ਤੇ ਲਾਗਲੇ ਪਿੰਡਾਂ ਵਿੱਚ ਕੈਂਪ ਲਗਾ ਕੇ ਲੋਕਾਂ ਨੂੰ ਬਿਮਾਰੀਆਂ ਤੋਂ ਬਚਣ ਲਈ ਜਾਗਰੂਕ ਕਰਨ ਦੇ ਨਾਲ ਨਾਲ ਬਿਮਾਰੀਆਂ ਦਾ ਇਲਾਜ ਵੀ ਕੀਤਾ ਜਾਂਦਾ ਹੈ। ਇਸ ਮੌਕੇ ਸਿਵਲ ਸਰਜਨ ਫਿਰੋਜ਼ਪੁਰ ਡਾ: ਰਜਿੰਦਰਪਾਲ ਸਿੰਘ, ਸੀਨੀਅਰ ਮੈਡੀਕਲ ਅਫਸਰ ਡਾ: ਰੇਖਾ ਭੱਟੀ, ਐਕਸੀਅਨ ਪੰਚਾਇਤੀ ਵਿਭਾਗ ਮਨਪ੍ਰੀਤ ਸਿੰਘ, ਡਾ: ਅਨੁਪਮ, ਬੀ.ਈ.ਈ. ਅੰਕੁਸ਼ ਭੰਡਾਰੀ ਆਦਿ ਹਾਜ਼ਰ ਸਨ।

## ਕਾਤਰਾਂ

### ਬਲੌਜ਼ਮਜ ਕਾਨਵੈਂਟ ਸਕੂਲ ਦੇ ਵਿਦਿਆਰਥੀ ਕਲਾ ਮੰਚ ਦੀ ਦੁਨੀਆ 'ਚ ਭਿੱਜੇ



**ਜਗਰਾਉਂ (ਅਮਿਤ ਖੰਨਾ)**-ਬਲੌਜ਼ਮਜ ਕਾਨਵੈਂਟ ਸਕੂਲ ਦੇ ਵਿਦਿਆਰਥੀਆਂ ਨੂੰ ਹਰ ਖਿੱਤੇ 'ਚ ਅੱਗੇ ਵਧਣ ਦੇ ਮੌਕੇ ਪ੍ਰਦਾਨ ਕੀਤੇ ਜਾਂਦੇ ਹਨ, ਉਸੇ ਲੜੀ ਤਹਿਤ ਵਿਦਿਆਰਥੀਆਂ ਨੂੰ ਕਲਾ ਮੰਚ ਨਾਲ ਜੋੜਿਆ ਗਿਆ। ਕਲਾ ਦੇ ਖੇਤਰ ਵਿੱਚ ਅੱਗੇ ਵਧਣ ਦੇ ਚਾਹਵਾਨ ਵਿਦਿਆਰਥੀਆਂ ਨੇ ਇਨ੍ਹਾਂ ਕਲਾਸਾਂ ਦਾ ਭਰਪੂਰ ਆਨੰਦ ਮਾਣਿਆ। ਇਸ ਮੌਕੇ ਸਕੂਲ ਦੇ ਪ੍ਰਿੰ. ਡਾ. ਅਮਰਜੀਤ ਕੌਰ ਨਾਜ਼ ਨੇ ਕਲਾ ਮੰਚ ਦੇ ਅਧਿਆਪਕ ਮਿ. ਗੁਰਮੀਤ ਸਿੰਘ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਨਸਾਨ ਆਨੰਦ ਕਲਾਵਾਂ ਦਾ ਭੰਡਾਰ ਹੈ, ਕੇਵਲ ਉਨ੍ਹਾਂ ਨੂੰ ਤਰਾਸ਼ਣ ਲਈ ਜੌਹਰੀ ਦੀ ਲੋੜ ਪੈਂਦੀ ਹੈ ਤੇ ਵਿਦਿਆਰਥੀ ਜੀਵਨ ਵਿੱਚ ਉਨ੍ਹਾਂ ਜੌਹਰੀਆਂ ਦਾ ਕੰਮ ਇਨ੍ਹਾਂ ਬੱਚਿਆਂ ਦੇ ਅਧਿਆਪਕ ਬਾਖੂਬੀ ਨਿਭਾਉਂਦੇ ਹਨ। ਕਲਾ ਅਜਿਹਾ ਮੰਚ ਹੈ, ਜੋ ਇਨਸਾਨ ਨੂੰ ਉਚਾਈਆਂ ਤੱਕ ਲੈ ਜਾਂਦਾ ਹੈ, ਜੋ ਅਸੀਂ ਸੋਚਦੇ ਵੀ ਨਹੀਂ। ਇਸ ਮੌਕੇ ਸਕੂਲ ਦੇ ਚੇਅਰਮੈਨ ਹਰਭਜਨ ਸਿੰਘ ਜੌਹਲ, ਪ੍ਰੈਜ਼ੀਡੈਂਟ ਮਨਪ੍ਰੀਤ ਸਿੰਘ ਬਰਾੜ, ਅਜਮੇਰ ਸਿੰਘ ਰੱਤੀਆਂ ਤੇ ਸਤਵੀਰ ਸਿੰਘ ਸੇਖੋਂ ਨੇ ਵੀ ਇਸ ਦੀ ਸ਼ਲਾਘਾ ਕੀਤੀ।

### ਪੈਨਸ਼ਨਰਾਂ ਨੇ ਵਿਧਾਇਕ ਗੋਇਲ ਨੂੰ ਸੌਂਪਿਆ ਮੰਗ ਪੱਤਰ



**ਮੂਨਕ (ਰਾਜਪਾਲ ਸਿੰਗਲਾ)**-ਪੀ ਐੱਸ ਪੀ ਸੀ ਐੱਲ ਦੇ ਪੈਨਸ਼ਨਰਜ਼ ਐਸੋਸੀਏਸ਼ਨ ਦੇ ਮੈਂਬਰਾਂ ਤੇ ਆਗੂਆਂ ਨੇ ਨਜ਼ਦੀਕ ਲਹਿਰਾਗਾਗਾ ਵਿਖੇ ਹਲਕੇ ਦੇ ਐੱਮ ਐੱਲ ਏ ਬਰਿੰਦਰ ਗੋਇਲ ਨੂੰ ਆਪਣੀਆਂ ਮੰਗਾਂ ਪ੍ਰਤੀ ਮੰਗ ਪੱਤਰ ਦਿੱਤਾ। ਉਨ੍ਹਾ ਮੰਗ ਕੀਤੀ ਹੈ ਕਿ ਪੰਜਾਬ ਸਰਕਾਰ ਦੁਆਰਾ ਪੈਨਸ਼ਨਰਾਂ 'ਤੇ 200 ਰੁਪਏ ਲਗਾਇਆ ਟੈਕਸ ਬੰਦ ਕੀਤਾ ਜਾਵੇ ਤੇ ਸਰਕਾਰ ਦੇ ਇਸ ਲੋਕ ਵਿਰੋਧੀ ਸਰਕੂਲਰ ਦੀਆਂ ਕਾਪੀਆਂ ਸਾੜੀਆਂ ਗਈਆਂ। ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ ਗਈ ਤੇ ਪ੍ਰਧਾਨ ਸੀਤਾ ਰਾਮ ਸਕੱਤਰ ਗੁਰਚਰਨ ਸਿੰਘ, ਸੀ. ਮੀ. ਪ੍ਰਧਾਨ ਜਗਰੂਪ ਸਿੰਘ ਮੂਨਕ, ਪ੍ਰੈੱਸ ਸਕੱਤਰ ਮੰਗਤ ਸਿੰਘ, ਸਹਾਂ ਸਕੱਤਰ ਜਗਦੇਵ ਸਿੰਘ, ਸਰਕਲ ਆਗੂ ਗੁਰਨਾਮ ਸਿੰਘ ਤੇ ਹੋਰ ਬੁਲਾਰਿਆਂ ਨੇ ਮੰਗ ਕੀਤੀ ਸਰਕਾਰ ਪੈਨਸ਼ਨਰਜ਼ ਦੀਆਂ ਮੰਗਾਂ 'ਤੇ ਵਾਰਵਾਰ ਮੀਟਿੰਗ ਦੇ ਕੇ ਮੁੱਕਰ ਰਹੀ ਹੈ। ਇਸ ਲਈ ਪੈਨਸ਼ਨਰ ਪੰਜਾਬ ਸਰਕਾਰ ਦੇ ਖਿਲਾਫ ਸੰਘਰਸ਼ ਕਰਨ ਲਈ ਮਜਬੂਰ ਹਨ।

### ਲਾਰੈਂਸ ਸਕੂਲ ਨੇ ਲਗਾਈ ਛਬੀਲ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਬਾਘਾ ਪੁਰਾਣਾ ਬੱਸ ਸਟੈਂਡ 'ਤੇ ਲਾਰੈਂਸ ਸਕੂਲ ਵੱਲੋਂ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਜਾਣਕਾਰੀ ਦਿੰਦਿਆਂ ਤਰਸੇਮ ਲਾਲ ਗਰਗ ਨੇ ਦੱਸਿਆ ਕਿ ਸਕੂਲ ਵੱਲੋਂ ਉਨ੍ਹਾਂ ਦੀ ਧਰਮਪਤਨੀ ਸਵ. ਸ਼੍ਰੀਮਤੀ ਕਾਂਤਾ ਦੇਵੀ ਦੀ ਯਾਦ ਵਿੱਚ ਹਰ ਸਾਲ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਜਾਂਦੀ ਹੈ। ਮਨੋਜ ਕੁਮਾਰ ਨੇ ਦੱਸਿਆ ਕਿ ਇਸ ਛਬੀਲ ਵਿੱਚ ਨੌਜਵਾਨਾਂ ਤੇ ਬੱਚਿਆਂ ਨੇ ਮਿਲ ਕੇ ਤਪਦੀ ਗਰਮੀ ਵਿੱਚ ਰਾਹਗੀਰਾਂ ਨੂੰ ਠੰਢਾ ਜਲ ਪਿਲਾ ਕੇ ਰਾਹਤ ਪਹੁੰਚਾਈ। ਸੇਵਾਦਾਰਾਂ ਨੇ ਆਉਂਦੇ ਜਾਂਦੇ ਲੋਕਾਂ ਨੂੰ ਰੋਕ ਕੇ ਠੰਢਾ ਤੇ ਮਿੱਠਾ ਜਲ ਛਕਾਇਆ। ਸਕੂਲ ਵੱਲੋਂ ਕੀਤੇ ਇਸ ਕਾਰਜ ਦੀ ਸਾਰਿਆਂ ਨੇ ਪ੍ਰਸ਼ੰਸਾ ਕੀਤੀ।

# ਸਾਹਿਤ ਸਭਾ ਧੂਰੀ (ਸੇਖੋਂ) ਦੀ ਮਾਸਿਕ ਇਕੱਤਰਤਾ



**ਧੂਰੀ (ਸੁਖਦੇਵ ਧੂਰੀ)**-ਸਾਹਿਤ ਸਭਾ ਧੂਰੀ ਰਜਿ. ਸੇਖੋਂ ਦੀ ਮਾਸਿਕ ਇਕੱਤਰਤਾ ਸਥਾਨਕ ਮਾਲਵਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਹੋਈ। ਸਮਾਗਮ ਦੇ ਸ਼ੁਰੂ ਵਿੱਚ ਪੰਜਾਬੀ ਟ੍ਰਿਬਿਊਨ ਦੇ ਸੀਨੀਅਰ ਪੱਤਰਕਾਰ ਪਵਨ ਕੁਮਾਰ ਵਰਮਾ ਨਾਲ ਰੂਬਰੂ ਪ੍ਰੋਗਰਾਮ ਕੀਤਾ ਗਿਆ। ਧੂਰੀ ਸ਼ਹਿਰ ਦੀਆਂ ਬਹੁਤ ਸਾਰੀਆਂ ਸਮੱਸਿਆਵਾਂ ਦਾ ਵੇਰਵਾ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਉਹ ਬਤੌਰ ਪੱਤਰਕਾਰ ਇਨ੍ਹਾਂ ਸਮੱਸਿਆਵਾਂ ਨੂੰ ਅਖ਼ਬਾਰ ਵਿੱਚ ਲਿਖਦੇ ਹਨ। ਇਸ ਮੌਕੇ ਸਭਾ ਵੱਲੋਂ ਪਵਨ ਕੁਮਾਰ ਵਰਮਾ ਦਾ ਸਨਮਾਨ ਕੀਤਾ ਗਿਆ। ਇਸ ਤੋਂ ਬਾਅਦ ਹੋਏ ਕਵੀ ਦਰਬਾਰ ਦੀ ਸ਼ੁਰੂਆਤ ਕਰਦੇ ਹੋਏ ਸਭਾ ਦੇ ਸੀਨੀਅਰ ਮੀਤ ਪ੍ਰਧਾਨ ਸੁਖਦੇਵ ਸ਼ਰਮਾ ਨੇ ਪੰਜਾਬ ਦੇ ਦਰਦਾਂ ਦੀ ਗੱਲ ਅਪਣੀ ਕਵਿਤਾ ਰਾਹੀਂ ਕੀਤੀ। ਇਸ ਮੌਕੇ ਅਸ਼ੋਕ ਭੰਡਾਰੀ, ਕਾਮਰੇਡ ਰਮੇਸ਼ ਜੈਨ, ਸੁਖਦੇਵ ਪੇਂਟਰ, ਹੰਸ ਰਾਜ ਗਰਗ, ਅਮਰਜੀਤ ਸਿੰਘ ਕਵੀਸ਼ਰ, ਗੁਲਜ਼ਾਰ ਸਿੰਘ ਸ਼ੌਂਕੀ, ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਪਵਨ ਹਰਚੰਦਪੁਰੀ, ਸੀਨੀਅਰ ਮੀਤ ਪ੍ਰਧਾਨ ਅਮਰਜੀਤ ਸਿੰਘ ਅਮਨ ਨੇ ਆਪੋ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ। ਇਸੇ ਦੌਰਾਨ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਪਵਨ ਹਰਚੰਦਪੁਰੀ ਦਾ ਜਨਮ ਦਿਨ ਸਾਰਿਆਂ ਦਾ ਮੂੰਹ ਮਿੱਠਾ ਕਰਵਾ ਕੇ ਮਨਾਇਆ ਗਿਆ। ਉਸਤਾਦ ਰਣਜੀਤ ਸਿੰਘ, ਮਾਸਟਰ ਰਾਮ ਸਰੂਪ, ਸਤਪਾਲ ਪਰਾਸ਼ਰ, ਸੁਰਿੰਦਰ ਸਿੰਘ ਰਾਜਪੂਤ, ਗੁਰਤੇਜ ਸਿੰਘ, ਸ਼ੇਰ ਸਿੰਘ, ਸੁਖਬੀਰ ਸਿੰਘ ਤੇ ਰਜਿੰਦਰਪਾਲ ਨੇ ਆਪਣੀਆਂ ਰਚਨਾਵਾਂ ਰਾਹੀਂ ਖੂਬ ਰੰਗ ਬਿਖੇਰੇ। ਸਮਾਗਮ ਦੌਰਾਨ ਪ੍ਰਸ਼ਨ ਸਿੰਘ ਬੀਲਾ ਨੇ ਸਟੇਜ ਸਕੱਤਰ ਦੀ ਭੂਮਿਕਾ ਬਾਖੂਬੀ ਨਿਭਾਈ। ਸਮਾਗਮ ਦੇ ਅੰਤ ਵਿੱਚ ਸਾਹਿਤ ਸਭਾ ਧੂਰੀ ਦੇ ਜਨਰਲ ਸਕੱਤਰ ਸੰਤ ਸਿੰਘ ਬੀਲਾ ਨੇ ਸਮੂਹ ਸਾਹਿਤਕਾਰਾਂ ਦਾ ਧੰਨਵਾਦ ਕੀਤਾ।

# ਗਾਇਕ ਸਿੱਧੂ ਮੂਸੇਵਾਲਾ ਦੀ ਯਾਦ 'ਚ ਛਬੀਲ ਲਗਾਈ



**ਮਹਿਲ ਕਲਾਂ (ਪ੍ਰਦੀਪ ਲੋਹਗੜ੍ਹ)**

ਪ੍ਰਸਿੱਧ ਗਾਇਕ ਸਿੱਧੂ ਮੂਸੇਵਾਲਾ ਦੀ ਮਿੱਠੀ ਯਾਦ 'ਚ ਪਿੰਡ ਲੋਹਗੜ੍ਹ ਦੇ ਨੌਜਵਾਨਾਂ ਵੱਲੋਂ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ, ਜਿਸ 'ਚ ਨੌਜਵਾਨਾਂ ਨੇ ਆਉਣ-ਜਾਣ ਵਾਲੇ ਰਾਹਗੀਰਾਂ ਨੂੰ ਸਵੇਰ ਤੋਂ ਹੀ ਠੰਢਾ ਮਿੱਠਾ ਜਲ ਛਕਾਇਆ ਗਿਆ। ਸਿੱਧੂ ਮੂਸੇ ਦੇ ਚਾਹੁੰਣ ਵਾਲਿਆਂ ਨੌਜਵਾਨਾਂ ਨੇ ਵਧ ਚੜ੍ਹ ਕੇ ਸੇਵਾ ਕੀਤੀ। ਇਸ ਮੌਕੇ ਜੱਸਾ ਸਿੰਘ ਚੁੰਬਰ, ਸੁਖਚੈਨ ਸਿੰਘ ਦਿਹੜ, ਜਗਰੂਪ ਸਿੰਘ, ਇੰਦਰਜੀਤ ਸਿੰਘ, ਸੁਖਦੀਪ ਸਿੰਘ ਗੋਰਾ, ਹਰਵਿੰਦਰ ਸਿੰਘ ਪਿੰਦੂ, ਤੇਜਵਿੰਦਰ ਸਿੰਘ, ਬਾਰਾ ਸਿੰਘ, ਬੱਬੂ ਦਿਹੜ, ਪਵਨਦੀਪ ਲੱਕੀ ਆਦਿ ਨੌਜਵਾਨ ਹਾਜ਼ਰ ਸਨ।

# ਗੁਰਮੀਤ ਕੜਿਆਲਵੀ ਨੂੰ ਸਾਹਿਤ ਅਕਾਦਮੀ ਪੁਰਸਕਾਰ ਮਿਲਣ 'ਤੇ ਪੰਜਾਬੀ ਲਿਖਾਰੀ ਸਭਾ ਪੀਰ ਮੁਹੰਮਦ ਵੱਲੋਂ ਵਧਾਈਆਂ

**ਮੱਖੂ (ਰਛਪਾਲ ਸਿੰਘ ਸੰਧੂ)**

ਪੰਜਾਬੀ ਲਿਖਾਰੀ ਸਭਾ ਪੀਰ ਮੁਹੰਮਦ ਸਰਪ੍ਰਸਤ ਜਰਨੈਲ ਸਿੰਘ ਭੁੱਲਰ ਤੇ ਪ੍ਰਧਾਨ ਹਰਭਿੰਦਰ ਸਿੰਘ ਸੰਧੂ ਪੀਰ ਮੁਹੰਮਦ ਦੀ ਅਗਵਾਈ ਵਿੱਚ ਬਹੁਤ ਹੀ ਵਧੀਆ ਤਰੀਕੇ ਨਾਲ ਆਪਣੀਆਂ ਸੇਵਾਵਾਂ ਨਿਭਾਅ ਰਹੀ ਹੈ। ਪੰਜਾਬੀ ਲਿਖਾਰੀ ਸਭਾ ਜਿੱਥੇ ਮਹੀਨਾਵਾਰ ਮੀਟਿੰਗ ਵਿੱਚ ਕਲਮ ਤੇ ਆਵਾਜ਼ ਦੇ ਧਨੀ ਕਵਿਤਾਵਾਂ, ਗੀਤਾਂ ਤੇ ਗਜ਼ਲਾਂ ਰਾਹੀਂ ਆਪਣੇ ਹੁਨਰ ਦਾ ਪ੍ਰਗਟਾਵਾ ਕਰਦੇ ਹਨ, ਉਥੇ ਹੀ ਸਭਾ ਵੱਲੋਂ ਕਿਤਾਬ ਘਰ, ਹਰਿਆਵਲ ਸੱਥ ਤੇ ਗਰਮੀ ਵਿੱਚ ਜਨਤਾ ਦੀ ਪਿਆਸ ਬੁਝਾਉਣ ਲਈ ਠੰਢੇ ਪਾਣੀ ਦਾ ਵਿਸ਼ੇਸ਼ ਪ੍ਰਬੰਧ ਕਰਨਾ ਸ਼ਲਾਘਾਯੋਗ ਕਦਮ ਹਨ। ਅੱਜ ਪੰਜਾਬੀ ਲਿਖਾਰੀ ਸਭਾ ਪੀਰ ਮੁਹੰਮਦ ਵੱਲੋਂ ਵਿਸ਼ੇਸ਼ ਸੱਦੀ ਗਈ ਮੀਟਿੰਗ ਦੌਰਾਨ ਪੰਜਾਬੀ ਮਾਂ ਬੋਲੀ ਵਿੱਚ ਵੱਡਮੁੱਲਾ ਯੋਗਦਾਨ ਪਾਉਣ ਵਾਲੇ ਪ੍ਰਸਿੱਧ ਕਹਾਣੀਕਾਰ ਗੁਰਮੀਤ ਕੜਿਆਲਵੀ ਨੂੰ ਭਾਰਤੀ ਸਾਹਿਤ ਅਕਾਦਮੀ ਵੱਲੋਂ ਬਾਲ ਸਾਹਿਤ ਸੱਚ ਦੀ ਕਹਾਣੀ ਲਈ ਸਾਹਿਤ ਅਕਾਦਮੀ ਪੁਰਸਕਾਰ ਮਿਲਣ 'ਤੇ ਪੰਜਾਬੀ ਲਿਖਾਰੀ ਸਭਾ ਪੀਰ ਮੁਹੰਮਦ ਵੱਲੋਂ ਵਧਾਈਆਂ ਦਿੱਤੀਆਂ ਗਈਆਂ ਅਤੇ ਕੁਲਵਿੰਦਰ ਸਿੰਘ ਪ੍ਰਧਾਨ ਨਿਜ਼ਾਮਦੀਨ ਵਾਲਾ ਨੂੰ ਪੰਜਾਬੀ ਲਿਖਾਰੀ ਸਭਾ ਦਾ ਪ੍ਰੈੱਸ ਸਕੱਤਰ ਨਿਯੁਕਤ ਕੀਤਾ ਗਿਆ।



ਜਾਣਕਾਰੀ ਦਿੰਦੇ ਹੋਏ ਪੰਜਾਬੀ ਲਿਖਾਰੀ ਸਭਾ ਦੇ ਅਹੁਦੇਦਾਰ।

ਇਸ ਮੌਕੇ ਪ੍ਰਧਾਨ ਹਰਭਿੰਦਰ ਸਿੰਘ ਸੰਧੂ, ਗੁਰਮੀਤ ਸਿੰਘ ਭੁੱਲਰ, ਹਰਦੇਵ ਸਿੰਘ ਭੁੱਲਰ, ਹਰਪਾਲ ਸਿੰਘ ਮਨੇਸ਼, ਜਸਵੰਤ ਸਿੰਘ ਗੋਗੀਆ, ਸਿੰਘ ਦੀਪ, ਵੀਰ ਸਿੰਘ ਵੀਰਾ, ਪਿਆਰਾ ਘਾਰੂ, ਲਖਵੀਰ ਸਿੰਘ ਰਸੂਲਪੁਰੀਆ ਆਦਿ ਹਾਜ਼ਰ ਸਨ।

# ਮੰਡੀਆਂ 'ਚ ਕਿਸਾਨਾਂ ਦੀ ਹੋ ਰਹੀ ਲੁੱਟ ਨੂੰ ਨੱਥ ਪਾਈ ਜਾਵੇ : ਮਹਿੰਦਰ ਕਮਾਲਪੁਰਾ/ਜੋਗਿੰਦਰ ਸਿੰਘ

**ਹਠੂਰ (ਨਛੱਤਰ ਸੰਧੂ)**

ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਸੱਦੇ 'ਤੇ ਕਿਸਾਨਾਂ ਦੀ ਹੋ ਰਹੀ ਲੁੱਟ ਨੂੰ ਰੋਕਣ ਲਈ 27 ਜੂਨ ਨੂੰ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੱਤੀ ਜਾਵੇਗੀ। ਸੋਮਵਾਰ ਲੁਧਿਆਣਾ ਜ਼ਿਲ੍ਹੇ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਮਹਿੰਦਰ ਸਿੰਘ ਕਮਾਲਪੁਰਾ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਲੁਧਿਆਣਾ ਤੇ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਜੋਗਿੰਦਰ ਸਿੰਘ ਮਲਸੀਹਾ ਬਾਜਣ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਬਚਿੱਤਰ ਸਿੰਘ ਜਨੇਤਪੁਰਾ ਜ਼ਿਲ੍ਹਾ ਸਕੱਤਰ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਬਲਾਕ ਪ੍ਰਧਾਨ ਸਿੱਧਵਾਂ ਬੇਟ ਹਰਜੀਤ ਸਿੰਘ ਜਨੇਤਪੁਰਾ ਨੇ ਪੰਜਾਬ ਸਰਕਾਰ ਤੇ ਪ੍ਰਸ਼ਾਸਨਕ ਅਧਿਕਾਰੀਆਂ ਨੂੰ ਚਿਤਾਵਨੀ ਦਿੱਤੀ ਕਿ ਦਾਣਾ ਮੰਡੀਆਂ ਵਿੱਚ ਕਿਸਾਨਾਂ ਦੀ ਮੱਕੀ ਤੇ ਮੂੰਗੀ ਦੀ ਲੁੱਟ ਤੁਰੰਤ ਬੰਦ ਕੀਤੀ ਜਾਵੇ। ਵਾਪਰੀਆਂ ਵੱਲੋਂ ਸਰਕਾਰ ਦੀ ਮਿਲੀਭੁਗਤ ਨਾਲ 18 ਮੌਸ਼ਚਰ ਵਾਲੀ ਮੱਕੀ ਕੌਡੀਆਂ ਦੇ ਭਾਅ 1400 ਰੁਪਏ ਕੁਇੰਟਲ ਲੁੱਟੀ ਜਾ ਰਹੀ ਹੈ। ਮੂੰਗੀ ਵੀ ਰੇਟ ਤੋਂ 2000 ਰੁਪਏ ਘੱਟ ਖ੍ਰੀਦੀ ਜਾ ਰਹੀ ਹੈ। ਇਸੇ ਤਰ੍ਹਾਂ ਯੂਰੀਆ ਖਾਦ ਦੀ ਸਹਿਕਾਰੀ ਸਭਾਵਾਂ ਵਿੱਚ ਕਿਲਤ ਦਾ ਡਰਾਵਾ ਦੇ ਕੇ ਕਿਸਾਨਾਂ ਨੂੰ ਪ੍ਰਾਈਵੇਟ ਦੁਕਾਨਾਂ ਤੋਂ ਖ੍ਰੀਦਣ ਲਈ ਮਜਬੂਰ ਕੀਤਾ ਜਾਂਦਾ ਹੈ। ਉਥੇ ਕਿਸਾਨ ਦੀ ਵੱਧ ਕੀਮਤ ਲੈ ਕੇ ਤੇ ਬੇਲੋੜਾ ਸਾਮਾਨ ਦੇ ਕੇ ਕਿਸਾਨਾਂ ਦੀ ਲੁੱਟ ਕੀਤੀ ਜਾਂਦੀ ਹੈ।



ਕਿਸਾਨ ਆਗੂਆਂ ਚਮਕੌਰ ਸਿੰਘ ਗਿੱਲ, ਕੁਲਵਿੰਦਰ ਸਿੰਘ ਜੌਹਲ ਨੇ ਸਰਕਾਰ ਨੂੰ ਚਿਤਾਵਨੀ ਦਿੱਤੀ ਹੈ ਕਿ ਜੇ ਸਰਕਾਰ ਨੇ ਕਿਸਾਨਾਂ ਦੀ ਹੋ ਰਹੀ ਲੁੱਟ ਨਾ ਰੋਕੀ ਤਾਂ ਅਧਿਕਾਰੀਆਂ ਦਾ ਘਿਰਾਓ ਕੀਤਾ ਜਾਵੇਗਾ। ਜ਼ਿਲ੍ਹਾ ਆਗੂਆਂ ਮਹਿੰਦਰ ਸਿੰਘ ਕਮਾਲਪੁਰਾ ਤੇ ਜੋਗਿੰਦਰ ਸਿੰਘ ਮਲਸੀਹਾ ਬਾਜਣ ਨੇ ਖੇਤੀਬਾੜੀ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਮੰਡੀਆਂ 'ਚ ਕਿਸਾਨਾਂ ਦੀ ਹੋ ਰਹੀ ਲੁੱਟ ਤੁਰੰਤ ਬੰਦ ਕਰਵਾਈ ਜਾਵੇ।

# ਗੋਲਡਨ ਐਜੂਕੇਸ਼ਨ ਸੰਸਥਾ ਨੇ ਇੱਕੋ ਦਿਨ ਲਵਾਏ 4 ਕੈਨੇਡਾ ਦੇ ਸਟੱਡੀ ਵੀਜ਼ੇ

**ਧਰਮਕੋਟ (ਗੁਰਦੀਪ ਸਿੰਘ ਭੁੱਲਰ)**

ਗੋਲਡਨ ਐਜੂਕੇਸ਼ਨ ਸੰਸਥਾ ਵੱਖ ਵੱਖ ਦੇਸ਼ਾਂ ਦੇ ਵੀਜ਼ੇ ਲਗਵਾ ਕੇ ਲੋਕਾਂ ਦੇ ਸੁਪਨਿਆਂ ਨੂੰ ਸਾਕਾਰ ਕਰ ਰਹੀ ਹੈ। ਇਸੇ ਤਹਿਤ ਹੀ ਸੰਸਥਾ ਵੱਲੋਂ ਇੱਕੋ ਦਿਨ ਵਿੱਚ ਹੀ 4 ਕੈਨੇਡਾ ਦਾ ਸਟੱਡੀ ਵੀਜ਼ਾ ਲਵਾਏ ਗਏ ਹਨ, ਉਥੇ ਹੀ ਤਿੰਨ ਵਿਦਿਆਰਥੀਆਂ ਦੀ ਪੀ ਪੀ ਆਰ ਵੀ ਆਈ ਹੈ, ਜੋ ਕਿ ਗੋਲਡਨ ਐਜੂਕੇਸ਼ਨ ਸੰਸਥਾ ਲਈ ਮਾਣ ਵਾਲੀ ਗੱਲ ਹੈ। ਸੰਸਥਾ ਦੀ ਡਾਇਰੈਕਟਰ ਹਰਪ੍ਰੀਤ ਕੌਰ ਅਰੋੜਾ, ਸੁਭਾਸ਼ ਪਲਤਾ ਤੇ ਅਮਰਿੰਦਰ ਸਿੰਘ ਸੈਂਡੀ ਨੇ ਕਿਹਾ ਕਿ ਵਿਦੇਸ਼ ਵਿੱਚ ਪੜ੍ਹਾਈ ਕਰਨ ਦੇ ਚਾਹਵਾਨ ਕਿਸੇ ਵੀ ਵਿਦਿਆਰਥੀ ਨੂੰ ਨਿਰਾਸ਼ ਹੋਣ ਦੀ ਲੋੜ ਨਹੀਂ ਹੈ, ਕਿਉਂਕਿ ਸੰਸਥਾ ਵੱਲੋਂ ਬਹੁਤ ਹੀ ਵਧੀਆ ਤਰੀਕੇ ਨਾਲ ਫਾਈਲ ਤਿਆਰ ਕੀਤੀ ਜਾਂਦੀ ਹੈ, ਜਿਸ ਨਾਲ ਕਿਸੇ ਨੂੰ ਵੀ ਵੀਜ਼ਾ ਲਗਵਾਉਣ ਵਿੱਚ ਮੁਸ਼ਕਲ ਨਹੀਂ ਆਉਂਦੀ। ਮੈਡਮ ਅਰੋੜਾ ਨੇ ਦੱਸਿਆ ਕਿ ਇੱਕ ਵਿਦਿਆਰਥੀ ਦੇ ਤਿੰਨ ਸਾਲ ਦੇ ਗੈਪ ਤੋਂ ਬਾਅਦ ਵੀਜ਼ਾ ਆਇਆ ਹੈ, ਉਸ ਦਾ ਵੀਜ਼ਾ ਵੀ ਇਕੋ ਦਿਨ ਬਾਅਦ ਹੀ ਆਇਆ ਹੈ। ਉਨ੍ਹਾ ਦੱਸਿਆ ਕਿ ਸੰਸਥਾ ਵੱਲੋਂ ਧੜਾ ਧੜ ਵੀਜ਼ੇ ਲਗਵਾਏ ਜਾ ਰਹੇ ਹਨ, ਜਿਸ ਤਹਿਤ ਇਕੋ ਦਿਨ ਹੀ 4 ਵੀਜ਼ਾ ਲੱਗ ਕੇ ਆਏ ਹਨ। ਉਨ੍ਹਾ ਵਿਦਿਆਰਥੀਆਂ ਨੂੰ ਵੀਜ਼ਾ ਲੱਗੇ ਪਾਸਪੋਰਟ ਸੌਂਪਦਿਆਂ ਵਧਾਈ ਦਿੱਤੀ ਤੇ ਚੰਗੇ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾ ਦੱਸਿਆ ਕਿ ਸੰਸਥਾ ਦੀ ਇਕੋ ਛੱਤ ਹੇਠ ਹਵਾਈ ਟਿਕਟਾਂ, ਵੈਸਟਰਨ ਯੂਨੀਅਨ, ਆਈਲੈਟਸ, ਇਮੀਗ੍ਰੇਸ਼ਨ, ਪੀ.ਟੀ.ਈ., ਇੰਡੋ-ਕੈਨੇਡੀਅਨ ਬੱਸ ਬੁਕਿੰਗ ਤੇ ਪਾਸਪੋਰਟ ਅਪਲਾਈ ਦੀ ਸੁਵਿਧਾ ਵੀ ਦਿੱਤੀ ਜਾ ਰਹੀ ਹੈ। ਇਸ ਮੌਕੇ ਉਨ੍ਹਾਂ ਨਾਲ ਅਮਰਿੰਦਰ ਸਿੰਘ ਸੈਂਡੀ, ਹਰਪ੍ਰੀਤ ਕੌਰ, ਮਨਵੀਰ ਕੌਰ, ਸਤਿੰਦਰ ਕੌਰ, ਸਨਦੀਪ ਕੌਰ, ਰਮਨਦੀਪ ਕੌਰ, ਗੁਰਪ੍ਰੀਤ ਸਿੰਘ, ਪ੍ਰਭਲੀਨ ਕੌਰ, ਯਾਦਵਿੰਦਰ ਸਿੰਘ ਤੋਂ ਇਲਾਵਾ ਸੰਸਥਾ ਦਾ ਸਮੁੱਚਾ ਸਟਾਫ ਹਾਜ਼ਰ ਸੀ।



# ਬਾਲਿਆਂਵਾਲੀ 'ਚ ਨਸ਼ਾਖੋਰੀ ਤੇ ਗ਼ੈਰ-ਕਾਨੂੰਨੀ ਤਸਕਰੀ ਵਿਰੋਧੀ ਦਿਵਸ ਮਨਾਇਆ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਸਿਹਤ ਮੰਤਰੀ ਬਲਬੀਰ ਸਿੰਘ ਤੇ ਸਿਵਲ ਸਰਜਨ ਬਠਿੰਡਾ ਡਾ. ਤੇਜਵੰਤ ਸਿੰਘ ਢਿੱਲੋਂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਤੇ ਸੀਨੀਅਰ ਮੈਡੀਕਲ ਅਫ਼ਸਰ ਬਾਲਿਆਂਵਾਲੀ ਡਾ. ਗੁਰਮੇਲ ਸਿੰਘ ਦੀ ਯੋਗ ਅਗਵਾਈ ਹੇਠ ਸੀ ਐੱਚ ਸੀ ਬਾਲਿਆਂਵਾਲੀ ਵਿਖੇ ਅੰਤਰਰਾਸ਼ਟਰੀ ਨਸ਼ਾਖੋਰੀ ਤੇ ਗੈਰ ਕਾਨੂੰਨੀ ਤਸਕਰੀ ਵਿਰੋਧੀ ਦਿਵਸ ਮਨਾਇਆ ਗਿਆ। ਸੀਨੀਅਰ ਮੈਡੀਕਲ ਅਫ਼ਸਰ ਬਾਲਿਆਂਵਾਲੀ ਡਾਕਟਰ ਗੁਰਮੇਲ ਸਿੰਘ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਸਮਾਜ ਵਿੱਚੋਂ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਲਈ ਵੱਖ-ਵੱਖ ਪੱਧਰ 'ਤੇ ਯਤਨ ਕੀਤੇ ਜਾ ਰਹੇ ਹਨ। ਨਸ਼ਿਆਂ ਨਾਲ ਪੀੜਤ ਵਿਅਕਤੀ ਇੱਕ ਕਿਸਮ ਦਾ ਮਰੀਜ਼ ਹੁੰਦਾ ਹੈ, ਜਿਸਨੂੰ ਇਲਾਜ ਦੀ ਸਖਤ ਜ਼ਰੂਰਤ ਹੁੰਦੀ ਹੈ ਅਤੇ ਸਮਾਜ ਦੀ ਵੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਉਸ ਨਾਲ ਵਿਤਕਰੇ ਦੀ ਥਾਂ ਤੇ ਪਿਆਰ ਅਤੇ ਅਪਣੱਤ ਦੀ ਭਾਵਨਾ ਨਾਲ ਉਸ ਨੂੰ ਇਸ ਸਮੱਸਿਆ ਵਿਚੋਂ ਕੱਢਣ ਦਾ ਯਤਨ ਕਰੇ। ਇਸ ਮੌਕੇ ਓਟ ਕਲੀਨਿਕ ਬਾਲਿਆਂਵਾਲੀ ਦੇ ਇੰਚਾਰਜ ਡਾ. ਕਮਲਜੀਤ ਸਿੰਘ ਨੇ ਹਾਜ਼ਰੀਨ ਲੋਕਾਂ ਨੂੰ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਇਸ ਬੁਰਾਈ ਦੇ ਖਾਤਮੇ ਲਈ ਇਸ ਬਲਾਕ ਅਧੀਨ ਓਟ ਸੈਂਟਰ ਬਾਲਿਆਂਵਾਲੀ ਤੇ ਓਟ ਸੈਂਟਰ ਮੰਡੀ ਕਲਾਂ ਚਲਾਏ ਜਾ ਰਹੇ ਹਨ ਅਤੇ ਇਸ ਤੋਂ ਇਲਾਵਾ ਬਠਿੰਡਾ ਵਿਖੇ ਨਸ਼ਾ ਛੁਡਾਊ ਕੇਂਦਰ ਅਤੇ ਪੁਨਰ ਵਸੇਬਾ ਕੇਂਦਰਾਂ ਨੂੰ ਵੀ ਸਰਕਾਰ ਵੱਲੋਂ ਸਫ਼ਲਤਾਪੂਰਵਕ ਢੰਗ ਨਾਲ਼ ਚਲਾਇਆ ਜਾ ਰਿਹਾ ਹੈ। ਇਨ੍ਹਾਂ ਕੇਂਦਰਾਂ ਵਿੱਚ ਇਲਾਜ ਦੇ ਨਾਲ-ਨਾਲ ਮਾਹਿਰ ਕਾਊਂਸਲਰਾਂ ਤੇ ਮਨੋਰੋਗ ਮਾਹਿਰਾਂ ਵੱਲੋਂ ਉਨ੍ਹਾਂ ਦੀ ਕਾਊਂਸਲਿੰਗ ਵੀ ਕੀਤੀ ਜਾਂਦੀ ਹੈ ਤਾਂ ਜੁ ਉਹ ਨਸ਼ਾ ਛੱਡਣ ਲਈ ਮਾਨਸਿਕ ਤੌਰ ਤੇ ਵੀ ਮਜਬੂਤ ਹੋ ਸਕਣ। ਜਗਤਾਰ ਸਿੰਘ ਬਲਾਕ ਐਜੂਕੇਟਰ ਤੇ ਮਨਜੀਤ ਸਿੰਘ ਨੇ ਅਪੀਲ ਕੀਤੀ ਕਿ ਆਮ ਲੋਕ ਵੀ ਸਰਕਾਰ ਦੀ ਇਸ ਨਸ਼ਾ ਵਿਰੋਧੀ ਮੁਹਿੰਮ ਵਿੱਚ ਆਪਣਾ ਸਹਿਯੋਗ ਦੇਣ ਤਾਂ ਜੁ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਇਸ ਨਸ਼ਿਆਂ ਰੂਪੀ ਦਲਦਲ ਤੋਂ ਬਚਾਇਆ ਜਾ ਸਕੇ ਅਤੇ ਪੰਜਾਬ ਤਰੱਕੀ ਦੇ ਰਾਹ 'ਤੇ ਵਧ ਸਕੇ।



ਅੰਤਰਰਾਸ਼ਟਰੀ ਨਸ਼ਾਖੋਰੀ ਤੇ ਗੈਰ ਕਾਨੂੰਨੀ ਤਸਕਰੀ ਵਿਰੋਧੀ ਦਿਵਸ 'ਤੇ ਜਾਣਕਾਰੀ ਦਿੰਦੇ ਹੋਏ ਡਾ. ਕਮਲਜੀਤ ਸਿੰਘ ਤੇ ਹੋਰ ਸਿਹਤ ਸਟਾਫ਼।

ਇਸ ਸਮੇਂ ਓਟ ਸੈਂਟਰ ਦੇ ਫਾਰਮਾਸਿਸਟ ਅਰਸਵੀਰ ਸਿੰਘ, ਪਵਨ ਕੁਮਾਰ ਐੱਸ ਆਈ, ਡਾ ਕਮਲਦੀਪ ਸਿੰਘ ਸੀ ਐੱਚ ਓ, ਪਰਮਜੀਤ ਕੌਰ ਐੱਲ ਐੱਚ ਵੀ, ਕਰਮਜੀਤ ਕੌਰ ਏ ਐੱਨ ਐੱਮ, ਸੰਦੀਪ ਕੁਮਾਰ ਸਿਹਤ ਕ੍ਰਮਚਾਰੀ, ਅਵਤਾਰ ਸਿੰਘ ਸਿਹਤ ਕ੍ਰਮਚਾਰੀ, ਸੁਰਿੰਦਰ ਕੁਮਾਰ ਸੀਨੀਅਰ ਫਾਰਮੇਸੀ ਅਫਸਰ, ਨਵਤੇਜ ਸਿੰਘ ਫਾਰਮੇਸੀ ਅਫਸਰ, ਸੁਮੀਲ ਕੁਮਾਰ, ਸਤਪਾਲ ਸਿੰਘ ਤੋਂ ਇਲਾਵਾ ਪਿੰਡ ਦੇ ਲੋਕ ਮੌਜੂਦ ਸੀ।

# ਝੋਨੇ ਤੇ ਬਾਸਮਤੀ ਦੀ ਸਿੱਧੀ ਬਿਜਾਈ 'ਤੇ ਪ੍ਰੋਤਸਾਹਨ ਰਾਸ਼ੀ ਲਈ 30 ਤੱਕ ਰਜਿਸਟ੍ਰੇਸ਼ਨ ਕਰਾਉਣੀ ਜ਼ਰੂਰੀ : ਮੁੱਖ ਖੇਤੀਬਾੜੀ ਅਫਸਰ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਸਰਕਾਰ ਵੱਲੋਂ ਜ਼ਮੀਨਦੋਜ ਪਾਣੀ ਨੂੰ ਬਚਾਉਣ ਲਈ ਪੰਜਾਬ ਰਾਜ ਵਿੱਚ ਝੋਨੇ ਤੇ ਬਾਸਮਤੀ ਦੀ ਸਿੱਧੀ ਬਿਜਾਈ ਦੀ ਤਕਨੀਕ ਨੂੰ ਵੱਡੇ ਪੱਧਰ 'ਤੇ ਲਾਗੂ ਕੀਤਾ ਜਾ ਰਿਹਾ ਹੈ। ਇਸ ਸਬੰਧੀ ਸਰਕਾਰ ਵੱਲੋਂ 1500/-ਰੁ: ਪ੍ਰਤੀ ਏਕੜ ਦੀ ਪ੍ਰੋਤਸਾਹਨ ਰਾਸ਼ੀ ਦੇਣ ਦੇ ਕੀਤੇ ਐਲਾਨ ਤੋਂ ਬਾਅਦ ਵੱਡੀ ਗਿਣਤੀ ਵਿੱਚ ਕਿਸਾਨ ਵੀਰ ਝੋਨੇ ਤੇ ਬਾਸਮਤੀ ਦੀ ਸਿੱਧੀ ਬਿਜਾਈ ਕਰ ਰਹੇ ਹਨ ਅਤੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਪੋਰਟਲ 'ਤੇ ਰਜਿਸਟਰਡ ਹੋ ਰਹੇ ਹਨ। ਪ੍ਰੰਤੂ ਕੁਝ ਕਿਸਾਨਾਂ ਵੱਲੋਂ ਝੋਨੇ ਤੇ ਬਾਸਮਤੀ ਦੀ ਸਿੱਧੀ ਬਿਜਾਈ ਕਰਨ ਦੇ ਬਾਵਜੂਦ ਅਜੇ ਤੱਕ ਆਪਣੀ ਜਾਣਕਾਰੀ ਪੋਰਟਲ 'ਤੇ ਅਪਲੋਡ ਨਹੀਂ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫਸਰ ਸ੍ਰੀ ਮੁਕਤਸਰ ਸਾਹਿਬ ਸ: ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਪੋਰਟਲ 'ਤੇ ਰਜਿਸਟਰਡ ਹੋਣ ਦੀ ਆਖਰੀ ਮਿਤੀ 30 ਜੂਨ 2022 ਹੈ। ਉਨ੍ਹਾ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਤੇ ਬਾਸਮਤੀ ਦੀ ਸਿੱਧੀ ਬਿਜਾਈ ਸਬੰਧੀ ਆਪਣੇ ਵੇਰਵੇ ਪੰਜਾਬ ਸਰਕਾਰ ਦੇ ਪੋਰਟਲ 'ਤੇ 30 ਜੂਨ 2023 ਤੱਕ ਦਰਜ ਕਰਵਾ ਲੈਣ, ਤਾਂ ਜੋ ਉਨ੍ਹਾਂ ਨੂੰ 1500 ਰੁਪਏ ਪ੍ਰਤੀ ਏਕੜ ਦੀ ਪ੍ਰੋਤਸਾਹਨ ਰਾਸ਼ੀ ਪ੍ਰਾਪਤ ਕਰਨ 'ਚ ਕੋਈ ਦਿੱਕਤ ਪੇਸ਼ ਨਾ ਆਵੇ। ਉਨ੍ਹਾ ਨੇ ਕਿਹਾ ਕਿ ਸਕੀਮ ਦਾ ਲਾਭ ਲੈਣ ਲਈ ਇਹ ਵੇਰਵੇ ਆਨਲਾਈਨ ਪੋਰਟਲ 'ਤੇ ਦਰਜ ਕਰਵਾਉਣੇ ਲਾਜ਼ਮੀ ਹਨ। ਕਿਸਾਨ ਵੱਲੋਂ ਇਸ ਪੋਰਟਲ 'ਤੇ ਰਜਿਸਟਰਡ ਹੋਣ ਤੋਂ ਬਾਅਦ ਹੀ ਝੋਨੇ ਤੇ ਬਾਸਮਤੀ ਦੀ ਸਿੱਧੀ ਬਿਜਾਈ ਕੀਤੇ ਗਏ ਰਕਬੇ ਦਾ ਵੈਰੀਫਾਈ ਅਫਸਰ ਤੇ ਮਾਲ ਵਿਭਾਗ ਵੱਲੋਂ ਸਬੰਧਤ ਖੇਤ ਦਾ ਦੌਰਾ ਕਰਕੇ ਤਸਦੀਕ ਕੀਤਾ ਜਾਵੇਗਾ। ਤਸਦੀਕ ਹੋਣ ਤੋਂ ਬਾਅਦ ਹੀ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੇ ਖਾਤਿਆਂ ਵਿੱਚ ਪ੍ਰੋਤਸਾਹਨ ਰਾਸ਼ੀ ਦੀ ਸਿੱਧੀ ਅਦਾਇਗੀ ਕੀਤੀ ਜਾਵੇਗੀ। ਕਿਸਾਨ ਵੱਲੋਂ ਰਜਿਸਟ੍ਰੇਸ਼ਨ ਕਰਨ ਸਮੇਂ ਉਸ ਪਾਸ ਅਧਾਰ ਕਾਰਡ, ਖੇਵਟ ਨੰਬਰ, ਖਸਰਾ ਨੰਬਰ ਤੇ ਸਿੱਧੀ ਬਿਜਾਈ ਅਧੀਨ ਰਕਬੇ ਦੀ ਜਾਣਕਾਰੀ (ਕਨਾਲ/ਮਰਲਾ ਵਿੱਚ) ਹੋਣੀ ਚਾਹੀਦੀ ਹੈ। ਅਖੀਰ ਵਿੱਚ ਉਨ੍ਹਾ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਪੋਰਟਲ 'ਤੇ ਕੇਵਲ ਝੋਨੇ ਤੇ ਬਾਸਮਤੀ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੇ ਹੀ ਆਪਣੇ ਵੇਰਵੇ ਦੇਣੇ ਹਨ।



# ਸਿਵਲ ਹਸਪਤਾਲ 'ਚ ਮਲੇਰੀਆ ਸੰਬੰਧੀ ਜਾਗਰੂਕਤਾ ਕੈਂਪ ਲਾਇਆ



**ਮੱਖੂ (ਰਛਪਾਲ ਸਿੰਘ ਸੰਧੂ)**

ਸਿਵਲ ਸਰਜਨ ਫਿਰੋਜ਼ਪੁਰ ਤੇ ਐੱਸ ਐੱਮ ਓ ਡਾ. ਬਲਕਾਰ ਸਿੰਘ ਕੱਸੋਆਣਾ ਦੇ ਹੁਕਮਾਂ ਅਨੁਸਾਰ ਸਿਵਲ ਹਸਪਤਾਲ ਮੱਖੂ ਵਿਖੇ ਮਲੇਰੀਆ ਸੰਬੰਧੀ ਜਾਗਰੂਕਤਾ ਕੈਂਪ ਲਗਾਇਆ ਗਿਆ, ਜਿਸ ਵਿੱਚ ਹੈਲਥ ਇੰਸਪੈਕਟਰ ਗੁਰਿੰਦਰ ਸਿੰਘ ਨੇ ਮਲੇਰੀਆ ਬੁਖ਼ਾਰ ਹੋਣ ਦੇ ਲੱਛਣਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਠੰਢ ਤੇ ਕਾਂਬੇ ਨਾਲ ਤੇਜ਼ ਬੁਖਾਰ, ਸਿਰ ਦਰਦ, ਮਾਸਪੇਸ਼ੀਆਂ 'ਚ ਦਰਦ, ਬੁਖਾਰ ਉੱਤਰਨ ਤੋਂ ਬਾਅਦ ਥਕਾਵਟ ਕਮਜ਼ੋਰੀ ਹੋਣਾ, ਸਰੀਰ ਨੂੰ ਪਸੀਨਾ ਆਉਣਾ ਮਲੇਰੀਆ ਬੁਖ਼ਾਰ ਦੇ ਲੱਛਣ ਹਨ। ਬੁਖ਼ਾਰ ਹੋਣ 'ਤੇ ਸਰਕਾਰੀ ਹਸਪਤਾਲ ਤੋਂ ਟੈਸਟ ਜ਼ਰੂਰ ਕਰਵਾਓ। ਇਸ ਮੌਕੇ ਨਿਹਾਲ ਸਿੰਘ, ਹਰਪਾਲ ਸਿੰਘ, ਹਰਮਿੰਦਰ ਕੌਰ ਨੇ ਕਿਹਾ ਕਿ ਮਲੇਰੀਆ ਬੁਖ਼ਾਰ ਘਰਾਂ ਵਿੱਚ ਖੜੇ ਸਾਫ ਪਾਣੀ ਵਿੱਚ ਪੈਦਾ ਹੁੰਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ। ਇਸ ਦੇ ਬਚਾਅ ਲਈ ਘਰਾਂ ਵਿਚਲੇ ਪਾਣੀ ਦੇ ਵਾਧੂ ਸੋਮੇ ਜਿਵੇਂ ਕੂਲਰ, ਜਾਨਵਰਾਂ ਲਈ ਪਾਣੀ ਦੇ ਕੁੱਜੇ, ਹੌਦੀਆਂ, ਪੁਰਾਣੇ ਟਾਇਰ, ਗਮਲੇ, ਫਰਿਜਾਂ ਦੀ ਪਿਛਲੀ ਟ੍ਰੇ ਵਿੱਚ ਪਾਣੀ ਖੜ੍ਹਾ ਨਹੀਂ ਹੋਣ ਦੇਣਾ ਚਾਹੀਦਾ ਅਤੇ ਮੱਛਰ ਪੈਦਾ ਕਰਨ ਵਾਲੇ ਹਰੇਕ ਤਰ੍ਹਾਂ ਦੇ ਸੋਮੇ ਨੂੰ ਨਸ਼ਟ ਕੀਤਾ ਜਾਣਾ ਚਾਹੀਦਾ ਹੈ। ਹਰ ਸ਼ੁੱਕਰਵਾਰ ਨੂੰ ਡਰਾਈਡੇ ਦੇ ਤੌਰ 'ਤੇ ਮਨਾਇਆ ਜਾਵੇ ਅਤੇ ਬਰਸਾਤ ਦੇ ਪਾਣੀ ਨੂੰ ਇੱਕ ਜਗ੍ਹਾ ਜਮ੍ਹਾਂ ਨਾ ਹੋਣ ਦਿੱਤਾ ਜਾਵੇ। ਇਸ ਮੌਕੇ ਮੈਡਮ ਸੁਦੇਸ਼ ਕੁਮਾਰੀ, ਮਿਸ ਛਾਇਆ ਵਰਮਾ, ਅਸਵਿੰਦਰ ਸਿੰਘ, ਕੁਲਵਿੰਦਰ ਸਿੰਘ ਐੱਮ ਐੱਲ ਟੀ, ਨਰੇਸ਼ ਕੁਮਾਰ ਆਦਿ ਸਮੂਹ ਸਟਾਫ ਹਾਜ਼ਰ ਸੀ।

# ਹਰ ਨਾਗਰਿਕ ਨੂੰ ਪੌਦੇ ਲਗਾਉਣ ਲਈ ਯਤਨਸ਼ੀਲ ਰਹਿਣਾ ਚਾਹੀਦਾ : ਦੇਵ ਮਾਨ

**ਨਾਭਾ (ਵਰਿੰਦਰ ਵਰਮਾ)**

ਨਗਰ ਸੁਧਾਰ ਟਰੱਸਟ ਨਾਭਾ ਚੇਅਰਮੈਨ ਸੁਰਿੰਦਰ ਸ਼ਰਮਾ ਦੀ ਅਗਵਾਈ ਹੇਠ ਮਾਤਾ ਚਿੰਤਪੁਰਨੀ ਕਮਰਸ਼ੀਅਲ ਕੰਪਲੈਕਸ ਪਟਿਆਲਾ ਗੇਟ ਵਿਖੇ ਹਵਾਦਾਰ ਤੇ ਛਾਂਦਾਰ ਪੌਦੇ ਲਗਾਏ ਗਏ। ਇਸ ਮੌਕੇ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾ ਆਪਣੇ ਕਰ-ਕਮਲਾਂ ਨਾਲ ਹਵਾਦਾਰ ਤੇ ਛਾਂਦਾਰ ਪੌਦੇ ਲਗਾਏ। ਪੌਦੇ ਲਗਾਉਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਵਾਤਾਵਰਨ ਦੇ ਹਿੱਤ ਵਿੱਚ ਪੌਦੇ ਲਗਾਉਣ ਦੀ ਮੁਹਿੰਮ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾ ਕਿਹਾ ਕਿ ਪੌਦੇ ਲਗਾਉਣਾ ਤੇ ਇਨ੍ਹਾਂ ਦੀ ਸਾਂਭ ਸੰਭਾਲ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਹੈ, ਹਰ ਨਾਗਰਿਕ ਨੂੰ ਪੌਦੇ ਲਗਾਉਣ ਲਈ ਯਤਨਸ਼ੀਲ ਰਹਿਣਾ ਚਾਹੀਦਾ ਹੈ ਅਤੇ ਨਾਲ ਹੀ ਪੌਦਿਆਂ ਦੀ ਸਹੀ ਸਾਂਭ ਸੰਭਾਲ ਕਰਨੀ ਵੀ ਅਤਿ ਜ਼ਰੂਰੀ ਹੈ। ਉਨ੍ਹਾ ਕਿਹਾ ਕਿ ਬੱਚਿਆਂ ਨੂੰ ਪੌਦਿਆਂ ਦੀ ਮਨੁੱਖੀ ਜੀਵਨ ਵਿੱਚ ਅਹਿਮੀਅਤ ਬਾਰੇ ਜਾਗਰੂਕ ਕਰਦੇ ਰਹਿਣਾ ਚਾਹੀਦਾ ਹੈ ਤੇ ਉਨ੍ਹਾਂ ਵਿੱਚ ਵਾਤਾਵਰਨ ਪ੍ਰਤੀ ਜਾਗਰੂਕਤਾ ਪੈਦਾ ਕਰਨੀ ਚਾਹੀਦੀ ਹੈ। ਦੇਵ ਮਾਨ ਨੇ ਕਿਹਾ ਕਿ ਕੁਦਰਤ ਨਾਲ ਸਾਂਝ ਪਾਉਂਦਿਆਂ ਮਨੁੱਖ ਨੂੰ ਆਪਣੇ ਜੀਵਨ ਵਿੱਚ ਕੁਦਰਤ ਦੀ ਮਹੱਤਤਾ ਨੂੰ ਸਮਝਣਾ ਅਤਿ ਜ਼ਰੂਰੀ ਹੈ।

ਇਸ ਮੌਕੇ ਚੇਅਰਮੈਨ ਸੁਰਿੰਦਰ ਸ਼ਰਮਾ ਨੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਆਕਸੀਜਨ ਮਨੁੱਖ ਦੀ ਸਭ ਤੋਂ ਵੱਡੀ ਜ਼ਰੂਰਤ ਹੈ, ਕਿਉਂਕਿ ਜਿਉਂਦਾ ਰਹਿਣ ਲਈ ਸਭ ਤੋਂ ਪਹਿਲਾਂ ਆਕਸੀਜਨ ਦੀ ਲੋੜ ਹੁੰਦੀ ਹੈ। ਉਨ੍ਹਾ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਆਸ ਪਾਸ ਨੂੰ ਲਗਾਏ ਗਏ ਪੌਦਿਆਂ ਦੀ ਸਾਂਭ ਸੰਭਾਲ ਵੱਲ ਵਿਸ਼ੇਸ਼ ਧਿਆਨ ਦੇਣ ਤਾਂ ਕਿ ਵਾਤਾਵਰਨ ਵਿੱਚ ਆ ਰਹੇ ਗੰਧਲੇਪਣ ਨੂੰ ਦੂਰ ਕੀਤਾ ਜਾ ਸਕੇ। ਇਸ ਮੌਕੇ ਆਮ ਆਦਮੀ ਪਾਰਟੀ ਸ਼ਹਿਰੀ ਬਲਾਕ ਪ੍ਰਧਾਨ ਅਸ਼ੋਕ ਅਰੋੜਾ, ਵਪਾਰ ਮੰਡਲ ਜ਼ਿਲ੍ਹਾ ਪ੍ਰਧਾਨ ਅਜੇ ਜਿੰਦਲ, ਸਮਾਜ ਸੇਵੀ ਦੀਪਕ ਨਾਗਪਾਲ, ਤੇਜਿੰਦਰ ਖਹਿਰਾ, ਨਰੇਸ਼ ਕੁਮਾਰ ਗਰਗ, ਵੇਦ ਚੰਦ ਮੰਡੋੜ, ਅਵਤਾਰ ਸਿੰਘ ਧਾਲੀਵਾਲ, ਵਿੱਕੀ ਚੱਢਾ, ਜਸਵੀਰ ਸਿੰਘ ਵਜੀਦਪੁਰ, ਸਵਰਨਜੀਤ ਸਿੰਘ ਦੋਦਾ, ਗੁਰਚਰਨ ਸਿੰਘ ਮੱਲੀ, ਗੁਰਪ੍ਰੀਤ ਸਿੰਘ ਦੋਦਾ, ਰਾਮ ਸਿੰਘ, ਭਿੰਦਾ ਵਿਰਕ, ਨਿਰਭੈ ਸਿੰਘ, ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

**■ ਚੇਅਰਮੈਨ ਸੁਰਿੰਦਰ ਸ਼ਰਮਾ ਦੀ ਅਗਵਾਈ ਹੇਠ ਲਗਾਏ ਪੌਦੇ**



# ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਮੌਕੇ ਰੈਲੀ ਕੱਢੀ

**ਮਲੋਟ (ਗੁਰਮੀਤ ਸਿੰਘ ਮੱਕੜ)**

ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਮੌਕੇ ਸਾਂਝ ਕੇਂਦਰ ਵੱਲੋਂ ਐਨ.ਸੀ.ਸੀ ਅਕੈਡਮੀ ਦੇ ਕੈਡਿਟਾਂ ਦੇ ਸਹਿਯੋਗ ਨਾਲ ਇੱਕ ਨਸ਼ਾ ਵਿਰੋਧੀ ਰੈਲੀ ਕੱਢੀ ਗਈ, ਜਿਸ ਵਿੱਚ ਨਸ਼ੇ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਾਇਆ ਗਿਆ। ਨਸ਼ਾ ਵਿਰੋਧੀ ਰੈਲੀ ਵਿੱਚ ਅਕੈਡਮੀ ਦੇ ਅਧਿਕਾਰੀਆਂ, ਸਾਂਝ ਕੇਂਦਰ ਦੇ ਇਚਾਰਜ ਤੇ ਹੋਰ ਮੁਲਾਜ਼ਮਾਂ ਨੇ ਲੋਕਾਂ ਨੂੰ ਨਸ਼ਾ ਨਾ ਕਰਨ ਦੇ ਮਕਸਦ ਨਾਲ ਵੱਖ-ਵੱਖ ਬਜ਼ਾਰਾਂ ਵਿਚ ਰੈਲੀ ਕੱਢੀ। ਸਾਂਝ ਕੇਂਦਰ ਦੇ ਅਧਿਕਾਰੀਆਂ ਨੇ ਕਿਹਾ ਕਿ ਉਨ੍ਹਾਂ ਦੇ ਉੱਚ ਅਧਿਕਾਰੀਆਂ ਗੁਰਪ੍ਰੀਤ ਕੌਰ ਦਿਓ ਤੇ ਐਸ.ਐਸ.ਪੀ ਹਰਮਨਬੀਰ ਸਿੰਘ ਗਿੱਲ ਦੀ ਅਗਵਾਈ ਵਿਚ ਇਹ ਨਸ਼ਾ ਵਿਰੋਧੀ ਰੈਲੀ ਕੱਢੀ ਗਈ ਹੈ, ਜਿਸ ਵਿੱਚ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਅਤੇ ਇਸ ਅਲਾਮਤ ਤੋਂ ਦੂਰ ਰਹਿ ਕੇ ਨਸ਼ੇ ਦੀ ਬੁਰਾਈ ਨੂੰ ਖ਼ਤਮ ਕਰਨ ਲਈ ਸਹਿਯੋਗ ਦੀ ਵੀ ਮੰਗ ਕੀਤੀ ਗਈ। ਇਸ ਰੈਲੀ ਵਿੱਚ ਸ਼ਾਮਲ ਸੂਬੇਦਾਰ ਮੇਜਰ ਰਜੇਸ਼ ਚੰਦਰ ਨੇ ਵੀ ਕਿਹਾ ਕਿ ਬੱਚਿਆਂ ਨੂੰ ਨਸ਼ੇ ਦੀਆਂ ਮਾੜੀਆਂ ਆਦਤਾਂ ਤੋਂ ਦੂਰ ਰਹਿ ਕੇ ਆਪਣੀ ਸਿਹਤ ਦਾ ਖਿਆਲ ਰੱਖਣਾ ਹੋਵੇਗਾ ਤਾਂ ਜੋ ਸਾਡਾ ਦੇਸ਼ ਮਜ਼ਬੂਤ ਬਣ ਸਕੇ। ਸੂਬੇਦਾਰ ਮੇਜਰ ਨੇ ਨਵੀਂ ਤਕਨਾਲੋਜੀ ਸਬੰਧੀ ਵਿਦਿਆਰਥੀਆਂ ਨੂੰ ਦੱਸਦਿਆਂ ਇਸ ਦੇ ਹਾਨੀ ਬਣਨ ਅਤੇ ਨਸ਼ਿਆਂ ਦੇ ਮਾੜੇ ਪ੍ਰਭਾਵ ਤੋਂ ਦੂਰ ਰਹਿ ਕੇ ਆਪਣੀ ਜ਼ਿੰਦਗੀ ਨੂੰ ਸਫ਼ਲ ਬਣਾਉਣ ਲਈ ਪ੍ਰੇਰਿਆ।



# ਪਿਛਲੀਆਂ ਸਰਕਾਰਾਂ ਨੇ ਸੂਬੇ ਦੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਵੀ ਮੁਹੱਈਆ ਨਹੀਂ ਕਰਵਾਈਆਂ : ਹਰਜੋਤ ਬੈਂਸ

**ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋਂ)**-ਦੇਸ਼ ਦੀ ਅਜ਼ਾਦੀ ਤੋਂ ਬਾਅਦ ਪਿਛਲੀਆਂ ਸਰਕਾਰ ਨੇ 70 ਸਾਲ ਵਿੱਚ ਸੂਬੇ ਦੇ ਲੋਕਾਂ ਨੂੰ ਕੇਵਲ ਗੁੰਮਰਾਹ ਹੀ ਕੀਤਾ ਹੈ। ਪਿੰਡਾਂ ਵਿੱਚ ਗਲੀਆਂ, ਨਾਲੀਆਂ, ਸੜਕਾਂ, ਸਿੱਖਿਆ ਅਤੇ ਸਿਹਤ ਸਹੂਲਤਾਂ ਵਰਗੀਆਂ ਬੁਨਿਆਦੀ ਸਹੂਲਤਾਂ ਤੱਕ ਪਿੰਡਾਂ ਨੂੰ ਮੁਹੱਈਆ ਨਹੀਂ ਕਰਵਾਈਆਂ ਗਈਆਂ। ਪੰਜਾਬ ਸਰਕਾਰ ਸੂਬੇ ਦੇ ਲੋਕਾਂ ਨੂੰ ਇਹ ਸਹੂਲਤਾਂ ਮੁਹੱਈਆ ਕਰਵਾਉਣ ਲਈ ਨਿਰੰਤਰ ਉਪਰਾਲੇ ਕਰ ਰਹੀ ਹੈ ਅਤੇ ਭਵਿੱਖ ਵਿੱਚ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਪੈਦੇ ਕੀਤੇ ਜਾ ਰਹੇ ਹਨ ਤਾਂ ਜੋ ਲੋਕਾਂ ਦੀ ਆਰਥਕਤਾ ਨੂੰ ਵੀ ਨਾਲੋ-ਨਾਲ ਮਜ਼ਬੂਤ ਕੀਤਾ ਜਾ ਸਕੇ। ਇਹ ਪ੍ਰਗਟਾਵਾ ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਕੂਲ ਸਿੱਖਿਆ, ਤਕਨੀਕੀ ਸਿੱਖਿਆ, ਉਦਯੋਗਿਕ ਸਿਖਲਾਈ ਤੇ ਉਚੇਰੀ ਸਿੱਖਿਆ ਪੰਜਾਬ ਨੇ ਅਜੋਲੀ ਵਿੱਚ ਲੋਕਾਂ ਦੀਆਂ ਮੁਸ਼ਕਲਾਂ/ਸਮੱਸਿਆਵਾ ਹੱਲ ਕਰਨ ਲਈ ਪਿਛਲੇ ਸਵਾ ਸਾਲ ਤੋਂ ਚਲਾਏ ਜਾ ਰਹੇ ਵਿਆਪਕ ਪ੍ਰੋਗਰਾਮ ਸਾਡਾ.ਐਮ.ਐਲ.ਏ.ਸਾਡੇ ਵਿਚ ਤਹਿਤ ਲੋਕਾਂ ਨੂੰ ਸੰਬੋਧਨ ਕਰਦੇ ਹੋਏ ਕੀਤਾ। ਕੈਬਨਿਟ ਮੰਤਰੀ ਵੱਲੋਂ ਇਸ ਪ੍ਰੋਗਰਾਮ ਤਹਿਤ ਅੱਜ 86ਵਾਂ ਦੌਰਾ ਕੀਤਾ ਗਿਆ, ਜਿਸ ਨਾਲ ਦੂਰ ਦੁਰਾਡੇ ਪੇਂਡੂ ਖੇਤਰਾਂ ਵਿਚ ਰਹਿ ਰਹੇ ਲੋਕਾਂ ਤੱਕ ਜਿੱਥੇ ਪੰਜਾਬ ਸਰਕਾਰ ਦੀਆਂ ਭਲਾਈ ਸਕੀਮਾਂ ਦਾ ਲਾਭ ਪਹੁੰਚਾਇਆ ਜਾ ਰਿਹਾ ਹੈ, ਉਸ ਦੇ ਨਾਲ ਹੀ ਸਾਂਝੇ ਤੇ ਨਿੱਜੀ ਮਸਲੇ ਵੀ ਹੱਲ ਹੋ ਰਹੇ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਸਾਡੀ ਇਹ ਬਹੁਤ ਵੱਡੀ ਤਰਾਸਦੀ ਹੈ ਕਿ ਅੱਜ ਵੀ ਇਸ ਹਲਕੇ ਦੇ ਲੋਕ ਬੁਨਿਆਦੀ ਸਹੂਲਤਾਂ ਤੋ ਸੱਖਣੇ ਹਨ, ਪ੍ਰੰਤੂ ਸਾਡੀ ਸਰਕਾਰ ਵਿਕਾਸ ਦੇ ਕੰਮਾਂ ਵਿੱਚ ਕੋਈ ਕਸਰ ਬਾਕੀ ਨਹੀ ਛੱਡੇਗੀ। ਹਰ ਘਰ ਤੱਕ ਪੀਣ ਵਾਲਾ ਸਾਫ ਪਾਣੀ ਪਹੁੰਚਾਉਣ ਲਈ 67 ਪਿੰਡਾਂ ਦਾ ਵਿਸ਼ੇਸ਼ ਪ੍ਰੋਗਰਾਮ ਅਤੇ ਟਿਊਬਵੈਲ ਲਗਾ ਕੇ ਜਲ ਸਪਲਾਈ ਦੇ ਰਹੇ ਹਾਂ। ਉਨ੍ਹਾ ਕਿਹਾ ਕਿ ਪੱਕੀਆਂ ਗਲੀਆਂ, ਨਾਲੀਆਂ, ਸੁਚਾਰੂ ਆਵਾਜਾਈ ਲਈ ਸੜਕਾਂ ਦਾ ਨਿਰਮਾਣ ਸਰਕਾਰ ਦੀ ਜ਼ਿੰਮੇਵਾਰੀ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸਿੱਖਿਆ ਸੁਧਾਰ ਲਈ ਵੱਡੇ ਉਪਰਾਲੇ ਕੀਤੇ ਜਾ ਰਹੇ ਹਨ, ਸਕੂਲ ਆਫ ਐਮੀਨੈਂਸ ਖੋਲ੍ਹੇ ਗਏ ਹਨ, ਸਰਕਾਰੀ ਸਕੂਲਾਂ 'ਚ ਆਧੁਨਿਕ ਸਹੂਲਤਾਂ ਉਪਲਬਧ ਕਰਵਾਈਆਂ ਜਾ ਰਹੀਆਂ ਹਨ, ਹਲਕੇ ਦੇ ਸਾਰੇ ਸੀਨੀਅਰ ਸੈਕੰਡਰੀ ਅਤੇ ਪ੍ਰਾਇਮਰੀ ਸਕੂਲਾਂ ਨੂੰ ਕਾਨਵੈਂਟ ਤੇ ਮਾਡਲ ਸਕੂਲਾਂ ਦੀ ਤਰ੍ਹਾਂ ਸਹੂਲਤਾਂ ਨਾਲ ਲੈਸ ਕੀਤਾ ਜਾ ਰਿਹਾ ਹੈ, ਕਰੋੜਾਂ ਰੁਪਏ ਇਸ ਪ੍ਰੋਜੈਕਟ ਤਹਿਤ ਜਾਰੀ ਕਰਕੇ ਸਰਕਾਰੀ ਸਕੂਲਾਂ ਵਿੱਚ ਦਾਖਲਾ ਵਧ ਰਿਹਾ ਹੈ। ਆਮ ਆਦਮੀ ਕਲੀਨਿਕ ਨਾਲ ਲੋਕਾਂ ਨੂੰ ਘਰਾਂ ਦੇ ਨੇੜੇ ਮੁਫਤ ਸਿਹਤ ਸਹੂਲਤਾਂ ਦਵਾਈ ਅਤੇ ਟੈਸਟ ਦੀ ਸਹੂਲਤ ਮਿਲ ਰਹੀ ਹੈ। ਇਸ ਤੋਂ ਇਲਾਵਾ ਪੰਜਾਬ ਸਰਕਾਰ ਵੱਲੋਂ 29 ਹਜ਼ਾਰ ਨੌਜਵਾਨਾਂ ਨੂੰ ਰੁਜਗਾਰ ਉਪਲਬਧ ਕਰਵਾਇਆ ਗਿਆ ਹੈ। ਹਰਜੋਤ ਬੈਂਸ ਨੇ ਕਿਹਾ ਕਿ ਅੱਜ 88 ਪ੍ਰਤੀਸ਼ਤ ਘਰੇਲੂ ਬਿਜਲੀ ਖਪਤਕਾਰਾਂ ਦੇ ਬਿਜਲੀ ਬਿੱਲ ਜ਼ੀਰੋ ਆ ਰਹੇ ਹਨ, ਬਿਜਲੀ ਦੀ ਸਪਲਾਈ ਵੀ ਨਿਰਵਿਘਨ ਹੋ ਰਹੀ ਹੈ, ਸਿੰਚਾਈ ਲਈ ਨਹਿਰੀ ਪਾਣੀ ਉਪਲਬਧ ਕਰਵਾਇਆ ਗਿਆ ਹੈ। ਉਨ੍ਹਾ ਕਿਹਾ ਕਿ ਸੂਬੇ ਦੇ ਨੌਜਵਾਨ ਤਰੱਕੀ ਵਿਚ ਆਪਣਾ ਯੋਗਦਾਨ ਪਾਉਣ। ਉਨ੍ਹਾ ਸਾਂਝੀ ਸੱਥ ਵਿਚ ਬੈਠ ਕੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਅਧਿਕਾਰੀਆਂ ਨੂੰ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾ ਅਜੋਲੀ ਦੇ ਪ੍ਰਸਿੱਧ ਧਾਰਮਕ ਸਥਾਨ ਵਿਖੇ ਮੱਥਾ ਟੇਕਿਆ ਅਤੇ ਸੂਬੇ ਵਿਚ ਹਰਿਆਲੀ ਅਤੇ ਖੁਸ਼ਹਾਲੀ ਲਈ ਪੌਦਾ ਵੀ ਲਗਾਇਆ। ਇਸ ਮੌਕੇ ਕੈਬਨਿਟ ਮੰਤਰੀ ਨੇ ਬਾਬਾ ਸਵਰਨ ਗਿਰ ਆਸ਼ਰਮ ਦੇ ਹਾਲ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਮੰਦਰ ਕਮੇਟੀ ਦੇ ਮੈਂਬਰ ਪ੍ਰਧਾਨ ਰਾਜ ਕੁਮਾਰ, ਹਰਜੀਤ ਸਿੰਘ, ਪਰਮ ਚੰਦ, ਸੋਮਨਾਥ, ਅਸ਼ੋਕ ਕੁਮਾਰ ਨੇ ਕੈਬਨਿਟ ਮੰਤਰੀ ਹਰਜੋਤ ਬੈਂਸ ਦਾ ਵਿਸ਼ੇਸ ਸਨਮਾਨ ਕੀਤਾ। ਇਸ ਮੌਕੇ ਡਾ.ਸੰਜੀਵ ਗੌਤਮ, ਦੀਪਕ ਸੋਨੀ ਮੀਡੀਆ ਕੋਆਰਡੀਨੇਟਰ, ਸੋਹਣ ਸਿੰਘ ਬੈਂਸ, ਦਲਜੀਤ ਸਿੰਘ ਕਾਕਾ ਨਾਨਗਰਾ, ਰੋਹਿਤ ਕਾਲੀਆ ਪ੍ਰਧਾਨ ਟਰੱਕ ਯੂਨੀਅਨ,ਪੱਮੂ ਢਿੱਲੋਂ, ਬੱਬੂ ਖਾਨ, ਸੁੱਚਾ ਸਿੰਘ ਚੇਅਰਮੈਨ, ਰਾਕੇਸ਼ ਕੁਮਾਰ ਬੂਥ ਇੰਚਾਰਜ, ਕ੍ਰਿਸ਼ਨ ਚੰਦ ਪੰਚ, ਤਿਲਕ ਰਾਜ, ਵਿਜੇ ਕੁਮਾਰ, ਨੇਤਰ ਕੁਮਾਰ, ਕਾਕੂ ਰਾਏਪੁਰ, ਸ਼ੇਖੋ ਰਾਏਪੁਰ, ਰਿੰਕੂ ਜਾਦਲਾ, ਵਿਕਾਸ, ਮਨੂੰ ਤੇ ਪਤਵੰਤੇ ਵੱਡੀ ਗਿਣਤੀ ਵਿਚ ਹਾਜ਼ਰ ਸਨ।




# 37ਵੀਂ ਬਾਲ ਭੰਗੜਾ ਸਿਖਲਾਈ ਵਰਕਸ਼ਾਪ ਸਮਾਪਤ

**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੋਬੀ )**— ਭੰਗੜਾ ਟ੍ਰੇਨਿੰਗ ਸੈਂਟਰ ਸ੍ਰੀ ਚਮਕੌਰ ਸਾਹਿਬ ਵੱਲੋਂ ਰਾਜ ਪੁਰਸਕਾਰ ਨਾਲ ਸਨਮਾਨਿਤ ਪੰਜਾਬ ਕਲਾ ਮੰਚ ਰਜਿ: ਅਤੇ ਮਾਪਿਆਂ ਦੇ ਉਪਰਾਲੇ ਸਦਕਾ ਗਰਮੀਆਂ ਦੀਆਂ ਛੁੱਟੀਆਂ ਨੂੰ ਮੁੱਖ ਰੱਖਦੇ ਹੋਏ ਅਨਾਜ ਮੰਡੀ ਸ੍ਰੀ ਚਮਕੌਰ ਸਾਹਿਬ ਵਿਖੇ 37ਵੀਂ ਬਾਲ ਭੰਗੜਾ ਸਿਖਲਾਈ ਵਰਕਸ਼ਾਪ ਦਾ ਸਮਾਪਤੀ ਸਮਾਰੋਹ ਕੀਤਾ ਗਿਆ। ਇਹ ਵਰਕਸ਼ਾਪ ਭੰਗੜਾ ਕੋਚ ਕੁਲਜਿੰਦਰਜੀਤ ਸਿੰਘ ਬੰਬਰ ਦੇ ਦਿਸ਼ਾ ਨਿਰਦੇਸ਼ਨਾ ਹੇਠ ਲਗਾਈ ਗਈ ਜਿਸ ਵਿੱਚ ਪੰਦਰਾਂ ਸਕੂਲਾਂ ਦੇ 16 ਲੜਕੇ-ਲੜਕੀਆਂ ਨੇ ਭਾਗ ਲਿਆ। ਸਮਾਪਤੀ ਸਮੇਂ ਸਮੂਹ ਭਾਗੀਦਾਰਾਂ ਵੱਲੋਂ ਢੋਲ ਦੀ ਤਾਲ 'ਤੇ ਭੰਗੜਾ ਪੇਸ਼ ਕੀਤਾ। ਮੁੱਖ ਮਹਿਮਾਨ ਵਜੋਂ ਪਹੁੰਚੇ ਬਲਾਕ ਸੰਮਤੀ ਮੈਂਬਰ ਨੰਬਰਦਾਰ ਜਸਬੀਰ ਸਿੰਘ ਜਟਾਣਾ ਨੇ ਆਪਣੇ ਭਾਸ਼ਣ ਵਿਚ ਭੰਗੜੇ ਦੀ ਸਿਖਲਾਈ ਲੈ ਰਹੇ ਬੱਚਿਆਂ ਨੂੰ ਵਧਾਈ ਦਿੱਤੀ ਤੇ ਇਸ ਕਾਰਜ ਲਈ ਭੰਗੜਾ ਕੋਚ ਬੰਬਰ ਦੀ ਪ੍ਰਸੰਸਾ ਕੀਤੀ ਅਤੇ ਕਿਹਾ ਕਿ ਜਿਨ੍ਹਾਂ ਨੇ ਇੰਨੇ ਘੱਟ ਸਮੇਂ ਵਿੱਚ ਬੱਚਿਆਂ ਨੂੰ ਢੋਲ ਦੀ ਤਾਲ 'ਤੇ ਭੰਗੜਾ ਦਿਖਾਉਣ ਲਈ ਤਿਆਰ ਕੀਤਾ ਹੈ। ਬੱਚਿਆਂ ਦੇ ਮਾਤਾ ਪਿਤਾ ਨੇ ਵੀ ਆਪਣੀ ਖੁਸ਼ੀ ਦਾ ਇਜਹਾਰ ਕੀਤਾ। ਮਾਸਟਰ ਕ੍ਰਿਸ਼ਨ ਲਾਲ ਨੇ ਸਾਰੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਅਤੇ ਹੋਰ ਉਸਾਰੂ ਸਰਗਰਮੀਆਂ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ।

ਨੰਬਰਦਾਰ ਜਸਵੀਰ ਸਿੰਘ ਵੱਲੋਂ ਸਿਖਿਆਰਥੀਆਂ ਨੂੰ ਸਰਟੀਫਿਕੇਟ ਅਤੇ ਮੈਡਲਾਂ ਨਾਲ ਸਨਮਾਨਿਤ ਕੀਤਾ ਗਿਆ। ਕੁਲਜਿੰਦਰਜੀਤ ਸਿੰਘ ਬੰਬਰ ਨੇ ਦੱਸਿਆ ਕਿ ਵਰਕਸ਼ਾਪਾਂ 20 ਅਕਤੂਬਰ 1996 ਵਿੱਚ ਸ਼ੁਰੂ ਕੀਤੀਆਂ ਗਈਆਂ ਸਨ, ਇਨ੍ਹਾਂ ਰਾਹੀਂ ਹੁਣ ਤੱਕ 753 ਬੱਚੇ ਭੰਗੜੇ ਦੀ ਸਿਖਲਾਈ ਲੈ ਚੁੱਕੇ ਹਨ। ਇਸ ਮੌਕੇ ਸਰਪੰਚ ਸੋਮ ਸਿੰਘ ਮੁੰਡੀਆ ਮਾਸਟਰ ਕ੍ਰਿਸ਼ਨ ਲਾਲ ਚੇਤ ਸਿੰਘ ਮਨਮੋਹਨ ਕੁਮਾਰ ਅਵਤਾਰ ਸਿੰਘ ਦਰਸ਼ਨ ਸਿੰਘ ਹਰਦੀਪ ਸਿੰਘ ਗੁਰਦੇਵ ਸਿੰਘ ਗੁਰਮੀਤ ਸਿੰਘ ਮੁੰਡੀਆ ਤੋਂ ਇਲਾਵਾ ਬੱਚਿਆਂ ਦੇ ਮਾਪੇ ਹਾਜਰ ਸਨ



# ਅੰਤਰਰਾਸ਼ਟਰੀ ਨਸ਼ਾਖੋਰੀ 'ਤੇ ਗੈਰ-ਕਾਨੂੰਨੀ ਤਸਕਰੀ ਵਿਰੋਧੀ ਦਿਵਸ ਮਨਾਇਆ

**ਫਿਲੌਰ (ਨਿਰਮਲ)**- ਸਿਵਲ ਸਰਜਨ ਡਾ. ਰਮਨ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਸੀਨੀਅਰ ਮੈਡੀਕਲ ਅਫਸਰ ਡਾ.ਅਮਿਤਾ ਲੂਨਾ ਦੀ ਅਗਵਾਈ ਹੇਠ ਸੀ.ਐਚ.ਸੀ ਬੜਾ ਪਿੰਡ (ਫਿਲੌਰ) ਵਿਖੇ ਅੰਤਰਰਾਸ਼ਟਰੀ ਨਸ਼ਾਖੋਰੀ 'ਤੇ ਗੈਰ ਕਾਨੂੰਨੀ ਤਸਕਰੀ ਵਿਰੋਧੀ ਦਿਵਸ ਮਨਾਇਆ ਗਿਆ। ਇਸ ਮੌਕੇ ਡਾ.ਅਮਿਤਾ ਲੂਨਾ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਸਮਾਜ ਵਿੱਚੋਂ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਲਈ ਵੱਖ-ਵੱਖ ਪੱਧਰ 'ਤੇ ਯਤਨ ਕੀਤੇ ਜਾ ਰਹੇ ਹਨ। ਨਸ਼ਿਆਂ ਨਾਲ ਪੀੜਤ ਵਿਅਕਤੀ ਇੱਕ ਕਿਸਮ ਦਾ ਮਰੀਜ਼ ਹੁੰਦਾ ਹੈ ਜਿਸਨੂੰ ਕਿ ਇਲਾਜ ਦੀ ਸਖ਼ਤ ਜ਼ਰੂਰਤ ਹੁੰਦੀ ਹੈ ਅਤੇ ਸਮਾਜ ਦੀ ਵੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਉਸ ਨਾਲ ਵਿਤਕਰੇ ਦੀ ਥਾਂ 'ਤੇ ਪਿਆਰ ਅਤੇ ਅਪਣੱਤ ਦੀ ਭਾਵਨਾ ਨਾਲ ਉਸਨੂੰ ਇਸ ਸਮੱਸਿਆ ਵਿਚੋਂ ਕੱਢਣ ਦਾ ਯਤਨ ਕਰੇ। ਬਲਾਕ ਐਕਸਟੈਨਸ਼ਨ ਐਜੂਕੇਟਰ ਪ੍ਰੀਤ ਇੰਦਰ ਸਿੰਘ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਇਸ ਸਮੱਸਿਆ ਦੇ ਖਾਤਮੇ ਲਈ ਓਟ ਕੇਂਦਰ, ਨਸ਼ਾ ਛੁਡਾਊ ਕੇਂਦਰ ਅਤੇ ਪੁਨਰਵਸੇਬਾ ਕੇਂਦਰਾਂ ਨੂੰ ਸਫਲਤਾਪੂਰਵਕ ਢੰਗ ਨਾਲ ਚਲਾਏ ਜਾ ਰਹੇ ਹਨ। ਇਨ੍ਹਾਂ ਕੇਂਦਰਾਂ ਵਿਚ ਇਲਾਜ ਦੇ ਨਾਲ ਨਾਲ ਮਾਹਿਰ ਕਾਊਂਸਲਰਾਂ ਅਤੇ ਮਨੋਰੋਗ ਮਾਹਿਰਾਂ ਵੱਲੋਂ ਉਨ੍ਹਾਂ ਦੀ ਕਾਊਂਸਲਿੰਗ ਵੀ ਕੀਤੀ ਜਾਂਦੀ ਹੈ ਤਾਂ ਜੋ ਉਹ ਨਸ਼ਾ ਛੱਡਣ ਲਈ ਮਾਨਸਿਕ ਤੌਰ 'ਤੇ ਵੀ ਮਜਬੂਤ ਹੋ ਸਕਦਾ । ਆਯੁਰਵੈਦਿਕ ਮੈਡੀਕਲ ਅਫਸਰ ਡਾ.ਬਲਜਿੰਦਰ ਸਿੰਘ ਨੇ ਅਪੀਲ ਕੀਤੀ ਕਿ ਆਮ ਲੋਕ ਵੀ ਸਰਕਾਰ ਦੀ ਇਸ ਨਸ਼ਾ ਵਿਰੋਧੀ ਮੁਹਿੰਮ ਵਿਚ ਆਪਣਾ ਸਹਿਯੋਗ ਦੇਣ ਤਾਂ ਜੋ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਇਸ ਨਸ਼ਿਆਂ ਰੂਪੀ ਦਲਦਲ ਤੋਂ ਬਚਾਇਆ ਜਾ ਸਕੇ ਅਤੇ ਪੰਜਾਬ ਤਰੱਕੀ ਦੇ ਰਾਹ 'ਤੇ ਵਧ ਸਕੇ । ਇਸ ਮੌਕੇ 'ਤੇ ਆਯੁਰਵੈਦਿਕ ਮੈਡੀਕਲ ਅਫਸਰ ਡਾ.ਵਰੁਣ, ਫਾਰਮਾਸਿਸਟ ਅਮਿਤ, ਬਲਾਕ ਸਟੈਸਟੀਕਲ ਇਸਸਟੈਂਟ ਦੀਪਕ ਅਤੇ ਸਮੂਹ ਸਟਾਫ ਹਾਜਰ ਸੀ।



# ਐੱਸ ਡੀ ਐਮ ਡੇਰਾਬੱਸੀ ਵੱਲੋਂ ਟਰੀਟਮੈਂਟ ਪਲਾਂਟ ਸੈਦਪੁਰਾ ਦਾ ਦੌਰਾ

**ਐਸ ਏ ਐਸ ਨਗਰ/ਡੇਰਾਬੱਸੀ, (ਗੁਰਜੀਤ ਬਿੱਲਾ)**- ਡਿਪਟੀ ਕਮਿਸ਼ਨਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਆਸ਼ਿਕਾ ਜੈਨ ਦੇ ਦਿਸ਼ਾ ਨਿਰਦੇਸ਼ਾਂ 'ਤੇ ਚੱਲ ਰਹੇ ਵਿਕਾਸ ਕਾਰਜਾਂ ਦੀ ਗਤੀ ਦਾ ਜਾਇਜ਼ਾ ਲੈਣ ਲਈ ਐਸ ਡੀ ਐਮ ਡੇਰਾਬੱਸੀ ਹਿਮਾਂਸ਼ੂ ਗੁਪਤਾ ਨੇ ਸੈਦਪੁਰਾ ਦਾ ਦੌਰਾ ਕਰਕੇ ਦੋ ਐਮ ਐਲ ਡੀ ਸਮਰੱਥਾ ਵਾਲੇ ਕਾਮਨ ਐਫਲੂਐਂਟ ਟਰੀਟਮੈਂਟ ਪਲਾਂਟ ਦੇ ਨਿਰਮਾਣ ਕਾਰਜ ਦਾ ਜਾਇਜ਼ਾ ਲਿਆ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਐਸ ਡੀ ਐਮ ਹਿਮਾਂਸ਼ੂ ਜੈਨ ਨੇ ਦੱਸਿਆ ਕਿ ਡੇਰਾਬੱਸੀ ਦੇ ਫਾਰਮਾਸਿਊਟੀਕਲ ਉਦਯੋਗਾਂ ਦੇ ਗੰਦੇ ਨਿਕਾਸੀ ਪਾਣੀ ਦੇ ਨਿਕਾਸ ਨੂੰ ਜ਼ੀਰੋ ਲਿਕਵਿਡ ਡਿਸਚਾਰਜ ਪਾਲਿਸੀ ਤਹਿਤ ਲਿਆਉਣ ਦੇ ਮਕਸਦ ਨਾਲ 80 ਕਰੋੜ ਰੁਪਏ ਲਾਗਤ ਦਾ ਇਹ ਪ੍ਰੋਜੈਕਟ ਕਰੀਬ 6-7 ਸਾਲ ਪਹਿਲਾਂ ਸ਼ੁਰੂ ਕੀਤਾ ਗਿਆ ਸੀ ਪਰ ਕੁਝ ਕਾਰਨਾਂ ਕਰਕੇ ਕੰਮ ਸਮੇਂ ਸਿਰ ਨੇਪਰੇ ਨਹੀਂ ਚੜ੍ਹ ਸਕਿਆ। ਹੁਣ ਡਿਪਟੀ ਕਮਿਸ਼ਨਰ ਵੱਲੋਂ ਪ੍ਰਾਜੈਕਟ ਦੀ ਨਿਯਮਤ ਨਿਗਰਾਨੀ ਨੇ ਪ੍ਰਾਜੈਕਟ ਦੀ ਰਫਤਾਰ ਤੇਜ਼ ਕਰ ਦਿੱਤੀ ਹੈ ਅਤੇ ਇਹ ਇਸ ਸਾਲ ਨਵੰਬਰ ਤੱਕ ਮੁਕੰਮਲ ਹੋ ਜਾਵੇਗਾ। ਉਨ੍ਹਾ ਕਿਹਾ ਕਿ ਸੀ ਈ ਟੀ ਪੀ ਦੋ ਪੜਾਵਾਂ ਵਿੱਚ ਪੂਰਾ ਕੀਤਾ ਜਾਵੇਗਾ, ਪਹਿਲਾ ਪੜਾਅ ਨਵੰਬਰ 2023 ਤੱਕ 2 ਮਿਲੀਅਨ ਲੀਟਰ ਪ੍ਰਤੀ ਦਿਨ ਦੀ ਸਮਰੱਥਾ ਨਾਲ ਪੂਰਾ ਕਰ ਲਿਆ ਜਾਵੇਗਾ ਜਦਕਿ ਦੂਜੇ ਪੜਾਅ ਵਿੱਚ ਸਨਅਤਾਂ ਵਿੱਚ ਵਾਧੇ ਨੂੰ ਮੁੱਖ ਰੱਖਦਿਆਂ ਭਵਿੱਖੀ ਲੋੜਾਂ ਲਈ 3 ਮਿਲੀਅਨ ਲੀਟਰ ਪ੍ਰਤੀ ਦਿਨ ਸਮਰੱਥਾ ਦਾ ਹੋਰ ਵਾਧਾ ਕੀਤਾ ਜਾਵੇਗਾ। ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਦੇ ਅਧਿਕਾਰੀਆਂ ਕਾਰਜਕਾਰੀ ਇੰਜੀਨੀਅਰ ਗੁਰਸਰਨ ਗੁਪਤਾ, ਐਸ ਡੀ ਓ ਪਿਊਸ਼ ਅਤੇ ਜੇ ਈ ਨਗਰ ਕੌਂਸਲ ਡੇਰਾਬੱਸੀ ਦੇ ਨਾਲ ਜਾਇਜ਼ਾ ਲੈਣ ਪੁੱਜੇ ਐਸ ਡੀ ਐਮ ਗੁਪਤਾ ਨੇ ਦੱਸਿਆ ਕਿ ਇਕੁਆਲਾਈਜੇਸ਼ਨ ਟੈਂਕ ਦੀ ਸਿਵਲ ਉਸਾਰੀ ਦਾ 95 ਪ੍ਰਤੀਸ਼ਤ ਕੰਮ ਪੂਰਾ ਹੋ ਚੁੱਕਾ ਹੈ। ਇਸ ਤੋਂ ਇਲਾਵਾ ਐੱਮ ਬੀ ਬੀ ਆਰ ਟੈਂਕੀਆਂ ਅਤੇ ਟਰੀਟਡ ਵਾਟਰ ਟੈਂਕ ਦੇ ਕਾਲਮ ਦੀ ਮਜ਼ਬੂਤੀ ਦਾ ਕੰਮ ਪ੍ਰਕਿਰਿਆ ਅਧੀਨ ਸੀ। ਇਸੇ ਤਰ੍ਹਾਂ ਬਾਇਲਰ ਖੇਤਰ ਅਤੇ ਐਮ ਈ ਈ ਦੀ ਖੁਦਾਈ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ। ਕੰਪਨੀ ਨੂੰ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਕੰਮ ਪੂਰਾ ਕਰਨ ਲਈ ਕਿਹਾ ਗਿਆ। ਉਨ੍ਹਾ ਅੱਗੇ ਦੱਸਿਆ ਕਿ ਫਾਰਮਾਸਿਊਟੀਕਲ ਇੰਡਸਟਰੀ ਦੇ ਗੰਦੇ ਪਾਣੀ ਦੇ ਨਾਲ-ਨਾਲ ਪਿੰਡ ਸੈਦਪੁਰਾ ਦੇ ਨਿਕਾਸੀ ਪਾਣੀ ਨੂੰ ਵੀ ਸਾਈਟ 'ਤੇ ਹੀ ਟਰੀਟ ਕੀਤਾ ਜਾਵੇਗਾ। ਫਾਰਮਾਸਿਊਟੀਕਲ ਉਦਯੋਗਾਂ ਦੇ ਗੰਦੇ ਪਾਣੀ ਨੂੰ ਟੈਂਕਰਾਂ ਰਾਹੀਂ ਲਿਆਂਦਾ ਜਾਵੇਗਾ ਅਤੇ ਟਰੀਟ ਕੀਤਾ ਗਿਆ ਪਾਣੀ ਕੰਪਨੀਆਂ ਨੂੰ ਉਨ੍ਹਾਂ ਦੇ ਅਹਾਤੇ ਅੰਦਰ ਵਰਤੋਂ ਲਈ ਵਾਪਸ ਭੇਜਿਆ ਜਾਵੇਗਾ। ਫਾਰਮਾ ਇੰਡਸਟਰੀਜ਼ ਦੇ ਕੰਸੋਰਸੀਅਮ ਦੇ ਨੁਮਾਇੰਦੇ ਡਾ. ਅਸ਼ਵਨੀ ਵਿੱਗ ਅਤੇ ਪ੍ਰੋਜੈਕਟ ਇੰਚਾਰਜ ਮੁਕੇਸ਼ ਨੇ ਕਿਹਾ ਕਿ ਇਹ ਅਤਿ ਆਧੁਨਿਕ ਪਲਾਂਟ ਹੋਵੇਗਾ ਕਿਉਂਕਿ ਸੋਧਿਆ ਗਿਆ ਪਾਣੀ ਪੀ ਪੀ ਸੀ ਬੀ ਦੁਆਰਾ ਨਿਰਧਾਰਤ ਮਾਪਦੰਡਾਂ ਨਾਲੋਂ ਵੀ ਵਧੇਰੇ ਸਾਫ ਹੋਵੇਗਾ।

## 40 ਗ੍ਰਾਮ ਹੈਰੋਇਨ ਤੇ 6500 ਰੁਪਏ ਡਰੱਗ ਮਨੀ ਸਮੇਤ ਕਾਬੂ



**ਫਿਲੌਰ (ਨਿਰਮਲ)**- ਡੀ.ਐਸ.ਪੀ ਫਿਲੌਰ ਜਗਦੀਸ਼ ਰਾਜ ਦੀ ਅਗਵਾਈ ਹੇਠ ਥਾਣਾ ਮੁੱਖੀ ਫਿਲੌਰ ਇੰਸਪੈਕਟਰ ਹਰਜਿੰਦਰ ਸਿੰਘ ਦੀ ਟੀਮ ਨੇ 40 ਗ੍ਰਾਮ ਹੈਰੋਇਨ ਤੇ 6500 ਰੁਪਏ ਡਰੱਗ ਮਨੀ ਸਮੇਤ ਇੱਕ ਨਸ਼ਾ ਤਸਕਰ ਨੂੰ ਗ੍ਰਿਫ਼ਤਾਰ ਕੀਤਾ ਹੈ। ਡੀ.ਐਸ.ਪੀ ਨੇ ਦੱਸਿਆ ਕਿ ਸਹਾਇਕ ਸਬ ਇੰਸਪੈਕਟਰ ਸੁਖਦੇਵ ਸਿੰਘ ਚੌਂਕੀ ਲਸਾੜਾ ਵੱਲੋਂ ਨਿਰਮਲਜੀਤ ਸਿੰਘ ਉਰਫ ਨਿੰਮਾ ਪੁੱਤਰ ਜਸਵੰਤ ਰਾਏ ਵਾਸੀ ਪਿੰਡ ਸੇਲਕੀਆਣਾ ਨੂੰ ਗ੍ਰਿਫ਼ਤਾਰ ਕਰਕੇ ਇਸ ਪਾਸੋਂ 40 ਗ੍ਰਾਮ ਹੈਰੋਇਨ ਤੇ 6500 ਰੁਪਏ ਡਰੱਗ ਮਨੀ ਬਰਾਮਦ ਕਰਕੇ ਮੁਕੱਦਮਾ ਨੰਬਰ 167 ਮਿਤੀ 21.06.2023 ਜੁਰਮ 21ਬੀ-ਐਨ.ਡੀ.ਪੀ.ਐਸ ਐਕਟ ਤਹਿਤ ਥਾਣਾ ਫਿਲੌਰ ਵਿਖੇ ਕੇਸ ਦਰਜ ਕੀਤਾ ਗਿਆ।

## ਜਰਨਲਿਸਟ ਪ੍ਰੈੱਸ ਕਲੱਬ ਨੇ ਨਵ-ਨਿਯੁਕਤ ਐੱਸ.ਡੀ.ਐੱਮ ਦਾ ਕੀਤਾ ਸਵਾਗਤ



**ਫਗਵਾੜਾ (ਰਮਨ ਸ਼ਰਮਾ)** ਜਰਨਲਿਸਟ ਪ੍ਰੈੱਸ ਕਲੱਬ (ਰਜਿ.) ਪੰਜਾਬ ਫਗਵਾੜਾ ਯੂਨਿਟ ਵੱਲੋਂ ਫਗਵਾੜਾ ਦੇ ਨਵ ਨਿਯੁਕਤ ਐੱਸ.ਡੀ.ਐੱਮ.ਡਾ.ਜੈਇੰਦਰ ਸਿੰਘ ਦਾ ਨਿੱਘਾ ਸਵਾਗਤ ਕੀਤਾ ਗਿਆ। ਐੱਸ.ਡੀ.ਐੱਮ.ਡਾ.ਜੈਇੰਦਰ ਸਿੰਘ ਨਾਲ ਪੱਤਰਕਾਰਾਂ ਨੂੰ ਫੀਲਡ 'ਚ ਆ ਰਹੀਆਂ ਮੁਸ਼ਕਿਲਾਂ ਤੇ ਸੁਰੱਖਿਆ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਐੱਸ.ਡੀ.ਐੱਮ ਨੂੰ ਬੇਨਤੀ ਕੀਤੀ ਕਿ ਸਥਾਨਕ ਸ਼ਹਿਰ ਵਿੱਚ ਸੁਵਿਧਾ ਕੇਂਦਰਾਂ 'ਤੇ ਆਮ ਜਨਤਾ ਨੂੰ ਬਹੁਤ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਥੇ ਕੰਮ ਨੂੰ ਸੁਚਾਰੂ ਬਣਾਇਆ ਜਾਵੇ ਤਾਂ ਜੋ ਆਮ ਲੋਕਾਂ ਨੂੰ ਰਾਹਤ ਮਿਲ ਸਕੇ। ਐੱਸ.ਡੀ.ਐੱਮ.ਦਫਤਰ ਵਿੱਚ ਆਮ ਜਨਤਾ ਲਈ ਬਣੇ ਬਾਥਰੂਮਾਂ ਦੀ ਖਸਤਾ ਹਾਲਤ ਦਾ ਮੁੱਦਾ ਵੀ ਉਠਾਇਆ ਗਿਆ। ਐੱਸ.ਡੀ.ਐੱਮ. ਨੇ ਭਰੋਸਾ ਦਿਵਾਇਆ ਕਿ ਜਲਦ ਸੁਵਿਧਾ ਕੇਂਦਰਾਂ ਵਿੱਚ ਜਲਦ ਕੋਈ ਠੋਸ ਨੀਤੀ ਬਣਾਈ ਜਾਵੇਗੀ ਜਿਸ ਨਾਲ ਆਮ ਜਨਤਾ ਨੂੰ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਕੁਲਦੀਪ ਸਿੰਘ ਨੂਰ,ਸੁਸ਼ੀਲ ਸ਼ਰਮਾ,ਅਸ਼ੋਕ ਸ਼ਰਮਾ,ਬਲਵੀਰ ਬਹੂਆ,ਸਤ ਪ੍ਰਕਾਸ਼ ਸਿੰਘ ਸੱਗੂ,ਜੀਵਨ ਸੰਘਾ, ਅਸ਼ੋਕ ਗੋਬਿੰਦਪੁਰੀ ਆਦਿ ਮੌਜੂਦ ਸਨ।

# ਬਸਪਾ ਵਰਕਰਾਂ 'ਤੇ ਨਜਾਇਜ ਲਾਠੀਚਾਰਜ ਕੀਤਾ : ਐਡਵੋਕੇਟ ਬਲਵਿੰਦਰ

**ਜਲੰਧਰ (ਸ਼ੈਲੀ ਐਲਬਰਟ)**-ਬਹੁਜਨ ਸਮਾਜ ਪਾਰਟੀ ਦੇ ਸੂਬਾ ਜਨਰਲ ਸਕੱਤਰ ਤੇ ਜਲੰਧਰ ਲੋਕ ਸਭਾ ਇੰਚਾਰਜ ਐਡਵੋਕੇਟ ਬਲਵਿੰਦਰ ਕੁਮਾਰ ਨੇ ਕਿਹਾ ਸਈਪੁਰ ਦੇ ਮਾਮਲੇ ਵਿਚ ਜਲੰਧਰ ਕਮਿਸ਼ਨਰੇਟ ਪੁਲਸ ਨੇ ਬਸਪਾ ਵਰਕਰਾਂ 'ਤੇ ਨਜਾਇਜ ਲਾਠੀਚਾਰਜ ਕੀਤਾ ਹੈ। ਉਨ੍ਹਾਂ ਕਿਹਾ ਕਿ ਸਈਪੁਰ ਸਥਿਤ ਬਾਬਾ ਸਾਹਿਬ ਭੀਮ ਰਾਓ ਅੰਬੇਦਕਰ ਪਾਰਕ ਪੂਰੇ ਦੇ ਲੋਕਾਂ ਨੇ ਕਰੀਬ ਦਸ ਸਾਲ ਪਹਿਲਾਂ ਬਣਾਇਆ ਸੀ ਤੇ ਉਦੋਂ ਤੋਂ ਹੀ ਇਥੇ ਬਾਬਾ ਸਾਹਿਬ ਦੇ ਜਨਮ ਦਿਵਸ ਮਨਾਉਂਦੇ ਆ ਰਹੇ ਹਨ ਤੇ ਹੁਣ 13 ਜੂਨ ਨੂੰ ਨਿਗਮ ਨੇ ਪਾਰਕ ਵਿਚ ਬਣੇ ਬਾਬਾ ਸਾਹਬ ਭੀਮ ਰਾਓ ਅੰਬੇਦਕਰ ਮੰਚ ਨੂੰ ਤੋੜ ਦਿੱਤਾ ਤੇ ਬਾਬਾ ਸਾਹਿਬ ਦੇ ਪੈਰੋਕਾਰਾਂ ਨੇ 18 ਜੂਨ ਨੂੰ ਖੁਦ ਬੁੱਤ ਲਗਾ ਕੇ ਇਹ ਮੰਚ ਬਣਾਉਣਾ ਸ਼ੁਰੂ ਕੀਤਾ ਸੀ। ਪਰ ਆਪ ਸਰਕਾਰ ਦੀ ਸ਼ਹਿ ਪ੍ਰਾਪਤ ਲੋਕਾਂ ਨੇ 25 ਜੂਨ ਨੂੰ ਉਸ ਮੰਚ ਨੂੰ ਤੋੜਨਾ ਸ਼ੁਰੂ ਕਰ ਦਿੱਤਾ ਤਾਂ ਕਿ ਉੱਥੋਂ ਬੁੱਤ ਹਟਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਬਸਪਾ ਵਰਕਰਾਂ ਨੇ ਇਸਦਾ ਵਿਰੋਧ ਕੀਤਾ ਪਰ ਪੁਲਸ ਨੇ ਬਾਬਾ ਸਾਹਬ ਦੇ ਬੁੱਤ ਹਟਾਉਣ ਵਿਚ ਲੋਕਾਂ ਦਾ ਪੱਖ ਪੂਰਦਿਆ ਬਸਪਾ ਵਰਕਰਾਂ 'ਤੇ ਹੀ ਲਾਠੀਚਾਰਜ ਕਰ ਦਿੱਤਾ ਤੇ ਧੱਕੇਸ਼ਾਹੀ ਕਰਦੇ ਹੋਏ ਬਸਪਾ ਆਗੂ ਐਡਵਕੇਟ ਬਲਵਿੰਦਰ ਕੁਮਾਰ, ਸ਼ਾਦੀ ਲਾਲ ਬੱਲ, ਰੂਬੀ ਬੱਲ, ਸ਼ਾਮ ਕਟਾਰੀਆ, ਰਵੀ ਵਿਰਦੀ, ਕਰਨ ਹੀਰ, ਟੀਟਾ ਨੂੰ ਗ੍ਰਿਫਤਾਰ ਕਰ ਲਿਆ। ਇਸਦੇ ਵਿਰੋਧ ਵਿਚ ਬਸਪਾ ਵਰਕਰਾਂ ਨੇ ਪੂਰੇ ਜਲੰਧਰ ਵਿੱਚ ਪ੍ਰਦਰਸ਼ਨ ਸ਼ੁਰੂ ਕਰ ਦਿੱਤੇ। ਪੁਲਸ ਲਾਈਨ ਜਿੱਥੇ ਬਸਪਾ ਵਰਕਰਾਂ ਨੂੰ ਲੈ ਕੇ ਗਏ ਸੀ, ਉਥੇ ਵੱਡੀ ਗਿਣਤੀ ਵਿਚ ਬਸਪਾ ਵਰਕਰਾਂ ਨੇ ਇਕੱਠੇ ਹੋ ਕੇ ਜਾਮ ਲਗਾ ਦਿੱਤਾ। ਇਸ ਤਰ੍ਹਾਂ ਹੀ ਬੂਟਾ ਮੰਡੀ ਜਾਮ ਲਗਾਇਆ ਗਿਆ, ਫਗਵਾੜਾ ਤੇ ਅਲਾਵਲਪੁਰ ਜਾਮ ਲਗਾਇਆ ਗਿਆ ਤੇ ਜਦੋ ਬਸਪਾ ਵਰਕਰਾਂ ਨੂੰ ਛੱਡਿਆ ਉਦੋਂ ਪੁਲਸ ਲਾਈਨ ਵਾਲਾ ਜਾਮ ਖੋਲਿਆ।



# ਕਟਾਰੀਆ ਵਿਖੇ ਬਾਬਾ ਹਾਕਮ ਸ਼ਾਹ ਦੀ ਯਾਦ 'ਚ ਮੇਲਾ ਸ਼ਾਨੋ-ਸ਼ੌਕਤ ਨਾਲ ਸਮਾਪਤ

**ਬਹਿਰਾਮ (ਅਵਤਾਰ ਕਲੇਰ)** ਰੌਜਾ ਸ਼ਰੀਫ ਪੀਰ ਬਾਬਾ ਹਾਕਮ ਸ਼ਾਹ ਜੀ ਨੌਸ਼ਾਹੀ ਕਾਦਰੀ ਕਟਾਰੀਆ ਵਿਖੇ ਸਾਲਾਨਾ ਮੇਲਾ ਧੂਮਧਾਮ ਨਾਲ ਮਨਾਇਆ ਗਿਆ। ਇਸ ਤਿੰਨ ਦਿਨਾਂ ਮੇਲੇ ਦੌਰਾਨ ਪਹਿਲੇ ਦਿਨ ਝੰਡੇ ਦੀ ਰਸਮ , ਚਾਦਰ ਦੀ ਰਸਮ , ਚਿਰਾਗ ਰੌਸ਼ਨ ਅਤੇ ਰਾਤ ਨੂੰ ਕਵਾਲ ਪਾਰਟੀਆਂ ਨੇ ਹਾਜਰੀਆਂ ਭਰੀਆਂ। ਦੂਸਰੇ ਅਤੇ ਤੀਸਰੇ ਦਿਨ ਪੰਜਾਬ ਦੇ ਮਸ਼ਹੂਰ ਕਲਾਕਾਰ ਮਾਸਟਰ ਸਲੀਮ , ਸਰਦਾਰ ਅਲੀ , ਕੰਵਰ ਗਰੇਵਾਲ , ਯਾਸਿਰ ਹੁਸੈਨ , ਸੁਰਿੰਦਰ ਖਾਨ , ਸਾਰੰਗ ਸਿਕੰਦਰ - ਅਲਾਪ ਸਿਕੰਦਰ , ਬੰਟੀ ਕਵਾਲ , ਹਰਮੇਸ਼ ਰੰਗੀਲਾ , ਓਂਕਾਰ ਵਾਲੀਆ , ਪਰਵੇਜ ਖਾਨ , ਵਨੀਤ ਖਾਨ , ਅਜਮੇਰ ਹੀਰ , ਰੈਕੀ ਸਿੰਘ , ਲਵਜੀਤ ਆਦਿ ਕਲਾਕਾਰਾਂ ਨੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ । ਵੱਖ-ਵੱਖ ਦਰਬਾਰਾਂ ਤੋਂ ਸਾਈਂ ਲਖਵੀਰ ਸ਼ਾਹ ਕਾਦਰੀ , ਬਾਬਾ ਸਾਧੂ ਸ਼ਾਹ ਚਿਸ਼ਤੀ , ਸਾਈਂ ਅਵਿਨਾਸ਼ ਸ਼ਾਹ ਕੋਟਫਤੂਹੀ , ਸਾਈਂ ਗੁਰਮੀਤ ਸ਼ਾਹ , ਦੀਦੀ ਸਰਕਾਰ ਚਨਿਆਣੀ , ਬਾਬਾ ਸਵਰਨਾ , ਬਾਬਾ ਮਦਨ ਲਾਲ , ਬਾਬਾ ਜੋਗਿੰਦਰ ਢੰਢੂਹਾ ਤੋਂ ਇਲਾਵਾ ਹੋਰ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ । ਮੁੱਖ ਸੇਵਾਦਾਰ ਬਾਬਾ ਮੁਖਤਿਆਰ ਸਿੰਘ ਨੇ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਮਹਾਂਪੁਰਸ਼ਾਂ ਨੂੰ ਸਨਮਾਨ ਚਿੰਨ੍ਹ ਭੇਟ ਕੀਤੇ । ਸਟੇਜ ਸੈਕਟਰੀ ਦੀ ਭੂਮਿਕਾ ਮੈਡਮ ਆਸ਼ਸ਼ ਚੋਪੜਾ ਅਤੇ ਸੁਖਜੀਤ ਬਿੱਲਾ ਨੇ ਨਿਭਾਈ । ਠੰਡੇ ਮਿੱਠਾ ਜਲ ਅਤੇ ਲੰਗਰ ਅਤੁੱਟ ਵਰਤਾਇਆ ਗਿਆ। ਮੇਲਾ ਅਮਿੱਟ ਯਾਦਾਂ ਛੱਡਦਾ ਹੋਇਆ ਸਮਾਪਤ ਹੋਇਆ ।



# ਭਾਜਪਾ ਨੂੰ ਐਮਰਜੈਂਸੀ ਤਾਂ ਯਾਦ ਰਹੀ, ਪਰ ਜੇਲ੍ਹਾਂ ਕੱਟਣ ਵਾਲੇ ਯੋਧਿਆਂ ਨੂੰ ਭੁਲਾ ਦਿੱਤਾ : ਗਿਰੀਸ਼ ਸ਼ਰਮਾ

**ਫਗਵਾੜਾ (ਡਾ. ਰਮਨ, ਢੱਡਾ)** ਆਪਾਤਕਾਲੀਨ ਯੋਧਾ ਸੰਘਰਸ਼ ਸੰਮਤੀ ਪੰਜਾਬ ਦੇ ਪ੍ਰਧਾਨ ਗਿਰੀਸ਼ ਸ਼ਰਮਾ ਨੇ ਐਮਰਜੇਂਸੀ ਦੀ 48ਵੀਂ ਵਰ੍ਹੇਗੰਢ ਨੂੰ ਯਾਦ ਕਰਦਿਆਂ ਕਿਹਾ ਕਿ ਇੰਦਰਾ ਗਾਂਧੀ ਸਰਕਾਰ ਵਲੋਂ ਲਗਾਈ ਐਮਰਜੈਂਸੀ ਦੇ ਕਾਲੇ ਦੌਰ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ ਜੋ 25 ਜੂਨ 1975 ਨੂੰ ਅੱਧੀ ਰਾਤ ਸਮੇਂ ਲਾਗੂ ਕੀਤੀ ਗਈ ਸੀ ਅਤੇ ਲੋਕਾਂ ਤੋਂ ਆਜਾਦੀ ਦਾ ਅਧਿਕਾਰ ਖੋਹ ਲਿਆ ਗਿਆ ਸੀ। ਉਹਨਾਂ ਇੰਦਰਾ ਗਾਂਧੀ ਸਰਕਾਰ ਦੀ ਉਸ ਧੱਕੇਸ਼ਾਹੀ ਖਿਲਾਫ ਸੰਘਰਸ਼ ਕਰਨ ਵਾਲੇ ਯੋਧਿਆਂ ਨੂੰ ਯਾਦ ਕਰਦਿਆਂ ਕਿਹਾ ਕਿ 1977 'ਚ ਹੋਈਆਂ ਆਮ ਚੋਣਾਂ ਸਮੇਂ ਇੰਦਰਾ ਗਾਂਧੀ ਤੇ ਕਾਂਗਰਸ ਦੀ ਸ਼ਰਮਨਾਕ ਹਾਰ ਤੋਂ ਬਾਅਦ ਬੇਸ਼ਕ ਲੋਕਤੰਤਰ ਦੁਬਾਰਾ ਬਹਾਲ ਹੋ ਗਿਆ ਪਰ ਸਮੇਂ ਦੀਆਂ ਸਰਕਾਰਾਂ ਨੇ ਸੰਘਰਸ਼ ਕਰਨ ਵਾਲੇ ਯੋਧਿਆਂ ਨੂੰ ਬਣਦਾ ਮਾਣ-ਸਤਿਕਾਰ ਨਹੀਂ ਦਿੱਤਾ।

ਐਮਰਜੈਂਸੀ ਖਿਲਾਫ ਪੰਜਾਬੀਆਂ ਨੇ ਮੂਹਰੀ ਹੋ ਕੇ ਵਿਰੋਧ ਕੀਤਾ ਪਰ ਪੰਜਾਬ ਵਿਚ ਹੀ ਐਮਰਜੈਂਸੀ ਦੇ ਯੋਧਿਆਂ ਨੂੰ ਅੱਖੋ-ਪਰੋਖੇ ਕੀਤਾ ਗਿਆ। ਉਹਨਾਂ ਦੱਸਿਆ ਕਿ ਉਸ ਸਮੇਂ ਐਮਰਜੈਂਸੀ ਦੇ ਯੋਧਿਆਂ ਨੂੰ ਆਜਾਦੀ ਘੁਲਾਟੀਆਂ ਵਾਲਾ ਰੁਤਬਾ ਦੇਣ ਦੀ ਗੱਲ ਤਾਂ ਹੋਈ ਪਰ ਇਸ ਨੂੰ ਸਿਆਸੀ ਕਾਰਨਾਂ ਕਰਕੇ ਅਮਲ ਵਿਚ ਨਹੀਂ ਲਿਆਂਦਾ ਗਿਆ। ਬਹੁਤ ਸਾਰੇ ਐਮਰਜੇਂਸੀ ਦੇ ਯੋਧੇ ਅੱਜ ਬੁਢਾਪੇ ਵਿਚ ਆਰਥਕ ਤੰਗੀ ਦਾ ਸ਼ਿਕਾਰ ਹਨ। ਉਹਨਾਂ ਪਾਸ ਬਿਮਾਰੀਆਂ ਦੇ ਇਲਾਜ਼ ਲਈ ਵੀ ਪੈਸੇ ਨਹੀਂ ਹਨ।

ਲੇਕਿਨ ਸਰਕਾਰ ਨੇ ਪੈਨਸ਼ਨਾਂ ਬੰਦ ਕਰ ਦਿੱਤੀਆਂ ਅਤੇ ਜਿਹਨਾਂ ਦੀ ਬਦੌਲਤ ਦੇਸ਼ ਵਿਚ ਦੁਬਾਰਾ ਤੋਂ ਲੋਕਤੰਤਰ ਦੀ ਬਹਾਲੀ ਹੋਈ ਉਹ ਭੁਖਮਰੀ ਦੇ ਸ਼ਿਕਾਰ ਹਨ। ਉਦੋਂ ਤੋਂ ਹੁਣ ਤੱਕ ਪੈਨਸ਼ਨ ਬਹਾਲੀ ਦੇ ਸੰਘਰਸ਼ ਦੇ ਬਾਵਜੂਦ 80 ਕੇਸ ਡਿਪਟੀ ਕਮਿਸ਼ਨਰਾਂ ਦੇ ਦਫਤਰਾਂ ਦੀਆਂ ਫਾਈਲਾਂ ਵਿਚ ਦੱਬੇ ਪਏ ਹਨ, ਜਿਹਨਾਂ 'ਚ ਜ਼ਿਲ੍ਹਾ ਕਪੂਰਥਲਾ ਦੇ 17 ਮਾਮਲੇ ਵੀ ਸ਼ਾਮਲ ਹਨ। ਉਹਨਾਂ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਖਿਲਾਫ ਵੀ ਗੁੱਸੇ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਭਾਜਪਾ ਨੂੰ ਐਮਰਜੈਂਸੀ ਤਾਂ ਯਾਦ ਰਹੀ ਪਰ ਉਸਦੇ ਖਿਲਾਫ ਸੰਘਰਸ਼ ਕਰਨ ਵਾਲੇ ਯੋਧਿਆਂ ਨੂੰ ਭੁਲਾ ਦਿੱਤਾ ਗਿਆ ਹੈ। ਗਿਰੀਸ਼ ਸ਼ਰਮਾ ਨੇ ਮੰਗ ਕੀਤੀ ਕਿ ਬੁਢਾਪੇ ਵਿਚ ਐਮਰਜੈਂਸੀ ਦੇ ਯੋਧਿਆਂ ਕੁੱਝ ਹੋਰ ਨਹੀਂ ਤਾਂ ਹਰਿਆਣਾ ਸਰਕਾਰ ਦੀ ਤਰਜ਼ 'ਤੇ ਘੱਟ ਤੋਂ ਘੱਟ 11 ਹਜਾਰ ਰੁਪਏ ਮਹੀਨਾ ਪੈਨਸ਼ਨ ਬਹਾਲ ਕਰਕੇ ਪਿਛਲਾ ਬਕਾਇਆ ਦਿੱਤਾ ਜਾਵੇ ਤਾਂ ਜੋ ਉਹ ਆਪਣੀ ਜ਼ਿੰਦਗੀ ਦਾ ਅਖੀਰੀ ਸਮਾਂ ਚੈਨ ਨਾਲ ਬਤੀਤ ਕਰ ਸਕਣ।

# ਸੈਣੀ ਮਾਜਰਾ 'ਚ ਮਲੇਰੀਆ ਜਾਗਰੂਕਤਾ ਰੈਲੀ

**ਸਾਹਿਬਜਾਦਾ ਅਜੀਤ ਸਿੰਘ ਨਗਰ, ( ਗੁਰਜੀਤ ਬਿੱਲਾ)** : ਪ੍ਰਾਇਮਰੀ ਹੈਲਥ ਸੈਂਟਰ ਬੂਥਗੜ੍ਹ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਅਲਕਜੋਤ ਕੌਰ ਦੀ ਅਗਵਾਈ ਹੇਠ ਪਿੰਡ ਸੈਣੀ ਮਾਜਰਾ ਵਿਖੇ ਮਲੇਰੀਆ ਜਾਗਰੂਕਤਾ ਰੈਲੀ ਕੱਢੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਡਾ. ਅਲਕਜੋਤ ਕੌਰ ਨੇ ਕਿਹਾ ਕਿ ਸਿਹਤ ਵਿਭਾਗ ਵੱਲੋਂ ਜੂਨ ਮਹੀਨੇ ਨੂੰ ਮਲੇਰੀਆ-ਵਿਰੋਧੀ ਮਹੀਨੇ ਵਜੋਂ ਮਨਾਇਆ ਜਾ ਰਿਹਾ ਹੈ, ਜਿਸ ਤਹਿਤ ਇਹ ਰੈਲੀ ਕੱਢੀ ਗਈ। ਉਨ੍ਹਾ ਕਿਹਾ ਕਿ ਮਲੇਰੀਆ ਗੰਭੀਰ ਕਿਸਮ ਦਾ ਬੁਖ਼ਾਰ ਹੈ ਜੋ ਮਾਦਾ ਐਨਾਫ਼ਲੀਜ਼ ਮੱਛਰ ਦੇ ਕੱਟਣ ਨਾਲ ਫੈਲਦਾ ਹੈ। ਇਹ ਬੁਖ਼ਾਰ ਫੈਲਾਉਣ ਵਾਲਾ ਮੱਛਰ ਬਰਸਾਤ ਦੇ ਮੌਸਮ ਵਿਚ ਵਧਦਾ-ਫੁੱਲਦਾ ਹੈ। ਉਨ੍ਹਾ ਦੱਸਿਆ ਕਿ ਠੰਢ ਅਤੇ ਕਾਂਬੇ ਨਾਲ ਰੋਜ਼ਾਨਾ ਜਾਂ ਤੀਜੇ ਦਿਨ ਬੁਖ਼ਾਰ ਹੋਣਾ, ਉਲਟੀਆਂ ਤੇ ਸਿਰਦਰਦ ਹੋਣਾ, ਬੁਖ਼ਾਰ ਉਤਰਨ ਮਗਰੋਂ ਥਕਾਵਟ ਤੇ ਕਮਜ਼ੋਰੀ ਹੋਣਾ, ਬੁਖ਼ਾਰ ਉਤਰਨ 'ਤੇ ਸਰੀਰ ਦਾ ਪਸੀਨੋ-ਪਸੀਨੀ ਹੋਣਾ ਆਦਿ ਮਲੇਰੀਆ ਦੇ ਮੁੱਖ ਲੱਛਣ ਹਨ। ਖ਼ੂਨ ਦੀ ਜਾਂਚ ਕਰਵਾਉਣ 'ਤੇ ਮਲੇਰੀਆ ਹੋਣ ਜਾਂ ਨਾ ਹੋਣ ਬਾਰੇ ਪਤਾ ਲੱਗ ਜਾਂਦਾ ਹੈ। ਜੇ ਮਲੇਰੀਆ ਨਿਕਲਦਾ ਹੈ ਤਾਂ ਇਸ ਦਾ ਇਲਾਜ ਸੰਭਵ ਹੈ। ਉਨ੍ਹਾ ਦੱਸਿਆ ਕਿ ਪਾਣੀ ਕਿਸੇ ਵੀ ਥਾਂ ਇਕੱਠਾ ਨਾ ਹੋਣ ਦਿੱਤਾ ਜਾਵੇ। ਇਕੱਠੇ ਹੋਏ ਪਾਣੀ ਵਿਚ ਕਾਲਾ ਤੇਲ ਪਾਇਆ ਜਾਵੇ ਅਤੇ ਛੱਤ 'ਤੇ ਲੱਗੀਆਂ ਪਾਣੀ ਦੀਆਂ ਟੈਂਕੀਆਂ ਨੂੰ ਢਕ ਕੇ ਰੱਖਿਆ ਜਾਵੇ। ਅਜਿਹੇ ਕੱਪੜੇ ਪਾਓ ਕਿ ਸਰੀਰ ਪੂਰੀ ਤਰ੍ਹਾਂ ਢਕਿਆ ਰਹੇ ਤਾਂ ਕਿ ਮੱਛਰ ਨਾ ਕੱਟੇ। ਰਾਤ ਨੂੰ ਸੌਣ ਸਮੇਂ ਮੱਛਰਦਾਨੀ, ਮੱਛਰ ਭਜਾਉਣ ਵਾਲੀਆਂ ਕਰੀਮਾਂ ਅਤੇ ਤੇਲ ਦੀ ਵਰਤੋਂ ਕਰੋ। ਡਾ. ਅਲਕਜੋਤ ਕੌਰ ਨੇ ਆਖਿਆ ਕਿ ਮਲੇਰੀਆ ਬੁਖ਼ਾਰ ਦੇ ਲੱਛਣ ਦਿਸਣ 'ਤੇ ਤੁਰੰਤ ਨੇੜਲੇ ਸਿਹਤ ਕੇਂਦਰ ਵਿਚ ਜਾ ਕੇ ਜਾਂਚ ਕਰਵਾਈ ਜਾਵੇ। ਸਰਕਾਰੀ ਸਿਹਤ ਸੰਸਥਾਵਾਂ ਵਿਚ ਮਲੇਰੀਆ ਦੀ ਜਾਂਚ ਅਤੇ ਇਲਾਜ ਬਿਲਕੁਲ ਮੁਫ਼ਤ ਹੁੰਦਾ ਹੈ। ਰੈਲੀ ਵਿਚ ਹੈਲਥ ਸੁਪਰਵਾਈਜ਼ਰ ਗੁਰਤੇਜ ਸਿੰਘ, ਭੁਪਿੰਦਰ ਸਿੰਘ, ਸੀ.ਐਚ.ਓ. ਸਾਕਸ਼ੀ, ਹੈਲਥ ਵਰਕਰ ਤੇ ਆਸ਼ਾ ਵਰਕਰ ਮੌਜੂਦ ਸਨ।



## ਭਾਰਤੀ ਕਮਿਊਨਿਸਟ ਮੋਹਾਲੀ ਜ਼ਿਲ੍ਹਾ ਕੌਂਸਲ ਦੀ ਮੀਟਿੰਗ

**ਮੋਹਾਲੀ (ਨਵਾਂ ਜ਼ਮਾਨਾ ਸਰਵਿਸ)**-ਭਾਰਤੀ ਕਮਿਊਨਿਸਟ ਪਾਰਟੀ ਦੀ ਮੋਹਾਲੀ ਜ਼ਿਲ੍ਹਾ ਕੌਂਸਲ ਦੀ ਮੀਟਿੰਗ ਇੱਥੇ ਪਾਰਟੀ ਦਫਤਰ ਪ੍ਰੇਰਨਾ ਪ੍ਰਿੰਟਿੰਗ ਪ੍ਰੈਸ ਫੇਜ਼ 6 ਮੋਹਾਲੀ ਵਿਖੇ ਹੋਈ। ਮੀਟਿੰਗ ਦੀ ਪ੍ਰਧਾਨਗੀ ਕਾਮਰੇਡ ਭਾਗ ਸਿੰਘ ਗੀਗੇ ਮਾਜਰਾ ਨੇ ਕੀਤੀ। ਸੂਬਾ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ ਵਿਸ਼ੇਸ਼ ਤੌਰ 'ਤੇ ਮੀਟਿੰਗ ਵਿੱਚ ਹਾਜ਼ਰ ਹੋਏ। ਮੀਟਿੰਗ ਵਿੱਚ ਪਾਰਟੀ ਦੇ ਸਿਧਾਂਤਕ ਅਤੇ ਸੰਗਠਨਾਤਮਕ ਮੁੱਦੇ ਵੇਰਵੇ ਸਹਿਤ ਵਿਚਾਰੇ ਗਏ। ਸਾਥੀ ਬੰਤ ਸਿੰਘ ਬਰਾੜ ਨੇ ਲਗਭਗ ਡੇਢ ਘੰਟੇ ਤੱਕ ਪਾਰਟੀ ਦੀ ਮੀਟਿੰਗ ਨੂੰ ਸੰਬੋਧਨ ਕੀਤਾ, ਮੁਲਕ ਨੂੰ ਦਰਪੇਸ਼ ਮਸਲਿਆਂ ਬਾਰੇ ਅਤੇ ਪਾਰਟੀ ਦੀ ਸਿਧਾਂਤਕ ਲਾਈਨ ਬਾਰੇ ਵੇਰਵੇ ਸਹਿਤ ਜਾਣਕਾਰੀ ਦਿੱਤੀ ਅਤੇ ਹਾਜ਼ਰ ਸਾਥੀਆਂ ਨੂੰ ਅਪੀਲ ਕੀਤੀ ਕਿ ਉਹ ਵਰਤਮਾਨ ਮੋਦੀ ਸਰਕਾਰ ਦੀਆਂ ਫਾਸ਼ਿਸਟ ਨੀਤੀਆਂ ਅਤੇ ਉਨ੍ਹਾਂ ਬਾਰੇ ਪਾਰਟੀ ਦੀ ਪਹੁੰਚ ਬਾਰੇ ਜਨ ਸਾਧਾਰਨ ਤੱਕ ਸੰਦੇਸ਼ ਲੈ ਕੇ ਜਾਣ। ਮੀਟਿੰਗ ਵਿੱਚ ਪੰਜਾਬ ਸਰਕਾਰ ਵੱਲੋਂ ਡੀਜ਼ਲ ਪੈਟਰੋਲ ਦੇ ਰੇਟ ਵਧਾਉਣ ਅਤੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਉਤੇ ਵਿਕਾਸ ਦੇ ਨਾਂਅ 'ਤੇ ਜਜ਼ੀਆ ਟੈਕਸ ਲਗਾਉਣ ਦੀ ਸਖਤ ਨਿਖੇਧੀ ਕੀਤੀ। ਕਿਸਾਨਾਂ ਦੀ ਫਸਲ ਮੱਕੀ ਤੇ ਮੂੰਗੀ ਐਮ.ਐਸ.ਪੀ. ਮੁਤਾਬਕ ਖ਼ਰੀਦਣ ਦੀ ਮੰਗ ਕੀਤੀ ਗਈ। ਜ਼ਿਲ੍ਹਾ ਮੋਹਾਲੀ ਦੀ ਪੇਂਡੂ ਸੜਕਾਂ ਦੀ ਮੁਰੰਮਤ ਕਰਨ ਦੀ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ। ਜ਼ਿਲ੍ਹਾ ਸ਼ਿਕਾਇਤ ਨਿਵਾਰਨ ਕਮੇਟੀ ਦਾ ਗਠਨ ਕਰਨ ਦੀ ਮੰਗ ਕੀਤੀ ਗਈ। ਮੀਟਿੰਗ ਵਿੱਚ ਜ਼ਿਲ੍ਹਾ ਕੌਂਸਲ ਦੇ ਮੈਂਬਰ ਸਾਥੀ ਵਿਨੋਦ ਚੁੱਘ, ਸੁਰਿੰਦਰ ਸਿੰਘ, ਬਲਵਿੰਦਰ ਸਿੰਘ ਜੜੌਤ, ਮਹਿੰਦਰਪਾਲ, ਬਰਿਜ ਮੋਹਨ, ਗੁਰਦਿਆਲ ਸਿੰਘ , ਭੂਪਿੰਦਰ ਸਿੰਘ ਆਦਿ ਸਾਥੀ ਹਾਜ਼ਰ ਸਨ।

## 22 ਬੋਤਲਾਂ ਸ਼ਰਾਬ ਸਮੇਤ ਕਾਬੂ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਡੀ.ਐਸ.ਪੀ ਦਲਜੀਤ ਸਿੰਘ ਖੱਖ ਪੁਲਸ ਕਪਤਾਨ ਸਬ-ਡਿਵੀਜ਼ਨ ਗੜ੍ਹਸ਼ੰਕਰ ਦੀ ਰਹਿਨੁਮਾਈ ਹੇਠ ਐੱਸ ਆਈ ਹਰਪ੍ਰੇਮ ਸਿੰਘ ਥਾਣਾ ਮੁਖੀ ਗੜ੍ਹਸ਼ੰਕਰ ਦੀ ਹਦਾਇਤ ਅਨੁਸਾਰ ਏ ਐਸ.ਆਈ ਸੁਖਵਿੰਦਰ ਸਿੰਘ ਪੀ ਪੀ ਸਮੁੰਦੜਾ ਥਾਣਾ ਗੜ੍ਹਸ਼ੰਕਰ ਨੇ ਸਮੇਤ ਪੁਲਸ ਪਾਰਟੀ ਗਸ਼ਤ ਦੇ ਦੌਰਾਨ ਲੱਲੀਆਂ ਮੋੜ ਗੜ੍ਹਸ਼ੰਕਰ ਵਿਖੇ ਇਕ ਪੈਦਲ ਆ ਰਹੇ ਵਿਅਕਤੀ ਨੂੰ ਸ਼ੱਕ ਦੇ ਅਧਾਰ 'ਤੇ ਰੋਕਿਆ ਤਾਂ ਉਸ ਦੀ ਤਲਾਸ਼ੀ ਲੈਣ ਉਪਰੰਤ 22 ਬੋਤਲਾਂ ਸ਼ਰਾਬ ਮਾਰਕਾ ਸੰਤਰਾ ਸੇਲ ਫ਼ਾਰ ਇਨ ਹਿਮਾਚਲ ਪ੍ਰਦੇਸ਼ ਬਰਾਮਦ ਹੋਈਆਂ। ਉਕਤ ਵਿਅਕਤੀ ਦੀ ਪਛਾਣ ਮਨੋਜ ਕੁਮਾਰ ਉਰਫ ਸੋਨੂੰ ਪੁੱਤਰ ਭੋਲਾ ਰਾਮ ਵਾਸੀ ਵਾਰਡ ਨੰਬਰ 4 ਨਿੱਝਰਾਂ ਮੁਹੱਲਾ ਗੜ੍ਹਸ਼ੰਕਰ ਵਜੋਂ ਹੋਈ। ਦੋਸ਼ੀ ਵਿਰੁੱਧ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

## ਆਲ ਇੰਡੀਆ ਨਿਊਜ਼ ਪੇਪਰ ਐਡੀਟਰਜ਼ ਕਾਨਫਰੰਸ ਦੇ ਪ੍ਰਧਾਨ ਰਮੇਸ਼ ਗੁਪਤਾ ਵੱਲੋਂ ਨਵੇਂ ਅਹੁਦੇਦਾਰਾਂ ਦਾ ਐਲਾਨ

**ਜਲੰਧਰ (ਨਵਾਂ ਜ਼ਮਾਨਾ ਸਰਵਿਸ)**- ਆਲ ਇੰਡੀਆ ਨਿਊਜ਼ ਪੇਪਰ ਐਡੀਟਰਜ਼ ਕਾਨਫਰੰਸ ਦੇ ਨਵੇਂ ਚੁਣੇ ਗਏ ਪ੍ਰਧਾਨ ਸ਼੍ਰੀ ਰਮੇਸ਼ ਗੁਪਤਾ ਨੇ ਸੰਗਠਨ ਦੇ ਨਵੇਂ ਅਹੁਦੇਦਾਰਾਂ ਦੇ ਨਾਵਾਂ ਦਾ ਐਲਾਨ ਕਰ ਦਿੱਤਾ ਹੈ। ਇਸ ਦੇ ਅਨੁਸਾਰ ਪੰਜਾਬ ਦੇ ਪ੍ਰਮੁੱਖ ਪੱਤਰਕਾਰ ਜਗਜੀਤ ਸਿੰਘ ਦਰਦੀ ਨੂੰ ਉਪ ਪ੍ਰਧਾਨ ਅਤੇ ਓਮ ਪ੍ਰਕਾਸ਼ ਖੇਮਕਰਨੀ ਨੂੰ ਸੈਕਰੇਟਰੀ ਨਿਯੁਕਤ ਕੀਤਾ ਹੈ। ਨਵੇਂ ਅਹੁਦੇਦਾਰਾਂ 'ਚ ਭਾਰਤ ਦੇ ਕਈ ਸੂਬਿਆਂ ਤੋਂ ਸੰਪਾਦਕਾਂ ਨੂੰ ਇਸ ਵਿਚ ਥਾਂ ਦਿੱਤੀ ਗਈ ਹੈ, ਉਪ ਪ੍ਰਧਾਨ : ਪਦਮ ਮਹਿਤਾ (ਜੋਧਪੁਰ), ਜਗਜੀਤ ਸਿੰਘ ਦਰਦੀ (ਪਟਿਆਲਾ),ਸੈਕਰੇਟਰੀ ਜਨਰਲ : ਬਿਸ਼ੰਬਰ ਨੇਵਾਰ (ਕੋਲਕਾਤਾ), ਆਨਰੇਰੀ ਖਜ਼ਾਨਚੀ : ਉੱਤਮ ਚੰਦ ਸ਼ਰਮਾ (ਮੁਜ਼ੱਫਰਨਗਰ), ਸੈਕਰੇਟਰੀ :ਓਮ ਪ੍ਰਕਾਸ਼ ਖੇਮਕਰਨੀ (ਜਲੰਧਰ), ਰਾਜੀਵ ਵੋਹਰਾ (ਰਾਏਪੁਰ), ਕ੍ਰਿਸ਼ਨ ਸ਼ਿਯੋਡਕਰ (ਨਾਂਦੇੜ), ਸੱਯਦ ਰਜ਼ਾ ਰਿਜ਼ਵੀ (ਗੋਂਡਾ) ਜਾਇੰਟ ਸੈਕਰੇਟਰੀ ਅਨਿਲ ਗੁਪਤਾ (ਉੱਜੈਨ), ਅਨਿਲ ਅਗਰਵਾਲ (ਅਮਰਾਵਤੀ), ਦਿਨੇਸ਼ ਭਾਰਦਵਾਜ (ਸ਼ਾਮਲੀ), ਵਾਈ.ਐਸ.ਮੰਜੂਨਾਥ (ਬੰਗਲੌਰ)।

## ਬਿਜਲੀ ਦੀ ਸਮੱਸਿਆ ਦਾ ਜਲਦੀ ਹੱਲ ਹੋਵੇਗਾ : ਭੱਟੀ

**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)** ਸ਼ਹਿਰ ਤੇ ਪਿੰਡਾਂ ਵਿੱਚ ਚੱਲ ਰਹੀ ਬਿਜਲੀ ਦੀ ਸਮੱਸਿਆ ਸਬੰਧੀ ਜੀਤ ਲਾਲ ਭੱਟੀ ਹਲਕਾ ਇੰਚਾਰਜ ਆਦਮਪੁਰ ਵੱਲੋਂ ਬਿਜਲੀ ਬੋਰਡ ਦੇ ਅਧਿਕਾਰੀ ਡਿਪਟੀ ਚੀਫ ਇੰਜੀਨੀਅਰ ਹਰਮਿੰਦਰ ਸਿੰਘ, ਐਕਸੀਅਨ ਜਸਵੰਤ ਸਿੰਘ ਪਾਬਲਾ,ਐਸ ਡੀ.ਓ ਸਵਰਨ ਸਿੰਘ ਨਾਲ ਮੀਟਿੰਗ ਕੀਤੀ ਤਾਂ ਜੋ ਬਿਜਲੀ ਦੀ ਸਮੱਸਿਆ ਦਾ ਜਲਦੀ ਹੱਲ ਕੀਤਾ ਜਾਵੇ ਅਤੇ ਪਿੰਡਾਂ ਵਿੱਚ ਮੋਟਰਾਂ ਦੀ ਬਿਜਲੀ ਦੀ ਸਮੱਸਿਆ ਨੂੰ ਵੀ ਜਲਦੀ ਹੱਲ ਕੀਤਾ ਜਾਵੇ।

# 100 ਗ੍ਰਾਮ ਹੈਰੋਇਨ ਸਮੇਤ ਨਸ਼ਾ ਤਸਕਰ ਗ੍ਰਿਫਤਾਰ

**ਕਾਲਾ ਸੰਘਿਆਂ (ਮਨਜੀਤ ਮਾਨ)**- ਮੁਖਵਿੰਦਰ ਸਿੰਘ ਭੁੱਲਰ ਸੀਨੀਅਰ ਪੁਲਸ ਕਪਤਾਨ ਜਲੰਧਰ ਦਿਹਾਤੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਨਸ਼ਾ ਤਸਕਰਾਂ ਖਿਲਾਫ ਚਲਾਈ ਜਾ ਰਹੀ ਮੁਹਿੰਮ ਦੇ ਤਹਿਤ ਮਨਪ੍ਰੀਤ ਸਿੰਘ ਢਿੱਲੋਂ ਪੁਲਸ ਕਪਤਾਨ ਇਨਵੈਸਟੀਗੇਸਨ ਜਲੰਧਰ ਦਿਹਾਤੀ ਅਤੇ ਤਰਸੇਮ ਮਸੀਹ ਉਪ ਪੁਲਸ ਕਪਤਾਨ ਇਨਵੈਸਟੀਗੇਸ਼ਨ ਜਲੰਧਰ ਦਿਹਾਤੀ ਦੀ ਰਹਿਨੁਮਾਈ ਹੇਠ ਪੁਸ਼ਪ ਬਾਲੀ ਇੰਚਾਰਜ ਕ੍ਰਾਇਮ ਬ੍ਰਾਂਚ ਜਲੰਧਰ ਦਿਹਾਤੀ ਦੀ ਸਪੈਸ਼ਲ ਪੁਲਸ ਟੀਮ ਵੱਲੋਂ 100 ਗ੍ਰਾਮ ਹੈਰੋਇਨ ਸਮੇਤ ਦੋ ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕਰਨ ਵਿੱਚ ਵੱਡੀ ਸਫਲਤਾ ਹਾਸਲ ਕੀਤੀ ਹੈ। ਇਸ ਸੰਬਧੀ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਮਨਪ੍ਰੀਤ ਸਿੰਘ ਢਿੱਲੋਂ ਪੁਲਸ ਕਪਤਾਨ ਇਨਵੈਸਟੀਗੇਸਨ ਜਲੰਧਰ ਦਿਹਾਤੀ ਨੇ ਦੱਸਿਆ ਕਿ 22 ਜੂਨ ਨੂੰ ਪੁਸ਼ਪ ਬਾਲੀ ਇੰਚਾਰਜ ਕ੍ਰਾਇਮ ਬ੍ਰਾਂਚ ਜਲੰਧਰ ਦਿਹਾਤੀ ਨੇ ਸਮਾਜ ਦੇ ਮਾੜੇ ਅਨਸਰਾਂ ਅਤੇ ਨਸ਼ਾ ਤਸਕਰਾਂ ਨੂੰ ਕਾਬੂ ਕਰਨ ਲਈ ਜ਼ਿਲ੍ਹਾ ਜਲੰਧਰ ਦਿਹਾਤੀ ਪੁਲਸ ਨੇ ਇਲਾਕੇ ਵਿੱਚ ਕ੍ਰਾਇਮ ਬ੍ਰਾਂਚ ਦੀ ਟੀਮ ਵੱਲੋਂ ਵੱਖ ਵੱਖ ਥਾਵਾਂ ਦੀ ਚੈਕਿੰਗ ਤੇ ਨਾਕਾਬੰਦੀ ਕੀਤੀ ਜਾ ਰਹੀ ਸੀ। ਇਸ ਸੰਬਧੀ ਕ੍ਰਾਇਮ ਬ੍ਰਾਂਚ ਦੀ ਇਕ ਟੀਮ ਐਸ ਆਈ ਭੁਪਿੰਦਰ ਸਿੰਘ ਦੀ ਅਗਵਾਈ ਹੇਠ ਆਦਮਪੁਰ, ਪਿੰਡ ਕੁਲਾਰ ਤੋਂ ਹੁੰਦੇ ਹੋਏ ਪਿੰਡ ਜਲਭੈਅ ਆਦਿ ਨੂੰ ਜਾ ਰਹੀ ਸੀ ਕਿ ਜਦ ਪੁਲਸ ਪਾਰਟੀ ਸ਼ਾਮ ਚੁਰਾਸੀ ਰੋਡ ਵੱਲ ਨੂੰ 100 ਕੁ ਮੀਟਰ ਦੀ ਦੂਰੀ 'ਤੇ ਅੱਗੇ ਪੁੱਜੀ ਤਾਂ ਸੜਕ ਦੇ ਖੱਬੇ ਪਾਸੇ ਸਬਜ਼ੀ ਵਾਲੀ ਦੁਕਾਨ ਦੇ ਪਾਸ ਦੋ ਜਵਾਨ ਖੜ੍ਹੇ ਦਿਖਾਈ ਦਿੱਤੇ ਜੋ ਪੁਲਸ ਨੂੰ ਦੇਖ ਕੇ ਮੌਕੇ ਤੋਂ ਖਿਸਕਣ ਲੱਗੇ ਤੇ ਤੇਜ਼ ਕਦਮੀ ਸ਼ਾਮ ਚੁਰਾਸੀ ਵੱਲ ਨੂੰ ਤੁਰ ਪਏ। ਜਿਨ੍ਹਾਂ ਨੇ ਆਪਣੀਆਂ ਪੈਂਟਾਂ ਦੀਆਂ ਖੱਬੀਆਂ ਜੇਬਾਂ 'ਚੋਂ ਵਜ਼ਨਦਾਰ ਮੋਮੀ ਲਿਫਾਫੇ ਕੱਢ ਕੇ ਖੱਬੇ ਪਾਸੇ ਖਾਲੀ ਪਲਾਟ ਵਿੱਚ ਸੁੱਟ ਦਿੱਤੇ, ਜਿਨ੍ਹਾਂ ਨੂੰ ਐਸ ਆਈ ਭੁਪਿੰਦਰ ਸਿੰਘ ਨੇ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਮੌਕੇ 'ਤੇ ਕਾਬੂ ਕਰਕੇ ਨਾਂਅ ਪਤਾ ਪੁੱਛਿਆ ਜੋ ਪਹਿਲੇ ਨੌਜੁਆਨ ਨੇ ਆਪਣਾ ਨਾਂਅ ਹਰਜੀਤ ਸਿੰਘ ਉਰਫ ਮੋਨੂੰ ਪੁੱਤਰ ਅਵਤਾਰ ਸਿੰਘ ਵਾਸੀ ਪਿੰਡ ਬਹਿਰਾਮ ਸਰਿਸ਼ਟਾ ਥਾਣਾ ਭੋਗਪੁਰ ਅਤੇ ਦੂਸਰੇ ਨੌਜੁਆਨ ਨੇ ਆਪਣਾ ਨਾਂਅ ਮਨੀਸ਼ ਕੁਮਾਰ ਉਰਫ ਮਨੀ ਪੁੱਤਰ ਰਾਜ ਕੁਮਾਰ ਵਾਸੀ ਮੁਹੱਲਾ ਦਸਮੇਸ਼ ਨਗਰ ਗਲੀ ਨੰਬਰ 11 ਥਾਣਾ ਮਾਡਲ ਟਾਊਨ ਹੁਸ਼ਿਆਰਪੁਰ ਦੱਸਿਆ। ਜਿਨ੍ਹਾਂ ਦੁਆਰਾ ਸੁੱਟੇ ਹੋਏ ਮੋਮੀ ਲਿਫਾਫਿਆਂ ਨੂੰ ਚੁੱਕ ਕੇ ਚੈੱਕ ਕਰਨ 'ਤੇ ਦੋਹਾਂ ਮੋਮੀ ਲਿਫਾਫਿਆਂ ਵਿੱਚੋਂ 50-50 ਗ੍ਰਾਮ ਹੈਰੋਇਨ ਕੁੱਲ 100 ਗ੍ਰਾਮ ਹੈਰੋਇਨ ਬਰਾਮਦ ਹੋਈ ਜਿਸ 'ਤੇ ਮੁਕੱਦਮਾ ਆਦਮਪੁਰ ਜ਼ਿਲ੍ਹਾ ਜਲੰਧਰ ਦਿਹਾਤੀ ਦਰਜ ਰਜਿਸਟਰ ਕਰਵਾ ਕੇ ਤਫਤੀਸ਼ ਅਮਲ ਵਿੱਚ ਲਿਆਂਦੀ ਗਈ ਅਤੇ ਦੋਸ਼ੀਆਂ ਨੂੰ ਗ੍ਰਿਫਤਾਰ ਕਰ ਲਿਆ ਗਿਆ। ਦੋਵਾਂ ਦੋਸ਼ੀਆਂ ਉਕਤ ਹਰਜੀਤ ਸਿੰਘ ਉਰਫ ਮੋਨੂੰ ਅਤੇ ਮਨੀਸ਼ ਕੁਮਾਰ ਉਰਫ ਮਨੀ ਨੂੰ ਪੇਸ਼ ਅਦਾਲਤ ਕਰਕੇ ਰਿਮਾਂਡ ਹਾਸਲ ਕੀਤਾ ਗਿਆ ਅਤੇ ਦੋਸ਼ੀਆਂ ਪਾਸੋਂ ਹੋਰ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ। ਬਰਾਮਦ ਕੀਤੀ ਗਈ ਹੈਰੋਇਨ ਕਿਸ ਪਾਸੋਂ ਖਰੀਦੀ ਹੈ, ਕਿਸ ਕਿਸ ਨੂੰ ਅੱਗੇ ਸਪਲਾਈ ਕਰਨੀ ਸੀ, ਇਨ੍ਹਾਂ ਦੇ ਸਾਥੀ ਕੌਣ ਕੌਣ ਹਨ ਅਤੇ ਦੋਨਾਂ ਦੋਸ਼ੀਆਂ ਹਰਜੀਤ ਸਿੰਘ ਉਰਫ ਮੋਨੂੰ ਅਤੇ ਮਨੀਸ਼ ਕੁਮਾਰ ਉਰਫ ਮਨੀ ਦੀ ਚੱਲ ਤੇ ਅਚੱਲ ਜਾਇਦਾਦ ਦੀ ਵੀ ਜਾਂਚ ਕੀਤੀ ਜਾਵੇਗੀ ।



# ਬੰਟੀ ਲੰਬੜ ਦੀ ਯਾਦ 'ਚ ਟੂਰਨਾਮੈਂਟ ਖੰਨਾ ਕਲੱਬ ਨੇ ਜਿੱਤਿਆ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**--ਬੰਟੀ ਲੰਬੜ ਦੀ ਯਾਦ ਵਿੱਚ ਨਵਾਂਸ਼ਹਿਰ ਪੁਰਾਣੀ ਦਾਣਾ ਮੰਡੀ ਵਿਖੇ ਕਰਵਾਏ ਗਏ ਨਾਈਟ ਕ੍ਰਿਕਟ ਟੂਰਨਾਮੈਂਟ ਵਿੱਚ ਖੰਨਾ ਕਲੱਬ ਜੇਤੂ ਰਿਹਾ, ਜਦੋਂ ਕਿ ਫਰੈਂਡਜ ਕਲੱਬ ਦੀ ਟੀਮ ਉਪ ਜੇਤੂ ਰਹੀ। ਬਾਬਾ ਦੀਪ ਸਿੰਘ ਕਲੱਬ ਤੀਜੇ ਅਤੇ ਰੋਪੜ ਕਲੱਬ ਚੌਥੇ ਸਥਾਨ 'ਤੇ ਰਿਹਾ। ਜੇਤੂ ਟੀਮ ਨੂੰ 41,000 ਰੁਪਏ, ਉਪ ਜੇਤੂ ਟੀਮ ਨੂੰ 21,000 ਰੁਪਏ, ਤੀਜੀ ਟੀਮ ਨੂੰ 11,000 ਰੁਪਏ ਅਤੇ ਚੌਥੀ ਨੰਬਰ 'ਤੇ ਆਈ ਟੀਮ ਨੂੰ 5,100 ਰੁਪਏ ਦੀ ਨਕਦ ਰਾਸ਼ੀ ਅਤੇ ਟਰਾਫੀ ਦੇ ਕੇ ਸਨਮਾਨਿਤ ਕੀਤਾ ਗਿਆ। ਫਾਈਨਲ ਵਿੱਚ ਖੰਨਾ ਕਲੱਬ ਨੇ 6 ਓਵਰਾਂ ਵਿੱਚ 56 ਦੌੜਾਂ ਬਣਾਈਆਂ। ਜਵਾਬ ਵਿੱਚ ਫਰੈਂਡਜ ਕਲੱਬ ਦੀ ਟੀਮ 44 ਦੌੜਾਂ ਬਣਾ ਕੇ ਆਊਟ ਹੋ ਗਈ। ਇਸ ਤੋਂ ਪਹਿਲਾਂ ਸੈਮੀਫਾਈਨਲ ਵਿੱਚ ਫਰੈਂਡਜ ਕਲੱਬ ਨੇ ਬਾਬਾ ਦੀਪ ਸਿੰਘ ਕਲੱਬ ਨੂੰ ਹਰਾਇਆ। ਇਸ ਮੈਚ ਵਿੱਚ ਬਾਬਾ ਦੀਪ ਸਿੰਘ ਕਲੱਬ ਦੀ ਟੀਮ ਨੇ 5 ਓਵਰਾਂ ਵਿੱਚ 25 ਦੌੜਾਂ ਬਣਾਈਆਂ, ਜਿਸ ਨੂੰ ਫਰੈਂਡਜ ਕਲੱਬ ਨੇ ਆਸਾਨੀ ਨਾਲ ਪੂਰਾ ਕਰ ਲਿਆ। ਦੂਜੇ ਸੈਮੀਫਾਈਨਲ ਵਿੱਚ ਖੰਨਾ ਕਲੱਬ ਨੇ ਰੋਪੜ ਕਲੱਬ ਨੂੰ ਹਰਾਇਆ। ਜਿਸ ਵਿੱਚ ਖੰਨਾ ਕਲੱਬ ਨੇ 52 ਦੌੜਾਂ ਬਣਾਈਆਂ ਪਰ ਰੋਪੜ ਕਲੱਬ ਸਿਰਫ 30 ਦੌੜਾਂ ਹੀ ਬਣਾ ਸਕਿਆ। ਪ੍ਰਬੰਧਕ ਕਮੇਟੀ ਦੇ ਮੈਂਬਰ ਪ੍ਰਦੀਪ ਪਾਠਕ, ਕਰਨ ਦੱਤਾ, ਸਾਹਿਲ ਦੱਤਾ ਅਤੇ ਗਗਨ ਅਗਨੀਹੋਤਰੀ ਨੇ ਐਨ.ਆਰ.ਆਈ. ਸੰਧੂ ਯੂ.ਐਸ.ਏ., ਨਿੰਦਰ ਆਸਟ੍ਰੇਲੀਆ, ਕਰਨ ਭਾਰਦਵਾਜ, ਅੰਕੁਸ਼ ਦੱਤਾ ਅਤੇ ਹੋਰ ਮੈਂਬਰਾਂ ਦਾ ਸਹਿਯੋਗ ਲਈ ਧੰਨਵਾਦ ਕੀਤਾ।

ਇਸ ਮੌਕੇ ਮਾਰਕੀਟ ਕਮੇਟੀ ਦੇ ਚੇਅਰਮੈਨ ਗਗਨ ਅਗਨੀਹੋਤਰੀ, ਅਸ਼ੋਕ ਭਾਰਦਵਾਜ, ਗਿਰੀਸ਼ ਮਹਿਨ, ਕਰਨ ਦੱਤਾ, ਰਿਸ਼ੀਕਾਂਤ ਟਿੰਕੂ, ਲੱਕੀ ਐਰੀ, ਦੀਪੂ ਲੰਬੜ, ਲੋਮੇਸ਼ ਜਗੋਤਾ, ਰਿਸੂ, ਪੰਕਜ ਕੁਮਾਰ, ਅਸ਼ੋਕ ਦੱਤਾ, ਅਮਿਤ ਬੱਗਾ, ਕੋਚ ਇੰਦਰ ਕੁਮਾਰ, ਅਸ਼ਵਨੀ ਦੱਤਾ, ਸੁਭਾਸ਼ ਦੱਤਾ, ਹਰਸ਼ ਐਰੀ, ਕਸ਼ਿਸ਼ ਖੱਤਰੀ, ਸੈਮ ਦੱਤਾ, ਹਿਮਾਂਸ਼ੂ ਜਗੋਤਾ, ਲੱਕੀ ਚਾਨਾ, ਗੌਰਵ ਅਗਨੀਹੋਤਰੀ, ਸੁਮੀਤ ਦੱਤਾ, ਬੌਬੀ ਜਗੋਤਾ, ਮਨਜਿੰਦਰ ਸਿੰਘ ਜਾਨ, ਆਸ਼ੂ ਦੱਤਾ ਆਦਿ ਹਾਜਰ ਸਨ।

27-June-PAGE-9.qxd 6/26/2023 10:48 PM Page 1



# ਨਿਰਵਿਘਨ ਬਿਜਲੀ ਸਪਲਾਈ ਦੇ ਕੇ ਭਗਵੰਤ ਮਾਨ ਨੇ ਪੰਜਾਬੀ ਕੀਤੇ ਬਾਗੋ-ਬਾਗ : ਸਤਨਾਮ ਸਿੰਘ ਜਲਵਾਹਾ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਪੰਜਾਬ ਦੇ ਮਾਣਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਜੋ ਵਾਅਦਾ ਪੰਜਾਬ ਦੇ ਕਿਸਾਨਾਂ ਨਾਲ ਲਗਾਤਾਰ ਨਿਰਵਿਘਨ ਬਿਜਲੀ ਸਪਲਾਈ ਦੇਣ ਦਾ ਕੀਤਾ ਸੀ ਉਸ ਨੂੰ ਨੇਪਰੇ ਚੜ੍ਹਦਾ ਦੇਖ ਪੰਜਾਬ ਦੇ ਕਿਸਾਨ ਅਤੇ ਆਮ ਲੋਕ ਬਾਗੋ ਬਾਗ ਹੋਏ ਪਏ ਹਨ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਨਵਾਂਸ਼ਹਿਰ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਅਤੇ ਪੰਜਾਬ ਯੂਥ ਵਿੰਗ ਦੇ ਵਾਈਸ ਪ੍ਰਧਾਨ ਸਤਨਾਮ ਸਿੰਘ ਜਲਵਾਹਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਹ ਪਹਿਲੀ ਵਾਰ ਹੋਇਆ ਹੈ ਕਿ ਪੰਜਾਬ ਦੇ ਲੋਕਾਂ ਨੂੰ ਝੋਨੇ ਦੇ ਸੀਜ਼ਨ ਦੌਰਾਨ ਲਗਾਤਾਰ ਨਿਰਵਿਘਨ ਬਿਜਲੀ ਸਪਲਾਈ ਮਿਲੀ ਹੈ ਅਤੇ ਇਸ ਨਿਰਵਿਘਨ ਬਿਜਲੀ ਸਪਲਾਈ ਦੇ ਪ੍ਰਬੰਧ ਤੋਂ ਅਤੇ ਵੱਡੇ ਪੱਧਰ 'ਤੇ ਨਹਿਰੀ ਪਾਣੀ ਮਿਲਣ ਕਰਕੇ ਖੁਸ਼ ਹੋਏ ਕਿਸਾਨਾਂ ਵੱਲੋਂ ਮਾਨ ਸਰਕਾਰ ਦਾ ਧੰਨਵਾਦ ਕਰਦਿਆਂ ਹੋਇਆਂ ਖੁਸ਼ੀ ਵਿੱਚ ਲੱਡੂ ਵੰਡੇ ਜਾ ਰਹੇ ਹਨ।

ਚੇਅਰਮੈਨ ਸਤਨਾਮ ਸਿੰਘ ਜਲਵਾਹਾ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਾਨ ਸਰਕਾਰ ਲੋਕਾਂ ਨਾਲ ਕੀਤਾ ਹਰ ਇਕ ਵਾਅਦਾ ਪੂਰਾ ਕਰਨ ਲਈ ਵਚਨਬੱਧ ਹੈ ਅਤੇ ਹੁਣ ਤੱਕ ਬਹੁਤ ਸਾਰੇ ਵਾਅਦੇ ਪੂਰੇ ਵੀ ਕਰ ਦਿਤੇ ਗਏ ਹਨ ਅਤੇ ਮਾਨ ਸਰਕਾਰ ਵੱਲੋਂ ਆਮ ਲੋਕਾਂ ਦੀਆਂ ਮੁੱਖ ਲੋੜਾਂ ਜਿਸ ਵਿਚ ਸਿਹਤ ਸਿੱਖਿਆ ਰੁਜ਼ਗਾਰ ਬਿਜਲੀ ਅਤੇ ਪਾਣੀ ਇਨ੍ਹਾਂ ਪੰਜਾਂ ਲੋੜਾਂ ਨੂੰ ਮੁੱਖ ਰੱਖਦਿਆਂ ਵੱਡੇ ਪੱਧਰ ਉੱਤੇ ਸੁਧਾਰ ਕੀਤੇ ਜਾ ਰਹੇ ਹਨ ਅਤੇ ਮਾਨ ਸਰਕਾਰ ਲੋਕਾਂ ਨਾਲ ਕੀਤਾ ਹਰ ਇਕ ਵਾਅਦਾ ਵੀ 100% ਪੂਰਾ ਕਰੇਗੀ ਅਤੇ ਪੰਜਾਬ ਨੂੰ ਹੱਸਦਾ ਵੱਸਦਾ ਤੇ ਰੰਗਲਾ ਪੰਜਾਬ ਵੀ ਜ਼ਰੂਰ ਬਣਾ ਕੇ ਰਹੇਗੀ। ਜਲਵਾਹਾ ਨੇ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਆਉਣ ਵਾਲੀ ਇਲਾਹੀ ਬਾਣੀ ਹਰ ਘਰ ਤੱਕ ਫਰੀ ਪਹੁੰਚੇ ਅਤੇ ਹਰ ਚੈਨਲ ਉਤੇ ਗੁਰਬਾਣੀ ਦਾ ਲਾਈਵ ਪ੍ਰਸਾਰਨ ਦਿਖਾਇਆ ਜਾਵੇ ਇਸ ਲਈ ਮਾਨ ਸਰਕਾਰ ਵੱਲੋਂ ਬਾਦਲ ਪਰਵਾਰ ਤੋਂ ਗੁਰਬਾਣੀ ਦੇ ਲਾਈਵ ਪ੍ਰਸਾਰਨ ਨੂੰ ਅਜ਼ਾਦ ਕਰਵਾਉਣ ਲਈ ਕੀਤਾ ਗਿਆ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਕਦਮ ਹੈ। ਮਾਨ ਸਰਕਾਰ ਵੱਲੋਂ ਪੰਜਾਬ ਦੇ ਤਹਿਸੀਲ ਕੰਪਲੈਕਸ ਉਤੇ ਕੱਸੇ ਸ਼ਿਕੰਜੇ ਤੋਂ ਬਾਹਰ ਤਹਿਸੀਲਦਾਰ ਦੇ ਦਫਤਰ ਵਿਚ ਆਮ ਲੋਕਾਂ ਦੀ ਲੁੱਟ ਲਗਭਗ ਬੰਦ ਹੋ ਗਈ ਹੈ ਅਤੇ ਇਸ ਕਾਰਵਾਈ ਨਾਲ ਬਾਕੀ ਮਹਿਕਮਿਆਂ ਦੇ ਜੋ ਕੁਝ ਕੁ ਭ੍ਰਿਸ਼ਟ ਅਫਸਰ ਹਨ ਉਨ੍ਹਾਂ ਵਿੱਚ ਵੀ ਡਰ ਦਾ ਮਾਹੌਲ ਪੈਦਾ ਹੋਇਆ ਹੈ।

ਚੇਅਰਮੈਨ ਸਤਨਾਮ ਸਿੰਘ ਜਲਵਾਹਾ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਨਗਰ ਵਿਚ ਰਿਸ਼ਵਤਖੋਰੀ ਅਤੇ ਭ੍ਰਿਸ਼ਟਾਚਾਰ ਨੂੰ ਖਤਮ ਕਰਨਾ ਉਨ੍ਹਾਂ ਦੀ ਸਮੁੱਚੀ ਟੀਮ ਦੀ ਮੁੱਖ ਤਰਜੀਹ ਹੈ। ਜਲਵਾਹਾ ਨੇ ਕਿਹਾ ਕਿ ਪੰਜਾਬ ਨੂੰ ਹੱਸਦਾ ਵੱਸਦਾ ਅਤੇ ਰੰਗਲਾ ਪੰਜਾਬ ਬਣਾਉਣ ਲਈ ਭਗਵੰਤ ਸਿੰਘ ਮਾਨ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਪੂਰੀ ਤਨਦੇਹੀ ਨਾਲ ਅਤੇ ਪੂਰੀ ਇਮਾਨਦਾਰੀ ਨਾਲ ਕੰਮ ਕਰ ਰਹੇ ਹਨ ਅਤੇ ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਦੀ ਇੱਕ ਇੱਕ ਵੋਟ ਸਦਕਾ ਪੰਜਾਬ ਨੂੰ ਪਹਿਲਾਂ ਕ੍ਰਾਂਤੀਕਾਰੀ ਤੇ ਇਨਕਲਾਬੀ ਮੁੱਖ ਮੰਤਰੀ ਮਿਲਿਆ ਹੈ ਜੋ ਆਪਣੇ ਕਾਰਜਕਾਲ ਦੌਰਾਨ ਇਤਿਹਾਸ ਸਿਰਜ ਰਿਹਾ ਹੈ। ਅਕਾਲੀ ਕਾਂਗਰਸੀਆਂ ਵੱਲੋਂ ਕਦੀਂ ਵੀ ਪਿਛਲੇ 70 ਸਾਲਾਂ ਵਿੱਚ ਝੋਨੇ ਦੇ ਸੀਜ਼ਨ ਦੌਰਾਨ ਇਹੋ ਜਿਹੀ ਬਿਜਲੀ ਸਪਲਾਈ ਦਾ ਪ੍ਰਬੰਧ ਕਦੀ ਨਹੀਂ ਕੀਤਾ ਗਿਆ । ਭਗਵੰਤ ਮਾਨ ਸਰਕਾਰ ਵੱਲੋਂ ਹਰ ਰੋਜ ਪੰਜਾਬ ਦੇ ਭਲੇ ਲਈ ਕੰਮ ਕਰਕੇ ਜੋ ਮੀਲ ਪੱਥਰ ਸਥਾਪਤ ਕੀਤੇ ਜਾ ਰਹੇ ਹਨ ਉਨ੍ਹਾਂ ਤੋਂ ਵਿਰੋਧੀ ਪਾਰਟੀਆਂ ਦੇ ਲੀਡਰ ਬੌਖਲਾਹਟ ਵਿਚ ਹਨ ਅਤੇ ਹਰ ਰੋਜ਼ ਪੁੱਠੇ ਸਿੱਧੇ ਬਿਆਨ ਦੇ ਰਹੇ ਹਨ।

# ਪ੍ਰਾਪਰਟੀ ਯੂ ਆਈ ਡੀ ਨੰਬਰਾਂ ਦਾ ਸਰਵੇਖਣ ਦੁਬਾਰਾ ਕੀਤਾ ਜਾਵੇ : ਮਨੀਸ਼ ਪ੍ਰਭਾਕਰ



**ਫਗਵਾੜਾ ( ਡਾ. ਰਮਨ, ਢੱਡਾ )** ਬਲਾਕ ਕਾਂਗਰਸ ਫਗਵਾੜਾ (ਸ਼ਹਿਰੀ) ਦੇ ਪ੍ਰਧਾਨ ਮਨੀਸ਼ ਪ੍ਰਭਾਕਰ ਸਾਬਕਾ ਕੌਂਸਲਰ ਨੇ ਫਗਵਾੜਾ ਨਗਰ ਨਿਗਮ ਅਧੀਨ ਪ੍ਰਾਪਰਟੀ ਯੂ.ਆਈ.ਡੀ. ਨੰਬਰਾਂ ਦਾ ਸਰਵੇ ਦੁਬਾਰਾ ਕਰਵਾਉਣ ਦੀ ਮੰਗ ਕੀਤੀ ਹੈ। ਉਨ੍ਹਾਂ ਦੱਸਿਆ ਕਿ ਕਰੀਬ ਅੱਠ ਸਾਲ ਪਹਿਲਾਂ ਨਗਰ ਨਿਗਮ ਫਗਵਾੜਾ ਨੇ ਜਾਇਦਾਦ ਦੀ ਸ਼ਨਾਖਤ ਲਈ ਯੂ.ਆਈ.ਡੀ. ਨੰਬਰ ਇੱਕ ਪਾਇਲਟ ਪ੍ਰੋਜੈਕਟ ਵਜੋਂ ਸ਼ੁਰੂ ਕੀਤਾ ਸੀ ਪਰ ਇੰਨਾ ਸਮਾਂ ਬੀਤ ਜਾਣ ਦੇ ਬਾਵਜੂਦ ਲੋਕਾਂ ਦੀਆਂ ਮੁਸ਼ਕਲਾਂ ਜਿਉਂ ਦੀਆਂ ਤਿਉਂ ਹਨ। ਸ਼ਹਿਰ ਦਾ ਅੰਦਰਲਾ ਹਿੱਸਾ ਲਾਲ ਲਕੀਰ ਵਿੱਚ ਹੋਣ ਕਾਰਨ ਟੀ.ਐਸ.-1 ਪ੍ਰਾਪਰਟੀ ਦੇ ਰਿਕਾਰਡ ਨੂੰ ਮਾਨਤਾ ਪ੍ਰਾਪਤ ਹੈ। ਪਰ ਸਰਕਾਰ ਵੱਲੋਂ ਟੀ.ਐਸ.-1 ਨੂੰ ਬੰਦ ਕਰਕੇ ਯੂ.ਆਈ.ਡੀ. ਨੰਬਰ ਜਾਰੀ ਕਰਨ ਦਾ ਐਲਾਨ ਕੀਤਾ ਗਿਆ। ਜਿਸ ਤੋਂ ਬਾਅਦ ਪ੍ਰਾਈਵੇਟ ਕੰਪਨੀ ਵੱਲੋਂ ਸਰਵੇ ਕਰਵਾ ਕੇ ਜਾਇਦਾਦ ਦੀ ਸ਼ਨਾਖਤ ਲਈ ਯੂ.ਆਈ.ਡੀ. ਨੰਬਰ ਅਲਾਟ ਕੀਤੇ ਗਏ। ਪਰ ਕਈ ਯੂ.ਆਈ.ਡੀ. ਨੰਬਰਾਂ ਵਿੱਚ ਜਾਇਦਾਦ ਦੀ ਮਾਲਕੀ ਵਾਲਾ ਕਾਲਮ ਖਾਲੀ ਛੱਡ ਦਿੱਤਾ ਗਿਆ ਹੈ ਅਤੇ ਕਈ ਥਾਵਾਂ 'ਤੇ ਗਲਤ ਨਾਂਅ ਦਰਜ ਕੀਤੇ ਗਏ ਹਨ। ਜੇਕਰ ਕੋਈ ਇਸ ਤਰੁੱਟੀ ਨੂੰ ਦਰੁਸਤ ਕਰਵਾਉਣ ਲਈ ਨਿਗਮ ਦਫ਼ਤਰ ਜਾਂਦਾ ਹੈ ਤਾਂ ਉਸ ਤੋਂ ਮਾਲਕੀ ਦਾ ਸਬੂਤ ਮੰਗਿਆ ਜਾਂਦਾ ਹੈ, ਜਿਸ ਬਾਰੇ ਲਾਲ ਲਕੀਰ ਵਾਲੀ ਜਾਇਦਾਦ ਦੇ ਟੀ.ਐਸ.-1 ਤੋਂ ਹੀ ਪਤਾ ਲੱਗ ਸਕਦਾ ਹੈ। ਪਰ ਜਦੋਂ ਟੀਐਸ-1 ਦਾ ਰਿਕਾਰਡ ਮੰਗਿਆ ਜਾਂਦਾ ਹੈ ਤਾਂ ਪਾਬੰਦੀ ਦੀ ਗੱਲ ਆਖ ਦਿੱਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਅਜਿਹੇ ਹਜ਼ਾਰਾਂ ਮਾਮਲੇ ਹਨ ਜਿਸ ਕਾਰਨ ਲੋਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਕਿਉਂਕਿ ਲੋਕਾਂ ਨੂੰ ਜਾਇਦਾਦ ਵੇਚਣ ਜਾਂ ਬੈਂਕ ਆਦਿ ਤੋਂ ਕਰਜ਼ਾ ਲੈਣ ਵਿੱਚ ਭਾਰੀ ਦਿੱਕਤ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਇਥੇ ਦੁਬਾਰਾ ਮੁਕੰਮਲ ਅਤੇ ਸਹੀ ਸਰਵੇ ਕਰਵਾ ਕੇ ਯੂ.ਆਈ.ਡੀ. ਨੰਬਰ ਅਲਾਟ ਕੀਤੇ ਜਾਣ।

## ਤਰਲੋਚਨ ਸਿੰਘ ਨਮਿਤ ਅੰਤਿਮ ਅਰਦਾਸ ਅੱਜ



**ਜਲੰਧਰ (ਇਕਬਾਲ ਸਿੰਘ ਉੱਭੀ, ਸ਼ੈਲੀ ਐਲਬਰਟ)**- ਸਵਰਗੀ ਤਰਲੋਚਨ ਸਿੰਘ ਸਪੁੱਤਰ ਸਵਰਗਵਾਸੀ ਸੁਰਜੀਤ ਸਿੰਘ ਦਿਨ ਐਤਵਾਰ 18 ਜੂਨ ਨੂੰ ਸੰਸਾਰਕ ਯਾਤਰਾ ਪੂਰੀ ਕਰਦੇ ਹੋਏ ਪਰਵਾਰ ਨੂੰ ਸੰਸਾਰਕ ਵਿਛੋੜਾ ਦੇ ਕੇ ਵਾਹਿਗੁਰੂ ਦੇ ਚਰਨਾਂ ਵਿੱਚ ਜਾ ਬਿਰਾਜੇ ਹਨ। ਉਨ੍ਹਾਂ ਦੇ ਸਪੁੱਤਰ ਅਮਨਦੀਪ ਅਤੇ ਕਮਲਦੀਪ ਸਿੰਘ ਨੇ ਦੱਸਿਆ ਕਿ ਸਾਡੇ ਪਰਵਾਰ ਵੱਲੋਂ ਸਵਰਗੀ ਤਰਲੋਚਨ ਸਿੰਘ ਨਮਿਤ ਆਰੰਭ ਕਰਵਾਏ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮੰਗਲਵਾਰ 27 ਜੂਨ ਨੂੰ ਉਨ੍ਹਾਂ ਦੇ ਗ੍ਰਹਿ 37, ਗੁਰਦੇਵ ਇਨਕਲੇਵ, ਨੇੜੇ ਸੁਮਨ-ਡੇ ਬੋਡਿੰਗ ਸਕੂਲ ਵਿਖੇ ਪਾਏ ਜਾਣਗੇ। ਉਪਰੰਤ ਉਨ੍ਹਾਂ ਨਮਿਤ ਅੰਤਿਮ ਅਰਦਾਸ ਦੁਪਹਿਰ 12-00 ਤੋਂ 1-00 ਵਜੇ ਤੱਕ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਬੇਅੰਤ ਨਗਰ ਵਿਖੇ ਹੋਵੇਗੀ। ਇਸ ਮੌਕੇ ਪੰਥ ਪ੍ਰਸਿੱਧ ਰਾਗੀ ਸਿੰਘਾਂ ਵੱਲੋਂ ਗੁਰਬਾਣੀ ਦਾ ਬੈਰਾਗਮਈ ਕੀਰਤਨ ਕਰਕੇ ਸੰਗਤਾਂ ਨੂੰ ਨਾਮ ਬਾਣੀ ਨਾਲ ਜੋੜਿਆ ਜਾਵੇਗਾ।

## ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਦਾ ਸਨਮਾਨ



**ਮਾਹਿਲਪੁਰ (ਨਿਰਮਲ ਸਿੰਘ ਮੁੱਗੋਵਾਲ)**-ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਦਾ ਤਖ਼ਤ ਸ੍ਰੀ ਕੇਸਗੜ੍ਹ ਅਨੰਦਪੁਰ ਸਾਹਿਬ ਦੇ ਜਥੇਦਾਰ ਬਣਨ 'ਤੇ ਸੰਤ ਬਾਬਾ ਕਰਮਜੀਤ ਸਿੰਘ ਟਿੱਬਾ ਸਾਹਿਬ ਹੁਸ਼ਿਆਰਪੁਰ, ਸੰਤ ਬਾਬਾ ਬਲਬੀਰ ਸਿੰਘ ਹੁਸ਼ਿਆਰਪੁਰ, ਸੰਤ ਹਰਕ੍ਰਿਸ਼ਨ ਸਿੰਘ ਸੋਢੀ ਠੱਕਰਵਾਲ ਅਤੇ ਸੰਤ ਮਹਾਂਵੀਰ ਸਿੰਘ ਤਾਜੇਵਾਲ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਗੱਲਬਾਤ ਕਰਦਿਆਂ ਸੰਤ ਮਹਾਂਵੀਰ ਸਿੰਘ ਤਾਜੇਵਾਲ ਨੇ ਦੱਸਿਆ ਕਿ ਇਸ ਮੌਕੇ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਨੇ ਕੌਮ ਦੀ ਚੜ੍ਹਦੀ ਕਲਾ ਦੀ ਕਾਮਨਾ ਕੀਤੀ। ਉਨ੍ਹਾਂ ਦੱਸਿਆ ਕਿ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ 6 ਜੁਲਾਈ ਨੂੰ ਡੇਰਾ ਬੁੰਗਾ ਸਾਹਿਬ ਤਾਜੇਵਾਲ ਵਿਖੇ ਹੋ ਰਹੇ ਧਾਰਮਕ ਸਮਾਗਮ ਵਿੱਚ ਵੀ ਵਿਸ਼ੇਸ਼ ਤੌਰ 'ਤੇ ਪਹੁੰਚਣਗੇ।

## ਡਿਪਸ ਕਾਲਜ ਦੇ ਕਾਸਮੈਟੋਲੋਜੀ ਵਿਭਾਗ ਵੱਲੋਂ ਸੈਮੀਨਾਰ

**ਜਲੰਧਰ ( ਇਕਬਾਲ ਸਿੰਘ ਉੱਭੀ )**- ਬਿਊਟੀ ਦੇ ਖੇਤਰ ਵਿੱਚ ਆਪਣਾ ਕੈਰੀਅਰ ਬਣਾਉਣ ਦੇ ਚਾਹਵਾਨ ਵਿਦਿਆਰਥੀਆਂ ਲਈ ਡਿਪਸ ਕਾਲਜ (ਕੋ- ਐਜੂਕੇਸ਼ਨਲ) ਢਿਲਵਾਂ ਦੇ ਕਾਸਮੈਟੋਲੋਜੀ ਵਿਭਾਗ ਵੱਲੋਂ ਇੱਕ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਵਿੱਚ ਗ੍ਰੈਜੂਏਸ਼ਨ ਅਤੇ ਪੋਸਟ ਗ੍ਰੈਜੂਏਸ਼ਨ ਕਾਸਮੈਟੋਲੋਜੀ ਕੋਰਸਾਂ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਬਿਹਤਰ ਹੇਅਰ ਸਟਾਈਲਿਸਟ ਬਣਨ ਦੇ ਟਿਪਸ ਦਿੱਤੇ ਗਏ। ਪ੍ਰੋਫੈਸਰ ਹਰਜੀਤ ਕੌਰ ਨੇ ਕਿਹਾ ਕਿ ਸਭ ਤੋਂ ਪਹਿਲਾਂ ਇਹ ਸਮਝਣ ਦੀ ਲੋੜ ਹੈ ਕਿ ਨਾਈ ਉਹ ਹੁੰਦਾ ਹੈ ਜੋ ਵਾਲ ਕੱਟਣ ਦੀ ਸਿਖਲਾਈ ਪ੍ਰਾਪਤ ਹੁੰਦਾ ਹੈ ਜਦਕਿ ਹੇਅਰ ਸਟਾਈਲਿਸਟ ਤੁਹਾਡੇ ਵਾਲਾਂ ਨੂੰ ਬਿਲਕੁਲ ਨਵੇਂ ਤਰੀਕੇ ਨਾਲ ਸਟਾਈਲ ਕਰਨ ਵਿੱਚ ਮਦਦ ਕਰਦਾ ਹੈ। ਇਸ ਲਈ ਸਟਾਈਲਿਸਟ ਨੂੰ ਵਾਲਾਂ ਦੀ ਬਣਤਰ ਅਤੇ ਘਣਤਾ ਦਾ ਧਿਆਨ ਰੱਖਣਾ ਚਾਹੀਦਾ ਹੈ। ਇਸ ਦੇ ਨਾਲ, ਤੁਹਾਨੂੰ ਵਾਲਾਂ ਦੀ ਕਟਿੰਗ, ਹਾਈਲਾਈਟਿੰਗ, ਕਲਰਿੰਗ, ਟੈਕਸਟਚਰ ਸੈੱਟ ਅਤੇ ਹੋਰ ਸਟਾਈਲਿੰਗ ਤਰੀਕਿਆਂ ਲਈ ਹੇਅਰਪਿਨ, ਵਿੱਗ ਆਦਿ ਉਪਕਰਣਾਂ ਦੀ ਵਰਤੋਂ ਕਰਨ ਦੇ ਯੋਗ ਹੋਣਾ ਚਾਹੀਦਾ ਹੈ। ਇਸ ਦੇ ਨਾਲ ਹੀ ਵਾਲਾਂ ਨੂੰ ਸਿਹਤਮੰਦ ਬਣਾਉਣ ਲਈ ਕੁਦਰਤੀ ਤਰੀਕੇ ਵੀ ਅਪਣਾਉਣੇ ਚਾਹੀਦੇ ਹਨ।

ਕੋਆਰਡੀਨੇਟਰ ਹਰਪ੍ਰੀਤ ਕੌਰ ਨੇ ਕਿਹਾ ਕਿ ਫੈਸ਼ਨੇਬਲ ਕਾਸਮੈਟਿਕਸ ਦੇ ਨਾਲ-ਨਾਲ ਹੇਅਰ ਸਟਾਈਲਿੰਗ, ਗਰੂਮਿੰਗ ਦਾ ਵੀ ਧਿਆਨ ਰੱਖਣਾ ਚਾਹੀਦਾ ਹੈ। ਅੱਜ ਦੇ ਕਾਰਪੋਰੇਟ ਸੈਕਟਰ ਵਿੱਚ, ਸੁੰਦਰ ਅਤੇ ਆਕਰਸ਼ਕ ਦਿੱਖਣਾ ਬਹੁਤ ਜਰੂਰੀ ਹੈ। ਚੰਗੇ ਹੁਨਰ, ਸੰਚਾਰ ਦੇ ਨਾਲ-ਨਾਲ ਗਰੂਮਿੰਗ ਵੀ ਬਹੁਤ ਜਰੂਰੀ ਹੈ, ਅਜਿਹੇ ਸਟਾਈਲਿਸ ਵਿੱਚ ਇੱਕ ਬਹੁਤ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ।

# ਕੀੜੀ 'ਚ ਸਿਰਜਿਆ ਗਿਆ ਨਿਵੇਕਲਾ ਇਤਿਹਾਸ, ਇੱਕੋ ਦਿਨ 'ਚ ਪਾਇਆ ਸੀਵਰੇਜ



**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ, ਰਾਜਵੀਰ ਸਿੰਘ)**- ਵਾਤਾਵਰਣ ਪ੍ਰੇਮੀ ਤੇ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਗੋਦ ਲਏ ਇਤਿਹਾਸਕ ਪਿੰਡ ਡੱਲਾ ਨੂੰ ਪੰਜਾਬ ਦਾ ਮਾਡਲ ਪਿੰਡ ਬਣਾਉਣ ਲਈ ਡੱਲੇ ਦੇ ਦੋ ਪਿੰਡਾਂ ਕੀੜੀ ਅਤੇ ਉਗਰੂਪੁਰ ਵਿੱਚ ਸੀਵਰੇਜ ਪਾਉਣ ਦਾ ਪ੍ਰੋਜੈਕਟ ਉਲੀਕਿਆ ਗਿਆ ਸੀ। ਜਿਸ ਤਹਿਤ ਅੱਜ ਕੀੜੀ ਪਿੰਡ ਵਿੱਚ ਸੀਵਰੇਜ ਪਾਉਣ ਦੀ ਸ਼ੁਰੂਆਤ ਵਾਤਾਵਰਣ ਪ੍ਰੇਮੀ ਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦੀ ਅਗਵਾਈ ਵਿੱਚ ਗੁਰਦੁਆਰਾ ਸਾਹਿਬ ਵਿਖੇ ਅਰਦਾਸ ਕਰਨ ਉਪਰੰਤ ਕੀਤੀ ਗਈ। ਜਿਸ ਨੂੰ ਇਕ ਦਿਨ ਵਿਚ ਹੀ ਨੇਪਰੇ ਚਾੜ੍ਹਨ ਦਾ ਟੀਚਾ ਸੰਤ ਸੀਚੇਵਾਲ ਵੱਲੋਂ ਮਿੱਥਿਆ ਗਿਆ ਸੀ। ਜਿਸ ਨੂੰ ਕਿ ਸੰਤ ਸੀਚੇਵਾਲ ਵੱਲੋਂ ਲਗਾਈਆਂ ਗਈਆਂ 7 ਦੇ ਕਰੀਬ ਟੀਮਾਂ ਨੇ 10 ਮਸ਼ੀਨਾਂ ਦੀ ਸਹਾਇਤਾ ਨਾਲ ਇੱਕ ਦਿਨ ਵਿੱਚ ਹੀ ਪੂਰਾ ਕਰ ਲਿਆ ਗਿਆ। ਇਸ ਦੌਰਾਨ ਪਿੰਡ ਵਿੱਚ 400 ਦੇ ਕਰੀਬ ਪਾਈਪ ਪਾਏ ਗਏ ਅਤੇ ਹੋਦੀਆਂ ਤਿਆਰ ਕੀਤੀਆਂ ਗਈਆਂ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਸੰਤ ਸੀਚੇਵਾਲ ਵੱਲੋਂ ਪਿੰਡ ਭੰਡਾਲ ਦੋਨਾ ਤੇ ਪਿੰਡ ਜਲਾਲਪੁਰ ਵਿੱਚ ਇੱਕ ਦਿਨ ਵਿੱਚ ਸੀਵਰੇਜ ਪਾ ਕੇ ਇਹ ਕਾਰਜ ਸਫਲਤਾਪੂਰਵਕ ਕੀਤਾ ਜਾ ਚੁੱਕਾ ਹੈ। ਇਸ ਮੌਕੇ ਪੂਰੇ ਪ੍ਰੋਜੈਕਟ ਦੀ ਨਿਗਰਾਨੀ ਕਰ ਰਹੇ ਸੰਤ ਸੁਖਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿੰਡਾਂ ਵਿੱਚ ਸੀਵਰੇਜ ਪਾਉਣ ਨੂੰ ਲੈ ਕੇ ਜੋ ਕਥਾਵਾਂ ਬਣੀਆਂ ਹੋਈਆਂ ਹਨ ਕਿ ਇਹ ਕਾਰਜ ਬਹੁਤ ਔਖੇ ਤੇ ਖਰਚੀਲੇ ਹਨ। ਸੰਤ ਸੀਚੇਵਾਲ ਵੱਲੋਂ ਉਨ੍ਹਾਂ ਨੂੰ ਜਿੱਥੇ ਤੋੜਿਆ ਗਿਆ ਹੈ ਉੱਥੇ ਹੀ ਪਿੰਡਾਂ ਲਈ ਸਭ ਤੋਂ ਵੱਡੀ ਸਮੱਸਿਆ ਜਾਂ ਸਰਾਪ ਬਣੇ ਗੰਦੇ ਪਾਣੀਆਂ ਨੂੰ ਟਰੀਟ ਕਰਕੇ ਖੇਤੀ ਨੂੰ ਲਗਦਾ ਕਰਨ ਨਾਲ ਇਹੀ ਗੰਦੇ ਪਾਣੀਆਂ ਨੂੰ ਖੇਤੀ ਲਈ ਇਕ ਵਰਦਾਨ ਸਾਬਤ ਕੀਤਾ ਹੈ। ਉਨ੍ਹਾਂ ਦੱਸਿਆ ਕਿ ਸੰਤ ਸੀਚੇਵਾਲ ਵੱਲੋਂ 1999 ਦੇਸੀ ਤਰੀਕੇ ਨਾਲ ਤਿਆਰ ਕੀਤੇ ਗਏ ਸੀਚੇਵਾਲ ਮਾਡਲ ਨੂੰ ਹੁਣ ਤੱਕ ਪੰਜਾਬ ਦੇ 200 ਤੋਂ ਵੱਧ ਪਿੰਡਾਂ ਵਿੱਚ ਪਾਇਆ ਜਾ ਚੁੱਕਾ ਹੈ ਜੋ ਕਿ ਸਫਲਤਾਪੂਰਵਕ ਚੱਲ ਰਹੇ ਹਨ ਤੇ ਦੇਸ਼ ਦੀ ਸਭ ਤੋਂ ਵੱਡੀ ਨਦੀ ਗੰਗਾ ਨੂੰ ਸਾਫ ਕਰਨ ਲਈ ਵੀ ਭਾਰਤ ਸਰਕਾਰ ਵੱਲੋਂ ਇਸੇ ਮਾਡਲ ਨੂੰ ਅਪਣਾਇਆ ਗਿਆ ਹੈ। ਇਸ ਮੌਕੇ ਪੰਜਾਬ ਸੀਵਰੇਜ ਬੋਰਡ ਦੇ ਚੇਅਰਮੈਨ ਡਾ. ਸੰਨੀ ਆਹਲੂਵਾਲੀਆ ਵੀ ਉਚੇਚੇ ਤੌਰ 'ਤੇ ਸੀਵਰੇਜ ਬੋਰਡ ਦੇ ਨਿਗਰਾਨ ਇੰਜੀਨੀਅਰ, ਐਕਸੀਅਨ ਅਤੇ ਐਸ.ਡੀ.ਓ ਪਹੁੰਚੇ। ਸੰਤ ਸੀਚੇਵਾਲ ਨੇ ਸੀਵਰੇਜ ਬੋਰਡ ਦੇ ਚੇਅਰਮੈਨ ਨੂੰ ਸੀਚੇਵਾਲ ਮਾਡਲ ਦੀਆਂ ਖੂਬੀਆਂ ਦੱਸਦਿਆਂ ਕਿਹਾ ਕਿ ਇਸ ਮਾਡਲ ਨਾਲ ਪਿੰਡਾਂ ਦਾ ਬਹੁਪੱਖੀ ਵਿਕਾਸ ਹੋਣ ਦਾ ਪੂਰੇ ਦੇਸ਼ ਵਿੱਚ ਮੁੱਢ ਬੰਨ੍ਹਿਆ ਹੈ। ਸੰਤ ਬਲਬੀਰ ਸਿੰਘ ਸੀਚੇਵਾਲ ਨੇ ਸੰਨ 1999 ਵਿੱਚ ਪਹਿਲੀ ਵਾਰ ਸਥਾਪਤ ਕੀਤੇ ਸੀਚੇਵਾਲ ਮਾਡਲ ਵਿੱਚ ਕੀਤੇ ਗਏ ਸੁਧਾਰਾਂ ਦਾ ਜ਼ਿਕਰ ਕਰਦਿਆ ਕਿਹਾ ਕਿ ਇਹ ਮਾਡਲ ਨੇ ਕਦੇ ਵੀ ਦਾਇਰੇ ਵਿੱਚ ਬੰਨ੍ਹਿਆ ਨਹੀ ਜਾ ਸਕਦਾ। ਉਨ੍ਹਾਂ ਦੱਸਿਆ ਕਿ ਇਸ ਨੂੰ ਸਮੇਂ ਮੁਤਾਬਿਕ ਅਪਰਗੇਰਡ ਕੀਤਾ ਗਿਆ ਹੈ ਜਿਸ ਤਹਿਤ ਤਲਵੰਡੀ ਮਾਧੋ ਪਿੰਡ ਵਿੱਚ ਸੀਚੇਵਾਲ ਮਾਡਲ 2 ਤੇ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਸੀਚੇਵਾਲ ਮਾਡਲ 3 ਤਿਆਰ ਕੀਤਾ ਜਾ ਚੁੱਕਾ ਹੈ। ਉਨ੍ਹਾਂ ਦੱਸਿਆ ਕਿ ਇਸੇ ਮਾਡਲ ਤਹਿਤ ਡੱਲਾ ਵਰਗੇ ਇਤਿਹਾਸਕ ਪਿੰਡ ਦੇ ਨਾਲ ਲਗਦੇ ਪਿੰਡ ਕੀੜੀ ਤੇ ਉਗਰੂਪੁਰ ਦਾ ਸਾਂਝਾ ਟਰੀਟਮੈਂਟ ਪਲਾਂਟ ਬਣਾਇਆ ਜਾ ਰਿਹਾ ਹੈ। ਇਸ ਪਾਣੀ ਨੂੰ ਸਾਈਕਲੋਨ ਵਿਧੀ ਰਾਹੀ ਤਿੰਨ ਖੂਹਾਂ ਵਿੱਚ ਘੁਮਾਉਣ ਤੋਂ ਬਾਅਦ ਖਾਸ ਡਿਜ਼ਾਇਨ ਕੀਤੇ ਗਏ ਛੱਪੜ ਵਿੱਚ ਆ ਜਾਂਦਾ ਹੈ ਜਿਸ ਤੋਂ ਬਾਅਦ ਇਹ ਖੇਤੀ ਲਈ ਵਰਤਿਆ ਜਾਂਦਾ ਹੈ। ਇਸ ਮੌਕੇ ਸੰਤ ਅਮਰੀਕ ਸਿੰਘ ਖੁਖਰੈਣ ਸਾਹਿਬ, ਸੰਤ ਜਸਪਾਲ ਸਿੰਘ ਟਿੱਬਾ ਸਾਹਿਬ, ਡੱਲਾ ਸਾਹਿਬ ਦੇ ਸਰਪੰਚ ਸੁਖਚੈਨ ਸਿੰਘ, ਉਗਰੂਪੁਰ ਦੇ ਸਰਪੰਚ ਤਰਸੇਮ ਸਿੰਘ, ਸੁਰਜੀਤ ਸਿੰਘ ਸ਼ੰਟੀ, ਸਰਪੰਚ ਤਜਿੰਦਰ ਸਿੰਘ ਸੀਚੇਵਾਲ, ਜੋਗਾ ਸਿੰਘ ਸਰਪੰਚ ਚੱਕ ਚੇਲਾ, ਸਰਪੰਚ ਤੀਰਥ ਸਿੰਘ ਸ਼ੇਰਪੁਰ, ਸਤਨਾਮ ਸਿੰਘ, ਸੁਖਜੀਤ ਸਿੰਘ, ਅਮਰੀਕ ਸਿੰਘ, ਜਗਜੀਤ ਸਿੰਘ, ਪਰਮਜੀਤ ਸਿੰਘ, ਗੁਰਦੀਪ ਸਿੰਘ ਤੇ ਹੋਰ ਸੇਵਾਦਾਰ ਅਤੇ ਇਲਾਕੇ ਦੀਆਂ ਸੰਗਤਾਂ ਹਾਜ਼ਰ ਸਨ।

## 5 ਬੈਟਰੀਆਂ, ਟਰੈਕਟਰ ਟਾਇਰਾਂ ਦੀ ਜੋੜੀ ਤੇ ਏਅਰਗੰਨ ਸਮੇਤ ਵਿਅਕਤੀ ਗ੍ਰਿਫਤਾਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਸਰਤਾਜ ਸਿੰਘ ਚਾਹਲ ਆਈ ਪੀ ਐਸ ਸੀਨੀਅਰ ਪੁਲਿਸ ਕਪਤਾਨ ਜ਼ਿਲ੍ਹਾ ਹੁਸ਼ਿਆਰਪੁਰ ਦੀ ਹਦਾਇਤ ਤੇ ਪਲਵਿੰਦਰ ਸਿੰਘ ਪੀ ਪੀ ਐਸ ਉਪ ਪੁਲਿਸ ਕਪਤਾਨ (ਸਿਟੀ) ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਚੋਰੀ ਅਤੇ ਲੁੱਟਾਂ ਖੋਹਾਂ ਦੀ ਰੋਕਥਾਮ ਲਈ ਵਿੱਢੀ ਮੁਹਿੰਮ ਤਹਿਤ ਇੰਸਪੈਕਟਰ ਕਰਨੈਲ ਸਿੰਘ ਮੁੱਖ ਅਫਸਰ ਥਾਣਾ ਮਾਡਲ ਟਾਊਨ ਹੁਸਿਆਰਪੁਰ ਦੀ ਨਿਗਰਾਨੀ ਹੇਠ ਏ ਐਸ ਆਈ ਸ਼ਮਸ਼ੇਰ ਸਿੰਘ ਨੇ ਸਮੇਤ ਪੁਲਿਸ ਪਾਰਟੀ ਨੂੰ ਦੋਸ਼ੀ ਵਰਿੰਦਰ ਸਿੰਘ ਉਰਫ ਵਿੱਕੀ ਪੁੱਤਰ ਇਕਬਾਲ ਸਿੰਘ ਵਾਸੀ ਰੂਪਨਗਰ ਹੁਸ਼ਿਆਰਪੁਰ ਨੂੰ ਗ੍ਰਿਫਤਾਰ ਕਰਕੇ ਉਸ ਪਾਸੋਂ 5 ਬੈਟਰੀਆਂ, ਇੱਕ ਟ੍ਰੈਕਟਰ ਦੇ ਟਾਇਰਾਂ ਦੀ ਜੋੜੀ ਅਤੇ ਇੱਕ ਏਅਰ ਗੰਨ ਬਰਾਮਦ ਕੀਤੇ ਜੋ ਇਹ ਸਮਾਨ ਦੋਸ਼ੀ ਵਰਿੰਦਰ ਸਿੰਘ ਉਰਫ ਵਿੱਕੀ ਆਪਣੇ ਭਰਾ ਅਮਨਦੀਪ ਸਿੰਘ ਉਰਫ ਰਵੀ ਨਾਲ ਮਿਲ ਕੇ ਮਹਿੰਦਰਾ ਟਰੈਕਟਰਾਂ ਦੀ ਵਰਕਸ਼ਾਪ ਪਿੱਪਲਾਂਵਾਲਾ ਤੋਂ ਚੋਰੀ ਕੀਤਾ ਸੀ ਜਿਸ ਦੇ ਸੰਬੰਧ ਵਿੱਚ ਥਾਣਾ ਮਾਡਲ ਟਾਊਨ ਹੁਸ਼ਿਆਰਪੁਰ ਪਹਿਲਾਂ ਹੀ ਮਾਮਲਾ ਦਰਜ ਰਜਿਸਟਰ ਕੀਤਾ ਗਿਆ ਸੀ। ਦੋਸ਼ੀ ਨੂੰ ਅਦਾਲਤ ਵਿੱਚ ਪੇਸ਼ ਕਰਕੇ ਦੋਸ਼ੀ ਦਾ ਪੁਲਸ ਰਿਮਾਂਡ ਹਾਸਲ ਕਰਕੇ ਇਸ ਵੱਲੋਂ ਕੀਤੀਆਂ ਗਈਆਂ ਹੋਰ ਵਾਰਦਾਤਾਂ ਬਾਰੇ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ।

## ਲੰਗਰ ਲਗਾਉਣ ਲਈ ਡੇਰਾ ਬਾਪੂ ਗੰਗਾ ਦਾਸ ਮਾਹਿਲਪੁਰ ਤੋਂ ਲੋੜੀਂਦਾ ਸਮਾਨ ਹੋਇਆ ਰਵਾਨਾ



**ਮਾਹਿਲਪੁਰ (ਨਿਰਮਲ ਸਿੰਘ ਮੁੱਗੋਵਾਲ)**- ਬਾਬਾ ਬਰਫਾਨੀ ਲੰਗਰ ਸੇਵਾ ਸਮਿਤੀ ਹੈਡ ਆਫਿਸ ਮੁਕੇਰੀਆਂ ਬਰਾਂਚ ਮਾਹਿਲਪੁਰ ਵੱਲੋਂ ਅੱਜ ਡੇਰਾ ਬਾਪੂ ਗੰਗਾ ਦਾਸ ਤੋ ਸਮੂਹ ਸ਼ਿਵ ਭਗਤਾਂ ਦੇ ਸਹਿਯੋਗ ਨਾਲ ਸ੍ਰੀ ਅਮਰਨਾਥ ਯਾਤਰਾ ਦੌਰਾਨ ਸ਼ੁਰੂ ਹੋਣ ਜਾ ਰਹੇ ਲੰਗਰਾਂ ਲਈ ਲੋੜੀਂਦਾ ਸਮਾਨ ਭੇਜਿਆ ਗਿਆ। ਇਸ ਮੌਕੇ ਸਭ ਤੋਂ ਪਹਿਲਾਂ ਹਵਨ ਅਤੇ ਪੂਜਾ ਅਰਚਨਾ ਕੀਤੀ ਗਈ। ਇਸ ਮੌਕੇ ਮਨਦੀਪ ਬੈਂਸ ਮੁੱਖ ਸੇਵਾਦਾਰ ਡੇਰਾ ਬਾਪੂ ਗੰਗਾ ਦਾਸ, ਅਨਿਲ ਕੁਮਾਰ ਕਾਲਾ, ਜੋਗਿੰਦਰਪਾਲ ਪਿੰਕੀ, ਵਿੱਕੀ ਅਗਨੀਹੋਤਰੀ, ਰਾਜ ਕੁਮਾਰ, ਮਾਸਟਰ ਅੱਛਰ ਕੁਮਾਰ, ਅਨੁਰਾਗ ਹਾਂਡਾ, ਜਿਤਨ ਤਨੇਜਾ, ਰਾਮਪਾਲ ਰਾਣਾ, ਵਰੁਣ ਚਾਵਲਾ, ਗੋਪਾਲ ਦਾਸ, ਸ਼ੰਭੂ ਦੱਤ, ਨਰਿੰਦਰ ਕਾਕਾ, ਨਰਿੰਦਰ ਆਨੰਦ ਪ੍ਰਧਾਨ ਸਮੇਤ ਵੱਖ-ਵੱਖ ਸੰਸਥਾਵਾਂ ਦੇ ਅਹੁਦੇਦਾਰ ਅਤੇ ਸ਼ਿਵ ਭਗਤ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਜੁਗਿੰਦਰਪਾਲ ਪਿੰਕੀ ਅਤੇ ਅਨਿਲ ਕੁਮਾਰ ਕਾਲਾ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਭੇਜੇ ਗਏ ਸਮਾਨ ਵਿੱਚ 73 ਕੰਬਲ, 10 ਕੁਇੰਟਲ ਖੰਡ ਕੋਟ ਫਤੂਹੀ ਬਰਾਂਚ ਵੱਲੋਂ, 10 ਟੀਨ ਮੁਰੱਬਾ, 10 ਪੇਟੀਆਂ ਸਕੈਸ਼, ਇੱਕ ਕੁਇੰਟਲ ਚਾਹਪੱਤੀ, ਇਕ ਕੁਇੰਟਲ ਸਰਫ, ਇੱਕ ਕੁਇੰਟਲ ਕੱਪੜੇ ਧੋਣ ਵਾਲਾ ਸਾਬਣ, ਗਿੰਨੀ ਰਿਫਾਇੰਡ, ਆਟਾ ਤੇ ਹੋਰ ਲੋੜੀਂਦਾ ਸਮਾਨ ਸ਼ਾਮਲ ਸੀ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ 3 ਲੱਖ ਰੁਪਏ ਦਾ ਚੈੱਕ ਦਿੱਤਾ ਗਿਆ। ਜਿਸ ਨਾਲ ਲੰਗਰ ਵਿਚ ਹਲਵਾਈ ਅਤੇ ਲੰਗਰ ਪਕਾਉਣ ਵਾਲੀਆਂ ਬੀਬੀਆਂ ਦੀ ਲੇਬਰ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਮਾਹਿਲਪੁਰ ਤੋਂ ਸ਼ਿਵ ਭਗਤ 7 ਜੁਲਾਈ ਨੂੰ ਸ੍ਰੀ ਅਮਰਨਾਥ ਦੀ ਯਾਤਰਾ ਲਈ ਰਵਾਨਾ ਹੋਣਗੇ।

## ਬੇਲਾ ਤੋਂ ਪਨਿਆਲੀ ਪੁਲ ਦਾ ਕੰਮ ਜਲਦ ਹੀ ਕੀਤਾ ਜਾਵੇਗਾ ਸ਼ੁਰੂ : ਹਲਕਾ ਵਿਧਾਇਕ



**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**-ਲੋਕ ਨਿਰਮਾਣ ਤੇ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ. ਅਤੇ ਹਲਕਾ ਵਿਧਾਇਕ ਸ੍ਰੀ ਚਮਕੌਰ ਸਾਹਿਬ ਡਾ. ਚਰਨਜੀਤ ਸਿੰਘ ਨੇ ਪਿੰਡ ਬੇਲਾ ਵਿਖੇ ਬੇਲਾ ਤੋਂ ਬਹਿਰਾਮਪੁਰ ਸੜਕ ਨੂੰ ਚੌੜਾ ਕਰਨ ਦੇ ਕੰਮ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਸੰਬੋਧਨ ਕਰਦਿਆਂ ਲੋਕ ਨਿਰਮਾਣ ਤੇ ਬਿਜਲੀ ਮੰਤਰੀ ਨੇ ਕਿਹਾ ਕਿ ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਨੇ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਹੈ ਕਿ ਇਸ ਸੜਕ ਨੂੰ ਚੌੜਾ ਕਰਨ ਦੀ ਮੰਗ ਇਲਾਕਾ ਨਿਵਾਸੀਆਂ ਵੱਲੋਂ ਕਾਫੀ ਲੰਬੇ ਸਮੇਂ ਤੋਂ ਕੀਤੀ ਜਾਂਦੀ ਰਹੀ ਸੀ ਪਰ ਪਿਛਲੀਆਂ ਸਰਕਾਰਾਂ ਵੱਲੋਂ ਇਸ ਮੰਗ ਨੂੰ ਅਣਗੌਲਿਆ ਕੀਤਾ ਜਾਂਦਾ ਰਿਹਾ। ਪੰਜਾਬ ਸਰਕਾਰ ਵੱਲੋਂ ਇਲਾਕਾ ਵਾਸੀਆਂ ਦੀ ਮੰਗ ਨੂੰ ਪੂਰਾ ਕਰਦਿਆਂ ਜ਼ਿਲ੍ਹਾ ਰੂਪਨਗਰ ਅਧੀਨ ਪੈਂਦੀ ਬੇਲਾ-ਬਹਿਰਾਮਪੁਰ ਸੜਕ ਨੂੰ 4.80 ਕਰੋੜ ਰੁਪਏ ਦੀ ਲਾਗਤ ਨਾਲ ਚੌੜਾ ਅਤੇ ਮਜ਼ਬੂਤ ਕਰਨ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ। ਉਨ੍ਹਾ ਕਿਹਾ ਕਿ ਇਹ ਬੇਲਾ ਤੋਂ ਬਹਿਰਾਮਪੁਰ ਰੋਡ ਰੂਪਨਗਰ ਦੇ ਸ੍ਰੀ ਚਮਕੌਰ ਸਾਹਿਬ ਬਲਾਕ ਅਤੇ ਲੁਧਿਆਣਾ ਜ਼ਿਲ੍ਹੇ ਦੇ ਮਾਛੀਵਾੜਾ ਨੂੰ ਆਪਸ ਵਿਚ ਜੋੜਦੀ ਹੈ। ਲੋਕ ਨਿਰਮਾਣ ਮੰਤਰੀ ਨੇ ਦੱਸਿਆ ਕਿ ਬੇਲਾ ਤੋਂ ਬਹਿਰਾਮਪੁਰ ਤੱਕ ਇਹ ਸੜਕ 8 ਕਿਲੋਮੀਟਰ ਲੰਬੀ ਹੈ, ਇਸ ਦੀ ਮੌਜੂਦਾ ਚੌੜਾਈ 18 ਫੁੱਟ ਚੌੜੀ ਹੈ ਜਿਸ ਨੂੰ ਵਧਾ ਕੇ 23 ਫੁੱਟ ਚੌੜੀ ਕਰ ਦਿੱਤੀ ਜਾਵੇਗੀ। ਉਨ੍ਹਾ ਕਿਹਾ ਕਿ ਇਸ ਸੜਕ ਨੂੰ ਜਲਦ 6 ਮਹੀਨੇ ਦੇ ਕਰੀਬ ਸਮੇਂ ਵਿਚ ਪੂਰਾ ਕਰ ਲਿਆ ਜਾਵੇਗਾ। ਇਸ ਮੌਕੇ ਉਨ੍ਹਾਂ ਨਾਲ ਡਿਪਟੀ ਕਮਿਸ਼ਨਰ ਰੂਪਨਗਰ ਡਾ. ਪ੍ਰੀਤੀ ਯਾਦਵ, ਸ੍ਰੀ ਚਮਕੌਰ ਸਾਹਿਬ ਦੇ ਐੱਸ ਡੀ ਐੱਮ ਅਮਰੀਕ ਸਿੰਘ ਸਿੱਧੂ, ਚੈਅਰਮੈਨ ਮਾਰਕਿਟ ਕਮੇਟੀ ਸਕਿੰਦਰ ਸਿੰਘ ਸਹੇੜੀ, ਐਕਸੀਅਨ ਲੋਕ ਨਿਰਮਾਣ ਵਿਭਾਗ ਐਸ ਐਸ ਭੁੱਲਰ, ਲੋਕ ਨਿਰਮਾਣ ਵਿਭਾਗ ਐਸ.ਈ. ਰਮਤੇਸ਼ ਬੈਂਸ, ਐਨ.ਪੀ ਰਾਣਾ, ਐਸ.ਪੀ ਨਵਨੀਤ ਸਿੰਘ ਮਾਹਲ, ਡੀ.ਐਸ.ਪੀ ਜਰਨੈਲ ਸਿੰਘ ਅਤੇ ਹੋਰ ਸੀਨੀਅਰ ਅਧਿਕਾਰੀ, ਅਹੁਦੇਦਾਰ ਅਤੇ ਪਾਰਟੀ ਵਰਕਰ ਹਾਜ਼ਰ ਸਨ।

# ਪੰਜਾਬ 'ਚ ਖੇਤੀ ਮਸ਼ੀਨਰੀ 'ਤੇ ਸਬਸਿਡੀ ਦੇਣ ਨੂੰ ਮਿਲੇਗਾ ਹੁਲਾਰਾ; ਕਿਸਾਨ 20 ਜੁਲਾਈ ਤੱਕ ਕਰ ਸਕਦੇ ਹਨ ਅਪਲਾਈ

**ਚੰਡੀਗੜ੍ਹ,** : ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਰਾਜ ਸਰਕਾਰ ਵੱਲੋਂ ਕਿਸਾਨਾਂ ਦੀ ਆਮਦਨ ਵਧਾਉਣ ਲਈ ਸੂਬੇ ਵਿੱਚ ਖੇਤੀ ਵਿਭਿੰਨਤਾ ਅਤੇ ਖੇਤੀ-ਮਸ਼ੀਨਰੀ ਨੂੰ ਉਤਸ਼ਾਹਤ ਕਰਨ ਵਾਸਤੇ ਕੀਤੇ ਜਾ ਰਹੇ ਯਤਨਾਂ ਤਹਿਤ ਖੇਤੀਬਾੜੀ ਵਿਭਾਗ ਸੂਬੇ ਦੇ ਕਿਸਾਨਾਂ ਨੂੰ ਰਿਆਇਤੀ ਦਰਾਂ 'ਤੇ ਅਤਿ-ਆਧੁਨਿਕ ਖੇਤੀ ਮਸ਼ੀਨਰੀ ਮੁਹੱਈਆ ਕਰਵਾਉਣ ਦੀ ਪਹਿਲਕਦਮੀ ਨੂੰ ਹੁਲਾਰਾ ਦੇਣ ਲਈ ਰਣਨੀਤੀ 'ਤੇ ਕੰਮ ਕਰ ਰਿਹਾ ਹੈ।

ਖੇਤੀਬਾੜੀ ਮੰਤਰੀ ਨੇ ਦੱਸਿਆ ਕਿ ਵਿਭਾਗ ਵੱਲੋਂ ਸਬ ਮਿਸ਼ਨ ਆਨ ਐਗਰੀਕਲਚਰਲ ਮਕੈਨਾਈਜ਼ੇਸ਼ਨ (ਸਮੈਮ) ਸਕੀਮ ਤਹਿਤ ਕਿਸਾਨਾਂ ਤੋਂ ਵੱਖ-ਵੱਖ ਖੇਤੀ ਮਸ਼ੀਨਰੀ 'ਤੇ ਸਬਸਿਡੀ ਦਾ ਲਾਭ ਲੈਣ ਲਈ ਅਰਜ਼ੀਆਂ ਮੰਗੀਆਂ ਗਈਆਂ ਹਨ। ਉਨ੍ਹਾ ਨੇ ਸੂਬੇ ਦੇ ਕਿਸਾਨਾਂ ਨੂੰ ਇਸ ਸਕੀਮ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ 20 ਜੁਲਾਈ, 2023 ਤੱਕ ਅਪਲਾਈ ਕਰਨ ਦੀ ਅਪੀਲ ਕੀਤੀ ਹੈ। ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਸੂਬੇ ਦੇ ਕਿਸਾਨ ਇਸ ਸਕੀਮ ਦਾ ਲਾਭ ਲੈਣ ਲਈ ਵਿਭਾਗ ਦੇ ਪੋਰਟਲ agrimachinerypb.com ਉਤੇ 20 ਜੁਲਾਈ, 2023 ਤੱਕ ਆਨਲਾਈਨ ਅਪਲਾਈ ਕਰ ਸਕਦੇ ਹਨ। ਖੇਤੀਬਾੜੀ ਮੰਤਰੀ ਨੇ ਦੱਸਿਆ ਕਿ ਇਹ ਸਬਸਿਡੀ ਪੈਡੀ ਟਰਾਂਸਪਲਾਂਟਰਜ਼, ਡੀ.ਐਸ.ਆਰ. ਡਰਿੱਲ, ਪੋਟੈਟੋ ਪਲਾਂਟਰ (ਆਟੋਮੈਟਿਕ/ਸੈਮੀ-ਆਟੋਮੈਟਿਕ), ਟਰੈਕਟਰ ਆਪਰੇਟਿਡ ਬੂਮ ਸਪਰੇਅਰ, ਪੀ.ਟੀ.ਓ. ਆਪਰੇਟਿਡ ਬੰਡ ਫੋਰਮਰ, ਆਇਲ ਮਿੱਲ, ਮਿੰਨੀ ਪ੍ਰੋਸੈਸਿੰਗ ਪਲਾਂਟ ਅਤੇ ਨਰਸਰੀ ਸੀਡਰ ਉਤੇ ਦਿੱਤੀ ਜਾ ਰਹੀ ਹੈ। ਉਨ੍ਹਾ ਕਿਹਾ ਕਿ ਕਿਸਾਨ ਇਸ ਸੰਬੰਧੀ ਵਧੇਰੇ ਜਾਣਕਾਰੀ ਲਈ ਟੋਲ-ਫਰੀ ਨੰਬਰ 1800-180-1551 ਉਤੇ ਸੰਪਰਕ ਕਰ ਸਕਦੇ ਹਨ ਜਾਂ ਆਪੋ-ਆਪਣੇ ਜ਼ਿਲ੍ਹਿਆਂ ਦੇ ਖੇਤੀਬਾੜੀ ਦਫ਼ਤਰਾਂ ਵਿੱਚ ਜਾ ਕੇ ਇਸ ਬਾਰੇ ਵਧੇਰੇ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ। ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਇਸ ਪਹਿਲਕਦਮੀ ਨਾਲ ਕਿਸਾਨਾਂ ਦੇ ਖੇਤੀ ਖਰਚੇ ਘਟਣਗੇ ਅਤੇ ਮਸ਼ੀਨ ਅਧਾਰਤ ਖੇਤੀ ਨੂੰ ਅਪਣਾ ਕੇ ਕਿਸਾਨ ਆਪਣੀ ਆਮਦਨ ਵਿੱਚ ਵਾਧਾ ਕਰ ਸਕਦੇ ਹਨ। ਉਨ੍ਹਾ ਕਿਹਾ ਕਿ ਇਸ ਨਾਲ ਖੇਤੀ ਸੈਕਟਰ ਵਿੱਚ ਪਾਣੀ ਦੀ ਬੱਚਤ ਸਬੰਧੀ ਤਕਨੀਕਾਂ, ਫ਼ਸਲੀ ਵਿਭਿੰਨਤਾ ਅਤੇ ਐੱਮ.ਐੱਸ.ਐੱਮ.ਈਜ਼ ਨੂੰ ਉਤਸ਼ਾਹਿਤ ਕਰਨ ਵਿੱਚ ਵੀ ਕਾਫ਼ੀ ਮਦਦ ਮਿਲੇਗੀ। ਉਨ੍ਹਾ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਸ ਸਾਰੀ ਪ੍ਰਕਿਰਿਆ ਦੌਰਾਨ ਮੁਕੰਮਲ ਪਾਰਦਰਸ਼ਤਾ ਨੂੰ ਯਕੀਨੀ ਬਣਾਇਆ ਜਾਵੇ। ਏ ਡੀ ਸੀ ਦੀ ਅਗਵਾਈ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਦੀ ਟੀਮ ਨੇ ਪੰਚਕੂਲਾ ਵਿੱਚ ਆਏ ਹੜ੍ਹਾਂ ਦੇ ਮੱਦੇਨਜ਼ਰ ਘੱਗਰ ਦੇ ਵਹਾਅ ਦਾ ਜਾਇਜ਼ਾ ਲਿਆ।

## ਕੈਬਨਿਟ ਮੰਤਰੀ ਨੇ 29 ਲੱਖ ਦੀ ਲਾਗਤ ਨਾਲ ਬਣਿਆ ਟਿਊਬਵੈੱਲ ਲੋਕਾਂ ਨੂੰ ਕੀਤਾ ਸਮਰਪਤ



**ਹੁਸ਼ਿਆਰਪੁਰ, (ਓ ਪੀ ਰਾਣਾ)**-ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਹੁਸ਼ਿਆਰਪੁਰ ਦੇ ਹਰ ਵਾਰਡ ਦਾ ਸਰਬਪੱਖੀ ਵਿਕਾਸ ਕੀਤਾ ਜਾਵੇਗਾ ਅਤੇ ਹਰ ਲੋੜ ਨੂੰ ਸਮਾਂਬੱਧ ਢੰਗ ਨਾਲ ਪੂਰਾ ਕੀਤਾ ਜਾਵੇਗਾ। ਉਹ ਵਾਰਡ ਨੰਬਰ 28 ਵਿਚ ਕਰੀਬ 29 ਲੱਖ ਰੁਪਏ ਦੀ ਲਾਗਤ ਨਾਲ ਬਣੇ ਟਿਊਬਵੈੱਲ ਦਾ ਲੋਕ ਅਰਪਣ ਕਰਨ ਮੌਕੇ ਵਾਰਡ ਵਾਸੀਆਂ ਨੂੰ ਸੰਬੋਧਨ ਕਰ ਰਹੇ ਸਨ। ਇਸ ਦੌਰਾਨ ਉਨ੍ਹਾਂ ਨਾਲ ਮੇਅਰ ਸੁਰਿੰਦਰ ਕੁਮਾਰ ਵੀ ਮੌਜੂਦ ਸਨ। ਕੈਬਨਿਟ ਮੰਤਰੀ ਨੇ ਕਿਹਾ ਕਿ ਸੂਬੇ ਦੇ ਲੋਕਾਂ ਨੂੰ ਪੀਣ ਵਾਲਾ ਸਾਫ ਪਾਣੀ ਮੁਹੱਈਆ ਕਰਵਾਉਣਾ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਇਹ ਮੁਢਲੀ ਸਹੂਲਤ ਦੇਣ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ। ਉਨ੍ਹਾਂ ਕਿਹਾ ਕਿ ਵਾਰਡ ਦੇ ਲੋਕਾਂ ਦੀ ਲੰਮੇ ਸਮੇਂ ਤੋਂ ਇੱਥੇ ਟਿਊਬਵੈੱਲ ਲਗਾਉਣ ਦੀ ਮੰਗ ਸੀ, ਜਿਸ ਨੂੰ ਪੂਰਾ ਕਰ ਦਿੱਤਾ ਗਿਆ ਹੈ ਅਤੇ ਟਿਊਬਵੈੱਲ ਲਗਾਉਣ ਨਾਲ ਲੋਕਾਂ ਨੂੰ ਪੀਣ ਵਾਲੇ ਪਾਣੀ ਸੰਬੰਧੀ ਪੇਸ਼ ਆ ਰਹੀਆਂ ਮੁਸ਼ਕਲਾਂ ਦਾ ਹੱਲ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਚਾਹੇ 600 ਯੂਨਿਟ ਬਿਜਲੀ ਮੁਆਫੀ ਦੀ ਗੱਲ ਹੋਵੇ ਜਾਂ ਆਮ ਆਦਮੀ ਕਲੀਨਿਕ ਦੀ, ਸੂਬੇ ਦੇ ਲੋਕ ਹਰ ਸਕੀਮ ਤੋਂ ਖੁਸ਼ ਹਨ। ਇਸ ਮੌਕੇ ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਨਗਰ ਨਿਗਮ ਵਿੱਤ ਕਮੇਟੀ ਦੇ ਚੇਅਰਮੈਨ ਬਲਵਿੰਦਰ ਬਿੰਦੀ, ਸਹਾਇਕ ਕਮਿਸ਼ਨਰ ਨਗਰ ਨਿਗਮ ਸੰਦੀਪ ਤਿਵਾੜੀ, ਐਕਸੀਅਨ ਵਾਟਰ ਸਪਲਾਈ ਸਿਮਰਨਜੀਤ ਸਿੰਘ, ਚੰਦਨ ਲੱਕੀ ਤੋਂ ਇਲਾਵਾ ਹੋਰ ਪਤਵੰਤੇ ਵੀ ਹਾਜ਼ਰ ਸਨ।

## ਠੰਢੇ ਮਿੱਠੇ ਜਲ ਦੀ ਛਬੀਲ ਲਗਾਈ

**ਟਾਂਡਾ ਉੜਮੁੜ, 26 ਜੂਨ(ਜਸਵਿੰਦਰ ਸੰਧੂ, ਉਂਕਾਰ ਸਿੰਘ )**-ਸ਼੍ਰੀ ਗੁਰੂ ਰਵਿਦਾਸ ਸਭਾ ਦਸ਼ਮੇਸ਼ ਨਗਰ ਵਲੋਂ ਸਮੂਹ ਸੰਗਤ ਦੇ ਸਹਿਯੋਗ ਦੇ ਨਾਲ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੋਤੀ ਜੋਤ ਦਿਵਸ ਨੂੰ ਸਮਰਪਿਤ ਠੰਡੇ-ਮਿੱਠੇ ਜਲ ਦੀ ਛਬੀਲ ਲਗਾਈ ਗਈ ਜਿਸ ਵਿਚ ਸਮੂਹ ਸੰਗਤਾਂ ਨੇ ਬਹੁਤ ਯੋਗਦਾਨ ਪਾਇਆ । ਸਭਾ ਦੇ ਪ੍ਰਧਾਨ ਜਗਦੀਸ਼ ਕੁਮਾਰ ਰਿੰਕਾ ਨੇ ਦੱਸਿਆ ਕਿ ਇਸ ਵਿਚ ਵਿਸ਼ੇਸ਼ ਤੌਰ 'ਤੇ ਡਾਕਟਰ ਅੰਬੇਡਕਰ ਕਲੱਬ ਦੇ ਨੌਜਵਾਨ ਸਾਥੀਆਂ ਨੇ ਵੱਧ ਚੜ ਕੇ ਹਿੱਸਾ ਲਿਆ ਅਤੇ ਸਮੂਹ ਸੰਗਤ ਵਲੋਂ ਰਵਿਦਾਸ ਭਵਨ ਦਸ਼ਮੇਸ਼ ਨਗਰ ਵਿਖੇ ਨਵਾਂ ਵਾਟਰ ਕੂਲਰ ਲਗਵਾਇਆ ਗਿਆ। ਇਸ ਮੌਕੇ

ਨੀਰਜ,ਰਵੀ ਕੁਮਾਰ , ਮਨਦੀਪ ਦੀਪਾ, ਗੱਗੀ, ਸੋਮ ਪ੍ਰਕਾਸ਼, ਮਾਸਟਰ ਸਰਬਜੀਤ ਸਿੰਘ,ਸ਼ਿੰਦਾ, ਦਲਜੀਤ, ਨਿੱਕਾ, ਪਰਸ਼ਾਤ, ਜਗਜੀਤ, ਮੋਹਿਤ, ਹੈਪੀ, ਹਰਮਨ, ਬਲਵਿੰਦਰ ਕਾਲਾ, ਕਰਮਨ, ਬੋਬੀ, ਤਰਸੇਮ ਲਾਲ, ਜੋਗਿੰਦਰ ਲਾਲ, ਜਸਪਾਲ ਸਿੰਘ, ਸੁੱਚਾ ਸਿੰਘ, ਵਿਜੈ,ਲਾਡੀ, ਕਰਮਜੀਤ ਕਾਲੂ ਆਦਿ ਹਾਜ਼ਰ ਸਨ ।

## ਪੰਚਾਇਤ ਸੰਮਤੀ ਸ੍ਰੀ ਚਮਕੌਰ ਸਾਹਿਬ ਦੀ ਹੋਈ ਮੀਟਿੰਗ



**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**-ਪੰਚਾਇਤ ਸੰਮਤੀ ਸ੍ਰੀ ਚਮਕੌਰ ਸਾਹਿਬ ਦੀ ਮੀਟਿੰਗ ਚੇਅਰਪਰਸਨ ਅਮਨਦੀਪ ਕੌਰ ਸੰਧੂਆਂ ਅਤੇ ਬੀ ਡੀ ਪੀ ਓ ਹਰਕੀਤ ਸਿੰਘ ਦੀ ਪ੍ਰਧਾਨਗੀ ਹੇਠ ਪੰਚਾਇਤ ਸੰਮਤੀ ਦੇ ਦਫਤਰ ਵਿਚ ਹੋਈ, ਜਿਸ ਵਿਚ ਬਲਾਕ ਦੇ ਪਿੰਡਾਂ ਦੇ ਵਿਕਾਸ ਕਾਰਜਾਂ, ਅਗਲੇ ਵਿੱਤੀ ਵਰੇ ਲਈ ਸ਼ਾਮਲਾਤ ਜ਼ਮੀਨਾਂ ਨੂੰ ਚਕੌਤੇ 'ਤੇ ਦੇਣ ਅਤੇ ਪੰਚਾਇਤਾਂ ਨੂੰ ਆ ਰਹੀਆਂ ਸਮੱਸਿਆਵਾਂ ਨਾਲ ਨਜਿਠਣ ਲਈ ਵਿਚਾਰਾਂ ਕੀਤੀਆਂ ਗਈਆਂ ਅਤੇ ਇਨ੍ਹਾਂ ਸੰਬੰਧੀ ਅਹਿਮ ਫੈਸਲੇ ਵੀ ਲਏ ਗਏ। ਇਸ ਮੌਕੇ ਵਾਈਸ ਚੇਅਰਮੈਨ ਸ਼ਮਸ਼ੇਰ ਸਿੰਘ ਭੋਜੇਮਾਜਰਾ, ਦਵਿੰਦਰ ਸਿੰਘ ਭੰਗੂ ਬਰਸਾਲਪੁਰ, ਭੁਪਿੰਦਰ ਕੌਰ, ਪ੍ਰਕਾਸ਼ ਕੌਰ, ਜਸਵੀਰ ਸਿੰਘ ਜਟਾਣਾ, ਮਲਕੀਤ ਸਿੰਘ, ਸੀਤਲ ਸਿੰਘ ਮਹਿਤੋਤ, ਬਲਵਿੰਦਰ ਕੌਰ ਸੰਮਤੀ ਮੈਂਬਰਾਂ ਤੋਂ ਇਲਾਵਾ ਰਾਜਵਿੰਦਰ ਕੌਰ ਜਲ ਸਪਲਾਈ ਵਿਭਾਗ, ਸੁਪਰਡੈਂਟ ਗੁਰਮੁਖ ਸਿੰਘ, ਐੱਸ. ਈ. ਪੀ. ਓ ਗੁਰਦਿਆਲ ਸਿੰਘ, ਪੰਚਾਇਤ ਅਫਸਰ ਸਿਮਰਨਜੀਤ ਸਿੰਘ ਤੇ ਜਗਦੀਸ਼ ਸਿੰਘ, ਗ੍ਰਾਮ ਸੇਵਕ ਨਿਰਮਲ ਸਿੰਘ ਆਦਿ ਹਾਜ਼ਰ ਸਨ।

## ਮਈਆ ਭਗਵਾਨ ਦੀ ਬਰਸੀ 29 ਨੂੰ



**ਫਿਲੌਰ (ਨਿਰਮਲ)**-ਇਥੇ ਨੈਸ਼ਨਲ ਹਾਈਵੇ 'ਤੇ ਸਥਿੱਤ ਪਵਿੱਤਰ ਅਸਥਾਨ ਦਰਬਾਰ ਮਈਆ ਭਗਵਾਨ ਜੀ ਉਨ੍ਹਾਂ ਦੀ ਬਰਸੀ 29 ਜੂਨ ਦਿਨ ਵੀਰਵਾਰ ਨੂੰ ਦਰਬਾਰ ਦੇ ਗੱਦੀਨਸ਼ੀਨ ਮਈਆ ਨਿਮੋਂ ਸਰਕਾਰ ਦੀ ਰਹਿਨੁਮਾਈ ਅਤੇ ਮੁੱਖ ਸੇਵਾਦਾਰ ਬਾਬਾ ਸੰਭੂ ਰਾਮ ਦੀ ਦੇਖ-ਰੇਖ ਹੇਠ ਮਨਾਈ ਜਾ ਰਹੀ ਹੈ। ਇਸ ਮੌਕੇ ਅਤੁੱਟ ਭੰਡਾਰਾ ਵਰਤਾਇਆ ਜਾਵੇਗਾ। ਇਹ ਜਾਣਕਾਰੀ ਦਰਬਾਰ ਦੇ ਸੇਵਾਦਾਰ ਰਾਕੇਸ਼ ਬਿੱਟੂ ਨੇ ਦਿੱਤੀ।

## ਰੇਲਵੇ ਰੋਡ 'ਤੇ ਕੀਤੀ ਦੁਪਹਿਰ ਦੇ ਫ੍ਰੀ ਭੋਜਨ ਦੀ ਸੇਵਾ




**ਫਗਵਾੜਾ (ਡਾ. ਰਮਨ, ਢੱਡਾ )** ਪ੍ਰਾਚੀਨ ਸ੍ਰੀ ਖਾਟੂ ਸ਼ਿਆਮ ਮੰਦਿਰ ਫਰੈਂਡਜ਼ ਕਲੋਨੀ ਫਗਵਾੜਾ ਦੇ ਮੁੱਖ ਸੇਵਾਦਾਰ ਪੰਡਿਤ ਜੁਗਲ ਕਿਸ਼ੋਰ ਦੀ ਅਗਵਾਈ 'ਚ ਸਥਾਨਕ ਰੇਲਵੇ ਰੋਡ 'ਤੇ ਸ਼ਿਆਮ ਰਸੋਈ ਦੇ ਬੈਨਰ ਹੇਠ ਹਰੇਕ ਐਤਵਾਰ ਨੂੰ ਵਰਤਾਏ ਜਾਣ ਵਾਲੇ ਦੁਪਿਹਰ ਦੇ ਫਰੀ ਭੋਜਨ ਦੀ ਲੜੀ ਹੇਠ ਸੇਵਾਦਾਰਾਂ ਵਲੋਂ ਸੇਵਾ ਪਿਆਰ ਤੇ ਸਤਿਕਾਰ ਨਾਲ ਵਰਤਾਈ ਗਈ। ਇਥੇ ਹਰੇਕ ਐਤਵਾਰ ਦੁਪਿਹਰ 12 ਤੋਂ 3 ਵਜੇ ਤੱਕ ਫਰੀ ਭੋਜਨ ਕਰਵਾਇਆ ਜਾਂਦਾ ਹੈ। ਇਸ ਮੌਕੇ ਜਗਦੀਸ਼ ਰਾਏ ਗੁਪਤਾ, ਤਾਰਾ ਚੰਦ, ਜੁਗਲ ਕਿਸ਼ੋਰ ਚਾਨਣਾ, ਦੀਪਕ ਰਾਣਾ, ਗੁਰਦੀਪ ਸਿੰਘ, ਗੋਵਿੰਦ ਭਾਰਗਵ, ਚੇਤਨ ਕੁਮਾਰ, ਅਸ਼ੋਕ ਕੁਮਾਰ, ਕੰਚਨ, ਪ੍ਰੀਆ, ਸੁਨੀਤਾ, ਵੇਦ ਪ੍ਰਕਾਸ਼ ਭਾਰਗਵ, ਯੋਗੇਸ਼, ਮੋਹਿਤ ਆਦਿ ਹਾਜਰ ਸਨ।

# ਭਾਂਖਰਪੁਰ ਪੁਲ ਤੇ ਮੁਬਾਰਕਪੁਰ ਕਾਜ਼ਵੇਅ 'ਤੇ ਪਾਣੀ ਦਾ ਪੱਧਰ ਤੇ ਵਹਾਅ ਕਾਬੂ ਹੇਠ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ/ਡੇਰਾਬੱਸੀ, (ਗੁਰਜੀਤ ਬਿੱਲਾ)**-ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਅੱਜ ਇੱਥੇ ਕਿਹਾ ਕਿ ਘੱਗਰ ਨਦੀ ਵਿੱਚ ਪੰਚਕੂਲਾ ਵਿੱਚ ਆਏ ਹੜ੍ਹਾਂ ਦੇ ਮੱਦੇਨਜ਼ਰ ਜ਼ਿਲ੍ਹਾ ਵਾਸੀਆਂ ਨੂੰ ਘਬਰਾਉਣ ਦੀ ਕੋਈ ਲੋੜ ਨਹੀਂ। ਉਨ੍ਹਾ ਘੱਗਰ ਦਰਿਆ ਦੇ ਨਾਲ ਲੱਗਦੇ ਵਸਨੀਕਾਂ ਨੂੰ ਭਰੋਸਾ ਦਿਵਾਇਆ ਕਿ ਪ੍ਰਸ਼ਾਸਨ ਪੂਰੀ ਤਰ੍ਹਾਂ ਚੌਕਸ ਹੈ ਅਤੇ ਡਰੇਨੇਜ ਵਿਭਾਗ ਨੂੰ ਅਗਲੇ ਕੁਝ ਦਿਨਾਂ ਤੱਕ ਦਰਿਆ ਦੇ ਵਹਾਅ 'ਤੇ ਨਜ਼ਰ ਰੱਖਣ ਲਈ ਕਿਹਾ ਗਿਆ ਹੈ। ਵਧੀਕ ਡਿਪਟੀ ਕਮਿਸ਼ਨਰ (ਜ) ਪਰਮਦੀਪ ਸਿੰਘ ਦੀ ਅਗਵਾਈ ਹੇਠ ਐਸ.ਡੀ.ਐਮ ਡੇਰਾਬੱਸੀ ਹਿਮਾਂਸ਼ੂ ਗੁਪਤਾ ਅਤੇ ਐਕਸੀਅਨ ਡਰੇਨੇਜ ਕਮ ਮਾਈਨਿੰਗ ਅਤੇ ਜਿਓਲੋਜੀ ਡਵੀਜ਼ਨ ਰਜਤ ਗਰੋਵਰ ਦੀ ਅਗਵਾਈ ਹੇਠ ਪ੍ਰਸ਼ਾਸਨਿਕ ਟੀਮ ਨੇ ਅੱਜ ਭਾਂਖਰਪੁਰ ਪੁਲ ਅਤੇ ਮੁਬਾਰਕਪੁਰ ਕਾਜ਼ਵੇਅ ਦਾ ਦੌਰਾ ਕੀਤਾ ਅਤੇ ਪਾਣੀ ਦੇ ਪੱਧਰ ਦਾ ਜਾਇਜ਼ਾ ਲਿਆ। ਏ ਡੀ ਸੀ ਪਰਮਦੀਪ ਸਿੰਘ ਨੇ ਦੱਸਿਆ ਕਿ ਭਾਂਖਰਪੁਰ ਪੁਲ 'ਤੇ ਪਾਣੀ ਦਾ ਪੱਧਰ ਚਾਰ ਫੁੱਟ ਤੋਂ ਘਟ ਕੇ 3.5 ਫੁੱਟ ਤੱਕ ਪਾਇਆ ਗਿਆ ਜਦੋਂ ਕਿ ਮੁਬਾਰਕਪੁਰ ਕਾਜ਼ਵੇਅ 'ਤੇ ਪਾਣੀ ਦਾ ਵਹਾਅ ਕਾਬੂ ਹੇਠ ਦੇਖਿਆ ਗਿਆ। ਉਨ੍ਹਾ ਦੱਸਿਆ ਕਿ ਡਰੇਨੇਜ ਕਮ ਮਾਈਨਿੰਗ ਵਿਭਾਗ ਨੂੰ ਟਿਵਾਣਾ, ਚੰਡਿਆਲਾ ਅਤੇ ਬੇਹੋਰੀ ਪਿੰਡਾਂ ਦੇ ਘੱਗਰ ਦੇ ਬੰਨ੍ਹ ਦੇ ਕਮਜ਼ੋਰ ਪੁਆਇੰਟਾਂ 'ਤੇ ਲੋੜ ਪੈਣ 'ਤੇ 10,000 ਬੋਰੀਆਂ ਦਾ ਪ੍ਰਬੰਧ ਕਰਨ ਲਈ ਕਿਹਾ ਗਿਆ ਹੈ। ਏ ਡੀ ਸੀ ਵੱਲੋਂ ਕਾਰਜਕਾਰੀ ਇੰਜੀਨੀਅਰ ਡਰੇਨੇਜ ਕਮ ਮਾਈਨਿੰਗ ਨੂੰ ਗਟਕੇ ਦੀ ਲੋੜ ਲਈ ਕਰੈਸ਼ਰਾਂ ਨਾਲ ਸੰਪਰਕ ਰੱਖਣ ਲਈ ਵੀ ਨਿਰਦੇਸ਼ ਦਿੱਤੇ ਗਏ। ਵਧੀਕ ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਦਰਿਆ ਵਿੱਚ ਵਹਾਅ ਵਧਣ ਦੀ ਸੂਰਤ ਵਿੱਚ ਸੁਚੇਤ ਰਹਿਣ ਅਤੇ ਜ਼ਿਲ੍ਹਾ ਕੰਟਰੋਲ ਰੂਮ ਨੰਬਰ 0172-2219506 ਅਤੇ ਸਬ ਡਵੀਜ਼ਨਲ ਕੰਟਰੋਲ ਰੂਮ ਡੇਰਾਬੱਸੀ, 01762-283224 'ਤੇ ਤੁਰੰਤ ਸੂਚਿਤ ਕਰਨ ਦੀ ਅਪੀਲ ਵੀ ਕੀਤੀ। ਐਸ.ਡੀ.ਐਮ ਡੇਰਾਬੱਸੀ ਹਿਮਾਂਸ਼ੂ ਗੁਪਤਾ ਨੇ ਕਿਹਾ ਕਿ ਕਿਸੇ ਵੀ ਹੰਗਾਮੀ ਸਥਿਤੀ ਦੀ ਸਥਿਤੀ ਨਾਲ ਨਜਿੱਠਣ ਲਈ ਉਪ ਮੰਡਲ ਪ੍ਰਸਾਸਨ ਵੀ ਪੂਰੀ ਤਰ੍ਹਾਂ ਤਿਆਰ ਹੈ। ਕਾਰਜਕਾਰੀ ਇੰਜਨੀਅਰ ਰਜਤ ਗਰੋਵਰ ਨੇ ਦੱਸਿਆ ਕਿ ਭਾਂਖਰਪੁਰ ਪੁਲ 'ਤੇ ਲਗਾਏ ਗਏ ਗੇਜ ਨੇ ਦੌਰੇ ਸਮੇਂ ਪਾਣੀ ਵਿੱਚ ਚਾਰ ਫੁੱਟ ਤੋਂ 3.5 ਫੁੱਟ ਤੱਕ ਦੀ ਕਮੀ ਨੂੰ ਮਾਪਿਆ ਹੈ ਜਦਕਿ ਸ਼ਾਮ ਨੂੰ ਪਾਣੀ ਦਾ ਪੱਧਰ ਢਾਈ ਫੁੱਟ ਰਹਿ ਗਿਆ ਸੀ। ਉਨ੍ਹਾ ਕਿਹਾ ਕਿ ਡਰੇਨੇਜ ਵਿਭਾਗ ਵੱਲੋਂ ਪਾਣੀ ਦਾ ਪੱਧਰ 7 ਫੁੱਟ ਤੱਕ ਵਧਣ ਨੂੰ ਲੋਅ ਫਲੱਡ ਮੰਨਿਆ ਜਾਂਦਾ ਹੈ, ਇਸ ਲਈ ਘੱਗਰ ਦਰਿਆ ਵਿੱਚ ਪਾਣੀ ਦਾ ਪੱਧਰ ਆਮ ਵਾਂਗ ਹੋਣ ਕਾਰਨ ਨੇੜਲੇ ਵਸਨੀਕਾਂ ਨੂੰ ਘਬਰਾਉਣ ਦੀ ਲੋੜ ਨਹੀਂ ਹੈ।

# ਦਾਤਾਰਪੁਰ 'ਚ ਨੌਜਵਾਨਾਂ ਦੇ ਦਸਤਾਰ ਸਜਾਉਣ ਮੁਕਾਬਲੇ



**ਮੋਰਿੰਡਾ ( ਜੈਜੀ ਸਰਦਾਰ )**- ਸਿੱਖ ਕੌਮ ਦੇ ਮਹਾਨ ਸੂਰਬੀਰ ਯੋਧੇ ਬਾਬਾ ਬੰਦਾ ਸਿੰਘ ਬਹਾਦਰ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਤ ਪਿੰਡ ਦਾਤਾਰਪੁਰ ਵਿਖੇ ਨੌਜਵਾਨ ਬੱਚਿਆਂ ਦੇ ਦਸਤਾਰ ਸਜਾਉਣ ਮੁਕਾਬਲੇ ਕਰਵਾਏ ਗਏ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਕੋਆਪਰੇਟਿਵ ਬੈਂਕ ਰੂਪਨਗਰ ਦੇ ਸਾਬਕਾ ਐਮ ਡੀ ਜਥੇਦਾਰ ਹਰਪਾਲ ਸਿੰਘ ਦਾਤਾਰਪੁਰ ਨੇ ਦੱਸਿਆ ਕਿ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਪਹਿਲਾਂ ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹੀਦੀ ਨੂੰ ਸਮਰਪਤ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਇਸ ਮੌਕੇ ਬੱਚਿਆਂ ਨੂੰ ਬਾਬਾ ਬੰਦਾ ਸਿੰਘ ਬਹਾਦਰ ਦੇ ਇਤਿਹਾਸ ਬਾਰੇ ਜਾਣੂ ਕਰਵਾਇਆ ਗਿਆ। ਇਸ ਉਪਰੰਤ ਸੁੰਦਰ ਦਸਤਾਰ ਸਜਾਉਣ ਮੁਕਾਬਲੇ ਦਾ ਆਯੋਜਨ ਕੀਤਾ ਗਿਆ। ਇਸ ਮੁਕਾਬਲੇ ਵਿੱਚ ਇਲਾਕੇ ਦੇ ਲਗਭਗ ਪੰਜਾਹ ਨੌਜਵਾਨਾਂ ਨੇ ਹਿੱਸਾ ਲਿਆ। ਮੁਕਾਬਲਾ ਦੋ ਵਰਗ ਬਣਾ ਕੇ ਕਰਵਾਇਆ ਗਿਆ। ਪੰਦਰਾਂ ਤੋਂ ਪੱਚੀ ਸਾਲ ਦੇ ਮੁਕਾਬਲੇ ਵਿੱਚ ਹਰਪ੍ਰੀਤ ਸਿੰਘ ਰੂਪਨਗਰ ਨੇ ਪਹਿਲਾ, ਜਸਕਰਨ ਸਿੰਘ ਲਖਨਪੁਰ ਨੇ ਦੂਜਾ ਅਤੇ ਹਰਦੀਪ ਸਿੰਘ ਦਾਤਾਰਪੁਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਜੇਤੂਆਂ ਨੂੰ ਪੰਦਰਾਂ ਸੌ, ਗਿਆਰਾਂ ਸੌ ਅਤੇ ਅੱਠ ਸੌ ਰੁਪਏ ਅਤੇ ਇੱਕ ਸ਼ੀਲਡ ਇਨਾਮ ਵਜੋਂ ਦਿੱਤੇ ਗਏ। ਦੂਜੇ ਵਰਗ ਵਿੱਚ ਹਰਮਨਪ੍ਰੀਤ ਸਿੰਘ ਖਮਾਣੋਂ ਨੇ ਪਹਿਲਾ, ਅੰਸ਼ਦੀਪ ਸਿੰਘ ਦਾਤਾਰਪੁਰ ਨੇ ਦੂਜਾ ਅਤੇ ਗੁਰਮਨ ਸਿੰਘ ਮੜੌਲੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ । ਦੂਜੇ ਵਰਗ ਦੇ ਜੇਤੂਆਂ ਨੂੰ ਗਿਆਰਾਂ ਸੌ, ਅੱਠ ਸੌ ਅਤੇ ਪੰਜ ਸੌ ਰੁਪਏ ਇਨਾਮ ਵਜੋਂ ਦਿੱਤੇ ਗਏ। ਜਜਮੈਂਟ ਦੀ ਭੂਮਿਕਾ ਲਵਪ੍ਰੀਤ ਸਿੰਘ ਰਤਨਗੜ੍ਹ, ਹਰਸ਼ਦੀਪ ਸਿੰਘ ਕੁਰਾਲੀ, ਕੁਲਵੀਰ ਸਿੰਘ ਸਹੇੜੀ, ਬਲਜੀਤ ਸਿੰਘ ਰਤਨਗੜ੍ਹ ਅਤੇ ਪਰਮਵੀਰ ਸਿੰਘ ਦਾਤਾਰਪੁਰ ਨੇ ਨਿਭਾਈ। ਇਸ ਸਮੇਂ ਪਵਿੱਤਰ ਸਿੰਘ, ਹਰਵਿੰਦਰ ਸਿੰਘ, ਅਜੈਬ ਸਿੰਘ, ਕਰਨੈਲ ਸਿੰਘ, ਕੁਲਦੀਪ ਸਿੰਘ ਲਾਲੀ ਪਰਮਪ੍ਰੀਤ ਸਿੰਘ, ਬਲਬੀਰ ਸਿੰਘ ਰਤਨਗੜ੍ਹ, ਚਰਨ ਸਿੰਘ, ਲਵਪ੍ਰੀਤ ਸਿੰਘ, ਗੁਰਵਿੰਦਰ ਸਿੰਘ, ਅਰਸ਼ਦੀਪ ਸਿੰਘ, ਕੁਲਬੀਰ ਸਿੰਘ ਵਿੱਕੀ, ਵੱਡੀ ਗਿਣਤੀ ਵਿੱਚ ਨੌਜਵਾਨ ਵਰਗ, ਨਗਰ ਦੀਆਂ ਬੀਬੀਆਂ ਅਤੇ ਭਾਈ ਹਾਜ਼ਰ ਸਨ। ਨੌਜਵਾਨ ਬ੍ਰਦਰਜ ਗਰੁੱਪ ਅਤੇ ਨਗਰ ਨਿਵਾਸੀਆਂ ਵੱਲੋਂ ਸਾਰੇ ਬੱਚਿਆਂ ਦੀ ਹੌਸਲਾ ਅਫਜਾਈ ਕੀਤੀ ਗਈ। ਇਸ ਮੌਕੇ ਚਾਹ ਸਮੋਸੇ ਅਤੇ ਬਰਫੀ ਦਾ ਲੰਗਰ ਅਤੁੱਟ ਵਰਤਾਇਆ ਗਿਆ।

## ਭਗਤ ਜਵਾਲਾ ਦਾਸ ਦੀ ਬਰਸੀ ਸ਼ਰਧਾ ਨਾਲ ਮਨਾਈ

**ਫਗਵਾੜਾ ( ਡਾ.ਰਮਨ, ਜਸਵਿੰਦਰ ਢੱਡਾ )** ਪਿੰਡ ਗੁਲਾਬਗੜ੍ਹ ਜਗੀਰ ਵਿਖੇ 108 ਬ੍ਰਹਮ ਗਿਆਨੀ ਭਗਤ ਜਵਾਲਾ ਦਾਸ ਜੀ ਦੀ 64ਵੀਂ ਸਾਲਾਨਾ ਬਰਸੀ ਬੜੀ ਸ਼ਰਧਾ ਪੂਰਵਕ ਮਨਾਈ ਗਈ। ਤਿੰਨ ਰੋਜ਼ਾ ਸਮਾਗਮ ਦੇ ਪਹਿਲੇ ਦਿਨ ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਏ। ਤੀਸਰੇ ਦਿਨ ਪਾਠ ਦੇ ਭੋਗ ਪਾਏ ਗਏ ਅਤੇ ਹੈੱਡ ਗ੍ਰੰਥੀ ਭਾਈ ਰਵਿੰਦਰ ਸਿੰਘ ਚੱਕ ਪ੍ਰੇਮਾ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿਚ ਧਾਰਮਿਕ ਦੀਵਾਨ ਸਜਾਇਆ ਗਿਆ। ਜਿਸ ਵਿਚ ਭਾਈ ਸਤਨਾਮ ਸਿੰਘ ਚਿਮਟੇ ਵਾਲੇ ਹੁਸੈਨਪੁਰ ਅਤੇ ਰਾਗੀ ਜੱਥਾ ਭਾਈ ਕਰਮ ਸਿੰਘ ਜਲੰਧਰ ਵਾਲਿਆਂ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ। ਸਮਾਗਮ ਦੌਰਾਨ ਪ੍ਰਮੁੱਖ ਸ਼ਖਸੀਅਤਾਂ ਨੇ ਹਾਜਰੀ ਲਗਵਾਈ ਅਤੇ ਬ੍ਰਹਮ ਗਿਆਨੀ ਭਗਤ ਜਵਾਲਾ ਦਾਸ ਦੇ ਜੀਵਨ 'ਤੇ ਚਾਨਣਾ ਪਾਉਂਦਿਆਂ ਹੱਥੀ ਕਿਰਤ ਕਰਨ, ਨਾਮ ਜਪਣ ਅਤੇ ਵੰਡ ਛਕਣ ਦਾ ਸੁਨੇਹਾ ਦਿੱਤਾ।

ਉਹਨਾਂ ਨੌਜਵਾਨਾਂ ਨੂੰ ਉੱਚ ਸਿੱਖਿਆ ਪ੍ਰਾਪਤ ਕਰਨ ਅਤੇ ਵਾਤਾਵਰਣ ਸੁਰੱਖਿਆ ਦੇ ਲਿਹਾਜ ਨਾਲ ਹੱਥੀਂ ਬੂਟੇ ਲਗਾ ਕੇ ਉਹਨਾਂ ਦੀ ਪਰਵਰਿਸ਼ ਕਰਨ ਲਈ ਵੀ ਪ੍ਰੇਰਿਆ। ਇਸ ਮੌਕੇ ਚਾਹ ਪਕੌੜਿਆਂ ਅਤੇ ਠੰਡੇ ਮਿੱਠੇ ਜਲ ਤੋਂ ਇਲਾਵਾ ਗੁਰੂ ਘਰ ਕਾ ਲੰਗਰ ਅਤੁੱਟ ਵਰਤਾਇਆ ਗਿਆ।

27-JUNE-PAGE-10.qxd 6/26/2023 10:41 PM Page 1



### ਮਾਮਲਾ ਕਸ਼ਮੀਰ ਗਦਾਈਆ 'ਤੇ ਕਾਤਲਾਨਾ ਹਮਲੇ ਦਾ

# ਮੁਲਜ਼ਮਾਂ ਖਿਲਾਫ ਫੌਰੀ ਕਾਰਵਾਈ ਨਾ ਕੀਤੀ ਤਾਂ ਘੋਲ ਤਿੱਖਾ ਕਰਾਂਗੇ : ਆਗੂ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)** ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਪੰਜਾਬ ਪ੍ਰਧਾਨ ਕਸ਼ਮੀਰ ਸਿੰਘ ਗਦਾਈਆ 'ਤੇ ਕਾਤਲਾਨਾ ਹਮਲੇ ਸਬੰਧੀ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਬਰਾਂਚ ਛੱਤਿਆਣਾ ਵਿਖੇ ਸੁਰਜੀਤ ਸਿੰਘ ਦੀ ਪ੍ਰਧਾਨਗੀ ਹੇਠ ਮੀਟਿੰਗ ਕੀਤੀ ਗਈ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਬੋਹੜ ਸਿੰਘ ਸੁਖਨਾ ਨੇ ਦੱਸਿਆ ਕਿ ਬੀਤੇ ਦਿਨੀਂ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਪੰਜਾਬ ਪ੍ਰਧਾਨ ਕਸ਼ਮੀਰ ਸਿੰਘ ਗਦਾਈਆ ਮੋਗਾ ਜ਼ਿਲ੍ਹੇ ਦੇ ਪਿੰਡ ਸੇਖੇਵਾਲਾ ਵਿਖੇ ਮਜ਼ਦੂਰਾਂ ਦੀ ਮੀਟਿੰਗ ਕਰਵਾਉਣ ਗਏ ਸਨ ਤਾਂ ਉਸ ਪਿੰਡ ਦੀ ਮੌਜੂਦਾ ਸਰਪੰਚ ਦੇ ਪਤੀ ਤੇ ਉਸ ਦੇ ਸਾਥੀਆਂ ਨੇ ਮਿਲ ਕੇ ਕਸ਼ਮੀਰ ਸਿੰਘ ਗਦਾਈਆ 'ਤੇ ਕਾਤਲਾਨਾ ਹਮਲਾ ਕਰ ਦਿੱਤਾ ਅਤੇ ਜਾਤੀ ਸੂਚਕ ਸ਼ਬਦ ਬੋਲੇ ਗਏ ਤੇ ਬਾਅਦ 'ਚ ਗੁਰਦੁਆਰਾ ਸਾਹਿਬ ਵਿਖੇ ਬੰਦ ਕਰ ਦਿੱਤਾ ਗਿਆ। ਇਸ ਮੀਟਿੰਗ ਵਿੱਚ ਗਦਾਈਆ 'ਤੇ ਕੀਤੇ ਗਏ ਕਾਤਲਾਨਾ ਹਮਲੇ ਦੀ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਵੱਲੋਂ ਨਿਖੇਧੀ ਕੀਤੀ ਗਈ ਅਤੇ ਪੁਰਜ਼ੋਰ ਮੰਗ ਕੀਤੀ ਗਈ ਕਿ ਦੋਸ਼ੀਆਂ 'ਤੇ ਕਾਤਲਾਨਾ ਹਮਲੇ ਸਬੰਧੀ ਧਾਰਾ ਅਤੇ ਐੱਸ ਸੀ, ਐੱਸ ਟੀ ਧਾਰਾਵਾਂ ਲਾ ਕੇ ਮੁਕੱਦਮਾ ਦਰਜ ਕਰਕੇ ਤੁਰੰਤ ਗ੍ਰਿਫਤਾਰ ਕਰਕੇ ਸਖਤ ਸਜ਼ਾਵਾਂ ਦਿੱਤੀਆਂ ਜਾਣ। ਜੇਕਰ ਸਰਕਾਰ ਜਾਂ ਪ੍ਰਸ਼ਾਸਨ ਨੇ ਫੌਰੀ ਕਾਰਵਾਈ ਨਾ ਕੀਤੀ ਤਾਂ ਇਸ ਮਾਮਲੇ ਸਬੰਧੀ ਘੋਲ ਪੰਜਾਬ ਪੱਧਰ 'ਤੇ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਕਾਮਰੇਡ ਗੁਰਬਚਨ ਸਿੰਘ ਛੱਤਿਆਣਾ, ਜੀਤ ਸਿੰਘ, ਗੁਰਜੰਟ ਸਿੰਘ, ਦੁਨੀ ਚੰਦ, ਬਘੇਰਾ ਸਿੰਘ, ਗਰੀਬੂ ਸਿੰਘ, ਪ੍ਰਕਾਸ ਸਿੰਘ, ਮਜ਼ਦੂਰ ਆਗੂ ਦੇਵ ਸਿੰਘ, ਜਗਸੀਰ ਸਿੰਘ, ਮਹਿੰਦਰ ਸਿੰਘ, ਜਿੰਦਰ ਕੌਰ, ਗੁਰਵਿੰਦਰ ਕੌਰ, ਪਾਲੋ, ਜਰਨੈਲ ਕੌਰ, ਸੁਖਜੀਤ ਕੌਰ ਆਦਿ ਹਾਜ਼ਰ ਸਨ।

# ਗੁਰੂ ਕਾਸ਼ੀ ਭਾਸ਼ਾਵਾਂ ਵਿਭਾਗ ਵੱਲੋਂ 'ਸਮਕਾਲੀ ਸਮਾਜ ਵਿੱਚ ਸਾਹਿਤ' ਵਿਸ਼ੇ 'ਤੇ ਲੈਕਚਰ



**ਤਲਵੰਡੀ ਸਾਬੋ (ਜਗਦੀਪ ਗਿੱਲ)** ਬੀਤੇ 23 ਜੂਨ ਨੂੰ ਗੁਰੂ ਕਾਸ਼ੀ ਭਾਸ਼ਾਵਾਂ ਵਿਭਾਗ, ਪੰਜਾਬੀ ਯੂਨੀਵਰਸਿਟੀ ਗੁਰੂ ਕਾਸੀ ਕੈਂਪਸ, ਦਮਦਮਾ ਸਾਹਿਬ ਵਿਖੇ "ਸਮਕਾਲੀ ਸਮਾਜ ਵਿੱਚ ਸਾਹਿਤ" ਵਿਸ਼ੇ 'ਤੇ ਇੱਕ ਵਿਸ਼ੇਸ਼ ਲੈਕਚਰ ਕਰਵਾਇਆ ਗਿਆ। ਇਸ ਲੈਕਚਰ ਦੇ ਮੁੱਖ ਬੁਲਾਰੇ ਰਾਕੇਸ਼ ਰੇਣੂ ਸਨ ਅਤੇ ਦੱਖਣੀ ਆਸਟ੍ਰੇਲੀਆ ਤੋਂ ਆਏ ਸਮਾਜ ਸੇਵੀ ਤੇ ਪੱਤਰਕਾਰ ਮਿੰਟੂ ਬਰਾੜ ਨੇ ਸਮੁੱਚੇ ਪ੍ਰੋਗਰਾਮ ਦੀ ਪ੍ਰਧਾਨਗੀ ਕੀਤੀ। ਗੁਰੂ ਕਾਸ਼ੀ ਭਾਸ਼ਾਵਾਂ ਵਿਭਾਗ ਦੇ ਮੁਖੀ ਡਾ: ਕੁਮਾਰ ਸੁਸ਼ੀਲ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ। ਵਿਸ਼ੇਸ਼ ਲੈਕਚਰ ਦੇ ਵਿਸ਼ੇ 'ਤੇ ਮੁੱਖ ਬੁਲਾਰੇ ਰਾਕੇਸ਼ ਰੇਣੂ ਨੇ ਹਿੰਦੀ ਸਾਹਿਤ ਦੇ ਇਤਿਹਾਸ ਬਾਰੇ ਕ੍ਰਮਵਾਰ ਜਾਣਕਾਰੀ ਦਿੰਦੇ ਹੋਏ ਛਾਇਆਵਾਦ 'ਤੇ ਚਾਨਣਾ ਪਾਇਆ ਅਤੇ ਵੱਖ-ਵੱਖ ਪੁਸਤਕਾਂ ਦੇ ਸੰਦਰਭ 'ਚ ਚਰਚਾ ਕੀਤੀ। ਗੁਰੂ ਕਾਸ਼ੀ ਯੂਨੀਵਰਸਿਟੀ ਤੋਂ ਡਾ: ਰਾਕੇਸ਼ ਕੁਮਾਰ ਸਿੰਘ ਨੇ ਵੀ ਸ਼ਿਰਕਤ ਕੀਤੀ।

ਇਸ ਤੋਂ ਬਾਅਦ ਸਵਾਲ-ਜਵਾਬ ਦਾ ਸੈਸ਼ਨ ਸ਼ੁਰੂ ਹੋਇਆ। ਇਸ ਪ੍ਰੋਗਰਾਮ ਦੇ ਕੋਆਰਡੀਨੇਟਰ ਤੇ ਸਟੇਜ ਸੰਚਾਲਕ ਡਾ: ਪਾਇਲਦੀਪ ਨੇ ਆਏ ਮਹਿਮਾਨਾਂ, ਭਾਸ਼ਾਵਾਂ ਵਿਭਾਗ ਤੇ ਸਮਾਜ ਵਿਗਿਆਨ ਵਿਭਾਗ ਦੇ ਅਧਿਆਪਕਾਂ ਦਾ ਧੰਨਵਾਦ ਕੀਤਾ। ਕੈਂਪਸ ਡਾਇਰੈਕਟਰ ਡਾ. ਜਸਬੀਰ ਸਿੰਘ ਹੁੰਦਲ ਨੇ ਗੁਰੂ ਕਾਸ਼ੀ ਭਾਸ਼ਾਵਾਂ ਵਿਭਾਗ ਨੂੰ ਸ਼ੁੱਭ-ਕਾਮਨਾਵਾਂ ਦਿੰਦਿਆਂ ਭਵਿੱਖ ਵਿੱਚ ਅਜਿਹੇ ਲੈਕਚਰ ਕਰਵਾਉਂਦੇ ਰਹਿਣ ਲਈ ਪ੍ਰੇਰਿਤ ਕੀਤਾ। ਇਹ ਲੈਕਚਰ ਸਫਲਤਾਪੂਰਵਕ ਸਮਾਪਤ ਹੋਇਆ ਤੇ ਸਾਰਿਆਂ ਲਈ ਜਾਣਕਾਰੀ ਭਰਪੂਰ ਰਿਹਾ।

# ਮਾਨਵ ਸੇਵਾ ਬਲੱਡ ਡੋਨਰਜ਼ ਸੁਸਾਇਟੀ ਵੱਲੋਂ ਖੂਨਦਾਨ ਕੈਂਪ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**- ਮਾਨਵ ਸੇਵਾ ਬਲੱਡ ਡੋਨਰਜ਼ ਸੁਸਾਇਟੀ (ਰਜਿ: 93) ਫੂਲ ਟਾਊਨ ਵੱਲੋਂ ਮਾਨਵ ਸਹਾਰਾ ਕਲੱਬ (ਰਜਿ: 42) ਦੇ ਸਹਿਯੋਗ ਨਾਲ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਸੁਸਾਇਟੀ ਪ੍ਰਧਾਨ ਮੱਖਣ ਸਿੰਘ ਬੁੱਟਰ ਦੀ ਅਗਵਾਈ ਹੇਠ ਮੰਦਰ ਸਿੱਧ ਬੀਬੀ ਪਾਰੋ ਵਿਖੇ ਸਵੈ-ਇੱਛਕ ਵਿਸ਼ਾਲ ਖੂਨਦਾਨ ਕੈਂਪ ਲਾਇਆ ਗਿਆ। ਇਸ ਦੀ ਜਾਣਕਾਰੀ ਦਿੰਦਿਆਂ ਸੁਸਾਇਟੀ ਦੇ ਸੀਨੀਅਰ ਮੀਤ ਪ੍ਰਧਾਨ ਸਿਕੰਦਰ ਸਿੰਘ ਸਪਰਾ ਤੇ ਖਜ਼ਾਨਚੀ ਡਾ. ਇਕਬਾਲ ਸਿੰਘ ਮਾਨ ਨੇ ਦੱਸਿਆ ਕਿ ਕੈਂਪ ਦਾ ਉਦਘਾਟਨ ਮੰਦਰ ਬੀਬੀ ਪਾਰੋ ਕਮੇਟੀ ਦੇ ਪ੍ਰਧਾਨ ਕ੍ਰਿਸ਼ਨ ਸਿੰਘ ਫੌਜੀ ਤੇ ਸਮੁੱਚੀ ਪ੍ਰਬੰਧਕ ਕਮੇਟੀ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ। ਕੈਂਪ ਦੌਰਾਨ 45 ਯੂਨਿਟ ਖੂਨ ਦਾਨ ਕੀਤਾ ਗਿਆ, ਜੋ ਆਦੇਸ਼ ਮੈਡੀਕਲ ਹਸਪਤਾਲ ਭੁੱਚੋ (ਬਠਿੰਡਾ) ਦੀ ਟੀਮ ਵੱਲੋਂ ਇਕੱਤਰ ਕੀਤਾ ਗਿਆ। ਇਸ ਮੌਕੇ ਖੂਨਦਾਨੀਆਂ ਨੂੰ ਸਨਮਾਨ ਚਿੰਨ੍ਹ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਉਨ੍ਹਾ ਦੱਸਿਆ ਕਿ ਇਹ ਕੈਂਪ ਆਦੇਸ਼ ਮੈਡੀਕਲ ਹਸਪਤਾਲ ਭੁੱਚੋ ਬਲੱਡ ਬੈਂਕ ਵਿਖੇ ਬਲੱਡ ਦੀ ਕਮੀ ਦੇ ਚੱਲਦਿਆਂ ਉਨ੍ਹਾਂ ਦੀ ਮੰਗ 'ਤੇ ਲਗਾਇਆ ਗਿਆ ਸੀ। ਇਸ ਮੌਕੇ ਸਹਾਰਾ ਕਲੱਬ ਦੇ ਪ੍ਰਧਾਨ ਪਲਵਿੰਦਰ ਸਿੰਘ ਮੱਖਣ, ਡਾ. ਗੁਰਚਰਨ ਸਿੰਘ ਬਰਾੜ, ਡਾ. ਹਰਵਿੰਦਰ ਸਿੰਘ ਢਿਪਾਲੀ, ਰਾਮ ਲਾਲ ਸਿੰਘ ਫੌਜੀ, ਭੁਪਿੰਦਰ ਸਿੰਘ ਜਟਾਣਾ, ਡਾ. ਬਬਲੂ, ਅਮਨਦੀਪ ਬਾਵਾ, ਸੇਮਾ ਨੰਬਰਦਾਰ, ਕਰਮ ਸਿੰਘ ਟੇਲਰ, ਅਸ਼ੋਕ ਸਿੰਘ ਮੋਠੂ, ਮਨਮੀਤ ਸਿੰਘ ਸਪਰਾ, ਗਗਨ ਫੂਲ, ਮਿਸਤਰੀ ਬੱਬੂ ਸਿੰਘ, ਐਬੂਲੈਂਸ ਡਰਾਇਵਰ ਗੁਰਪ੍ਰੀਤ ਸਿੰਘ, ਜਸਵਿੰਦਰਪਾਲ ਸ਼ਰਮਾ, ਜਗਸੀਰ ਸਿੰਘ ਜਟਾਣਾ, ਕੁਲਵਿੰਦਰ ਸਿੰਘ ਬੁੱਟਰ, ਚਮਕੌਰ ਸਿੰਘ, ਗੁਰਪ੍ਰੀਤ ਸਿੰਘ, ਬਲਜਿੰਦਰ ਸਿੰਘ, ਡਾ. ਕੁਲਦੀਪ ਸ਼ਰਮਾ, ਡਾ. ਭੂਮਨੰਦ ਸ਼ਰਮਾ, ਕਿਸ਼ਨ ਚੰਦ ਜੈਨ ਤੋਂ ਇਲਾਵਾ ਬੀਬੀ ਪਾਰੋ ਕਮੇਟੀ ਦੇ ਮੀਤ ਪ੍ਰਧਾਨ ਕਿਰਨਪਾਲ ਸਿੰਘ ਔਲਖ, ਚੇਅਰਮੈਨ ਅਮਰੀਕ ਸਿੰਘ, ਬਿੱਕਰ ਸਿੰਘ ਸਿੱਧੂ, ਪੰਡਤ ਦਰਬਾਰਾ ਰਾਮ, ਗੁਰਪ੍ਰੀਤ ਜਟਾਣਾ, ਹਰੀ ਰਾਮ, ਸਤੀਸ਼ ਗੋਇਲ, ਨੀਟਾ, ਡਾ. ਮਹਿੰਦਰ ਸਿੰਘ ਢਿੱਲੋਂ ਤੋਂ ਇਲਾਵਾ ਸਮਾਜ ਸੇਵਾ ਸੁਸਾਇਟੀ ਰਾਮਪੁਰਾ ਦੇ ਪ੍ਰਧਾਨ ਦੇਵ ਰਾਜ ਗਰਗ ਤੇ ਉਨ੍ਹਾਂ ਦੀ ਸਮੁੱਚੀ ਟੀਮ ਹਾਜ਼ਰ ਸੀ।

## ਕਾਤਰਾਂ

### ਲਾਪਤਾ ਵਿਅਕਤੀ ਦੇ ਮਾਮਲੇ 'ਚ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਕੁਝ ਦਿਨ ਪਹਿਲਾਂ ਲਾਪਤਾ ਹੋਏ ਸਾਨੀਪੁਰ ਦੇ ਇੱਕ ਵਿਅਕਤੀ ਦੇ ਮਾਮਲੇ 'ਚ ਸਰਹਿੰਦ ਪੁਲਸ ਨੇ ਅਣਪਛਾਤਿਆਂ ਵਿਰੁੱਧ ਕੇਸ ਦਰਜ ਕੀਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਜੀਵਨਦੀਪ ਕੌਰ ਵਾਸੀ ਪਿੰਡ ਸਾਨੀਪੁਰ ਨੇ ਪੁਲਸ ਨੂੰ ਦੱਸਿਆ ਕਿ ਉਸ ਦਾ ਪਤੀ ਸੁਖਜੀਤ ਸਿੰਘ (34) ਬੀਤੀ 19 ਜੂਨ ਦੀ ਸ਼ਾਮ ਨੂੰ ਘਰੋਂ ਪੈਸੇ ਲੈ ਕੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਸਰਹਿੰਦ ਠੇਕੇ ਤੋਂ ਸ਼ਰਾਬ ਲੈਣ ਲਈ ਗਿਆ ਸੀ, ਜੋ ਕਿ ਮੁੜ ਵਾਪਸ ਨਹੀਂ ਪਰਤਿਆ ਤੇ ਭਾਲ ਦੌਰਾਨ ਉਸ ਦਾ ਮੋਟਰਸਾਈਕਲ ਪਿੰਡ ਕੋਲੋਂ ਲੰਘਦੀ ਭਾਖੜਾ ਨਹਿਰ ਕੰਢਿਓਂ ਮਿਲਿਆ ਤੇ ਉਸ ਦਾ ਮੋਬਾਈਲ ਫੋਨ ਵੀ ਨਹਿਰ ਦੀ ਪਟੜੀ 'ਤੇ ਮਿੱਟੀ 'ਚ ਦੱਬਿਆ ਹੋਇਆ ਬਰਾਮਦ ਹੋਇਆ। ਸ਼ਿਕਾਇਤਕਰਤਾ ਨੇ ਸ਼ੱਕ ਜਤਾਇਆ ਕਿ ਉਸ ਦੇ ਪਤੀ ਨੂੰ ਕਿਸੇ ਵੱਲੋਂ ਬੰਦੀ ਬਣਾ ਕੇ ਆਪਣੇ ਕੋਲ ਰੱਖਿਆ ਹੋ ਸਕਦਾ ਹੈ। ਸਰਹਿੰਦ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਜਾਰੀ ਹੈ।

### ਐਕਸਪਰਟ ਇਮੀਗ੍ਰੇਸ਼ਨ ਐਂਡ ਐਜੂਕੇਸ਼ਨ ਸਰਵਿਸ ਨੇ ਲਵਾਇਆ ਕੈਨੇਡਾ ਵਿਜ਼ਟਰ ਵੀਜ਼ਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਥਾਨਕ ਸ਼ਹਿਰ ਅੰਦਰ ਮੋਗਾ ਰੋਡ 'ਤੇ ਸ਼ਿਵ ਮੰਦਰ ਦੇ ਨਾਲ ਇੰਡੀਅਨ ਇਲਾਹਾਬਾਦ ਬੈਂਕ ਦੇ ਉੱਪਰ ਸਥਿਤ ਨਾਮਵਰ ਸੰਸਥਾ ਐਕਸਪਰਟ ਇਮੀਗ੍ਰੇਸ਼ਨ ਐਂਡ ਐਜੂਕੇਸ਼ਨ ਸਰਵਿਸ ਬਾਘਾ ਪੁਰਾਣਾ ਵਿਦੇਸ਼ ਜਾਣ ਦੇ ਚਾਹਵਾਨ ਲੋਕਾਂ ਦੇ ਸੁਪਨੇ ਪੂਰੇ ਕਰ ਰਹੀ ਹੈ। ਇਸ ਮੌਕੇ ਸੰਸਥਾ ਦੇ ਹੈੱਡ ਦੇਵਾਂਸ਼ ਗੋਇਲ ਨੇ ਦੱਸਿਆ ਕਿ ਸੰਸਥਾ ਵੱਲੋਂ ਵਿਦੇਸ਼ ਭੇਜਣ ਦੇ ਲੰਮੇ ਤਜਰਬੇ ਤਹਿਤ ਹਰਦੀਪ ਸੋਨੀ ਪੁੱਤਰ ਹਰਬੰਸ ਲਾਲ ਸੋਨੀ ਵਾਸੀ ਨਵਾਂ ਲੰਗੇਆਣਾ ਨਿਗਾਹੇ ਵਾਲੇ ਦਾ ਇੱਕ ਰੀਫਿਊਜ਼ਲ ਹੋਣ ਉਪਰੰਤ ਸਿਰਫ਼ ਸੱਤ ਦਿਨਾਂ 'ਚ ਕੈਨੇਡਾ ਦਾ ਵਿਜ਼ਟਰ ਵੀਜ਼ਾ ਲਗਵਾ ਕੇ ਦਿੱਤਾ ਗਿਆ। ਇਸ ਮੌਕੇ ਸੰਸਥਾ ਦੇ ਹੈੱਡ ਦੇਵਾਂਸ਼ ਗੋਇਲ ਨੇ ਹਰਦੀਪ ਸੋਨੀ ਨੂੰ ਵਧਾਈ ਦਿੰਦੇ ਹੋਏ ਦੱਸਿਆ ਕਿ ਸੰਸਥਾ ਤੋਂ ਅਨੇਕਾਂ ਲੋਕ ਆਪਣਾ ਭਵਿੱਖ ਸੁਨਹਿਰੀ ਬਣਾ ਚੁੱਕੇ ਹਨ। ਇਸ ਮੌਕੇ ਹਰਦੀਪ ਸੋਨੀ ਨੇ ਕਿਹਾ ਕਿ ਸੰਸਥਾ ਦੇ ਹੈੱਡ ਦੇਵਾਂਸ਼ ਗੋਇਲ ਤੇ ਉਨ੍ਹਾ ਦੇ ਮਿਹਨਤੀ ਸਟਾਫ ਦੀ ਬਦੌਲਤ ਹੀ ਵੀਜ਼ੇ ਬਹੁਤ ਹੀ ਘੱਟ ਸਮੇਂ ਵਿੱਚ ਤੇ ਪਾਰਦਰਸ਼ੀ ਢੰਗ ਨਾਲ ਲੱਗਦੇ ਹਨ।

### ਸੀ ਆਈ ਏ ਸਰਹਿੰਦ ਵੱਲੋਂ 180 ਨਸ਼ੇ ਦੇ ਟੀਕਿਆਂ ਸਮੇਤ ਕਾਬੂ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸੀ.ਆਈ.ਏ. ਸਟਾਫ਼ ਸਰਹਿੰਦ ਦੀ ਇੱਕ ਟੀਮ ਵੱਲੋਂ ਨਸ਼ੇ ਲਈ ਵਰਤੇ ਜਾਣ ਵਾਲੇ ਪਾਬੰਦੀਸ਼ੁਦਾ ਟੀਕਿਆਂ ਸਮੇਤ ਇੱਕ ਮੋਟਰਸਾਈਕਲ ਚਾਲਕ ਨੂੰ ਕਾਬੂ ਕੀਤੇ ਜਾਣ ਦਾ ਸਮਾਚਾਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਸੀ.ਆਈ.ਏ. ਦੀ ਟੀਮ ਦੁਪਹਿਰ ਨੂੰ ਮਲਕੋਮਾਜਰਾ ਦੇ ਬੱਸ ਅੱਡੇ ਨਜ਼ਦੀਕ ਚੈਕਿੰਗ ਕਰ ਰਹੀ ਸੀ ਤਾਂ ਸਿੱਧੂਪੁਰ ਵੱਲੋਂ ਆਉਂਦਾ ਇੱਕ ਮੋਟਰਸਾਈਕਲ ਚਾਲਕ ਪੁਲਸ ਕ੍ਰਮਚਾਰੀਆਂ ਨੂੰ ਦੇਖ ਕੇ ਘਬਰਾ ਗਿਆ ਤੇ ਪਿੱਛੇ ਮੁੜਨ ਲੱਗਾ, ਜਿਸ ਨੂੰ ਰੋਕ ਕੇ ਉਸਦਾ ਨਾਂਅ ਪਤਾ ਪੁੱਛਿਆ ਗਿਆ ਤਾਂ ਉਸਨੇ ਆਪਣੀ ਪਛਾਣ ਨਿਕਸ਼ੈ ਉਰਫ ਨੋਨੀ ਵਾਸੀ ਅੰਬਾਲਾ ਵਜੋਂ ਦੱਸੀ, ਜਿਸ ਉਪਰੰਤ ਸਬ-ਇੰਸਪੈਕਟਰ ਸਤਵਿੰਦਰ ਸਿੰਘ ਵੱਲੋਂ ਡੀ.ਐਸ.ਪੀ. ਸੁਖਬੀਰ ਸਿੰਘ ਦੀ ਹਾਜ਼ਰੀ 'ਚ ਉਸਦੀ ਤਲਾਸ਼ੀ ਕੀਤੀ ਗਈ ਤਾਂ ਉਸਦੇ ਗਲ 'ਚ ਪਾਏ ਬੈਗ 'ਚੋਂ 180 ਟੀਕੇ ਬਿਉਪਰੋਨੌਰਫਿਨ ਤੇ 180 ਸ਼ੀਸ਼ੀਆਂ ਪਾਕਾਵਿਲ ਬਰਾਮਦ ਹੋਈਆਂ, ਜਿਸ 'ਤੇ ਨਿਕਸ਼ੈ ਨੂੰ ਅ/ਧ 22ਸੀ/61/85 ਐਨ.ਡੀ.ਪੀ.ਐਸ. ਐਕਟ ਤਹਿਤ ਗ੍ਰਿਫ਼ਤਾਰ ਕਰ ਲਿਆ ਗਿਆ।

### ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦਾ ਧਰਨਾ ਮੁਲਤਵੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੀ ਮੀਟਿੰਗ ਗੁਰਦੁਆਰਾ ਬਜੀਦਪੁਰ ਸਾਹਿਬ, ਪਿੰਡ ਮੱਲਵਾਲ ਵਿਖੇ ਜ਼ਿਲ੍ਹਾ ਪ੍ਰਧਾਨ ਗੁਰਮੀਤ ਪੋਜੋ ਕੇ ਦੀ ਅਗਵਾਈ ਵਿੱਚ ਕੀਤੀ ਗਈ।ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਪੋਜੋ ਕੇ ਨੇ ਦੱਸਿਆ ਕਿ 30 ਜੂਨ ਨੂੰ ਐੱਸ ਐੱਸ ਪੀ ਦਫ਼ਤਰ ਅੱਗੇ ਦਿੱਤਾ ਜਾਣ ਵਾਲਾ ਧਰਨਾ ਇੱਕ ਹਫ਼ਤੇ ਲਈ ਮੁਲਤਵੀ ਕਰ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ 9 ਜੂਨ ਨੂੰ ਜ਼ਿਲ੍ਹਾ ਮੁਕਤਸਰ ਦੇ ਬਲਾਕ ਮਲੋਟ ਦੇ ਪਿੰਡ ਘੱਗਾ ਦੇ ਕਿਸਾਨ ਵੱਲੋਂ ਆੜ੍ਹਤੀਏ ਤੋਂ ਤੰਗ-ਪ੍ਰੇਸ਼ਾਨ ਹੋ ਕੇ ਆਤਮ ਹੱਤਿਆ ਕਰ ਲਈ ਸੀ, ਜਿਸ ਦੇ ਸਬੰਧ ਵਿੱਚ 28 ਜੂਨ ਨੂੰ ਥਾਣੇ ਮਲੋਟ ਸਾਹਮਣੇ ਧਰਨੇ ਵਿੱਚ ਵੱਡੀ ਗਿਣਤੀ 'ਚ ਕਿਸਾਨਾਂ ਨੂੰ ਸ਼ਾਮਲ ਕੀਤਾ ਜਾਵੇਗਾ।ਇਸ ਮੌਕੇ ਮਮਦੋਟ ਬਲਾਕ ਦਾ ਪ੍ਰਧਾਨ ਗੁਰਭੇਜ ਟਿੱਬੀ, ਘੱਲ ਬਲਾਕ ਦਾ ਪ੍ਰਧਾਨ ਨਿਰਮਲ ਰੱਜੀਵਾਲਾ, ਗੁਰਜੰਜ ਸਿੰਘ ਸਾਂਦੇ ਹਾਸ਼ਮ, ਗੁਰਚਰਨ ਸਿੰਘ ਬਾਰੇ ਕੇ, ਗੁਰਪ੍ਰੀਤ ਸਿੰਘ, ਹਰਨੇਕ ਸਿੰਘ, ਜਸਬੀਰ ਸਿੰਘ ਗੁਰਚਰਨ ਸਿੰਘ ਆਦਿ ਹਾਜ਼ਰ ਸਨ।

# ਪੇਂਡੂ ਡਾਕਟਰਾਂ ਦੀ ਜਥੇਬੰਦੀ ਪੁਲਸ ਨਾਲ ਮਿਲ ਕੇ ਚਲਾਵੇਗੀ ਨਸ਼ਾ ਵਿਰੋਧੀ ਮੁਹਿੰਮ : ਡਾ: ਘਈ



**ਤਲਵੰਡੀ ਸਾਬੋ (ਜਗਦੀਪ ਗਿੱਲ)** ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਤਲਵੰਡੀ ਸਾਬੋ ਦੀ ਮਹੀਨਾਵਾਰ ਮੀਟਿੰਗ ਬਲਾਕ ਪ੍ਰਧਾਨ ਗੁਰਮੇਲ ਸਿੰਘ ਘਈ ਦੀ ਅਗਵਾਈ ਹੇਠ ਹੋਈ, ਜਿਸ ਵਿੱਚ 100 ਦੇ ਲੱਗਭੱਗ ਸਾਥੀਆਂ ਨੇ ਭਾਗ ਲਿਆ। ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਡੀ ਐੱਸ ਪੀ ਤਲਵੰਡੀ ਸਾਬੋ ਸ੍ਰ. ਬੂਟਾ ਸਿੰਘ ਗਿੱਲ ਨੇ ਵਿਸ਼ੇਸ਼ ਤੌਰ 'ਤੇ ਮੀਟਿੰਗ ਵਿੱਚ ਹਿਸਾ ਲਿਆ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਡਿਪਟੀ ਸਾਹਿਬ ਨੇ ਕਿਹਾ ਕਿ ਪੁਲਸ ਪ੍ਰਸ਼ਾਸਨ ਵੱਲੋਂ ਚਲਾਈ ਨਸ਼ੇ ਵਿਰੋਧੀ ਮੁਹਿੰਮ ਵਿੱਚ ਨਸ਼ੇ ਨੂੰ ਜੜ੍ਹੋਂ ਖਤਮ ਕਰਨ ਲਈ ਸਭ ਜਥੇਬੰਦੀਆਂ, ਕਲੱਬਾਂ, ਪੰਚਾਇਤਾਂ ਨੂੰ ਨਾਲ ਲੈ ਕੇ ਪੰਜਾਬ ਪੁਲਸ ਚੱਲੇਗੀ। ਬਲਾਕ ਦੇ ਸੀਨੀਅਰ ਆਗੂ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਐਸੋਸੀਏਸ਼ਨ ਬਲਾਕ ਦੇ ਪਿੰਡਾਂ ਵਿੱਚ ਨਸ਼ੇ ਵਿਰੋਧੀ ਕਮੇਟੀਆਂ ਬਣਾ ਕੇ ਪੰਜਾਬ ਪੁਲਸ ਦੇ ਸਹਿਯੋਗ ਨਾਲ ਅਤੇ ਪਿੰਡਾਂ ਦੇ ਸਰਪੰਚਾਂ, ਐੱਨ ਜੀ ਓ ਅਤੇ ਕਲੱਬਾਂ ਦੇ ਨਾਲ ਰਲ ਕੇ ਨਸ਼ੇ ਨੂੰ ਜੜ੍ਹੋਂ ਖਤਮ ਕਰਨ ਲਈ ਮੁਹਿੰਮ ਚਲਾਵੇਗੀ ਤਾਂ ਕਿ ਸਕੂਲਾਂ, ਕਾਲਜਾਂ, ਪਿੰਡਾਂ ਵਿੱਚ ਇਸ ਕਹੋੜ 'ਤੇ ਕਾਬੂ ਪਾਇਆ ਜਾ ਸਕੇ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਚੇਅਰਮੈਨ ਜੋਗਿੰਦਰ ਸਿੰਘ ਜਗਾ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਨਛੱਤਰ ਸਿੰਘ ਨੇਥੇਹਾ, ਮੀਤ ਪ੍ਰਧਾਨ ਭੋਲਾ ਸਿੰਘ ਸੇਖਪੁਰਾ, ਸੈਕਟਰੀ ਗਰਧਾਰੀ ਲਾਲ ਬਹੀਮਣ, ਨੀਂਦਰ ਸਿੰਘ ਬਹੀਮਣ, ਸਟੇਟ ਸੈਕਟਰੀ ਲਛਮਣ ਕੁਮਾਰ ਜਗਾ, ਕੈਸ਼ੀਅਰ ਬਿੱਕਰ ਸਿੰਘ ਧਿੰਗੜ, ਗਗੜ ਸਿੰਘ ਗਹਿਲੇਵਾਲਾ, ਵੈਦ ਚਾਨਣ ਰਾਮ ਜਗਾ, ਬਾਬੂ ਸਿੰਘ, ਜਨਕ ਰਾਜ, ਗੁਰਲਾਲ ਸਿੰਘ ਬਹੀਮਣ, ਮੈਡਮ ਗੁਰਦੀਪ ਕੌਰ ਭੱਟੀ, ਜਗਦੀਸ਼ ਸਿੰਘ ਭੱਟੀ, ਜਗਸੀਰ ਸਿੰਘ ਰਾਮਸਰਾ, ਮੇਜਰ ਸਿੰਘ ਰਾਮਸਰਾ, ਹਰਜਿੰਦਰ ਸਿੰਘ ਮਲਕਾਣਾ, ਗੁਰਮੇਲ ਸਿੰਘ ਬਹਿਣੀਵਾਲ, ਮਿੱਠੂ ਖਾਨ, ਹਰਦੀਪ ਸਿੰਘ, ਬਸੰਤ ਸਿੰਘ ਲੇਲੇਵਾਲਾ, ਕੇਵਲ ਸਿੰਘ, ਗੁਰਪ੍ਰੀਤ ਸਿੰਘ ਸੁਖਲੱਧੀ, ਅੰਤਰ ਸਿੰਘ ਮਾਨ ਵਾਲਾ, ਰਛਪਾਲ ਸਿੰਘ ਤਲਵੰਡੀ ਸਾਬੋ, ਗੁਰਵਿੰਦਰ ਸਿੰਘ ਬੰਗੀ, ਰਾਜ ਕੁਮਾਰ ਬਾਂਸਲ ਰਾਮਾ, ਸੁਭਾਸ਼ ਕੁਮਾਰ, ਜਗਸੀਰ ਸਿੰਘ ਸੀਗੋ, ਰੇਸ਼ਮ ਸਿੰਘ, ਬਲੌਰ ਸਿੰਘ ਭਾਗੀਬਾਂਦਰ, ਪ੍ਰਮਜੀਤ ਸਿੰਘ ਮਾਹੀਨੰਗਲ ਤੇ ਜਗਰੂਪ ਸਿੰਘ ਗੋਲੇਵਾਲਾ ਆਦਿ ਹਾਜ਼ਰ ਸਨ।

# ਬਜਰੰਗ ਦਲ ਹਿੰਦੁਸਤਾਨ ਦੇ ਆਗੂ ਨੂੰ ਪਾਕਿਸਤਾਨ ਤੋਂ ਮਿਲ ਰਹੇ ਧਮਕੀ ਭਰੇ ਮੈਸੇਜ

- ਗਾਲੀ-ਗਲੋਚ ਦੇ ਨਾਲ ਗੰਦੀਆਂ ਫੋਟੋਆਂ ਵੀ ਭੇਜੀਆਂ
- ਪੁਲਸ ਉੱਚ ਅਧਿਕਾਰੀਆਂ ਨੂੰ ਸੂਚਿਤ ਕਰਨ ਦੇ ਬਾਵਜੂਦ ਨਹੀਂ ਹੋਈ ਕਾਰਵਾਈ

**ਫਾਜ਼ਿਲਕਾ (ਕ੍ਰਿਸ਼ਨ ਸਿੰਘ)**-ਅਬੋਹਰ 'ਚ ਬਜਰੰਗ ਦਲ ਹਿੰਦੁਸਤਾਨ ਦੇ ਆਗੂ ਨੂੰ ਧਮਕੀ ਭਰੇ ਮੈਸੇਜ ਮਿਲਣ ਦਾ ਮਾਮਲਾ ਸਾਹਮਣੇ ਆਇਆ ਹੈ। ਇਹ ਮੈਸੇਜ ਪਾਕਿਸਤਾਨ ਸਮੇਤ ਵੱਖ-ਵੱਖ ਦੇਸ਼ਾਂ ਦੇ ਮੋਬਾਈਲ ਨੰਬਰਾਂ ਰਾਹੀਂ ਭੇਜੇ ਗਏ ਹਨ। ਇਨ੍ਹਾਂ ਨੂੰ ਭੇਜਣ ਵਾਲਿਆਂ ਵੱਲੋਂ ਬਹੁਤ ਹੀ ਅਪਮਾਨਜਨਕ ਭਾਸ਼ਾ ਦੀ ਵਰਤੋਂ ਕੀਤੀ ਗਈ ਹੈ। ਇਸ ਦੇ ਨਾਲ ਹੀ ਅਜਿਹੀਆਂ ਗੰਦੀਆਂ ਫੋਟੋਆਂ ਭੇਜੀਆਂ ਗਈਆਂ ਹਨ, ਜੋ ਕਿਸੇ ਨੂੰ ਨਹੀਂ ਦਿਖਾਈਆਂ ਜਾ ਸਕਦੀਆਂ। ਇਨ੍ਹਾਂ ਗੰਦੀਆਂ ਫੋਟੋਆਂ ਵਿੱਚ ਭਾਰਤ ਦੇ ਕੁਝ ਧਾਰਮਿਕ ਦੇਵੀ-ਦੇਵਤਿਆਂ ਤੇ ਕੁਝ ਮਹਾਨ ਵਿਅਕਤੀਆਂ ਦੀਆਂ ਫੋਟੋਆਂ ਇਤਰਾਜ਼ਯੋਗ ਹਾਲਤ ਵਿੱਚ ਦਿਖਾਈਆਂ ਗਈਆਂ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਬਜਰੰਗ ਦਲ ਹਿੰਦੁਸਤਾਨ ਦੇ ਰਾਸ਼ਟਰੀ ਮਹਾਂ ਸਚਿਵ ਕੁਲਦੀਪ ਸੋਨੀ ਨੇ ਦੱਸਿਆ ਕਿ ਪਿਛਲੇ ਕੁਝ ਦਿਨਾਂ ਤੋਂ ਉਨ੍ਹਾਂ ਦੇ ਮੋਬਾਈਲ ਵਟਸਐਪ ਤੋਂ ਪਾਕਿਸਤਾਨ ਸਮੇਤ ਵੱਖ-ਵੱਖ ਦੇਸ਼ਾਂ ਦੇ ਨੰਬਰਾਂ ਤੋਂ ਧਮਕੀ ਭਰੇ ਮੈਸੇਜ ਆ ਰਹੇ ਹਨ। ਇਨ੍ਹਾਂ ਵਿੱਚ ਅਪਮਾਨਜਨਕ ਭਾਸ਼ਾ ਦੀ ਵਰਤੋਂ ਕਰਨ ਤੋਂ ਇਲਾਵਾ ਅਪਸ਼ਬਦ ਭੇਜੇ ਗਏ ਹਨ। ਇਸ ਦੇ ਨਾਲ ਹੀ ਕੁਝ ਸੰਦੇਸ਼ਾਂ ਵਿੱਚ ਖਾਲਿਸਤਾਨ ਨਾਲ ਸਬੰਧਤ ਨਾਅਰੇ ਵੀ ਭੇਜੇ ਗਏ ਹਨ। ਇਸ ਤੋਂ ਇਲਾਵਾ ਉਸ ਨੂੰ ਗੋਲੀ ਮਾਰਨ ਦੀ ਧਮਕੀ ਵਾਲੇ ਸੰਦੇਸ਼ ਵੀ ਭੇਜੇ ਗਏ ਹਨ। ਜਿਨ੍ਹਾਂ ਨੰਬਰਾਂ ਤੋਂ ਉਸ ਨੂੰ ਮੈਸੇਜ ਭੇਜੇ ਗਏ ਹਨ ਉਹ ਹਨ : +92 320 6334450, +92 316 8461693, +966 57 335 4855, +90 551 014 69 68, +92 323 55521114, +92 323 55921114, +92 316 8461693, +92 323 55921114, +52114549, 51 491 413790, +92 300 7306635, +92 312 7939020, +49 176 72570523 ਆਦਿ। ਇਸ ਤੋਂ ਬਾਅਦ ਉਸ ਨੇ ਪੁਲਸ ਸੁਰੱਖਿਆ ਦੀ ਮੰਗ ਕੀਤੀ ਹੈ। ਉਸ ਨੇ ਕਿਹਾ ਕਿ ਪਹਿਲਾਂ ਉਸ ਨੂੰ ਪੁਲਸ ਸੁਰੱਖਿਆ ਦਿੱਤੀ ਗਈ ਸੀ, ਪਰ ਕੁਝ ਦਿਨ ਪਹਿਲਾਂ ਉਸ ਦੀ ਸੁਰੱਖਿਆ ਵਾਪਸ ਲੈ ਲਈ ਗਈ ਹੈ। ਇਸ ਸਬੰਧੀ ਸਬੰਧਤ ਪੁਲਸ ਅਧਿਕਾਰੀਆਂ ਤੋਂ ਇਲਾਵਾ ਉੱਚ ਅਧਿਕਾਰੀਆਂ ਨੂੰ ਵੀ ਸੂਚਿਤ ਕਰ ਦਿੱਤਾ ਗਿਆ ਹੈ, ਪਰ ਪੁਲਸ ਵੱਲੋਂ ਅਜੇ ਤੱਕ ਕੋਈ ਕਾਰਵਾਈ ਨਹੀਂ ਕੀਤੀ ਗਈ ਹੈ। ਇਸ ਸਬੰਧੀ ਐੱਸ ਐੱਸ ਪੀ ਫਾਜ਼ਿਲਕਾ ਅਵਨੀਤ ਕੌਰ ਸਿੱਧੂ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਉਪਰੋਂ ਮਿਲੇ ਹੁਕਮਾਂ ਤੋਂ ਬਾਅਦ ਕੁਲਦੀਪ ਸੋਨੀ ਦੀ ਸੁਰੱਖਿਆ ਵਾਪਸ ਲੈ ਲਈ ਗਈ ਹੈ। ਧਮਕੀ ਭਰੇ ਸੁਨੇਹੇ ਬਾਰੇ ਗੱਲ ਕਰਦਿਆਂ ਉਨ੍ਹਾ ਕਿਹਾ ਕਿ ਅਜੇ ਤੱਕ ਇਹ ਮਾਮਲਾ ਉਨ੍ਹਾਂ ਦੇ ਧਿਆਨ ਵਿੱਚ ਨਹੀਂ ਆਇਆ, ਫਿਰ ਵੀ ਉਹ ਪਤਾ ਕਰਨਗੇ ਤੇ ਇਸ ਮਾਮਲੇ ਦੀ ਜਾਂਚ ਕੀਤੀ ਜਾਵੇਗੀ।

### ਜਗਸੀਰ ਸੀਰਾ ਖੂਨ ਦਾਨ ਕਰਕੇ ਨੌਜਵਾਨਾਂ ਲਈ ਬਣਿਆ ਪ੍ਰੇਰਣਾਸਰੋਤ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਫੂਲ ਟਾਊਨ ਵਿਖੇ ਲਗਾਏ ਗਏ ਖੂਨਦਾਨ ਕੈਂਪ ਦੌਰਾਨ ਜਿੱਥੇ ਹੋਰ ਵਿਅਕਤੀਆਂ ਨੇ ਆਪਣਾ ਖੂਨ ਦਾਨ ਕੀਤਾ, ਉਥੇ ਕਸਬਾ ਫੂਲ ਦੇ ਇੱਕ ਅਪਾਹਜ਼ ਵਿਅਕਤੀ ਜਗਸੀਰ ਸਿੰਘ ਸੀਰਾ, ਜਿਸ ਨੂੰ ਪ੍ਰਮਾਤਮਾ ਨੇ ਤੁਰਨ ਫਿਰਨ ਤੋਂ ਵਾਂਝਾ ਰੱਖਿਆ ਹੈ, ਨੇ ਵੀਲ੍ਹ ਚੇਅਰ 'ਤੇ ਬੈਠ ਕੇ ਹੀ ਆਪਣਾ ਖੂਨ ਦਾਨ ਕੀਤਾ, ਜੋ ਦੂਜੇ ਨੌਜਵਾਨਾਂ ਲਈ ਪ੍ਰੇਰਨਾ ਸਰੋਤ ਬਣਿਆ ਹੈ। ਉਨ੍ਹਾਂ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਤੋਂ ਦੂਰ ਰਹਿ ਕੇ ਸਮਾਜ ਸੇਵੀ ਸੰਸਥਾਵਾਂ ਨਾਲ ਜੁੜ ਕੇ ਇੱਕ ਚੰਗੇ ਸਮਾਜ ਦੀ ਸਿਰਜਣਾ ਲਈ ਆਪਣਾ ਯੋਗਦਾਨ ਪਾਉਣ, ਆਪਣਾ ਤੇ ਆਪਣੇ ਮਾਤਾ-ਪਿਤਾ ਦਾ ਨਾਮ ਰੌਸ਼ਨ ਕਰਨ।

# ਜਨਤਕ ਦਸਤਖਤੀ ਮੁਹਿੰਮ ਤੇ ਪੰਚਾਇਤੀ ਮਤੇ ਸਰਕਾਰ ਤੱਕ ਪੁੱਜਦੇ ਕੀਤੇ ਜਾਣਗੇ : ਗੋਇਲ

- ਸਾਥੀਆਂ ਨੂੰ ਤਨਦੇਹੀ ਨਾਲ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ ਦਾ ਸੱਦਾ

**ਮਾਨਸਾ (ਪਮਾਰ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਜ਼ਿਲ੍ਹਾ ਬਠਿੰਡਾ ਦੀ ਮੈਡੀਕਲ ਪ੍ਰੈਕਟੀਸ਼ਨਰਜ਼ ਭਵਨ ਵਿਖੇ ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਫੂਲ ਦੀ ਪ੍ਰਧਾਨਗੀ ਹੇਠ ਪਲੇਠੀ ਮੀਟਿੰਗ ਹੋਈ, ਜਿਸ ਵਿੱਚ ਜ਼ਿਲ੍ਹਾ ਕਮੇਟੀ ਆਗੂਆਂ ਤੇ ਸਮੂਹ ਬਲਾਕਾਂ ਦੀਆਂ ਆਗੂ ਟੀਮਾਂ ਨੇ ਜੋਸ਼ੋ ਖਰੋਸ਼ ਨਾਲ ਸ਼ਿਰਕਤ ਕੀਤੀ।

ਇਹ ਜਾਣਕਾਰੀ ਸੂਬਾਈ ਪ੍ਰਧਾਨ ਧੰਨਾ ਮੱਲ ਗੋਇਲ ਨੇ ਸਾਂਝੀ ਕੀਤੀ। ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ, ਸਕੱਤਰ ਗੁਰਮੇਲ ਸਿੰਘ ਮਾਛੀਕੇ, ਵਿੱਤ ਸਕੱਤਰ ਐੱਚ. ਐੱਸ. ਰਾਣੂ ਤੇ ਸੂਬਾ ਕਮੇਟੀ ਮੈਂਬਰ ਗੁਰਦੀਪ ਸਿੰਘ ਘੁੱਦਾ ਪਹੁੰਚੇ। ਜਗਤਾਰ ਸਿੰਘ ਫੂਲ ਤੇ ਜ਼ਿਲ੍ਹਾ ਸਕੱਤਰ ਮਨਪ੍ਰੀਤ ਸਿੰਘ ਧਾਲੀਵਾਲ ਵੱਲੋਂ ਆਏ ਆਗੂਆਂ ਨੂੰ ਜੀ ਆਇਆਂ ਆਖਿਆ ਗਿਆ ਅਤੇ ਮੀਟਿੰਗ ਦੀ ਸ਼ੁਰੂਆਤ ਕੀਤੀ ਗਈ। ਸ਼ਾਮਲ ਆਗੂਆਂ ਨੇ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ ਲਈ ਮੌਜੂਦਾ ਜਥੇਬੰਦਕ ਤਾਣੇ-ਬਾਣੇ 'ਤੇ ਵਿਚਾਰ ਚਰਚਾ ਕਰਦਿਆਂ ਜਥੇਬੰਦਕ ਸਮੱਸਿਆਵਾਂ ਸਬੰਧੀ ਵਿਸਥਾਰ ਪੂਰਵਕ ਵਿਆਖਿਆ ਕਰਦਿਆਂ ਹਾਜ਼ਰ ਆਗੂਆਂ ਨੇ ਸਮੂਹ ਸਾਥੀਆਂ ਨੂੰ ਆਉਣ ਵਾਲੇ ਸਮੇਂ ਪ੍ਰਤੀ ਸੁਚੇਤ ਕਰਦਿਆਂ ਭਵਿੱਖ ਵਿੱਚ ਆਉਣ ਵਾਲੀਆਂ ਸਮੱਸਿਆਵਾਂ ਦਾ ਸਾਹਮਣਾ ਕਰਨ ਲਈ ਜਥੇਬੰਦੀ ਨੂੰ ਮਜ਼ਬੂਤ ਕਰਨ ਦਾ ਸੱਦਾ ਦਿੰਦੇ ਹੋਏ ਬੀਤੇ ਸਮੇਂ ਰਹੀਆਂ ਤਰੁੱਟੀਆਂ ਦਾ ਤਨਦੇਹੀ ਨਾਲ ਸਾਰਥਿਕ ਹੱਲ ਕਰਨ ਦੀ ਪ੍ਰੇਰਨਾ ਦਿੱਤੀ। ਸੂਬਾ ਪ੍ਰਧਾਨ ਧੰਨਾ ਮੱਲ ਗੋਇਲ ਤੇ ਸਕੱਤਰ ਗੁਰਮੇਲ ਸਿੰਘ ਮਾਛੀਕੇ ਨੇ ਪੰਜਾਬ ਸਰਕਾਰ ਵੱਲੋਂ ਚੋਣਾਂ ਸਮੇਂ ਕੀਤਾ ਵਾਅਦਾ ਅਣਗੌਲਿਆ ਕਰਨ 'ਤੇ ਤਾੜਨਾ ਕਰਦਿਆਂ ਕਿਹਾ ਕਿ ਐਸੋਸੀਏਸ਼ਨ ਵੱਲੋਂ ਪੰਜਾਬ ਭਰ ਵਿੱਚੋਂ ਸਾਡੀਆਂ ਮੰਗਾਂ ਨੂੰ ਪੂਰਾ ਕਰਵਾਉਣ ਲਈ ਜਨਤਕ ਦਸਤਖਤੀ ਮੁਹਿੰਮ ਤੇ ਪੰਚਾਇਤੀ ਮਤਿਆਂ ਰਾਹੀਂ ਮੁੱਖ ਮੰਤਰੀ ਪੰਜਾਬ ਸਰਕਾਰ ਦੇ ਨਾਂਅ ਭੇਜੇ ਜਾਣਗੇ। ਮੀਟਿੰਗ ਨੂੰ ਐੱਚ. ਐੱਸ. ਰਾਣੂ, ਗੁਰਦੀਪ ਸਿੰਘ ਘੁੱਦਾ, ਐੱਚ ਐੱਸ ਕੌਸ਼ਲ, ਸਰਬਜੀਤ ਕੌਰ ਭੱਟੀ, ਜਗਸੀਰ ਸ਼ਰਮਾ, ਬੂਟਾ ਸਿੰਘ, ਗੁਰਮੇਲ ਸਿੰਘ ਘਈ, ਖੁਸ਼ਵਿੰਦਰ ਸਿੰਘ ਮਾਨ ਨੇ ਮੌਜੂਦਾ ਹਾਲਤਾਂ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਨਸ਼ਿਆਂ ਤੇ ਭਰੂਣ ਹੱਤਿਆ ਵਰਗੀਆਂ ਸਮਾਜਿਕ ਲਾਹਨਤਾਂ ਖਿਲਾਫ ਸਾਨੂੰ ਨੁੱਕੜ ਮੀਟਿੰਗਾਂ ਤੇ ਸੈਮੀਨਾਰਾਂ ਜ਼ਰੀਏ ਜਨ-ਜਾਗ੍ਰਤੀ ਮੁਹਿੰਮ ਲਗਾਤਾਰ ਜਾਰੀ ਰੱਖਣੀ ਪਵੇਗੀ। ਇਸ ਸਮੇਂ ਸੂਬਾ ਵਿੱਤ ਸਕੱਤਰ ਐੱਚ. ਐੱਸ. ਰਾਣੂ ਨੂੰ ਕੈਨੇਡਾ ਟੂਰ 'ਤੇ ਜਾਣ ਲਈ ਵਧਾਈ ਦਿੰਦਿਆਂ ਸਨਮਾਨਤ ਕੀਤਾ ਤੇ ਖੁਸ਼ਗਵਾਰ ਸਫਰ ਦੀ ਕਾਮਨਾ ਕੀਤੀ। ਇਸ ਮੌਕੇ ਸ਼ਾਮਲ ਆਗੂਆਂ ਗੁਰਮੇਲ ਸਿੰਘ ਕਾਲਝਾ, ਸੁਖਦਰਸ਼ਨ ਸਿੰਘ, ਡਾ. ਵਿਰਕ, ਕ੍ਰਿਸ਼ਨ ਸਿੱਧੂ, ਨਿਰਮਲ ਸਿੰਘ ਆਦਿ ਵੱਲੋਂ ਸੂਬਾ ਆਗੂਆਂ ਨੂੰ ਭਰੋਸਾ ਦਿਵਾਇਆ ਕਿ ਸੂਬਾ ਕਮੇਟੀ ਵੱਲੋਂ ਲਾਗੂ ਕੀਤੇ ਪ੍ਰੋਗਰਾਮਾਂ ਨੂੰ ਤਨਦੇਹੀ ਨਾਲ ਨੇਪਰੇ ਚਾੜ੍ਹਿਆ ਜਾਵੇਗਾ। ਅੰਤ ਵਿੱਚ ਜ਼ਿਲ੍ਹਾ ਸਕੱਤਰ ਮਨਪ੍ਰੀਤ ਸਿੰਘ ਧਾਲੀਵਾਲ, ਬਲਾਕ ਬਠਿੰਡਾ ਦੇ ਪ੍ਰਧਾਨ ਜਗਸੀਰ ਸ਼ਰਮਾ ਵੱਲੋਂ ਆਏ ਸਾਥੀਆਂ ਦਾ ਧੰਨਵਾਦ ਕੀਤਾ ਗਿਆ।

# ਉਪਿੰਦਰ ਸਿੰਧੀ ਬਣੇ ਨਗਰ ਪੰਚਾਇਤ ਦੇ ਪ੍ਰਧਾਨ



**ਮਮਦੋਟ (ਜਸਬੀਰ ਸਿੰਘ ਕੰਬੋਜ)** ਦਫ਼ਤਰ ਨਗਰ ਪੰਚਾਇਤ ਵਿਖੇ ਨਗਰ ਪੰਚਾਇਤ ਪ੍ਰਧਾਨ ਦੀ ਚੋਣ ਵਿਚ ਉਪਿੰਦਰ ਸਿੰਘ ਸਿੰਧੀ ਨੂੰ ਪ੍ਰਧਾਨ ਚੁਣ ਲਿਆ ਗਿਆ। ਐਡਵੋਕੇਟ ਰਜਨੀਸ਼ ਦਹੀਆ ਐੱਮ ਐੱਲ ਏ ਹਲਕਾ ਫ਼ਿਰੋਜ਼ਪੁਰ ਦਿਹਾਤੀ, ਰਣਜੀਤ ਸਿੰਘ ਭੁੱਲਰ ਐੱਸ ਡੀ ਐੱਮ ਫ਼ਿਰੋਜ਼ਪੁਰ ਤੇ ਗੁਰਭਰਪੂਰ ਸ਼ਰਮਾ ਕਾਰਜ ਸਾਧਕ ਅਫਸਰ ਨਗਰ ਪੰਚਾਇਤ ਦੀ ਹਾਜ਼ਰੀ ਵਿੱਚ ਨਗਰ ਪੰਚਾਇਤ ਦੇ ਪ੍ਰਧਾਨ ਦੇ ਅਹੁਦੇ ਲਈ ਹੋਈ ਚੋਣ ਵਿੱਚ ਹਾਜ਼ਰ ਦਸ ਐੱਮ ਸੀ ਵੱਲੋਂ ਉਪਿੰਦਰ ਸਿੰਘ ਸਿੰਧੀ ਨੂੰ ਪ੍ਰਧਾਨ ਚੁਣ ਲਿਆ ਗਿਆ। ਪ੍ਰਧਾਨ ਚੁਣੇ ਜਾਣ ਤੋਂ ਬਾਅਦ ਸੀਨੀਅਰ ਆਗੂ ਨਿਰਵੈਰ ਸਿੰਘ ਸਿੰਧੀ ਜ਼ਿਲ੍ਹਾ ਮੀਡਿਆ ਇੰਚਾਰਜ ਤੇ ਸੀਨੀਅਰ ਆਗੂ ਲੋਕ ਸਭਾ ਹਲਕਾ ਫ਼ਿਰੋਜ਼ਪੁਰ, ਸੀਨੀਅਰ ਆਗੂ ਬਲਰਾਜ ਸਿੰਘ ਸੰਧੂ, ਦਲਜੀਤ ਸਿੰਘ ਬਾਬਾ, ਦਰਸ਼ਨ ਸਿੰਘ, ਜਸਬੀਰ ਸਿੰਘ ਕੰਬੋਜ ਜੋਧਪੁਰ, ਬਲਵੀਰ ਸਿੰਘ ਫੱਤੇਵਾਲਾ ਬਲਾਕ ਪ੍ਰਧਾਨ, ਮੇਜਰ ਸਿੰਘ ਬੁਰਜੀ ਜ਼ਿਲ੍ਹਾ ਪ੍ਰਧਾਨ ਐੱਸ ਸੀ ਵਿੰਗ ਤੇ ਹਾਜ਼ਰ ਐੱਮ ਸੀ ਅਤੇ ਹੋਰ ਇਲਾਕਾ ਨਿਵਾਸੀਆਂ ਵੱਲੋਂ ਹਲਕਾ ਵਿਧਾਇਕ ਐਡਵੋਕੇਟ ਰਜਨੀਸ਼ ਦਹੀਆ ਤੇ ਉਪਿੰਦਰ ਸਿੰਧੀ ਦਾ ਹਾਰ ਪਾ ਕੇ ਸਨਮਾਨਤ ਕਰਦਿਆਂ ਵਧਾਈਆਂ ਦਿੱਤੀਆਂ ਗਈਆਂ। ਨਵੇਂ ਚੁਣੇ ਗਏ ਪ੍ਰਧਾਨ ਸਿੰਧੀ ਨੇ ਹਲਕਾ ਵਿਧਾਇਕ ਸ੍ਰੀ ਦਹੀਆ, ਸਮੂਹ ਐੱਮ ਸੀ ਤੇ ਮਮਦੋਟ ਵਾਸੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਮਿਲੀ ਜ਼ਿੰਮੇਵਾਰੀ ਨੂੰ ਬਿਨਾਂ ਕਿਸੇ ਭੇਦ ਭਾਵ ਦੇ ਪੂਰੀ ਤਨਦੇਹੀ ਨਾਲ ਨਿਭਾਉਣਗੇ। ਦਫ਼ਤਰੀ ਕਾਰਵਾਈ ਤੋਂ ਬਾਅਦ ਸਮੂਹ ਐੱਮ ਸੀ, ਪਾਰਟੀ ਵਰਕਰ ਆਪ ਮਮਦੋਟ ਟੀਮ ਤੇ ਮਮਦੋਟ ਵਾਸੀ ਢੋਲ 'ਤੇ ਨੱਚਦਿਆਂ ਖੁਸ਼ੀਆਂ ਮਨਾਉਂਦੀਆਂ ਉਨ੍ਹਾਂ ਦੇ ਘਰ ਤੱਕ ਛੱਡਣ ਗਏ, ਜਿਥੇ ਹਾਜ਼ਰ ਪਰਵਾਰਕ ਮੈਂਬਰਾਂ ਅਤੇ ਵਾਰਡ ਵਾਸੀਆਂ ਵੱਲੋਂ ਉਨ੍ਹਾਂ ਦਾ ਸ਼ਾਨਦਾਰ ਸੁਆਗਤ ਕੀਤਾ ਗਿਆ।

# ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਮੌਕੇ ਕਿਰਤੀਆਂ ਨੂੰ ਕੀਤਾ ਜਾਗਰੂਕ



**ਬਾਘਾ ਪੁਰਾਣਾ (ਮਨੀ ਸਿੰਗਲਾ)** ਮਾਣਯੋਗ ਸ੍ਰੀ ਜੇ ਇਲਨਚੇਲੀਅਨ ਆਈ ਪੀ ਐੱਸ ਸੀਨੀਅਰ ਕਪਤਾਨ ਪੁਲਸ ਮੋਗਾ ਦੇ ਦਿਸ਼ਾ ਨਿਰਦੇਸ਼ ਹੇਠ ਤੇ ਸ੍ਰ. ਜੋਰਾ ਸਿੰਘ ਕਾਗੜਾ ਡੀ ਐੱਸ ਪੀ ਟ੍ਰੈਫਿਕ ਮੋਗਾ ਦੀ ਰਹਿਨੁਮਾਈ ਹੇਠ ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ 26 ਜੂਨ ਨੂੰ ਮੁੱਖ ਰੱਖਦਿਆਂ ਛਿਲਕਾ ਤੂੜੀ ਵਰਕਰ ਯੂਨੀਅਨ ਬਾਘਾ ਪੁਰਾਣਾ ਦੇ ਕਿਰਤੀਆਂ ਨੂੰ ਟ੍ਰੈਫਿਕ ਐਜੂਕੇਸ਼ਨ ਸੈੱਲ ਮੋਗਾ ਵੱਲੋਂ ਸਾਂਝ ਕੇਂਦਰ ਸਬ-ਡਵੀਜ਼ਨ ਬਾਘਾ ਪੁਰਾਣਾ, ਥਾਣਾ ਬਾਘਾ ਪੁਰਾਣਾ ਤੇ ਐੱਸ ਟੀ ਐੱਫ ਫਰੀਦਕੋਟ-ਮੋਗਾ ਰੇਂਜ ਵੱਲੋਂ ਨਸ਼ਿਆਂ ਤੋਂ ਦੂਰ ਰਹਿਣ ਸੰਬੰਧੀ ਜਾਗਰੂਕ ਕੀਤਾ ਗਿਆ। ਐੱਸ ਆਈ ਗੁਰਤੇਜ ਸਿੰਘ ਵਧੀਕ ਮੁੱਖ ਅਫਸਰ ਥਾਣਾ ਬਾਘਾ ਪੁਰਾਣਾ, ਏ ਐੱਸ ਆਈ ਕੇਵਲ ਸਿੰਘ ਇੰਚਾਰਜ ਟ੍ਰੈਫਿਕ ਐਜੂਕੇਸ਼ਨ ਸੈੱਲ ਮੋਗਾ, ਏ ਐੱਸ ਆਈ ਸੁਖਮੰਦਰ ਸਿੰਘ ਇੰਚਾਰਜ ਸਾਂਝ ਕੇਂਦਰ ਸਬ-ਡਵੀਜ਼ਨ ਬਾਘਾ ਪੁਰਾਣਾ, ਏ ਐੱਸ ਆਈ ਦਲਜੀਤ ਸਿੰਘ ਐੱਸ ਟੀ ਐੱਫ ਫਰੀਦਕੋਟ ਮੋਗਾ ਰੇਂਜ ਨੇ ਸੰਬੋਧਨ ਕੀਤਾ। ਐੱਸ ਆਈ ਗੁਰਤੇਜ ਸਿੰਘ ਵਧੀਕ ਮੁੱਖ ਅਫਸਰ ਥਾਣਾ ਬਾਘਾ ਪੁਰਾਣਾ ਨੇ ਸਾਰਿਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਤੇ ਨਸ਼ਾ ਸਮਗਲਰਾਂ ਦੀ ਇਤਲਾਹ ਥਾਣੇ 'ਚ ਦੇਣ ਦੀ ਅਪੀਲ ਕੀਤੀ। ਕੇਵਲ ਸਿੰਘ ਇੰਚਾਰਜ ਟ੍ਰੈਫਿਕ ਐਜੂਕੇਸ਼ਨ ਸੈੱਲ ਮੋਗਾ ਨੇ ਸਾਰਿਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਸਬੰਧੀ ਜਾਗਰੂਕ ਕੀਤਾ ਅਤੇ ਨਸ਼ਾ ਸਮੱਗਲਰਾਂ ਨੂੰ ਫੜਨ ਤੇ ਨਸ਼ਾ ਸਮਗਲਰਾਂ ਵਿਰੁੱਧ ਸਖਤ ਕਾਰਵਾਈ ਕਰਨ ਅਤੇ ਕਰਵਾਉਣ ਸਬੰਧੀ ਸਹੁੰ ਵੀ ਚੁਕਾਈ ਗਈ। ਏ ਐੱਸ ਆਈ ਸੁਖਮੰਦਰ ਸਿੰਘ ਇੰਚਾਰਜ ਸਾਂਝ ਕੇਂਦਰ ਸਬ-ਡਵੀਜ਼ਨ ਬਾਘਾ ਪੁਰਾਣਾ ਨੇ ਸਾਰਿਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਾਂਝ ਕੇਂਦਰਾਂ ਤੋਂ ਮਿਲ ਰਹੀਆਂ ਸੁਵਿਧਾਵਾਂ ਸਬੰਧੀ ਜਾਗਰੂਕ ਕੀਤਾ। ਏ ਐੱਸ ਆਈ ਦਲਜੀਤ ਸਿੰਘ ਐੱਸ ਟੀ ਐੱਫ ਰੇਂਜ ਫਰੀਦਕੋਟ ਮੋਗਾ ਨੇ ਨਸ਼ਿਆਂ ਤੋਂ ਦੂਰ ਰਹਿਣ ਤੇ ਨਸ਼ਾ ਤਸਕਰਾਂ ਦੀ ਇਤਲਾਹ ਐੱਸ ਟੀ ਐੱਫ ਟੀਮ ਨੂੰ ਦੇਣ ਸਬੰਧੀ ਅਪੀਲ ਕੀਤੀ।

ਇਸ ਮੌਕੇ ਹੈੱਡ ਕਾਂਸਟੇਬਲ ਸੁਖਜਿੰਦਰ ਸਿੰਘ ਟ੍ਰੈਫਿਕ ਐਜੂਕੇਸ਼ਨ ਸੈੱਲ ਮੋਗਾ, ਹੈੱਡ ਕਾਂਸਟੇਬਲ ਜਗਰੂਪ ਸਿੰਘ ਟ੍ਰੈਫਿਕ ਸਟਾਫ ਬਾਘਾ ਪੁਰਾਣਾ, ਹੈੱਡ ਕਾਂਸਟੇਬਲ ਬੇਅੰਤ ਸਿੰਘ, ਹੈੱਡ ਕਾਂਸਟੇਬਲ ਕੁਲਵਿੰਦਰ ਸਿੰਘ, ਹੈੱਡ ਕਾਂਸਟੇਬਲ ਅਮਰਪਾਲ ਸਿੰਘ, ਹੈੱਡ ਕਾਂਸਟੇਬਲ ਸੁਖਦੀਪ ਸਿੰਘ, ਲੇਡੀ ਹੈੱਡ ਕਾਂਸਟੇਬਲ ਕਰਮਜੀਤ ਕੌਰ, ਲੇਡੀ ਹੈੱਡ ਕਾਂਸਟੇਬਲ ਰਮਨਦੀਪ ਕੌਰ ਤੇ ਸਮੂਹ ਸਟਾਫ ਸਾਂਝ ਕੇਂਦਰ ਸਬ-ਡਵੀਜ਼ਨ ਬਾਘਾ ਪੁਰਾਣਾ, ਹੈੱਡ ਕਾਂਸਟੇਬਲ ਜਗਸੀਰ ਸਿੰਘ, ਹੈੱਡ ਕਾਂਸਟੇਬਲ ਸਤਵੰਤ ਸਿੰਘ, ਹੈੱਡ ਕਾਂਸਟੇਬਲ ਦਿਲਦਾਰ ਸਿੰਘ, ਸਿਪਾਹੀ ਸੁਖਦੀਪ ਸਿੰਘ ਸਮੂਹ ਸਟਾਫ ਐੱਸ ਟੀ ਐੱਫ ਫਰੀਦਕੋਟ-ਮੋਗਾ ਰੇਂਜ, ਏ ਐੱਸ ਆਈ ਕੁਲਦੀਪ ਰਾਜ, ਸਿਪਾਹੀ ਲਵਪ੍ਰੀਤ ਸਿੰਘ ਥਾਣਾ ਬਾਘਾ ਪੁਰਾਣਾ, ਯੂਨੀਅਨ ਪ੍ਰਧਾਨ ਗੁਰਮੇਲ ਸਿੰਘ, ਸੈਕਟਰੀ ਜਸ਼ਨਦੀਪ ਸਿੰਘ, ਮੈਂਬਰ ਭਿੰਦਰ ਸਿੰਘ ਹਾਜ਼ਰ ਸਨ।

# ਗੁਰਮਤਿ ਸਿਖਲਾਈ ਕੈਂਪ ਲਾਇਆ



**ਹਠੂਰ/ਜਗਰਾਓਂ (ਨਛੱਤਰ ਸੰਧੂ)** ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁ. ਪ੍ਰ. ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਜੀ ਪਿੰਡ ਢੋਲਣ ਵਿਖੇ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ, ਜਿਸ ਵਿੱਚ ਭਾਈ ਗੁਰਚਰਨ ਸਿੰਘ ਗਰੇਵਾਲ ਜਰਨਲ ਸਕੱਤਰ ਦੀ ਅਗਵਾਈ ਵਿੱਚ ਭਾਈ ਸਰਵਣ ਸਿੰਘ ਕਥਾਵਾਚਕ ਵੱਲੋਂ ਗੁਰਮਤਿ ਦੀ ਸਿਖਲਾਈ ਦਿੱਤੀ ਗਈ, ਜਿਸ ਵਿੱਚ ਗੁਰਬਾਣੀ ਸੰਥਿਆ, ਗੁਰ ਇਤਿਹਾਸ, ਨੈਤਿਕ ਕਦਰਾਂ ਕੀਮਤਾਂ ਬਾਰੇ ਜਾਣਕਾਰੀ ਦਿੱਤੀ ਗਈ। ਸਮਾਪਤੀ ਮੌਕੇ ਬੱਚਿਆਂ ਨੂੰ ਮੈਡਲ ਤੇ ਪ੍ਰਮਾਣ ਪੱਤਰ ਦਿੱਤੇ ਗਏ। ਹਰਨੇਕ ਸਿੰਘ ਗ੍ਰੰਥੀ, ਢੋਲਣ ਸ਼ਿੰਗਾਰਾ ਸਿੰਘ, ਗੁਰਦੁਆਰਾ ਸਾਹਿਬ ਦੇ ਪ੍ਰਧਾਨ, ਸਮੂਹ ਕਮੇਟੀ ਮੈਂਬਰ ਤੇ ਭਾਈ ਪ੍ਰਦੀਪ ਸਿੰਘ ਗਊਸ਼ਾਲਾ ਹਾਜ਼ਰ ਸਨ।

# ਸਿਹਤ ਵਿਭਾਗ ਵੱਲੋਂ ਵਿਸ਼ਵ ਨਸ਼ਾ ਵਿਰੋਧੀ ਦਿਵਸ ਸੰਬੰਧੀ ਸਮਾਗਮ

## ਹਰ ਤਰ੍ਹਾਂ ਦਾ ਨਸ਼ਾ ਮਾਹਰ ਡਾਕਟਰ ਦੀ ਸਲਾਹ ਨਾਲ ਬਿਨਾਂ ਤਕਲੀਫ ਤੋਂ ਛੱਡਿਆ ਜਾ ਸਕਦੈ : ਡਾ. ਰੰਜੂ ਸਿੰਗਲਾ



**ਮੁਕਤਸਰ (ਸ਼ਮਿੰਦਰਪਾਲ, ਪੂਜਾ)** ਸਿਹਤ ਵਿਭਾਗ ਵੱਲੋਂ ਵਿਸ਼ਵ ਵਿਆਪੀ ਨਸ਼ਾ ਵਿਰੋਧੀ ਦਿਵਸ ਸਬੰਧੀ ਸਿਵਲ ਹਸਪਤਾਲ ਸ੍ਰੀ ਮੁਕਤਸਰ ਸਾਹਿਬ ਵਿਖੇ ਸਮਾਗਮ ਕੀਤਾ ਗਿਆ, ਜਿਸ ਵਿੱਚ ਡਾ. ਰੰਜੂ ਸਿੰਗਲ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ। ਇਸ ਮੌਕੇ ਉਨ੍ਹਾ ਕਿਹਾ ਕਿ ਹਰ ਸਾਲ 26 ਜੂਨ ਨੂੰ ਵਿਸ਼ਵ ਪੱਧਰ 'ਤੇ ਨਸ਼ਿਆਂ ਵਿਰੋਧੀ ਦਿਵਸ ਮਨਾਇਆ ਜਾਂਦਾ ਹੈ। ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚੋਂ ਨਸ਼ੇ ਦੀ ਅਲਾਮਤ ਨੂੰ ਜੜ੍ਹੋਂ ਖਤਮ ਕਰਨ ਦੇ ਉਦੇਸ਼ ਤੇ ਨਸ਼ਾ ਛੁਡਾਊ ਪ੍ਰੋਗਰਾਮ ਨੂੰ ਹੋਰ ਮਜ਼ਬੂਤ ਕਰਦੇ ਹੋਏ ਸਿਵਲ ਹਸਪਤਾਲ ਸ੍ਰੀ ਮੁਕਤਸਰ ਸਾਹਿਬ ਤੇ ਮਲੋਟ ਵਿਖੇ ਨਸ਼ਾ ਛੁਡਾਊ ਕੇਂਦਰ ਸਥਾਪਤ ਕੀਤੇ ਗਏ ਹਨ, ਜਿੱਥੇ ਕਿ ਨਸ਼ਾ ਪੀੜਤ ਵਿਅਕਤੀਆਂ ਨੂੰ ਦਾਖਲ ਕਰਕੇ ਮਾਹਰ ਡਾਕਟਰਾਂ ਦੀ ਨਿਗਰਾਨੀ ਵਿੱਚ ਬਿਨਾਂ ਤਕਲੀਫ ਤੋਂ ਬਿਲਕੁਲ ਮੁਫਤ ਨਸ਼ਾ ਛੁਡਵਾਇਆ ਜਾਂਦਾ ਹੈ। ਸਿਹਤ ਵਿਭਾਗ ਦੇ ਸਟਾਫ ਦੁਆਰਾ ਸਮੇਂ-ਸਮੇਂ ਲੋਕਾਂ ਨੂੰ ਨਸ਼ੇ ਦੇ ਬੁਰੇ ਪ੍ਰਭਾਵਾਂ ਬਾਰੇ ਜਾਗਰੂਕ ਕਰਕੇ ਨਸ਼ਾ ਛੱਡਣ ਲਈ ਪ੍ਰੇਰਿਤ ਕੀਤਾ ਜਾਂਦਾ ਹੈ। ਉਨ੍ਹਾ ਕਿਹਾ ਕਿ ਨਸ਼ੇ ਦੇ ਟੀਕੇ ਲਾਉਣ ਵਾਲੇ ਵਿਅਕਤੀ ਬਹੁਤ ਸਾਰੀਆਂ ਬੀਮਾਰੀਆਂ ਦਾ ਸ਼ਿਕਾਰ ਹੋ ਜਾਂਦੇ ਹਨ। ਇਸ ਲਈ ਭੁੱਲ ਕੇ ਵੀ ਨਸ਼ੇ ਦਾ ਟੀਕਾ ਨਹੀਂ ਲਗਾਉਣਾ ਚਾਹੀਦਾ ਤੇ ਮਾਹਰ ਡਾਕਟਰ ਦੀ ਸਲਾਹ ਨਾਲ ਨਸ਼ਾ ਛੱਡਣਾ ਚਾਹੀਦਾ ਹੈ। ਇਸ ਮੌਕੇ ਡਾ. ਬੰਦਨਾ ਬਾਂਸਲ ਡਿਪਟੀ ਮੈਡੀਕਲ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ 19 ਓਟ ਸੈਂਟਰ ਚਲਾਏ ਜਾ ਰਹੇ ਹਨ, ਜਿੱਥੇ ਕਿ ਬਿਨਾਂ ਦਾਖਲ ਹੋਏ ਕੋਈ ਵੀ ਮਰੀਜ਼ ਨਸ਼ਾ ਛੱਡਣ ਦੀ ਦਵਾਈ ਮੁਫਤ ਪ੍ਰਾਪਤ ਕਰ ਸਕਦਾ ਹੈ ਤੇ ਨਸ਼ਾ ਛੱਡਣ ਦੇ ਨਾਲ ਨਾਲ ਆਪਣਾ ਰੋਜ਼ਾਨਾ ਦਾ ਕੰਮ ਕਾਜ ਵੀ ਕਰ ਸਕਦਾ ਹੈ। ਉਨ੍ਹਾ ਕਿਹਾ ਕਿ ਇਸ ਸਮੇਂ ਜਿਹੜੇ ਨਸ਼ਾ ਰੋਗੀਆਂ ਦੀ ਰਜਿਸ਼ਟ੍ਰੇਸ਼ਨ ਕਿਸੇ ਵੀ ਸੈਂਟਰ 'ਤੇ ਹੋਈ ਹੈ, ਉਹ ਆਪਣੇ ਨਜ਼ਦੀਕ ਪੈਂਦੇ ਕਿਸੇ ਵੀ ਸੈਂਟਰ ਤੋਂ ਦਵਾਈ ਲੈ ਸਕਦਾ ਹੈ। ਉਨ੍ਹਾ ਕਿਹਾ ਕਿ ਇਨ੍ਹਾਂ ਓਟ ਸੈਂਟਰਾਂ 'ਤੇ ਨਸ਼ਾ ਰੋਗੀਆਂ ਨੂੰ 14 ਦਿਨ ਤੱਕ ਦੀ ਮੁਫ਼ਤ ਦਵਾਈ ਦਿੱਤੀ ਜਾਵੇਗੀ ਤਾਂ ਜੋ ਉਹ ਨਸ਼ਾ ਛੱਡਣ ਦੇ ਨਾਲ ਨਾਲ ਆਪਣਾ ਕੰਮ ਕਾਜ ਵੀ ਕਰ ਸਕਣ। ਉਨ੍ਹਾਂ ਦੱਸਿਆ ਕਿ ਪਹਿਲੀ ਵਾਰ ਨਸ਼ਾ ਰੋਗੀ ਨੂੰ ਆਪਣੀ ਰਜਿਸਟ੍ਰੇਸ਼ਨ ਕਰਵਾਉਣ ਲਈ ਸਿਵਲ ਹਸਪਤਾਲ ਸ੍ਰੀ ਮੁਕਤਸਰ ਸਾਹਿਬ ਜਾਂ ਮਲੋਟ ਵਿਖੇ ਹੀ ਜਾਣਾ ਪਵੇਗਾ। ਉਸ ਤੋਂ ਬਾਅਦ ਉਹ ਨੇੜੇ ਦੇ ਕਿਸੇ ਵੀ ਓਟ ਸੈਂਟਰ ਤੋਂ ਦਵਾਈ ਲੈ ਸਕਦੇ ਹਨ। ਇਸ ਮੌਕੇ ਰਾਹੁਲ ਜਿੰਦਲ ਨਸ਼ਾ ਛੁਡਾਉਣ ਦੇ ਮਾਹਰ ਨੇ ਕਿਹਾ ਕਿ ਕੋਈ ਵੀ ਵਿਅਕਤੀ ਕਿੰਨਾ ਵੀ ਨਸ਼ਾ ਕਰਦੇ ਹੋਏ ਮਾਹਰ ਡਾਕਟਰ ਦੀ ਸਲਾਹ ਨਾਲ ਬਿਨਾਂ ਤਕਲੀਫ ਤੋਂ ਨਸ਼ਾ ਛੱਡ ਸਕਦਾ ਹੈ। ਇਸ ਮੌਕੇ ਡਾ. ਭੁਪਿੰਦਰਜੀਤ ਕੌਰ ਐੱਸ. ਐੱਮ. ਓ., ਸੁਖਮੰਦਰ ਸਿੰਘ ਜ਼ਿਲ੍ਹਾ ਮਾਸ ਮੀਡੀਆ ਅਫਸਰ, ਲਖਵੀਰ ਕੌਰ ਕਾਊਂਸਲਰ ਹਾਜ਼ਰ ਸਨ।

# ਮੀਡੀਆ ਕਲੱਬ ਫਤਹਿਗੜ੍ਹ ਸਾਹਿਬ ਦੀ ਚੋਣ

- ਪਰਮਿੰਦਰ ਬਖਸ਼ੀ ਪ੍ਰਧਾਨ ਤੇ ਰਵਿੰਦਰ ਢੀਂਡਸਾ ਜਨਰਲ ਸਕੱਤਰ ਬਣੇ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਮੀਡੀਆ ਕਲੱਬ ਫਤਹਿਗੜ੍ਹ ਸਾਹਿਬ ਦੀ ਇਕ ਵਿਸ਼ੇਸ਼ ਮੀਟਿੰਗ ਕਲੱਬ ਦੇ ਮੀਤ ਪ੍ਰਧਾਨ ਪ੍ਰਮੋਦ ਭਾਰਦਵਾਜ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਸੀਨੀਅਰ ਪੱਤਰਕਾਰ ਭੂਸ਼ਨ ਸੂਦ, ਪਰਮਿੰਦਰ ਸਿੰਘ ਬਖਸ਼ੀ, ਗੁਰਪ੍ਰੀਤ ਸਿੰਘ ਮਹਿਕ, ਬਲਜਿੰਦਰ ਸਿੰਘ, ਜਗਦੇਵ ਸਿੰਘ, ਰਾਜੀਵ ਸੂਦ, ਰਵਿੰਦਰ ਸਿੰਘ ਢੀਂਡਸਾ, ਜਤਿੰਦਰ ਸਿੰਘ ਰਾਠੌਰ, ਬਹਾਦਰ ਸਿੰਘ ਟਿਵਾਣਾ, ਰਾਜਿੰਦਰ ਸਿੰਘ ਭੱਟ, ਸਵਰਨਜੀਤ ਸਿੰਘ ਸੇਠੀ, ਦੀਪਕ ਸੂਦ, ਕਰਨ ਸ਼ਰਮਾ, ਕੇ ਆਰ ਥਾਪਰ ਆਦਿ ਨੇ ਭਾਗ ਲਿਆ। ਇਸ ਮੀਟਿੰਗ ਵਿੱਚ ਕਲੱਬ ਦੀ ਸਾਲਾਨਾ ਚੋਣ ਦੌਰਾਨ ਪ੍ਰਧਾਨਗੀ ਲਈ ਪ੍ਰਮੋਦ ਭਾਰਦਵਾਜ ਵੱਲੋਂ ਬਲਜਿੰਦਰ ਸਿੰਘ ਦਾ ਨਾਮ ਪ੍ਰਧਾਨਗੀ ਲਈ ਪੇਸ਼ ਕੀਤਾ ਗਿਆ, ਪ੍ਰੰਤੂ ਬਲਜਿੰਦਰ ਸਿੰਘ ਵੱਲੋਂ ਮੌਜੂਦਾ ਸਮੇਂ ਜ਼ਿਆਦਾ ਰੁਝੇਵੇਂ ਹੋਣ ਕਾਰਨ ਅਤੇ ਸਮੇਂ ਦੀ ਘਾਟ ਕਾਰਨ ਇਸ ਅਹੁਦੇ ਲਈ ਆਪਣੀ ਜਗ੍ਹਾ ਸੀਨੀਅਰ ਪੱਤਰਕਾਰ ਪਰਮਿੰਦਰ ਸਿੰਘ ਬਖਸ਼ੀ ਦਾ ਨਾਮ ਪੇਸ਼ ਕੀਤਾ, ਜਿਸ ਨੂੰ ਹਾਜ਼ਰ ਮੈਂਬਰਾਂ ਨੇ ਸਰਬਸੰਮਤੀ ਨਾਲ ਪ੍ਰਧਾਨ ਚੁਣ ਲਿਆ। ਰਵਿੰਦਰ ਸਿੰਘ ਢੀਂਡਸਾ ਨੂੰ ਕਲੱਬ ਦਾ ਜਨਰਲ ਸਕੱਤਰ ਚੁਣਿਆ ਗਿਆ। ਹਾਜ਼ਰ ਮੈਂਬਰਾਂ ਨੇ ਕਲੱਬ ਦੇ ਹੋਰ ਅਹੁਦੇਦਾਰਾਂ ਦੀ ਨਿਯੁਕਤੀ ਲਈ ਅਧਿਕਾਰ ਕਲੱਬ ਪ੍ਰਧਾਨ ਨੂੰ ਦੇ ਦਿੱਤੇ, ਜੋ ਬਾਕੀ ਮੈਂਬਰਾਂ ਨਾਲ ਸਲਾਹ ਤੋਂ ਬਾਅਦ ਨਵੀਂ ਟੀਮ ਘੋਸ਼ਿਤ ਕਰ ਦੇਣਗੇ। ਮੀਟਿੰਗ ਦੌਰਾਨ ਅਮਲੋਹ ਤੋਂ ਪੱਤਰਕਾਰ ਰਿਸ਼ੂ ਗੋਇਲ 'ਤੇ ਦਰਜ ਹੋਏ ਮਾਮਲੇ ਦੀ ਨਿੰਦਾ ਕਰਦਿਆਂ ਰਿਸ਼ੂ ਗੋਇਲ ਦੇ ਪਰਿਵਾਰ ਨੂੰ ਹਰ ਤਰ੍ਹਾਂ ਦਾ ਸਹਿਯੋਗ ਦੇਣ ਤੇ ਜ਼ਿਲ੍ਹਾ ਪੁਲਸ ਅਧਿਕਾਰੀ ਤੋਂ ਪੱਤਰਕਾਰ ਨੂੰ ਇਨਸਾਫ ਦਿੱਤੇ ਜਾਣ ਦੀ ਮੰਗ ਕੀਤੀ। ਇਸ ਦੌਰਾਨ ਨਵ-ਨਿਯੁਕਤ ਪ੍ਰਧਾਨ ਪਰਮਿੰਦਰ ਸਿੰਘ ਬਖਸ਼ੀ ਤੇ ਰਵਿੰਦਰ ਸਿੰਘ ਢੀਂਡਸਾ ਵੱਲੋਂ ਕਲੱਬ ਮੈਂਬਰਾਂ ਨੂੰ ਭਰੋਸਾ ਦਿੱਤਾ ਕਿ ਉਹ ਪੱਤਰਕਾਰ ਭਾਈਚਾਰੇ ਦੀ ਬਿਹਤਰੀ ਲਈ ਕੰਮ ਕਰਨਗੇ ਤੇ ਪੱਤਰਕਾਰਾਂ ਦੀਆਂ ਸਾਂਝੀਆਂ ਸਮੱਸਿਆਵਾਂ ਨੂੰ ਦੂਰ ਕਰਵਾਉਣ ਅਤੇ ਮੰਗਾਂ ਨੂੰ ਪੂਰਾ ਕਰਵਾਉਣ ਲਈ ਯਤਨ ਕਰਨਗੇ। ਉਨ੍ਹਾਂ ਕਿਹਾ ਕਿ ਕਲੱਬ ਦਾ ਘੇਰਾ ਬੜਾ ਕਰਨ ਦੇ ਯਤਨ ਕੀਤੇ ਜਾਣਗੇ ਅਤੇ ਕਲੱਬ ਮੈਂਬਰਾਂ ਦੇ ਬੈਠਣ ਤੇ ਪ੍ਰੈੱਸ ਕਾਨਫਰੰਸ ਲਈ ਜਗ੍ਹਾ ਦਾ ਪ੍ਰਬੰਧ ਕਰਨ ਨੂੰ ਪਹਿਲ ਦਿੱਤੀ ਜਾਵੇਗੀ, ਜਿਸ ਵਿੱਚ ਹਰ ਮਹੀਨੇ ਪੱਤਰਕਾਰਾਂ ਦੀ ਮੀਟਿੰਗ ਕਰਕੇ ਕਲੱਬ ਦੀ ਬਿਹਤਰੀ ਲਈ ਵਿਚਾਰਾਂ ਕਰਕੇ ਕੰਮ ਕੀਤੇ ਜਾਣਗੇ। ਇਸ ਮੌਕੇ ਕਲੱਬ ਦੇ ਸੀਨੀਅਰ ਪੱਤਰਕਾਰ ਭੂਸ਼ਨ ਸੂਦ ਨੇ ਪਰਮਿੰਦਰ ਬਖਸ਼ੀ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਪਰਮਿੰਦਰ ਬਖਸ਼ੀ ਲੰਮੇ ਸਮੇਂ ਤੋਂ ਪੱਤਰਕਾਰੀ ਦੇ ਖੇਤਰ ਵਿੱਚ ਸਰਗਰਮ ਹਨ, ਇਸ ਲਈ ਉਹ ਪੱਤਰਕਾਰ ਭਾਈਚਾਰੇ ਦੀਆਂ ਸਮੱਸਿਆਵਾਂ ਤੋਂ ਚੰਗੀ ਤਰ੍ਹਾਂ ਜਾਣੂ ਹਨ। ਸੀਨੀਅਰ ਪੱਤਰਕਾਰ ਬਲਜਿੰਦਰ ਸਿੰਘ ਨੇ ਕਿਹਾ ਕਿ ਅੱਜ ਦੇ ਸਮੇਂ ਪੱਤਰਕਾਰ ਭਾਈਚਾਰੇ ਨੂੰ ਇੱਕਮੁੱਠ ਹੋਣ ਦੀ ਲੋੜ ਹੈ, ਇਸ ਨਾਲ ਕਾਫੀ ਸਮੱਸਿਆਵਾਂ ਆਪਣੇ ਆਪ ਹੱਲ ਹੋ ਜਾਣਗੀਆਂ।

# ਕੈਬਨਿਟ ਮੰਤਰੀ ਵੱਲੋਂ ਜੰਡਿਆਲਾ ਗੁਰੂ ਬੱਸ ਅੱਡੇ ਤੇ ਬਿਜਲੀ ਘਰ ਦੀ ਚੈਕਿੰਗ

## ਅੱਡੇ 'ਤੇ ਬੱਸ ਨਾ ਰੋਕਣ ਲਈ ਡਰਾਈਵਰ ਤੇ ਕੰਡਕਟਰ ਨੂੰ ਪਾਈ ਝਾੜ



ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)-ਹਰਭਜਨ ਸਿੰਘ ਈਟੀਓ ਕੈਬਨਿਟ ਮੰਤਰੀ ਪੰਜਾਬ ਨੇ ਵਰ੍ਹਦੇ ਮੀਂਹ ਵਿੱਚ ਜੰਡਿਆਲਾ ਗੁਰੂ ਬੱਸ ਅੱਡੇ 'ਤੇ ਚੈਕਿੰਗ ਕੀਤੀ ਅਤੇ ਖੁਦ ਜੰਡਿਆਲਾ ਗੁਰੂ ਬੱਸ ਅੱਡੇ ਤੇ ਬੱਸ ਨੂੰ ਰੁਕਵਾਇਆ।

ਸ: ਈਟੀਓ ਨੇ ਡਰਾਈਵਰ ਅਤੇ ਕੰਡਕਟਰ ਨੂੰ ਅੱਡੇ 'ਤੇ ਬੱਸ ਨਾ ਰੋਕਣ 'ਤੇ ਝਾੜ ਪਾਈ ਅਤੇ ਸਖਤ ਚੇਤਾਵਨੀ ਦਿੱਤੀ ਕਿ ਜੇਕਰ ਜੰਡਿਆਲਾ ਗੁਰੂ ਬੱਸ ਅੱਡੇ 'ਤੇ ਬੱਸਾਂ ਨੂੰ ਨਾ ਰੋਕਿਆ ਤਾਂ ਉਨ੍ਹਾਂ ਡਰਾਈਵਰਾਂ ਅਤੇ ਕੰਡਕਟਰਾਂ ਵਿਰੁੱਧ ਅਨੁਸ਼ਾਸਨੀ ਕਾਰਵਾਈ ਕੀਤੀ ਜਾਵੇਗੀ।

ਇਸ ਉਪਰੰਤ ਸ: ਈਟੀਓ ਬਿਜਲੀ ਦਫਤਰ ਜੰਡਿਆਲਾ ਗੁਰੂ ਵਿਖੇ ਪੁੱਜੇ ਅਤੇ ਦਫਤਰ ਦੀ ਚੈਕਿੰਗ ਕੀਤੀ। ਉਨ੍ਹਾਂ ਸਮੂਹ ਸਟਾਫ ਨੂੰ ਹਦਾਇਤ ਕੀਤੀ ਕਿ ਉਹ ਸਮੇਂ ਸਿਰ ਦਫਤਰ ਆਉਣ।

ਉਨ੍ਹਾਂ ਕਿਹਾ ਕਿ ਕਿਸੇ ਤਰ੍ਹਾਂ ਦੀ ਵੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਦਫਤਰ ਵਿਖੇ ਦੇਰ ਨਾਲ ਆਉਣ ਵਾਲੇ ਕਰਮਚਾਰੀਆਂ ਵਿਰੁੱਧ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਬਿਜਲੀ ਵਿਭਾਗ ਦੇ ਅਧਿਕਾਰੀਆਂ ਨੂੰ ਬਿਜਲੀ ਸਪਲਾਈ ਸੁਚਾਰੂ ਢੰਗ ਨਾਲ ਚਲਾਉਣ ਦੇ ਨਿਰਦੇਸ਼ ਦਿੱਤੇ ਅਤੇ ਕਿਹਾ ਕਿ ਲੋਕਾਂ ਦੀਆਂ ਸ਼ਿਕਾਇਤਾਂ ਤੇ ਤੁਰੰਤ ਕਾਰਵਾਈ ਕਰਕੇ ਉਨ੍ਹਾਂ ਦਾ ਹੱਲ ਕੀਤਾ ਜਾਵੇ।

ਸ: ਈ ਟੀ ਓ ਨੇ ਦੱਸਿਆ ਕਿ ਪੀ.ਐਸ.ਪੀ.ਸੀ.ਐਲ. ਦੇ ਸਾਰੇ ਅਧਿਕਾਰੀ ਤੇ ਕਰਮਚਾਰੀ ਪ੍ਰਸ਼ੰਸਾ ਦੇ ਹੱਕਦਾਰ ਹਨ ਜਿਨ੍ਹਾਂ ਨੇ ਨਿਰੰਤਰ ਬਿਜਲੀ ਸਪਲਾਈ ਵਿੱਚ ਆਪਣਾ ਅਹਿਮ ਯੋਗਦਾਨ ਪਾਇਆ ਹੈ।

ਉਨ੍ਹਾਂ ਦੱਸਿਆ ਕਿ ਉਪਭੋਗਤਾਵਾਂ ਦੀ ਉੱਚ ਮੰਗ 15325 ਮੈਗਾਵਾਟ ਨੂੰ ਪੂਰਾ ਕਰਕੇ ਨਵਾਂ ਰਿਕਾਰਡ ਬਣਾਇਆ ਹੈ। ਉਨ੍ਹਾਂ ਕਿਹਾ ਕਿ ਗਰਮੀ ਦੇ ਦਿਨਾਂ ਵਿੱਚ ਵੀ ਕਿਸਾਨਾਂ ਨੂੰ ਮੁੱਖ ਮੰਤਰੀ ਭਗਵੰਤ ਮਾਨ ਦੇ ਵਾਅਦੇ ਅਨੁਸਾਰ 8 ਘੰਟੇ ਬਿਜਲੀ ਦਿੱਤੀ ਜਾ ਰਹੀ ਹੈ ਤਾਂ ਜੋ ਝੋਨੇ ਦੀ ਫਸਲ ਦੀ ਬਿਜਾਈ ਕਰ ਸਕਣ।

# ਪਾਕਿ ਸਿੱਖਾਂ 'ਤੇ ਵਧ ਰਹੇ ਕਾਤਲਾਨਾ ਹਮਲਿਆਂ ਪ੍ਰਤੀ ਚਿੰਤਾ ਦਾ ਪ੍ਰਗਟਾਵਾ

**ਅੰਮ੍ਰਿਤਸਰ** (ਜਸਬੀਰ ਸਿੰਘ ਪੱਟੀ)-ਚੀਫ਼ ਖ਼ਾਲਸਾ ਦੀਵਾਨ ਵੱਲੋਂ ਪਾਕਿਸਤਾਨ ਦੇ ਪਿਸ਼ਾਵਰ ਸ਼ਹਿਰ ਵਿਚ ਸਿੱਖ ਕਾਰੋਬਾਰੀ ਮਨਮੋਹਨ ਸਿੰਘ ਦੀ ਕੁੱਝ ਕੱਟੜਪੰਥੀਆਂ ਵਲੋਂ ਗੋਲੀਆ ਮਾਰ ਕੇ ਹੱਤਿਆ ਕਰਨ ਦੀ ਘਟਨਾ ਨੂੰ ਬਹੁਤ ਹੀ ਮੰਦਭਾਗਾ ਅਤੇ ਦੁੱਖਦਾਈ ਕਰਾਰ ਦਿੱਤਾ ਗਿਆ। ਚੀਫ਼ ਖ਼ਾਲਸਾ ਦੀਵਾਨ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ, ਆਨਰੇਰੀ ਸਕੱਤਰ ਸਵਿੰਦਰ ਸਿੰਘ ਕੱਥੂਨੰਗਲ ਨੇ ਸਾਂਝੇ ਤੌਰ 'ਤੇ ਦੁੱਖ ਪ੍ਰਗਟ ਕਰਦਿਆਂ ਪਾਕਿਸਤਾਨ ਵਿਖੇ ਹਮਲਾਵਰਾਂ ਵੱਲੋਂ ਪਿਛਲੇਂ ਦੋ ਦਿਨਾਂ ਵਿਚ ਵੱਖ-ਵੱਖ ਹਮਲਿਆਂ ਦੌਰਾਨ ਦੋ ਸਿੱਖਾਂ ਨੂੰ ਗੋਲੀਆਂ ਮਾਰ ਕੇ ਦਹਿਸ਼ਤ ਫੈਲਾਉਣਾ ਗਹਿਰੀ ਚਿੰਤਾ ਦਾ ਵਿਸ਼ਾ ਦੱਸਿਆ। ਪਾਕਿ ਅੱਤਵਾਦੀ ਸੰਗਠਨਾਂ ਵੱਲੋਂ ਦਿਨ-ਦਿਹਾੜੇ ਸਿੱਖ ਨੌਜੁਆਨ ਦਾ ਕਤਲ ਕਰਕੇ ਸ਼ਰੇਆਮ ਇਸ ਕਤਲ ਦੀ ਜ਼ਿੰਮੇਵਾਰੀ ਲੈਣਾ ਪਾਕਿਸਤਾਨ ਪੁਲਸ ਦਾ ਦੋਸ਼ੀਆਂ ਪ੍ਰਤੀ ਨਰਮ ਰਵੱਈਆ ਪ੍ਰਗਟਾਉਂਦਾ ਹੈ ਜਿਸ ਦੇ ਨਤੀਜੇ ਵਜੋਂ ਆਏ ਦਿਨ ਅਜਿਹੀਆਂ ਦੁੱਖਦਾਈ ਘਟਨਾਵਾਂ ਵੱਧ ਰਹੀਆਂ ਹਨ ਅਤੇ ਜਿਸ ਕਾਰਨ ਪਾਕਿ ਵਿਖੇ ਨਾਨਕ ਪੰਥ ਨਾਲ ਪ੍ਰਣਾਏ ਸਿੱਖਾਂ ਲਈ ਮਾਹੌਲ ਸੁਖਾਵਾਂ ਨਹੀਂ ਹੈ। ਪਾਕਿ ਵਿਖੇ ਡਰ ਅਤੇ ਸਹਿਮ ਨਾਲ ਭਰੇ ਸਿੱਖ ਸਾਂਝੇ ਦੇਸ਼ ਦੀ ਵੰਡੀ ਧਰਤੀ ਦਾ ਸੰਤਾਪ ਹੰਢਾ ਰਹੇ ਹਨ। ਹਰ ਦੇਸ਼ ਦੀ ਸਰਕਾਰ ਦਾ ਮੁੱਢਲਾ ਫਰਜ਼ ਹੁੰਦਾ ਹੈ ਕਿ ਉਹ ਆਪਣੇ ਦੇਸ਼ ਵਿਚ ਵਸਦੇ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਵੇ। ਭਾਰਤ ਸਰਕਾਰ ਇਸ ਮਾਮਲੇ ਨੂੰ ਸੰਜੀਦਗੀ ਨਾਲ ਲੈਂਦਿਆਂ ਪਾਕਿ ਸਰਕਾਰ ਨਾਲ ਰਾਬਤਾ ਕਾਇਮ ਕਰਕੇ ਅਜਿਹੀ ਮੰਦਭਾਗੀ ਵਰਤਾਰੇ ਨੂੰ ਰੋਕਣ, ਉਥੋਂ ਦੇ ਸਿੱਖਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਅਜਿਹਾ ਘਿਨੌਣਾ ਕਾਰਨਾਮਾ ਕਰਨ ਵਾਲੇ ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦੇਣ ਲਈ ਦਬਾਅ ਬਣਾਉਣ ਦੀ ਅਪੀਲ ਕੀਤੀ। ਉਨ੍ਹਾਂ ਪਾਕਿ ਦੇ ਸਿੱਖ ਆਗੂਆਂ, ਗੁਰਦੁਆਰਾ ਕਮੇਟੀਆਂ ਅਤੇ ਸਿੱਖ ਜੱਥੇਬੰਦੀਆਂ ਵਲੋਂ ਇਕ ਇੱਕਜੁਟ ਹੋ ਕੇ ਸਿੱਖਾਂ 'ਤੇ ਹੁੰਦੇ ਹਮਲੇ ਅਤੇ ਅੱਤਿਆਚਾਰ ਰੋਕਣ ਲਈ ਅਤੇ ਪਾਕਿ ਦੇ ਸਿੱਖਾਂ ਲਈ ਸੁਰੱਖਿਅਤ ਮਾਹੌਲ ਬਣਾਉਣ ਹਿੱਤ ਉਥੋਂ ਦੀ ਸਰਕਾਰ ਨਾਲ ਵਿਸ਼ੇਸ਼ ਗੱਲਬਾਤ ਕਰਨ ਦੀ ਲੋੜ 'ਤੇ ਵੀ ਜ਼ੋਰ ਦਿੱਤਾ। ਆਨਰੇਰੀ ਸਕੱਤਰ ਅਜੀਤ ਸਿੰਘ ਬਸਰਾ, ਮੀਤ ਪ੍ਰਧਾਨ ਅਮਰਜੀਤ ਸਿੰਘ ਬਾਂਗਾ, ਮੀਤ ਪ੍ਰਧਾਨ ਜਗਜੀਤ ਸਿੰਘ, ਸਥਾਨਕ ਪ੍ਰਧਾਨ ਸੰਤੋਖ ਸਿੰਘ ਸੇਠੀ, ਆਨਰੇਰੀ ਜੁਆਇੰਟ ਸਕੱਤਰ/ਮੁੱਖ ਦਫ਼ਤਰ ਮੈਂਬਰ ਇੰਚਾਰਜ ਸੁਖਜਿੰਦਰ ਸਿੰਘ ਪ੍ਰਿੰਸ ਨੇ ਵੀ ਨਿੰਦਾ ਕੀਤੀ।

# ਮੰਗਾਂ ਨੂੰ ਲੈ ਕੇ ਮੁਲਾਜ਼ਮਾਂ ਦੇ ਸਾਂਝੇ ਫਰੰਟ ਨੇ ਮੰਗ ਪੱਤਰ ਸੌਂਪਿਆ



ਪੱਟੀ, (ਬਲਦੇਵ ਸਿੰਘ ਸੰਧੂ /ਸਮਸੇਰ ਸਿੰਘ ਯੋਧਾ)-ਪੰਜਾਬ ਸਰਕਾਰ ਵੱਲੋ ਵਿਕਾਸ ਦੇ ਨਾਂ ਤੇ ਪ੍ਰਤੀ ਪੈਨਸ਼ਨਰ 200 ਰੁਪਏ ਜਜੀਆ ਟੈਕਸ ਲਗਾ ਦਿੱਤਾ ਗਿਆ ਹੈ। ਹਰਜਿੰਦਰ ਸਿੰਘ ਜੰਡ ਤੇ ਜੋਗਾ ਸਿੰਘ ਨੇ ਸਾਂਝੇ ਬਿਆਨ ਰਾਹੀਂ ਇਸ ਫੈਸਲੇ ਦੀ ਕਰੜੀ ਅਲੋਚਨਾ ਕੀਤੀ। ਗੁਰਦਿਆਲ ਸਿੰਘ ਚੇਅਰਮੈਨ ਤੇ ਸਤਪਾਲ ਸ਼ਰਮਾ ਨੇ ਅੱਗੇ ਬਿਆਨ ਜਾਰੀ ਰੱਖਦਿਆਂ 8% ਡੀ ਏ ਪੈਨਸ਼ਨਰਾਂ ਤੇ ਮੁਲਾਜ਼ਮਾਂ ਦਾ ਬਣਦਾ ਬਕਾਇਆ ਛੇਤੀ ਤੋਂ ਛੇਤੀ ਦੇਣ ਦੀ ਮੰਗ ਕੀਤੀ।

ਪੁਰਾਣੀ ਪੈਨਸ਼ਨ ਬਹਾਲੀ ਕਮੇਟੀ ਦੇ ਸੂਬਾ ਆਗੂ ਜਰਨੈਲ ਸਿੰਘ ਪੱਟੀ ਨੇ ਕੇਂਦਰ ਸਰਕਾਰ ਵੱਲੋ ਪੁਰਾਣੀ ਪੈਨਸ਼ਨ ਕੱਟ ਦਿੱਤੀ ਗਈ ਹੈ। ਪੰਜਾਬ ਸਰਕਾਰ ਪੁਰਾਣੀ ਪੈਨਸ਼ਨ ਬਹਾਲ ਕਰੇ ਅਤੇ ਮੁਲਾਜ਼ਮਾਂ ਦੇ ਖੋਹੇ ਭੱਤੇ ਬਹਾਲ ਕਰੇ। ਪੇ ਕਮਿਸ਼ਨ ਦੀ ਰਿਪੋਰਟ ਇੰਨ-ਬਿੰਨ ਬਹਾਲ ਕੀਤੀ ਜਾਵੇ। ਜਨਰਲ ਸਕੱਤਰ ਜਗਤਾਰ ਸਿੰਘ ਆਸਲ ਨੇ ਮੰਗ ਪੱਤਰ ਸੌਂਪਦੇ ਹੋਏ ਤਹਿਸੀਲਦਾਰ ਨੂੰ ਅਪੀਲ ਕੀਤੀ ਕਿ ਇਹ ਮੰਗ ਪੱਤਰ ਪੰਜਾਬ ਸਰਕਾਰ ਤੱਕ ਪੁੱਜਦਾ ਕੀਤਾ ਜਾਵੇ।

ਰੈਲੀ ਨੂੰ ਸੰਬੋਧਨ ਕਰਨ ਵਾਲੇ ਧਰਮ ਸਿੰਘ ਪੱਟੀ, ਨਰਿੰਦਰ ਕੌਰ, ਉਮਰਜੀਤ ਕੌਰ, ਕਸਮੀਰ ਸਿੰਘ, ਰਾਜ ਸਿੰਘ ਨੇ ਜਜੀਆ ਟੈਕਸ ਵਾਪਿਸ ਲੈਣ ਦੀ ਮੰਗ ਕੀਤੀ। ਹੋਰਨਾਂ ਤੋਂ ਇਲਾਵਾ ਚਾਨਣ ਸਿੰਘ ਪੱਟੀ, ਬੀਰ ਮਸੀਹ, ਦਰਸ਼ਨ ਸਿੰਘ, ਜੀਵਨ ਸਿੰਘ, ਧਰਮਪਾਲ, ਗੁਰਮੀਤ ਸਿੰਘ, ਨਿਰਮਲ ਸਿੰਘ, ਅਵਤਾਰ ਸਿੰਘ, ਬਾਬਾ ਸਵਰਨ ਸਿੰਘ ਅਤੇ ਬਹੁਤ ਸਾਰੇ ਸਾਥੀ ਸ਼ਾਮਿਲ ਸਨ।

# ਬਿਜਲੀ ਕਾਮਿਆਂ ਵੱਲੋਂ ਵਰਕ ਟੂ ਰੂਲ ਨੂੰ ਸਖਤੀ ਨਾਲ ਲਾਗੂ ਕੀਤਾ ਜਾਵੇਗਾ: ਉਦੀਪੁਰ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਪਾਵਰਕੌਮ ਦੀ ਮੈਨੇਜਮੈਂਟ ਵੱਲੋਂ ਸੀਆਰਏ 295 ਅਧੀਨ ਭਰਤੀ ਕੀਤੇ ਸਹਾਇਕ ਲਾਈਨਮੈਨਾਂ ਨੂੰ ਪੂਰੀਆਂ ਤਨਖਾਹਾਂ ਰਿਲੀਜ਼ ਕਰਾਉਣ ਲਈ ਅਤੇ ਦਰਜ ਪਰਚੇ ਰੱਦ ਕਰਾਉਣ ਲਈ ਮੀਟਿੰਗਾਂ ਦੌਰਾਨ ਹੋਈਆਂ ਸਹਿਮਤੀਆ ਨੂੰ ਲਾਗੂ ਕਰਵਾਉਣ ਲਈ ਸੂਬਾ ਪੱਧਰੀ ਚਲ ਰਹੇ ਸੰਘਰਸ਼ ਪ੍ਰੋਗਰਾਮ ਵਰਕ ਟੂ ਰੂਲ ਨੂੰ ਗੁਰਦਾਸਪੁਰ ਸਰਕਲ ਅੰਦਰ ਪੂਰੀ ਸ਼ਕਤੀ ਨਾਲ ਲਾਗੂ ਕੀਤਾ ਜਾਵੇਗਾ। ਇਹ ਜਾਣਕਾਰੀ ਦਿੰਦਿਆਂ ਸਾਂਝੀ ਸੰਘਰਸ਼ ਕਮੇਟੀ ਸਰਕਲ ਗੁਰਦਾਸਪੁਰ ਦੇ ਆਗੂ ਸਾਥੀ ਬਲਵਿੰਦਰ ਉਦੀਪੁਰ, ਸੰਜੀਵ ਸੈਣੀ, ਦਰਬਾਰਾ ਸਿੰਘ ਛੀਨਾ ਨੇ ਦੱਸਿਆ ਹੈ ਕਿ ਪਾਵਰਕੌਮ ਦੀ ਮੈਨੇਜਮੈਂਟ ਬਿਜਲੀ ਕਾਮਿਆਂ ਨਾਲ ਬੇਇਨਸਾਫੀ ਕਰ ਰਹੀ ਹੈ। ਸੀ ਆਰ ਏ 295 ਵਾਲੇ ਕਰਮਚਾਰੀਆਂ ਨੂੰ ਤਿੰਨ ਸਾਲ ਦਾ ਪਰਵਿਜ਼ਨਲ ਪੀਰੀਅਡ ਪੂਰਾ ਹੋਣ 'ਤੇ ਵੀ ਪੂਰੀਆਂ ਤਨਖਾਹਾਂ ਨਹੀਂ ਦਿੱਤੀਆਂ ਜਾ ਰਹੀਆਂ। ਉਨ੍ਹਾਂ ਕਰਮਚਾਰੀਆਂ ਨੂੰ ਨਿਗੂਣੀਆਂ ਤਨਖਾਹਾਂ ਦੇ ਕੇ ਮੈਨੇਜਮੈਂਟ ਕਰਮਚਾਰੀਆਂ ਦਾ ਆਰਥਿਕ ਸ਼ੋਸ਼ਣ ਕਰ ਰਹੀਂ ਹੈ। ਉਦੀਪੁਰ ਨੇ ਦੱਸਿਆ ਕਿ ਬੀਤੇ ਦਿਨੀਂ ਸਰਕਲ ਪੱਧਰ ਤੇ ਚਲ ਰਹੇ ਸੰਘਰਸ਼ ਦੌਰਾਨ ਉਪ ਮੁੱਖ ਇੰਜਨੀਅਰ ਹਲਕਾ ਗੁਰਦਾਸਪੁਰ ਨੇ ਸਾਂਝੀ ਸੰਘਰਸ਼ ਕਮੇਟੀ ਨਾਲ ਕੀਤੀ ਮੀਟਿੰਗ ਦੌਰਾਨ ਵਿਸ਼ਵਾਸ ਦਿਵਾਇਆ ਸੀ ਜਿਨ੍ਹਾਂ ਕਰਮਚਾਰੀਆਂ ਦੀਆਂ ਤਨਖਾਹਾਂ ਕੱਟੀਆਂ ਗਈਆਂ ਸਨ, ਉਨ੍ਹਾਂ ਦੀਆਂ ਤਨਖਾਹਾਂ ਪੂਰੀਆਂ ਬਣਾਈਆਂ ਜਾਣਗੀਆਂ ਪਰ ਮੰਡਲ ਦਫਤਰਾਂ ਵਲੋਂ ਉਚ ਅਧਿਕਾਰੀਆਂ ਦੇ ਹੁਕਮਾਂ ਨੂੰ ਟਿੱਚ ਜਾਣਦਿਆਂ ਜੂਨ ਮਹੀਨੇ ਦੀਆਂ ਤਨਖਾਹਾਂ ਵਿੱਚ ਫਿਰ ਕਟੌਤੀ ਕਰਕੇ ਮੁਲਾਜ਼ਮ ਵਿਰੋਧੀ ਹੋਣ ਦਾ ਸਬੂਤ ਦਿੱਤਾ ਹੈ, ਜਿਸ ਕਾਰਨ ਸਮੂਹ ਬਿਜਲੀ ਕਾਮਿਆਂ ਵਿੱਚ ਭਾਰੀ ਰੋਸ਼ ਪਾਇਆ ਜਾ ਰਿਹਾ ਹੈ। ਜਿਸ ਕਾਰਨ ਸਾਂਝੀ ਸੰਘਰਸ ਕਮੇਟੀ ਸਰਕਲ ਗੁਰਦਾਸਪੁਰ ਵਲੋਂ ਤਨਖਾਹਾਂ ਕੱਟਣ ਵਾਲੇ ਅਧਿਕਾਰੀਆਂ ਵਿਰੁੱਧ ਸੰਘਰਸ਼ ਤੇਜ਼ ਕਰਨ ਦਾ ਫੈਸਲਾ ਕੀਤਾ ਹੈ ਜਿਸ ਦੇ ਤਹਿਤ ਗੁਰਦਾਸਪੁਰ ਸਰਕਲ ਅੰਦਰ ਸਮੂਹ ਬਿਜਲੀ ਮੁਲਾਜ਼ਮ ਵਰਕ ਟੂ ਰੂਲ ਮੁਤਾਬਕ ਕੰਮ ਕਰਨਗੇ ਅਤੇ ਇਸ ਕਾਰਨ ਬਿਜਲੀ ਪ੍ਰਭਾਵਿਤ ਹੋਣ ਦੀ ਜ਼ਿੰਮੇਵਾਰੀ ਪਾਵਰਕੌਮ ਮੈਨੇਜਮੈਂਟ ਦੀ ਹੋਵੇਗੀ। ਆਗੂਆਂ ਨੇ ਸਮੂਹ ਬਿਜਲੀ ਕਾਮਿਆਂ ਨੂੰ ਅਪੀਲ ਕੀਤੀ ਹੈ ਸੰਘਰਸ਼ ਨੂੰ ਕਾਮਯਾਬ ਕੀਤਾ ਜਾਵੇ ਤਾਂ ਜੋ ਕੱਟੀਆਂ ਤਨਖਾਹਾਂ ਬਹਾਲ ਕਰਾਈਆਂ ਜਾਣ। ਆਗੂਆਂ ਨੇ ਪਾਵਰਕੌਮ ਦੀ ਮੈਨੇਜਮੈਂਟ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਕਿਸੇ ਕਰਮਚਾਰੀ ਤੇ ਅਧਿਕਾਰੀ ਵੱਲੋਂ ਡਿਊਟੀ ਤੋਂ ਵੱਧ ਕੰਮ ਕਰਨ ਦਾ ਦਬਾਅ ਪਾਇਆ ਤਾਂ ਜਥੇਬੰਦੀਆਂ ਵੱਲੋਂ ਸਖਤ ਐਕਸ਼ਨ ਕੀਤਾ ਜਾਵੇਗਾ। ਇਸ ਮੌਕੇ ਹਰਦਿਆਲ ਸਿੰਘ ਬਿਜਲੀਵਾਲ, ਸਾਥੀ ਸੁਖਵਿੰਦਰ ਸਿੰਘ ਗਿੱਲ, ਸਾਹਿਬ ਸਿੰਘ ਧਾਲੀਵਾਲ ਆਦਿ ਆਗੂ ਹਾਜ਼ਰ ਸਨ।

# ਅਨਿਲ ਗੁਪਤਾ ਨੇ ਬਤੌਰ ਐੱਸ ਡੀ ਐੱਮ ਭਿੱਖੀਵਿੰਡ ਚਾਰਜ ਸੰਭਾਲਿਆ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ) ਅਨਿਲ ਗੁਪਤਾ ਨੇ ਅੱਜ ਸਬ-ਡਵੀਜਨ ਭਿੱਖੀਵਿੰਡ ਵਿਖੇ ਬਤੌਰ ਐਸਡੀਐਮ ਚਾਰਜ ਸੰਭਾਲ ਲਿਆ ਹੈ। ਚਾਰਜ ਸੰਭਾਲਣ ਮੌਕੇ ਉਨ੍ਹਾਂ ਨੂੰ ਨਾਇਬ ਤਹਿਸੀਲਦਾਰ ਜਸਵਿੰਦਰ ਸਿੰਘ ਤੇ ਐਮਟੀਸੀ ਇਕਬਾਲ ਸਿੰਘ ਵੱਲੋਂ ਸਿਰੋਪਾਓ ਤੇ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਐਸਡੀਐਮ ਭਿੱਖੀਵਿੰਡ ਅਨਿਲ ਗੁਪਤਾ ਨੇ ਨਾਇਬ ਤਹਿਸੀਲਦਾਰ ਭਿੱਖੀਵਿੰਡ ਸਮੇਤ ਦਫਤਰ ਦੇ ਸਮੂਹ ਮੁਲਾਜਮਾਂ ਵੱਲੋਂ ਚਾਰਜ ਸੰਭਾਲਣ ਮੌਕੇ ਦਿੱਤੇ ਸਤਿਕਾਰ ਦਾ ਤਹਿ ਦਿਲੋਂ ਧੰਨਵਾਦ ਕੀਤਾ।

ਇਸ ਮੌਕੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਐਸਡੀਐਮ ਭਿੱਖੀਵਿੰਡ ਅਨਿੱਲ ਗੁਪਤਾ ਨੇ ਕਿਹਾ ਕਿ ਸਬ-ਡਵੀਜ਼ਨ ਭਿੱਖੀਵਿੰਡ ਆਉਣ ਤੋਂ ਪਹਿਲਾਂ ਉਹ ਬਤੌਰ ਐਸਡੀਐਮ ਚੰਡੀਗੜ੍ਹ ਸੇਵਾਵਾਂ ਨਿਭਾਅ ਚੁੱਕੇ ਹਨ। ਉਨ੍ਹਾਂ ਕਿਹਾ ਕਿ ਉਹ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਦੀਆਂ ਸਕੀਮਾਂ ਗਰੀਬ ਪਰਿਵਾਰਾਂ ਤੱਕ ਪਹੁੰਚਾਉਣਗੇ ਅਤੇ ਨੌਜਵਾਨ ਪੀੜ੍ਹੀ ਨੂੰ ਖੇਡਾਂ ਤੇ ਪੜ੍ਹਾਈ ਵੱਲ ਧਿਆਨ ਦੇਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਉਨ੍ਹਾਂ ਨੇ ਅਮਨ ਕਾਨੂੰਨ ਦੀ ਸਥਿਤੀ ਨੂੰ ਮਜ਼ਬੂਤ ਰੱਖਣ ਲਈ ਲੋਕਾਂ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ।

ਇਸਦੇ ਨਾਲ ਹੀ ਉਨ੍ਹਾਂ ਕਿਹਾ ਕਿ ਐਸਡੀਐਮ ਦਫਤਰ ਵਿੱਚ ਲੋਕਾਂ ਦਾ ਕੰਮਕਾਜ ਬਿਨਾਂ ਕਿਸੇ ਭੇਦਭਾਵ ਤੋਂ ਕੀਤਾ ਜਾਵੇਗਾ।

ਇਸ ਮੌਕੇ ਉਨ੍ਹਾਂ ਨਾਲ ਭਿੱਖੀਵਿੰਡ ਦੇ ਨਾਇਬ ਤਹਿਸੀਲਦਾਰ ਜਸਵਿੰਦਰ ਸਿੰਘ, ਐਮਟੀਸੀ ਇਕਬਾਲ ਸਿੰਘ,ਰਜਿਸਟਰੀ ਕਲਰਕ ਦਿਲਬਾਗ ਸਿੰਘ, ਤਹਿਸੀਲਦਾਰ ਰੀਡਰ ਸਵਿੰਦਰ ਸਿੰਘ, ਟੈਕਨੀਕਲ ਆਪਰੇਟਰ ਗੁਰਦੇਵ ਸਿੰਘ, ਦਵਿੰਦਰ ਸਿੰਘ, ਸੁਖਦੇਵ ਸਿੰਘ ਆਦਿ ਦਫਤਰ ਮੁਲਾਜ਼ਮ ਹਾਜ਼ਰ ਸਨ।

# 'ਬੇਟੀ ਬਚਾਓ-ਬੇਟੀ ਪੜ੍ਹਾਓ' ਮੁਹਿੰਮ ਤਹਿਤ ਨੁੱਕੜ ਨਾਟਕ ਖੇਡਿਆ



ਪਠਾਨਕੋਟ (ਦਵਿੰਦਰ ਸਿੰਘ)-ਡਾ. ਅਦਿਤੀ ਸਲਾਰੀਆ ਜ਼ਿਲ੍ਹਾ ਐਪਰੋਪ੍ਰੀਏਟ ਅਥਾਰਟੀ-ਕਮ-ਸਿਵਲ ਸਰਜਨ ਪਠਾਨਕੋਟ ਦੀ ਦੇਖ਼ਰੇਖ਼ ਵਿੱਚ ਸਿਵਲ ਹਸਪਤਾਲ ਪਠਾਨਕੋਟ ਵਿਖ਼ੇ ਬੇਟੀ ਬਚਾਓ-ਬੇਟੀ ਪੜ੍ਹਾਓ ਮੁਹਿੰਮ ਤਹਿਤ ਨੁੱਕੜ ਨਾਟਕ ਕਰਵਾਇਆ ਗਿਆ। ਇਸ ਵਿੱਚ ਲੋਕ ਲਹਿਰ ਕਲਾ ਕੇਂਦਰ ਗੁਰਦਾਸਪੁਰ ਦੇ ਕਲਾਕਾਰਾਂ ਵਲੋਂ ਬੇਟੀ ਬਚਾਓ-ਬੇਟੀ ਪੜ੍ਹਾਓ ਸਬੰਧੀ ਨਾਟਕ ਰਾਹੀਂ ਸਮੂਹ ਲੋਕਾਂ ਨੂੰ ਜਾਗਰੂਕ ਕੀਤਾ ਗਿਆ।

ਇਸ ਦੌਰਾਨ ਦੱਸਿਆ ਗਿਆ ਕਿ ਕਿਵੇਂ ਲੋਕ ਭਰੂਣ ਦੀ ਜਾਂਚ ਕਰਵਾਉਂਦੇ ਹਨ ਅਤੇ ਉਸ ਤੋਂ ਬਾਅਦ ਕਿਵੇਂ ਭਰੂਣ ਹੱਤਿਆ ਕਰਵਾ ਦਿੰਦੇ ਹਨ। ਇਸ ਤੋਂ ਬਾਅਦ ਉਨ੍ਹਾਂ ਵਲੋਂ ਨਾਟਕ ਰਾਹੀਂ ਦੱਸਿਆ ਗਿਆ ਕਿ ਕਿਵੇਂ ਅੱਜ ਬੇਟੀਆਂ ਬੇਟਿਆਂ ਵਾਂਗ ਮਾਤਾ-ਪਿਤਾ ਦਾ ਨਾਮ ਦੁਨੀਆ ਵਿੱਚ ਰੌਸ਼ਨ ਕਰ ਰਹੀਆਂ ਹਨ। ਕੋਈ ਬੇਟੀ ਡਾਕਟਰ, ਆਈਏਐਸ., ਪਾਇਲਟ ਅਤੇ ਹੋਰ ਬੁਹਤ ਸਾਰੇ ਅਹੁਦਿਆਂ ਉਤੇ ਤਾਇਨਾਤ ਹਨ। ਅੱਜ ਬੇਟੀ ਹਰ ਥਾਂ 'ਤੇ ਆਪਣੀ ਪਕੜ ਨੂੰ ਮਜ਼ਬੂਤ ਕਰ ਰਹੀ ਹੈ। ਇਸ ਮੌਕੇ ਜ਼ਿਲ੍ਹਾ ਪਰਿਵਾਰ ਭਲਾਈ ਅਫਸਰ ਪਠਾਨਕੋਟ ਵਲੋਂ ਵੀ ਸਮੂਹ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਲੋਕਾਂ ਨੂੰ ਪੁਰਾਣੀ ਸੋਚ ਨੂੰ ਬਦਲਣਾ ਚਾਹੀਦਾ ਹੈ ਅਤੇ ਬੇਟੀ-ਬੇਟੇ ਦੇ ਭੇਦਭਾਵ ਨੂੰ ਖ਼ਤਮ ਕਰਨਾ ਚਾਹੀਦਾ ਹੈ। ਇਸ ਮੌਕੇ ਸਿਵਲ ਸਰਜਨ ਵੱਲੋਂ ਦੱਸਿਆ ਗਿਆ ਕਿ ਆਉਣ ਵਾਲੇ ਦਿਨਾਂ ਵਿੱਚ ਸਿਹਤ ਵਿਭਾਗ ਪਠਾਨਕੋਟ ਵੱਲੋਂ ਬੇਟੀ-ਬਚਾਓ ਬੇਟੀ ਪੜ੍ਹਾਓ ਮੁਹਿੰਮ ਤਹਿਤ ਨੁੱਕੜ-ਨਾਟਕ ਤੋਂ ਇਲਾਵਾ ਹੋਰ ਬਹੁਤ ਸਾਰੀ ਗਤੀਵਿਧੀਆਂ ਕਰਵਾਇਆਂ ਜਾਣਗੀਆਂ ਜਿਵੇਂ ਕਿ ਸਮੂਹ ਸਿਹਤ ਸੰਸਥਾਂਵਾਂ ਵਿਖ਼ੇ ਹੋਰਡਿੰਗ, ਫਲੈਕਸ, ਸਟੈਂਡੀਸ ਆਦਿ। ਇਸ ਦੌਰਾਨ ਹਸਪਤਾਲ ਵਿਖ਼ੇ ਆਏ ਹੋਏ ਲੋਕਾਂ ਤੋਂ ਇਲਾਵਾ ਮਹਿੰਦਰ ਸਿੰਘ ਸੈਣੀ, ਐਨਜੀਓ ਰਾਕੇਸ਼ ਸ਼ਰਮਾ, ਐਨਜੀਓ, ਮਿਸ ਅੰਕਿਤਾ ਠਾਕੁਰ , ਪੀਐਨਡੀਟੀ ਕੋਆਡੀਨੇਟਰ ਜਤਿਨ ਕੁਮਾਰ ਅਤੇ ਸਟਾਫ ਮੌਜੂਦ ਸੀ।

# ਨਸ਼ਾ ਵਿਰੋਧੀ ਦਿਵਸ 'ਤੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ 'ਚ ਸੈਮੀਨਾਰ ਆਯੋਜਿਤ




ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ/ਨਰਿੰਦਰਜੀਤ ਸਿੰਘ)-ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਦੇ ਸਬੰਧ ਵਿੱਚ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ, ਜੀ. ਟੀ. ਰੋਡ, ਅੰਮ੍ਰਿਤਸਰ ਵਿਖੇ ਨੌਨਿਹਾਲ ਸਿੰਘ, ਆਈ.ਪੀ.ਐਸ., ਮਾਨਯੋਗ ਕਮਿਸ਼ਨਰ ਪੁਲਸ, ਅੰਮ੍ਰਿਤਸਰ ਸ਼ਹਿਰ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਸਾਂਝ (ਕਮਿਊਨਿਟੀ ਪੁਲਿਸਿੰਗ, ਸੋਸਾਇਟੀ ਅੰਮ੍ਰਿਤਸਰ ਸ਼ਹਿਰ, ਕਮਿਸ਼ਨਰੇਟ ਅੰਮ੍ਰਿਤਸਰ ਵਲੋਂ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਸੈਮੀਨਾਰ ਵਿੱਚ ਪਰਮਿੰਦਰ ਸਿੰਘ ਭੰਡਾਲ, ਡਿਪਟੀ ਕਮਿਸ਼ਨਰ ਪੁਲਸ ਬਤੌਰ ਮੁੱਖ ਮਹਿਮਾਨ ਸ਼ਾਮਿਲ ਹੋਏ। ਪਰਵਿੰਦਰ ਕੌਰ ਵਧੀਕ ਡਿਪਟੀ ਕਮਿਸ਼ਨਰ ਪੁਲਸ, ਸਥਾਨਕ ਕਮ-ਜ਼ਿਲ੍ਹਾ ਕਮਿਊਨਿਟੀ ਪੁਲਸ ਅਫਸਰ ਵੱਲੋਂ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ ਗਿਆ। ਇਸ ਸੈਮੀਨਾਰ ਵਿਚ ਅਜ਼ਾਦ ਭਗਤ ਸਿੰਘ ਵਿਰਾਸਤ ਮੰਚ ਦੀ ਟੀਮ ਵਲੋਂ ਨਸ਼ਿਆਂ ਖਿਲਾਫ ਜਾਗਰੂਕ ਕਰਨ ਲਈ ਸਟੇਜ ਪਲੇ "ਮਿੱਟੀ ਰੁਦਨ ਕਰੇ' ਦੀ ਪੇਸ਼ਕਾਰੀ ਕੀਤੀ ਗਈ। ਸੈਮੀਨਾਰ ਵਿੱਚ ਪਹਿਲੀ ਪੰਜਾਬ ਐਨਸੀਸੀ ਬਟਾਲੀਅਨ, ਪਹਿਲੀ ਪੰਜਾਬ ਐਨਸੀਸੀ ਬਟਾਲੀਅਨ (ਗਰਲਜ਼), 11ਵੀਂ ਐਨਸੀਸੀ ਬਟਾਲੀਅਨ ਅਤੇ 24ਵੀਂ ਐਨਸੀਸੀ ਬਟਾਲੀਆਂ ਦੀ ਤਰਫੋਂ 5-5 (ਕੁੱਲ 200) ਐਨਸੀਸੀ ਕੈਡਿਟਾਂ ਨੇ ਭਾਗ ਗਿਆ। ਡਾ: ਰਾਹੁਲ ਆਨੰਦ, ਐਮਡੀ (ਮਨੋਵਿਗਿਆਨਕ) ਵੱਲੋਂ ਨਸ਼ਿਆਂ ਦੇ ਮਾਨਸਿਕ ਕਾਰਨਾਂ ਬਾਰੇ ਵਿਗਿਆਨਕ ਢੰਗ ਨਾਲ ਸਮਝਾਇਆ ਗਿਆ। ਮੰਚ ਦਾ ਸੰਚਾਲਨ ਸੁਖਵਿੰਦਰ ਸਿੰਘ ਜੇਠੂਵਾਲ, ਸਮਾਜ ਸੇਵਕ ਵੱਲੋਂ ਬਾ-ਖੂਬੀ ਢੰਗ ਨਾਲ ਕੀਤਾ ਗਿਆ। ਇਸ ਤੋਂ ਇਲਾਵਾ ਡੀਏਵੀ ਇੰਟਰਨੈਸ਼ਨਲ ਸਕੂਲ ਦੀ ਵਿਦਿਆਰਥਣ ਅਨੰਨਿਆ ਅਰੋੜਾ, ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ, ਦੀ ਵਿਦਿਆਰਥਣ ਨਵਰੋਜ ਕੌਰ, ਸੋਸ਼ਲ ਵਰਕਰ ਅਤੇ ਸਾਂਝ ਕਮੇਟੀ ਮੈਂਬਰ ਸਵਰਾਜ ਵਰ, ਜੀਵਨ ਜਾਗ੍ਰਿਤੀ ਫਾਊਂਡੇਸ਼ਨ ਦੇ ਫਾਊਂਡਰ, ਗੁਰਜੀਤ ਸਿੰਘ ਸੰਧੂ, ਹੋਲੀ ਹਾਰਟ ਸਕੂਲ ਦੀ ਵਿਦਿਆਰਥਣ ਗਾਰਗੀ ਆਨੰਦ ਅਤੇ ਪ੍ਰੋਫੈਸਰ ਹਰੀ ਸਿੰਘ, ਮੈਂਬਰ/ਇੰਚਾਰਜ, ਸ਼੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਵੱਲੋਂ ਲੈਕਚਰ ਕਰ ਕੇ ਨਸ਼ਿਆਂ ਦੀ ਰੋਕਥਾਮ ਬਾਰੇ ਜਾਗਰੂਕ ਕੀਤਾ ਗਿਆ। ਸੈਮੀਨਾਰ ਵਿੱਚ ਸ਼ਾਮਿਲ ਹਾਜ਼ਰੀਨ ਨੇ ਸਹੁੰ ਚੁੱਕੀ ਕਿ ਮੈਂ ਸਹੁੰ ਚੁੱਕਦਾ/ਚੁੱਕਦੀ ਹਾਂ ਕਿ ਮੈਂ ਨਸ਼ਾ ਮੁਕਤ ਜੀਵਨ ਜੀਵਾਂਗਾ/ਜੀਵਾਂਗੀ, ਆਪਣੇ ਪਰਿਵਾਰ ਅਤੇ ਸਾਥੀ ਸੰਗਤ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਜ਼ਿੰਦਗੀ ਭਰ ਪ੍ਰੇਰਿਤ ਕਰਦਾ ਰਹਾਂਗਾ/ਰਹਾਂਗੀ, ਮੈ ਪ੍ਰਣ ਕਰਦਾ/ ਕਰਦੀ ਹਾਂ ਕਿ ਨਸ਼ਿਆਂ ਦੇ ਵਿਰੁੱਧ ਜਾਰੀ ਮੁਹਿੰਮ ਵਿੱਚ ਆਪਣਾ ਪੂਰਾ ਯੋਗਦਾਨ ਪਾਉਂਦਾ/ਪਾਉਂਦੀ ਰਹਾਂਗੀ। ਪ੍ਰੋਗਰਾਮ ਦੇ ਮੁੱਖ ਮਹਿਮਾਨ ਨੇ ਹਾਜ਼ਰੀਨ ਨੂੰ ਸੰਬੰਧਿਤ ਹੁੰਦੇ ਹੋਏ ਪਰਮਿੰਦਰ ਸਿੰਘ ਭੰਡਾਲ, ਡਿਪਟੀ ਕਮਿਸ਼ਨਰ ਪੁਲਸ ਨੇ ਨਸ਼ਿਆਂ ਖਿਲਾਫ ਪੁਲਸ ਦਾ ਸਹਿਯੋਗ ਕਰਨ ਦੀ ਅਪੀਲ ਕੀਤੀ ਤਾਂ ਜੋ ਹਰੇਕ ਪ੍ਰਕਾਰ ਦੇ ਨਸ਼ੇ ਨੂੰ ਸਮਾਜ ਵਿੱਚੋਂ ਜੜ੍ਹ ਤੋ ਖਤਮ ਕੀਤਾ ਜਾ ਸਕੇ ।

ਸੈਮੀਨਾਰ ਦੇ ਅੰਤ ਵਿੱਚ ਸ਼ਿਰਕਤ ਕਰਨ ਵਾਲੀਆਂ ਉੱਘੀਆਂ ਸਖਸ਼ੀਅਤਾਂ ਨੂੰ ਸਨਮਾਨ ਚਿੰਨ੍ਹ ਦੇ ਤੌਰ 'ਤੇ ਪੌਦੇ ਭੇਟ ਕੀਤੇ ਗਏ। ਪ੍ਰੋਗਰਾਮ ਦੇ ਅਖੀਰ ਵਿੱਚ ਇੰਸਪੈਕਟਰ ਪਰਮਜੀਤ ਸਿੰਘ, ਇੰਚਾਰਜ ਜਿਲ੍ਹਾ ਸਾਂਝ ਕੇਂਦਰ, ਅੰਮ੍ਰਿਤਸਰ ਸ਼ਹਿਰ ਵਲੋ ਦੱਸਿਆ ਗਿਆ ਕਿ ਸਾਲ 2011 ਵਿਚ ਸਾਂਝ ਕੇਂਦਰਾਂ ਦੇ ਸਥਾਪਿਤ ਹੋਣ ਤੋਂ ਲੈ ਕੇ ਹੁਣ ਤੱਕ ਵੱਖ-2 ਸਾਂਝ ਕੇਂਦਰਾਂ ਵੱਲੋਂ ਨਸ਼ਿਆਂ ਖਿਲਾਫ ਲਗਾਤਾਰ ਸੈਮੀਨਾਰ ਅਤੇ ਰੈਲੀਆਂ ਕਮਿਸ਼ਨਰੇਟ ਅੰਮ੍ਰਿਤਸਰ ਦੇ ਵੱਖ-ਵੱਖ ਇਲਾਕੇ ਵਿੱਚ ਕੀਤੀਆਂ ਗਈਆਂ ਹਨ ਅਤੇ ਭਵਿੱਖ ਵਿੱਚ ਵੀ ਅਜਿਹੇ ਸੈਮੀਨਾਰ, ਰੈਲੀਆਂ ਨਸ਼ਿਆਂ ਦੇ ਵਿਰੁੱਧ ਜਾਗਰੂਕਤਾ ਪੈਦਾ ਕਰਨ ਵਾਸਤੇ ਆਮ ਪਬਲਿਕ ਦੇ ਸਹਿਯੋਗ ਨਾਲ ਕਰਵਾਈਆਂ ਜਾਣਗੀਆਂ। ਅੰਤ ਵਿੱਚ ਉਨ੍ਹਾਂ ਵੱਲੋਂ ਇਸ ਸੈਮੀਨਾਰ ਵਿੱਚ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ। ਸਮਾਪਤੀ ਤੋਂ ਬਾਅਦ ਮਹਿਮਾਨਾਂ ਅਤੇ ਐਨ.ਸੀ.ਸੀ. ਕੈਡਿਟਾਂ ਲਈ ਰਿਫਸ਼ੈਸਮੈਂਟ ਦਾ ਪ੍ਰਬੰਧ ਜ਼ਿਲ੍ਹਾ ਸਾਂਝ ਕੇਂਦਰ ਵੱਲੋਂ ਕੀਤਾ ਗਿਆ।

# ਟਿਕਾਊ ਇਨੋਵੇਸ਼ਨ ਲਈ 9 ਮਿਲੀਅਨ ਡਾਲਰ ਦੀ ਗਲੋਬਲ ਸਿਟੀ ਚੈਲੇਂਜ ਦੀ ਸ਼ੁਰੂਆਤ

**ਅੰਮ੍ਰਿਤਸਰ** : ਚੈਲੇਂਜ ਵਰਕਸ ਅਤੇ ਵਰਲਡ ਰਿਸੋਰਸਜ਼ ਇੰਸਟੀਚਿਊਟ ਦੇ ਨਾਲ ਸਾਂਝੇਦਾਰੀ ਵਿੱਚ ਟੋਇਟਾ ਮੋਬਿਲਟੀ ਫਾਊਂਡੇਸਨ ਨੇ ਦੁਨੀਆ ਭਰ ਵਿੱਚ ਲੱਖਾਂ ਲੋਕਾਂ ਦੇ ਜੀਵਨ ਨੂੰ ਬਦਲਣ ਦੀ ਸਮਰੱਥਾ ਦੇ ਨਾਲ ਸਹਿਰਾਂ ਨੂੰ ਭਵਿੱਖ ਦੇ ਅਨੁਕੂਲ ਬਣਾਉਣ ਵਿੱਚ ਮਦਦ ਕਰਨ ਲਈ 9 ਮਿਲੀਅਨ ਡਾਲਰ ਦੀ ਗਲੋਬਲ ਚੁਣੌਤੀ ਸ਼ੁਰੂ ਕੀਤੀ ਹੈ। ਜਿਵੇਂ-ਜਿਵੇਂ ਸ਼ਹਿਰ ਵਧਦੇ ਅਤੇ ਵਿਕਸਿਤ ਹੁੰਦੇ ਹਨ, ਲੋਕਾਂ ਅਤੇ ਵਸਤੂਆਂ ਨੂੰ ਭਰੋਸੇਮੰਦ, ਕੁਸ਼ਲ ਅਤੇ ਸੰਮਲਿਤ ਤਰੀਕਿਆਂ ਨਾਲ ਲਿਜਾਣ ਦੀਆਂ ਚੁਣੌਤੀਆਂ ਨੂੰ ਕਦੇ ਵੀ ਜ਼ਿਆਦਾ ਅਹਿਮੀਅਤ ਨਹੀਂ ਦਿੱਤੀ ਗਈ। ਇਸ ਦੇ ਨਾਲ ਹੀ ਟਰਾਂਸਪੋਰਟ ਮੋਡਾਂ, ਇਨਫਰਾਸਟਰੈਕਚਰ ਡਿਜ਼ਾਈਨ, ਸੰਚਾਲਨ, ਐਨਰਜੀ ਆਪਸ਼ਨ ਅਤੇ ਕਨੈਕਟਡ ਡੇਟਾ ਸਿਸਟਮ ਵਿੱਚ ਐਡਵਾਂਸਿਜ਼ ਨੂੰ ਲਾਗੂ ਕਰਨ ਦੇ ਮੌਕੇ ਕਦੇ ਵੀ ਜ਼ਿਆਦਾ ਆਸ਼ਾਜਨਕ ਨਹੀਂ ਰਹੇ ਹਨ। ਟੋਇਟਾ ਮੋਬਿਲਟੀ ਫਾਊਂਡੇਸ਼ਨ ਦੇ ਪ੍ਰੋਗਰਾਮਸ ਦੇ ਡਾਇਰੈਕਟਰ ਰਿਆਨ ਕਲੇਮ ਨੇ ਕਿਹਾ ਕਿ ਪਿਛਲੇ ਇੱਕ ਦਹਾਕੇ ਦੇ ਸਾਡੇ ਤਜਰਬੇ ਨੇ ਸਥਾਨਕ ਸ਼ਹਿਰ ਦੀ ਬਾਏ-ਇਨ ਅਤੇ ਸਾਡੀਆਂ ਐਕਟੀਵਿਟੀਜ਼ ਨਾਲ ਕਨੈਕਟੀਵਿਟੀ ਦੇ ਮਹੱਤਵ ਨੂੰ ਪ੍ਰਗਟ ਕੀਤਾ ਹੈ।

# ਖੱਬੀਆਂ ਪਾਰਟੀਆਂ ਦਾ ਵਫਦ 30 ਨੂੰ ਐੱਸ ਐੱਸ ਪੀ ਬਟਾਲਾ ਨੂੰ ਮਿਲੇਗਾ : ਬਖਤਪੁਰਾ



ਬਟਾਲਾ (ਤਰਲੋਕ ਬੱਗਾ)-ਫੈਜ਼ਪੁਰਾ ਰੋਡ ਸੀਪੀਆਈ ਐਮਐਲ ਲਿਬਰੇਸ਼ਨ ਦੇ ਦਫਤਰ ਵਿਖੇ ਲਿਬਰੇਸ਼ਨ, ਸੀਪੀਆਈਐਮ, ਸੀਪੀਆਈ ਅਤੇ ਆਰਐਮਪੀਆਈ ਦੇ ਆਗੂਆਂ ਕਾਮਰੇਡ ਗੁਰਮੀਤ ਸਿੰਘ ਬੱਖਤਪੁਰਾ, ਰਘਬੀਰ ਸਿੰਘ ਪਕੀਵਾਂ, ਰਣਬੀਰ ਸਿੰਘ ਵਿਰਕ, ਸ਼ਮਸ਼ੇਰ ਸਿੰਘ ਨਵਾਂ ਪਿੰਡ ਅਤੇ ਦਲਬੀਰ ਭੋਲਾ ਨੇ ਮੀਟਿੰਗ ਕਰਕੇ ਬਟਾਲੇ ਵਿਚ ਅਮਨ-ਕਾਨੂੰਨ ਦੀ ਸਥਿਤੀ ਉਪਰ ਗਹਿਰੀ ਚਿੰਤਾ ਜ਼ਾਹਿਰ ਕੀਤੀ।

ਆਗੂਆਂ ਕਿਹਾ ਕਿ ਦਿਨ ਦਿਹਾੜੇ ਸ਼ਿਵ ਸੈਨਾ ਸਮਾਜਵਾਦੀ ਦੇ ਆਗੂ ਨੀਲਮ ਟੀ ਵੀ ਸੈਂਟਰ ਦੀ ਦੁਕਾਨ ਵਿਚ ਗੋਲੀਆਂ ਮਾਰ ਕੇ ਤਿੰਨ ਵਿਅਕਤੀਆਂ ਨੂੰ ਜ਼ਖਮੀ ਕਰਨਾ ਅਤੇ ਅਗਲੇ ਦਿਨ ਉਸੇ ਹੀ ਜਗ੍ਹਾ ਦੇ ਨਜ਼ਦੀਕ ਕਾਰ ਦੀ ਖੋਹ ਹੋਣਾ ਸਾਬਤ ਕਰਦਾ ਹੈ ਕਿ ਬਟਾਲਾ ਪੁਲਸ ਦੇ ਨੱਕ ਹੇਠ ਅਮਨ-ਕਾਨੂੰਨ ਦੀਆਂ ਧੱਜੀਆਂ ਉੱਡ ਰਹੀਆਂ ਹਨ।

ਖੱਬੇ-ਪੱਖੀ ਆਗੂਆਂ ਕਿਹਾ ਕਿ ਇਸ ਘਟਨਾ ਤੋਂ ਦੋ ਤਿੰਨ ਦਿਨ ਪਹਿਲਾਂ ਸ਼ਿਵ ਸੈਨਾ ਬਾਲ ਠਾਕਰੇ ਦੇ ਸੂਬਾ ਉਪ ਪ੍ਰਧਾਨ ਰਮੇਸ਼ ਨਈਅਰ ਵਲੋਂ ਕੁਝ ਲੋਕਲ ਚੈਨਲਾਂ ਉੱਪਰ ਮੁਸਲਿਮ ਭਾਈਚਾਰੇ ਵਿਰੁੱਧ ਫਿਰਕੂ ਜ਼ਹਿਰ ਉਗਲਦੀ ਵੀਡੀਓ ਜਾਰੀ ਕੀਤੀ ਗਈ ਸੀ ਜਿਸ ਉੱਪਰ ਪੁਲਸ ਨੂੰ ਬਟਾਲੇ ਸ਼ਹਿਰ ਦੇ ਮਾਹੌਲ ਵਿੱਚ ਭੜਕਾਹਟ ਪੈਦਾ ਕਰਨ ਬਾਬਤ ਕਨੂੰਨੀ ਕਾਰਵਾਈ ਕਰਨੀ ਚਾਹੀਦੀ ਸੀ ਪਰ ਪੁਲਸ ਨੇ ਇਸ ਭੜਕਾਊ ਵੀਡੀਓ ਦਾ ਕੋਈ ਨੋਟਿਸ ਨਹੀਂ ਲਿਆ। ਆਗੂਆਂ ਕਿਹਾ ਕਿ ਬਟਾਲੇ ਦੀ ਇਸ ਸਮੁੱਚੀ ਸਥਿਤੀ ਦੇ ਮੱਦੇਨਜ਼ਰ 30 ਜੂਨ ਨੂੰ ਖੱਬੀਆਂ ਧਿਰਾਂ ਵੱਲੋਂ ਐਸਐਸਪੀ ਬਟਾਲਾ ਨੂੰ ਇਕ ਵਫਦ ਮਿਲ ਕੇ ਸਾਰੀ ਹਾਲਤ 'ਤੇ ਚਰਚਾ ਕਰੇਗਾ।

# ਬੰਧਨ ਬੈਂਕ ਵੱਲੋਂ ਪੰਜਾਬ/ਹਰਿਆਣਾ 'ਚ 5 ਨਵੀਆਂ ਬ੍ਰਾਂਚਾਂ ਖੋਲ੍ਹਣ ਦਾ ਐਲਾਨ

ਚੰਡੀਗੜ੍ਹ : ਬੰਧਨ ਬੈਂਕ ਨੇ ਪੰਜਾਬ ਦੇ ਫਰੀਦਕੋਟ, ਬਰਨਾਲਾ ਅਤੇ ਮੁਕਤਸਰ ਜ਼ਿਲ੍ਹਿਆਂ ਅਤੇ ਹਰਿਆਣਾ ਦੇ ਨੂਹ ਅਤੇ ਮਹਿੰਦਰਗੜ੍ਹ ਜ਼ਿਲ੍ਹਿਆਂ ਵਿੱਚ 5 ਨਵੀਆਂ ਬ੍ਰਾਂਚਾਂ ਖੋਲ੍ਹਣ ਦਾ ਐਲਾਨ ਕੀਤਾ ਹੈ। ਪੰਜਾਬ-ਹਰਿਆਣਾ ਖੇਤਰ ਵਿੱਚ ਇਨ੍ਹਾਂ ਨਵੀਆਂ ਬ੍ਰਾਂਚਾਂ ਦੇ ਖੁੱਲ੍ਹਣ ਨਾਲ ਬੰਧਨ ਬੈਂਕ ਦੀਆਂ ਦੇਸ਼ ਭਰ ਵਿੱਚ ਕੁੱਲ ਬ੍ਰਾਂਚਾਂ ਦੀ ਗਿਣਤੀ 1480 ਨੂੰ ਪਾਰ ਕਰ ਗਈ ਹੈ। ਪੰਜਾਬ ਵਿੱਚ, ਫਰੀਦਕੋਟ ਬ੍ਰਾਂਚ ਸਰਕੂਲਰ ਰੋਡ ਉੱਤੇ ਅਤੇ ਬਰਨਾਲਾ ਬ੍ਰਾਂਚ ਕਾਲਜ ਰੋਡ, ਜਦੋਂਕਿ ਮੁਕਤਸਰ ਬ੍ਰਾਂਚ ਜੀਟੀ ਰੋਡ ਮਲੋਟ ਉੱਤੇ ਸਥਿਤ ਹੈ। ਹਰਿਆਣਾ ਵਿੱਚ ਨੂਹ ਬ੍ਰਾਂਚ ਦਿੱਲੀ-ਅਲਵਰ ਰੋਡ ਉੱਤੇ ਸਥਿਤ ਹੈ, ਜਦੋਂਕਿ ਦੂਜੀ ਸ਼ਾਖਾ ਮਹਿੰਦਰਗੜ੍ਹ ਵਿਖੇ ਖੋਲ੍ਹੀ ਗਈ ਹੈ। ਇਸ ਮੌਕੇ ਉੱਤੇ ਬੋਲਦਿਆਂ ਬੰਧਨ ਬੈਂਕ ਦੇ ਐਮਡੀ ਅਤੇ ਸੀਈਓ ਚੰਦਰ ਸੇਖਰ ਘੋਸ਼ ਨੇ ਕਿਹਾ ਕਿ ਸਾਨੂੰ ਪੰਜਾਬ-ਹਰਿਆਣਾ ਖੇਤਰ ਵਿੱਚ ਨਵੀਆਂ ਬ੍ਰਾਂਚਾਂ ਖੋਲ੍ਹਣ ਦਾ ਐਲਾਨ ਕਰਦੇ ਹੋਏ ਖੁਸ਼ੀ ਹੋ ਰਹੀ ਹੈ। ਅਸੀਂ ਇਸ ਖੇਤਰ ਵਿੱਚ ਗਾਹਕਾਂ ਦੀਆਂ ਵੱਖ-ਵੱਖ ਬੈਂਕਿੰਗ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਵਚਨਬੱਧ ਹਾਂ।

# ਜਮਹੂਰੀ ਕਿਸਾਨ ਸਭਾ ਪੰਜਾਬ ਵੱਲੋਂ ਅਹਿਮ ਮੁੱਦਿਆਂ 'ਤੇ ਵਿਚਾਰ-ਵਟਾਂਦਰਾ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਜਮਹੂਰੀ ਕਿਸਾਨ ਸਭਾ ਪੰਜਾਬ ਵੱਲੋਂ ਅਹਿਮ ਮੁੱਦਿਆਂ 'ਤੇ ਵਿਚਾਰ ਚਰਚਾ ਕਰਨ ਲਈ ਇੱਕ ਹੰਗਾਮੀ ਮੀਟਿੰਗ ਪਿੰਡ ਮਾਣਕਪੁਰਾ ਤੋਂ ਸਰਪੰਚ ਧਰਮਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਆਯੋਜਿਤ ਕੀਤੀ ਗਈ।

ਮੀਟਿੰਗ ਦੀ ਸ਼ੁਰੂਆਤ 'ਚ ਇਕੱਤਰ ਆਗੂਆਂ ਵੱਲੋਂ ਕਿਸਾਨ ਆਗੂ ਗੁਰਦੇਵ ਸਿੰਘ ਮਨਿਹਾਲਾ ਦੇ ਲੜਕੇ ਦੀ ਕੈਨੇਡਾ 'ਚ ਹੋਈ ਅਚਨਚੇਤ ਮੌਤ 'ਤੇ ਦੁੱਖ ਪ੍ਰਗਟ ਕੀਤਾ ਗਿਆ। ਇਸ ਮੌਕੇ ਆਗੂਆਂ ਵੱਲੋਂ ਪਾਵਰਕਾਮ ਤਰਨ ਤਾਰਨ ਦੇ ਸੁਪਰਇਨਟੈਂਡਿੰਗ ਇੰਜੀਨੀਅਰ ਦੇ ਤਬਾਦਲੇ ਸਬੰਧੀ ਯੂਨੀਅਨ ਵੱਲੋਂ ਵਿੱਢੇ ਸੰਘਰਸ਼ ਮਗਰੋਂ ਟ੍ਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨਾਲ ਹੋਏ ਸਮਝੌਤੇ 'ਤੇ ਵੀ ਤਸੱਲੀ ਪ੍ਰਗਟਾਈ ਗਈ।

ਇਸ ਮੌਕੇ ਆਪਣੇ ਸੰਬੋਧਨ 'ਚ ਕਿਸਾਨ ਆਗੂ ਦਲਜੀਤ ਸਿੰਘ ਦਿਆਲਪੁਰਾ ਅਤੇ ਸੇਵਾਮੁਕਤ ਜੂਨੀਅਰ ਇੰਜੀਨੀਅਰ ਕੁਲਵੰਤ ਸਿੰਘ ਨੇ ਕੇਂਦਰ ਸਰਕਾਰ ਵੱਲੋਂ ਕਿਸਾਨਾਂ ਨੂੰ ਘੱਟ-ਘੱਟ ਸਮਰਥਨ ਮੁੱਲ ਦੀ ਕਾਨੂੰਨੀ ਗਰੰਟੀ ਨਾ ਦੇਣ ਕਾਰਨ ਮੱਕੀ ਮੰਡੀ ਵਿੱਚ ਪ੍ਰਾਈਵੇਟ ਵਪਾਰੀਆਂ ਵੱਲੋਂ ਕਿਸਾਨਾਂ ਦੀ ਵੱਡੇ ਪੱਧਰ 'ਤੇ ਕੀਤੀ ਜਾ ਰਹੀ ਲੁੱਟ 'ਤੇ ਗਹਿਰੀ ਚਿੰਤਾ ਪ੍ਰਗਟਾਈ। ਉਪਰੋਕਤ ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਵੀ ਕਿਸਾਨਾਂ ਦੀ ਹੋ ਰਹੀ ਲੁੱਟ 'ਤੇ ਚੁੱਪੀ ਸਾਧੀ ਬੈਠੇ ਹਨ, ਜੋ ਵੱਡੀ ਚਿੰਤਾ ਦਾ ਵਿਸ਼ਾ ਹੈ। ਮੀਟਿੰਗ ਦੇ ਅੰਤ 'ਚ ਪਿੰਡ ਇਕਾਈ ਦੇ ਪ੍ਰਧਾਨ ਗੁਰਮੀਤ ਸਿੰਘ ਵੱਲੋਂ ਯੂਨੀਅਨ ਦੇ ਸੀਨੀਅਰ ਆਗੂਆਂ ਨੂੰ ਵਿਸ਼ਵਾਸ ਦਿਵਾਇਆ ਗਿਆ ਕਿ ਕਿਸਾਨੀ ਮੰਗਾਂ ਲਈ ਜਮਹੂਰੀ ਕਿਸਾਨ ਸਭਾ ਪੰਜਾਬ ਅਤੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਦਿੱਤੇ ਸੰਘਰਸ਼ ਦੇ ਸੱਦੇ ਨੂੰ ਪਿੰਡ ਦੀ ਇਕਾਈ ਤਨਦੇਹੀ ਨਾਲ ਲਾਗੂ ਕਰੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਸਾਲ ਸਿੰਘ, ਸੁਖਬੀਰ ਸਿੰਘ, ਮੈਂਬਰ ਮਿਲਖਾ ਸਿੰਘ, ਹਰਪ੍ਰੀਤ ਸਿੰਘ, ਮੇਜਰ ਸਿੰਘ ਅਤੇ ਅਤੇ ਜਸਵੰਤ ਸਿੰਘ ਅਕਬਰਪੁਰਾ ਮੌਜੂਦ ਸਨ।

# ਨਸ਼ਾ ਤਸਕਰਾਂ ਦਾ ਪਤਾ ਦੇਣ ਵਾਲੇ ਖੁਦ ਹੋ ਜਾਂਦੇ ਨੇ ਕੁੱਟਮਾਰ ਦੇ ਸ਼ਿਕਾਰ: ਯਸ਼ਪਾਲ ਕੁੰਡਲ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਪੰਜਾਬ ਵਿੱਚ ਰੋਜ਼ਾਨਾ ਵਾਪਰ ਰਹੀਆਂ ਘਟਨਾਵਾਂ ਇਕ ਚਿੰਤਾ ਦਾ ਵਿਸ਼ਾ ਬਣਦਾ ਜਾ ਰਿਹਾ ਹੈ। ਇਸ ਗੱਲ ਦਾ ਪ੍ਰਗਟਾਵਾ ਯਸ਼ਪਾਲ ਕੁੰਡਲ ਭਾਜਪਾ ਜ਼ਿਲ੍ਹਾ ਜਨਰਲ ਸਕੱਤਰ ਗੁਰਦਾਸਪੁਰ ਵਲੋਂ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਵਿਚ ਬੁਰੀ ਤਰ੍ਹਾਂ ਫੇਲ੍ਹ ਹੁੰਦੀ ਨਜ਼ਰ ਆ ਰਹੀ ਹੈ।

ਕੁੰਡਲ ਨੇ ਕਿਹਾ ਕਿ ਪੰਜਾਬ ਵਿੱਚ ਹਰੇਕ ਵਿਅਕਤੀ ਦੀ ਸੁਰੱਖਿਆ ਦੀ ਜ਼ਿੰਮੇਵਾਰੀ ਲਈ ਜੇਕਰ ਸਰਕਾਰ ਗੰਭੀਰ ਨਾ ਹੋਈ ਤਾਂ ਇਸ ਦਾ ਖਮਿਆਜ਼ਾ ਭੁਗਤਣ ਲਈ ਸਰਕਾਰ ਤਿਆਰ ਰਹੇ। ਜਿਥੇ ਸਰਕਾਰ ਵੱਲੋਂ ਨਸ਼ਾ ਖਤਮ ਕਰਨ ਦੀ ਗੱਲ ਕੀਤੀ ਗਈ ਸੀ ਅਤੇ ਪੁਲਸ ਪ੍ਰਸ਼ਾਸਨ ਵੱਲੋਂ ਵੀ ਨਸ਼ਾ ਤਸਕਰਾਂ ਬਾਰੇ ਜਾਣਕਾਰੀ ਦੇਣ ਦੀ ਗੱਲ ਕੀਤੀ ਗਈ ਸੀ ਪਰ ਅੱਜ ਨਸ਼ਾ ਤਸਕਰਾਂ ਬਾਰੇ ਜਾਣਕਾਰੀ ਦੇਣ ਵਾਲਿਆਂ ਨਾਲ ਸ਼ਰੇਆਮ ਕੁੱਟਮਾਰ ਕੀਤੀ ਜਾ ਰਹੀ ਹੈ। ਕੁੰਡਲ ਨੇ ਕੇਂਦਰ ਦੀ ਸਰਕਾਰ ਤੋਂ ਮੰਗ ਕੀਤੀ ਕਿ ਸੂਬੇ ਵਿਚ ਹੋ ਰਹੀਆਂ ਘਟਨਾਵਾਂ 'ਤੇ ਚਿੰਤਨ ਕੀਤਾ ਜਾਵੇ ਅਤੇ ਅਜਿਹੀਆਂ ਘਟਨਾਵਾਂ ਨੂੰ ਰੋਕਿਆ ਜਾਵੇ ਤਾਂ ਜੋ ਪੰਜਾਬ ਵਿੱਚ ਅਮਨ-ਸ਼ਾਂਤੀ ਬਣੀ ਰਹੇ।

# ਸੀ ਐੱਚ ਸੀ ਝਬਾਲ ਵਿਖੇ ਨਸ਼ਿਆਂ ਦੀ ਰੋਕਥਾਮ ਬਾਰੇ ਕੀਤਾ ਜਾਗਰੂਕ



ਸਰਾਏ ਅਮਾਨਤ ਖਾਂ (ਮੱਖਣ ਮਨੋਜ)—ਸਿਵਲ ਸਰਜਨ ਤਰਨਤਾਰਨ ਡਾ. ਗੁਰਪ੍ਰੀਤ ਸਿੰਘ ਰਾਏ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸੀਐਚਸੀ ਝਬਾਲ ਵਿਖੇ ਨਸ਼ਾ ਵਿਰੋਧੀ ਦਿਵਸ ਮਨਾਉਂਦਿਆਂ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਬੋਲਦਿਆਂ ਡਾਕਟਰ ਸੂਰਜਪਾਲ ਨੇ ਦੱਸਿਆ ਕਿ ਇਸ ਦਿਵਸ ਨੂੰ ਮਨਾਉਣ ਦਾ ਮੁੱਖ ਉਦੇਸ਼ ਨਸ਼ੇ ਦੇ ਆਦੀ ਵਿਅਕਤੀਆਂ ਨੂੰ ਨਸ਼ੇ ਦੀ ਦਲ-ਦਲ ਚੋਂ ਬਾਹਰ ਕੱਢਣਾ ਹੈ। ਉਨ੍ਹਾਂ ਕਿਹਾ ਕਿ ਨਸ਼ੀਲੇ ਪਦਾਰਥਾਂ ਦੀ ਤਸਕਰੀ ਬਹੁਤ ਸਾਰੇ ਦੇਸ਼ਾਂ ਦੇ ਅਰਥਚਾਰਿਆਂ ਤੇ ਪਏ ਮਹੱਤਵਪੂਰਨ ਪ੍ਰਭਾਵਾਂ ਦੇ ਕਾਰਨ ਇਕ ਪ੍ਰਮੁੱਖ ਵਿਸ਼ਵਵਿਆਪੀ ਚਿੰਤਾ ਹੈ। ਉਨ੍ਹਾਂ ਦੱਸਿਆ ਕਿ ਨਸ਼ਾ ਇਕ ਬਿਮਾਰੀ ਹੈ ਜੋ ਕਿ ਨੌਜਵਾਨ ਨੂੰ ਆਪਣੀ ਜਕੜ ਵਿਚ ਲੈ ਕੇ ਕਈ ਤਰ੍ਹਾਂ ਦੀਆਂ ਬਿਮਾਰੀਆਂ ਦਾ ਕਾਰਨ ਬਣਦੀ ਹੈ ਅਤੇ ਉਨ੍ਹਾਂ ਨੂੰ ਗ਼ਲਤ ਰਸਤੇ ਤੇ ਤੁਰਨ ਲਈ ਮਜਬੂਰ ਹੋਣਾ ਪੈਂਦਾ ਹੈ। ਨਤੀਜੇ ਵਜੋਂ ਉਹ ਮੁਜ਼ਰਮ ਤੱਕ ਬਣ ਜਾਂਦੇ ਹਨ। ਉਨ੍ਹਾਂ ਕਿਹਾ ਕਿ ਨੌਜਵਾਨ ਸ਼ਰਾਬ, ਸਿਗਰਟ, ਤੰਬਾਕੂ ਤੇ ਡਰਗਜ਼, ਨਸ਼ੀਲੀਆਂ ਦਵਾਈਆਂ ਆਦਿ ਤੋਂ ਨਸ਼ਿਆਂ ਦੀ ਸ਼ੁਰੂਆਤ ਕਰਦੇ ਹਨ ਅਤੇ ਇਸ ਤੋਂ ਬਾਅਦ ਉਹ ਇਸ ਦਲ-ਦਲ ਵਿਚ ਧਸਦੇ ਚਲੇ ਜਾਂਦੇ ਹਨ। ਉਨ੍ਹਾਂ ਚਿੰਤਾ ਜ਼ਾਹਿਰ ਕਰਦਿਆਂ ਕਿਹਾ ਕਿ ਦੇਖਣ 'ਚ ਆਇਆ ਹੈ ਕਿ ਅੱਜ ਦੇ ਸਮੇਂ ਵਿਚ ਫੁੱਟਪਾਥ ਤੇ ਰੇਲਵੇ ਪਲੇਟਫਾਰਮ ਤੇ ਰਹਿਣ ਵਾਲੇ ਬੱਚੇ ਤਕ ਵੀ ਨਸ਼ੇ ਦੇ ਆਦੀ ਹੁੰਦੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਲੋਕ ਸੋਚਦੇ ਹਨ ਕਿ ਬੱਚੇ ਕਿਵੇਂ ਨਸ਼ਾ ਕਰ ਸਕਦੇ ਹਨ ਜਿਨ੍ਹਾਂ ਕੋਲ ਖਾਣ ਨੂੰ ਵੀ ਪੈਸਾ ਨਹੀਂ ਸੀ।

ਉਨ੍ਹਾਂ ਕਿਹਾ ਕਿ ਨਸ਼ਾ ਕਰਨ ਵਾਲਿਆਂ ਨੇ ਵ੍ਹਾਈਟਨਰ, ਨੇਲ ਪਾਲਿਸ਼, ਝੰਡੂ ਬਾਮ ਆਦਿ ਨੂੰ ਵੀ ਆਪਣੇ ਨਸ਼ੇ ਦੀ ਪੂਰਤੀ ਲਈ ਵਰਤਣਾ ਸ਼ੁਰੂ ਕਰ ਦਿੱਤਾ ਹੈ, ਜੋ ਇਕ ਗੰਭੀਰ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਦੱਸਿਆ ਕਿ ਨਸ਼ੇ ਦੇ ਮਾਮਲੇ 'ਚ ਔਰਤਾਂ ਵੀ ਪਿੱਛੇ ਨਹੀਂ ਹਨ। ਨਿੱਜੀ ਤੇ ਸਮਾਜਿਕ ਜੀਵਨ ਵਿਚ ਤਣਾਅ, ਪ੍ਰੇਮ ਸਬੰਧ, ਵਿਆਹੁਤਾ ਜੀਵਨ ਅਤੇ ਤਲਾਕ ਆਦਿ ਵਰਗੀਆਂ ਸਮੱਸਿਆਵਾਂ ਨੇ ਕਈ ਔਰਤਾਂ ਨੂੰ ਵੀ ਨਸ਼ਿਆਂ ਦੇ ਆਦੀ ਬਣਾ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਨੌਜਵਾਨਾਂ ਨੂੰ ਨਸ਼ਿਆਂ ਵਾਲੀ ਜ਼ਿੰਦਗੀ 'ਚੋਂ ਬਾਹਰ ਕੱਢ ਕੇ ਵਧੀਆ ਤੇ ਖੁਸ਼ਹਾਲ ਜ਼ਿੰਦਗੀ ਜਿਊਣ ਲਈ ਪੰਜਾਬ ਸਰਕਾਰ ਵੱਲੋਂ ਅਨੇਕਾਂ ਮੌਕੇ ਪੈਦਾ ਕੀਤੇ ਗਏ ਹਨ। ਨੌਜਵਾਨਾਂ ਨੂੰ ਇਨ੍ਹਾਂ ਦਾ ਲਾਭ ਉਠਾਉਂਦੇ ਹੋਏ ਸਰਕਾਰੀ ਹਸਪਤਾਲ ਦੇ ਮਾਹਿਰ ਡਾਕਟਰਾਂ ਕੋਲ ਆ ਕੇ ਆਪਣਾ ਇਲਾਜ ਕਰਵਾਉਣਾ ਚਾਹੀਦਾ ਹੈ। ਇਸ ਮੌਕੇ ਹੈਲਥ ਵਰਕਰ ਅਮਨਦੀਪ ਸਿੰਘ, ਹਰਦੀਪ ਸਿੰਘ ਬੀਈਈ, ਵਰਿੰਦਰ ਕੌਰ ਏਐਨਐਮ, ਗੁਰਮੀਤ ਸਿੰਘ, ਰਬਿੰਦਰ ਸਿੰਘ ਭੋਜੀਆਂ ਅਤੇ ਤਜਿੰਦਰ ਸਿੰਘ ਕੋਟ ਵੀ ਹਾਜ਼ਰ ਸਨ।

# ਜਬਰ-ਜਨਾਹ ਦੇ ਦੋਸ਼ 'ਚ ਨੌਜਵਾਨ ਵਿਰੁੱਧ ਕੇਸ ਦਰਜ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਥਾਣਾ ਧਾਰੀਵਾਲ ਦੀ ਪੁਲਸ ਨੇ ਇਕ 14 ਸਾਲਾ ਨਾਬਾਲਗ ਲੜਕੀ ਨੂੰ ਆਪਣੇ ਨਾਲ ਲਿਜਾ ਕੇ ਇਕ ਰਿਸ਼ਤੇਦਾਰ ਦੇ ਘਰ ਦੋ ਰਾਤਾਂ ਤੇ ਇੱਕ ਦਿਨ ਰੱਖ ਕੇ ਬਲਾਤਕਾਰ ਕਰਨ ਦੇ ਦੋਸ਼ ਹੇਠ ਇਕ ਨੌਜਵਾਨ ਵਿਰੁੱਧ ਕੇਸ ਦਰਜ ਕਰਕੇ ਉਸਨੂੰ ਗ੍ਰਿਫਤਾਰ ਕਰ ਲਿਆ ਹੈ। ਥਾਣਾ ਧਾਰੀਵਾਲ ਦੇ ਐੱਸਐੱਚਓ ਇੰਸਪੈਕਟਰ ਹਰਪਾਲ ਸਿੰਘ ਸੈਣੀ ਨੇ ਦੱਸਿਆ ਕਿ ਪੀੜਤ ਨਾਬਾਲਗਾ ਨੇ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਦੱਸਿਆ ਕਿ ਰਾਹੁਲ ਪੁੱਤਰ ਕਾਲਾ ਮਸੀਹ ਵਾਸੀ ਲੇਹਲ ਨੇ ਫੱਜੂਪੁਰ ਤੋਂ ਧਮਕੀਆਂ ਦੇ ਕੇ ਮੈਨੂੰ ਆਪਣੇ ਨਾਲ ਆਪਣੀ ਮਾਸੀ ਦੇ ਘਰ ਪਿੰਡ ਠੀਕਰੀਵਾਲ ਲੈ ਗਿਆ ਜਿਥੇ ਉਸ ਨੇ ਮੈਨੂੰ ਦੋ ਰਾਤਾਂ ਤੇ ਇੱਕ ਦਿਨ ਰੱਖਿਆ ਅਤੇ ਮੇਰੇ ਨਾਲ ਜਬਰ-ਜਨਾਹ ਕੀਤਾ। ਮੈਨੂੰ ਥੱਪੜ ਵੀ ਮਾਰੇ ਅਤੇ ਕਮਰੇ ਵਿੱਚ ਬੰਦ ਕਰਕੇ ਕੁੰਡੀ ਲਗਾ ਦਿੱਤੀ। ਮੇਰੀ ਮਾਤਾ ਤੇ ਹੋਰ ਮੋਹਤਬਰ ਵਿਅਕਤੀਆਂ ਨੇ ਉਥੇ ਪਹੁੰਚ ਕੇ ਜਦੋਂ ਮੈਨੂੰ ਕਮਰੇ ਵਿੱਚੋਂ ਬਾਹਰ ਕੱਢਿਆ ਤਾਂ ਮੈਂ ਰੋ ਰਹੀ ਸੀ। ਮੈਂ ਆਪਣੀ ਮਾਤਾ ਨੂੰ ਸਾਰੀ ਘਟਨਾ ਬਾਰੇ ਦੱਸਿਆ ਅਤੇ ਰਾਹੁਲ ਉਥੋਂ ਘਰ ਤੋਂ ਗਾਇਬ ਹੋ ਗਿਆ। ਮੈਂ ਆਪਣੀ ਮਾਤਾ ਨਾਲ ਫਿਰ ਆਪਣੇ ਘਰ ਆ ਗਈ। ਥਾਣਾ ਧਾਰੀਵਾਲ ਦੇ ਐੱਸਐੱਚਓ ਨੇ ਦੱਸਿਆ ਕਿ ਮਹਿਲਾ ਇੰਸਪੈਕਟਰ ਪੁਸ਼ਪਾ ਦੇਵੀ ਨੇ ਪੀੜਤ ਨਾਬਾਲਗਾ ਦੇ ਬਿਆਨ ਅਨੁਸਾਰ ਰਾਹੁਲ ਖਿਲਾਫ ਧਾਰਾ 376,506, 363 ਭ.ਦ., 06-ਪੋਕਸੋ ਐਕਟ ਤਹਿਤ ਮੁਕੱਦਮਾ ਦਰਜ ਕਰਨ ਦੇ ਬਾਅਦ ਮੁਲਜ਼ਮ ਰਾਹੁਲ ਨੂੰ ਗ੍ਰਿਫਤਾਰ ਕਰ ਲਿਆ ਹੈ।

# ਤਰਕਸ਼ੀਲ ਸੁਸਾਇਟੀ ਵੱਲੋਂ ਐੱਨਸੀਈਆਰਟੀ ਦੇ ਸਿਲੇਬਸ 'ਚੋਂ ਡਾਰਵਿਨ ਦੇ ਜੀਵ ਵਿਕਾਸ ਸਿਧਾਂਤ ਨੂੰ ਬਾਹਰ ਕੱਢਣ ਦੀ ਸਖਤ ਨਿਖੇਧੀ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਤਰਕਸੀਲ ਸੁਸਾਇਟੀ ਪੰਜਾਬ ਦੀ ਇਕਾਈ ਧਾਰੀਵਾਲ ਭੋਜਾ ਨੇ ਕੇਂਦਰੀ ਸਿੱਖਿਆ ਮੰਤਰਾਲੇ ਵਲੋਂ ਐਨਸੀਈਆਰਟੀ ਦੇ ਦਸਵੀਂ ਜਮਾਤ ਦੇ ਸਿਲੇਬਸ 'ਚੋਂ ਕੌਮਾਂਤਰੀ ਪ੍ਰਸਿੱਧ ਵਿਗਿਆਨੀ ਚਾਰਲਸ ਡਾਰਵਿਨ ਨਾਲ ਸੰਬੰਧਿਤ ਜੀਵ ਵਿਕਾਸ ਦੇ ਸਿਧਾਂਤ ਨੂੰ ਬਾਹਰ ਕੱਢਣ ਅਤੇ ਕੌਮੀ ਸਿੱਖਿਆ ਨੀਤੀ 2020 ਹੇਠ ਸਿੱਖਿਆ ਦਾ ਭਗਵਾਂਕਰਨ ਅਤੇ ਵਪਾਰੀਕਰਨ ਕੀਤੇ ਜਾਣ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਅਜਿਹੇ ਲੋਕ ਵਿਰੋਧੀ ਫਾਸ਼ੀਵਾਦੀ ਫੈਸਲਿਆਂ ਨੂੰ ਤੁਰੰਤ ਰੱਦ ਕਰਨ ਦੀ ਜ਼ੋਰਦਾਰ ਮੰਗ ਕੀਤੀ ਹੈ। ਇਸ ਸਬੰਧੀ ਤਰਕਸ਼ੀਲ ਸੁਸਾਇਟੀ ਵਲੋਂ ਪੰਜਾਬ ਦੇ ਸਿੱਖਿਆ ਮੰਤਰੀ ਅਤੇ ਐਨਸੀਈਆਰਟੀ ਦੇ ਨਿਰਦੇਸਕ ਨੂੰ ਵੀ ਮੰਗ ਪੱਤਰ ਦੇਣ ਦਾ ਫੈਸਲਾ ਕੀਤਾ ਗਿਆ। ਇਸ ਸਬੰਧੀ ਇਕਾਈ ਦੇ ਮੁਖੀ ਦੀਵਾਨ ਧਾਰੀਵਾਲ ਭੋਜਾ ਦੀ ਪ੍ਰਧਾਨਗੀ ਹੇਠ ਤਰਕਸ਼ੀਲਾਂ ਦੀ ਮੀਟਿੰਗ ਹੋਈ । ਮੀਟਿੰਗ ਦੀ ਕਾਰਵਾਈ ਪ੍ਰੈਸ ਨੂੰ ਜਾਰੀ ਕਰਦਿਆਂ ਸਤਨਾਮ ਸਿੰਘ ਫੇਰੋਚੇਚੀ, ਭੁਪਿੰਦਰ ਸਿੰਘ ਕਾਲਾ ਬਾਲਾ, ਲਖਵੀਰ ਸਿੰਘ ਬਸਰਾਵਾਂ, ਮਾਸਟਰ ਸੈਮਸਨ ਹੰਸ ਨੇ ਕਿਹਾ ਕਿ ਚਾਰਲਸ ਡਾਰਵਿਨ ਨੇ ਜੀਵ ਵਿਕਾਸ ਦੇ ਵਿਗਿਆਨਕ ਸਿਧਾਂਤ ਰਾਹੀਂ ਤੱਥਾਂ ਸਹਿਤ ਇਹ ਸਿੱਧ ਕੀਤਾ ਕਿ ਮਨੁੱਖ ਕਿਸੇ ਅਖੌਤੀ ਗੈਬੀ ਸ਼ਕਤੀ ਜਾਂ ਪ੍ਰਮਾਤਮਾ ਦੀ ਪੈਦਾਵਾਰ ਨਹੀਂ ਬਲਕਿ ਮਨੁੱਖ ਦਾ ਮੌਜੂਦਾ ਸਵਰੂਪ ਸਮੁੰਦਰ ਅਤੇ ਧਰਤੀ ਉੱਤੇ ਵਿਚਰਦੇ ਰਹੇ ਵੱਖ-ਵੱਖ ਜੀਵਾਂ ਦੇ ਕਰੋੜਾਂ ਸਾਲ ਦੇ ਪੜਾਅ ਦਰ ਪੜਾਅ ਵਿਕਾਸ ਦਾ ਨਤੀਜਾ ਹੈ ਅਤੇ ਡਾਰਵਿਨ ਦੇ ਇਸ ਵਿਗਿਆਨਕ ਸਿਧਾਂਤ ਨੂੰ ਅੱਜ ਤੱਕ ਕਿਸੇ ਵੀ ਸੰਸਥਾ ਵਲੋਂ ਝੁਠਲਾਇਆ ਨਹੀਂ ਜਾ ਸਕਿਆ। ਉਨ੍ਹਾਂ ਨੇ ਮੋਦੀ ਸਰਕਾਰ ਉਤੇ ਕੌਮੀ ਸਿੱਖਿਆ ਨੀਤੀ -2020 ਹੇਠ ਸਿੱਖਿਆ ਦੇ ਭਗਵੇਂਕਰਨ, ਨਿੱਜੀਕਰਨ ਅਤੇ ਵਪਾਰੀਕਰਨ ਦਾ ਦੋਸ ਲਾਉਂਦਿਆਂ ਕਿਹਾ ਕਿ ਉਹ ਵਿਦਿਆਰਥੀਆਂ ਉਤੇ ਬੋਝ ਘਟਾਉਣ ਦੇ ਬਹਾਨੇ ਆਪਣੇ ਹਿੰਦੂ ਰਾਸ਼ਟਰ ਦੇ ਫਿਰਕੂ, ਫਾਸ਼ੀਵਾਦੀ ਅਤੇ ਰੂੜੀਵਾਦੀ ਏਜੰਡੇ ਹੇਠ ਡਾਰਵਿਨ ਦੇ ਕੌਮਾਂਤਰੀ ਪੱਧਰ ਤੇ ਸਰਬ ਪ੍ਰਮਾਣਿਤ ਮਨੁੱਖ ਦੀ ਉਤਪਤੀ ਦੇ ਵਿਗਿਆਨਕ ਸਿਧਾਂਤ ਨੂੰ ਸਿੱਖਿਆ ਸਿਲੇਬਸ 'ਚੋਂ ਮਨਫੀ ਕਰਕੇ ਵਿਦਿਆਰਥੀਆਂ ਨੂੰ ਅਧਿਆਤਮਵਾਦ ਦੇ ਅੰਧਵਿਸ਼ਵਾਸਾਂ ਦੀ ਦਲਦਲ ਵਿੱਚ ਸੁੱਟਣਾ ਚਾਹੁੰਦੀ ਹੈ ਅਤੇ ਸਿੱਖਿਆ ਨੂੰ ਆਮ ਲੋਕਾਂ ਦੀ ਪਹੁੰਚ ਤੋਂ ਦੂਰ ਕਰਨ ਦੀਆਂ ਨੀਤੀਆਂ ਲਾਗੂ ਕਰ ਰਹੀ ਹੈ। ਜਿਸਦਾ ਪੰਜਾਬ ਅਤੇ ਦੇਸ਼ ਭਰ ਦੀਆਂ ਸਮੂਹ ਤਰਕਸ਼ੀਲ ਤੇ ਵਿਗਿਆਨਕ ਸੰਸਥਾਵਾਂ, ਸਿੱਖਿਆ ਸ਼ਾਸਤਰੀਆਂ, ਬੁੱਧੀਜੀਵੀਆਂ ਅਤੇ ਜਮਹੂਰੀ ਜਨਤਕ ਜਥੇਬੰਦੀਆਂ ਵਲੋਂ ਸਖਤ ਵਿਰੋਧ ਕੀਤਾ ਜਾਵੇਗਾ। ਇਸ ਮੌਕੇ ਸੂਬਾ ਕਮੇਟੀ ਮੈਂਬਰਾਂ ਕਸ਼ਮੀਰ ਕਾਦੀਆਂ, ਸੁੱਚਾ ਸਿੰਘ ਪਸਨਾਵਾਲ, ਅਮਨਦੀਪ ਸੇਖਵਾਂ ਨੇ ਕਿਹਾ ਕਿ ਦੇਸ ਭਰ ਦੇ 1800 ਵਿਗਿਆਨੀਆਂ, ਸਿੱਖਿਆ ਸ਼ਾਸਤਰੀਆਂ, ਵਿਦਵਾਨਾਂ ਅਤੇ ਵਿਗਿਆਨਕ ਸੋਚ ਨੂੰ ਪ੍ਰਣਾਏ ਚਿੰਤਕਾਂ ਵਲੋ ਮੋਦੀ ਸਰਕਾਰ ਦੇ ਇਸ ਰੂੜੀਵਾਦੀ ਫੈਸਲੇ ਦਾ ਡਟਵਾਂ ਵਿਰੋਧ ਕਰਦੇ ਹੋਏ ਕੇਂਦਰ ਸਰਕਾਰ ਤੋਂ ਇਸ ਨੂੰ ਤੁਰੰਤ ਵਾਪਸ ਲੈਣ ਦੀ ਜ਼ੋਰਦਾਰ ਮੰਗ ਕੀਤੀ ਗਈ ਹੈ। ਜਿਸਦਾ ਤਰਕਸੀਲ ਸੁਸਾਇਟੀ ਵਲੋਂ ਪੂਰਨ ਸਮਰਥਨ ਕੀਤਾ ਗਿਆ ਹੈ। ਤਰਕਸ਼ੀਲ ਆਗੂਆਂ ਨੇ ਕਿਹਾ ਕਿ ਭਾਰਤੀ ਸੰਵਿਧਾਨ ਦੀ ਧਾਰਾ 51-ਏ (ਐੱਚ) ਤਹਿਤ ਵਿਦਿਆਰਥੀਆਂ ਨੂੰ 'ਇਸ ਧਰਤੀ ਉੱਤੇ ਕਰੋੜਾਂ ਸਾਲ ਪਹਿਲਾਂ ਜੀਵਾਂ ਦੀ ਉਤਪਤੀ ਕਿਵੇਂ ਹੋਈ'? ਬਾਰੇ ਡਾਰਵਿਨ ਦੇ ਵਿਕਾਸਵਾਦੀ ਸਿਧਾਂਤ ਨੂੰ ਜਾਨਣ ਅਤੇ ਸਮਝਣ ਦਾ ਪੂਰਾ ਸੰਵਿਧਾਨਿਕ ਹੱਕ ਹੈ ਜਿਸਤੋਂ ਉਨ੍ਹਾਂ ਨੂੰ ਵਾਂਝਿਆਂ ਨਹੀਂ ਕੀਤਾ ਜਾ ਸਕਦਾ।

ਤਰਕਸ਼ੀਲ ਸੁਸਾਇਟੀ ਨੇ ਮੋਦੀ ਸਰਕਾਰ ਤੋਂ ਜ਼ੋਰਦਾਰ ਮੰਗ ਕੀਤੀ ਹੈ ਕਿ ਡਾਰਵਿਨ ਦੇ ਜੀਵ ਵਿਕਾਸ ਦੇ ਸਿਧਾਂਤ ਸਮੇਤ ਪਿਛਲੇ ਸਮੇਂ ਵਿੱਚ ਐਨਸੀਈਆਰਟੀ ਦੇ ਸਿਲੇਬਸ 'ਚੋਂ ਬਾਹਰ ਕੱਢੇ ਗਏ ਜਮਹੂਰੀਅਤ, ਫੈਡਰਲ ਢਾਂਚੇ ਦੀ ਅਹਿਮੀਅਤ, ਧਰਮ ਨਿਰਪੱਖਤਾ, ਅਵਤਾਰ ਪਾਸ ਦੀ ਇਨਕਲਾਬੀ ਕਵਿਤਾ 'ਸਭ ਤੋਂ ਖਤਰਨਾਕ' ਗੁਜਰਾਤ ਕਤਲੇਆਮ, ਆਰਐੱਸਐੱਸ. ਉਤੇ ਪਾਬੰਦੀ, ਮੁਗਲ ਕਾਲ ਅਤੇ ਹੋਰਨਾਂ ਲੋਕਪੱਖੀ ਵਿਗਿਆਨਕ ਅਤੇ ਇਤਿਹਾਸਿਕ ਪਾਠਕ੍ਰਮਾਂ ਨੂੰ ਸਿਲੇਬਸ ਵਿੱਚ ਦੁਬਾਰਾ ਸਾਮਿਲ ਕੀਤਾ ਜਾਵੇ ਅਤੇ ਕੌਮੀ ਸਿੱਖਿਆ ਨੀਤੀ 2020 ਨੂੰ ਤੁਰੰਤ ਬਿਨਾਂ ਸ਼ਰਤ ਰੱਦ ਕੀਤਾ ਜਾਵੇ।

# 'ਪਰਾਲੀ ਦੀ ਸਾਂਭ-ਸੰਭਾਲ ਸਬੰਧੀ ਮਸ਼ੀਨਾਂ 'ਤੇ ਸਬਸਿਡੀ ਲੈਣ ਲਈ ਕਿਸਾਨ ਅਪਲਾਈ ਕਰਨ'

ਪਠਾਨਕੋਟ: (ਦਵਿੰਦਰ ਸਿੰਘ)-ਖੇਤੀਬਾੜੀ ਨੂੰ ਲਾਹੇਵੰਦ ਧੰਦਾ ਬਣਾਉਂਣ ਲਈ ਸੂਬਾ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਦੁਹਰਾਉਂਦੇ ਹੋਏ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਲਈ ਵੱਖਵੱਖ ਸਕੀਮਾਂ ਅਧੀਨ ਕਿਸਾਨ ਹਿੱਤਾਂ ਵਿੱਚ ਉਪਰਾਲੇ ਕੀਤੇ ਜਾ ਰਹੇ ਹਨ। ਇਸ ਮੁਹਿੰਮ ਤਹਿਤ ਰਾਜ ਵਿੱਚ ਖੇਤੀਬਾੜੀ ਮਸ਼ੀਨੀਕਰਨ ਨੂੰ ਉਤਸ਼ਾਹਿਤ ਕਰਨ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ, ਵੱਲੋਂ ਕੇਏਪੀ ਸਿਨਹਾ ਆਈਏਐਸ, ਵਧੀਕ ਮੁੱਖ ਸਕੱਤਰ ਕਮ ਵਿੱਤੀ ਕਮਿਸ਼ਨਰ ਦੇ ਦਿਸ਼ਾ ਨਿਰਦੇਸ਼ਾਂ, ਹਰਬੀਰ ਸਿੰਘ, ਆਈਏਐਸ ਮਾਨਯੋਗ ਡਿਪਟੀ ਕਮਿਸ਼ਨਰ ਪਠਾਨਕੋਟ ਦੀ ਯੋਗ ਅਗਵਾਈ ਹੇਠ ਕਿਸਾਨਾਂ ਨੂੰ ਪਰਾਲੀ ਦੀ ਸਾਂਭ-ਸੰਭਾਲ ਸਬੰਧੀ ਮਸ਼ੀਨਾਂ ਤੇ ਸਬਸਿਡੀ ਲਈ ਬਿਨੈ ਪੱਤਰਾਂ ਦੀ ਮੰਗ ਕੀਤੀ ਗਈ ਹੈ।

ਮੁੱਖ ਖੇਤੀਬਾੜੀ ਅਫ਼ਸਰ ਪਠਾਨਕੋਟ ਡਾ. ਰਾਜਿੰਦਰ ਕੁਮਾਰ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਚਾਹਵਾਨ ਕਿਸਾਨ ਖੇਤੀਬਾੜੀ ਮਸ਼ੀਨਰੀ ਜਿਵੇਂ ਕਿ ਸੁਪਰ ਐਸ. ਐਮ. ਐਸ., ਹੈਪੀ ਸੀਡਰ, ਪੈਡੀ ਸਟਰਾਅਚੌਪਰ/ ਸ਼ਰੈਡਰ/ਮਲਚਰ, ਸਮਾਰਟ ਸੀਡਰ, ਜ਼ੀਰੋ ਟਿੱਲਡਰਿੱਲ, ਸੁਪਰ ਸੀਡਰ, ਬੇਲਰ, ਰੇਕ, ਸ਼ਰਬ ਮਾਸਟਰ/ ਰੋਟਰੀ ਸਲੈਸ਼ਰ, ਕਰਾਪਰੀਪਰ, ਉਲਟਾਵੇਂ ਪਲਾਓ, ਸਬਸਿਡੀ ਦੀ ਦਰ ਸਕੀਮ ਦੀਆਂ ਗਾਈਡਲਾਈਨਜ਼ ਅਨੁਸਾਰ ਪੰਜਾਬ ਸਰਕਾਰ ਵੱਲੋਂ ਪਰਾਲੀ ਸਾਂਭ-ਸੰਭਾਲ ਲਈ ਆਨਲਾਈਨ ਪੋਰਟਲ ਤੇ ਮਿਤੀ 20.07.2023 ਤੱਕ ਅਪਲਾਈਕਰ ਸਕਦੇ ਹਨ। ਐਸਸੀ ਕਿਸਾਨਾਂ ਲਈ ਸਕੀਮ ਅਧੀਨ ਵੱਖਰੇ ਤੌਰ 'ਤੇ ਫੰਡ ਉਪਲੱਬਧ ਹਨ। ਸਬਸਿਡੀ ਲੈਣ ਦੇ ਚਾਹਵਾਨ ਕਿਸਾਨ 20.07.2023 ਤੱਕ ਆਪਣੀਆਂ ਅਰਜ਼ੀਆਂ ਆਨਲਾਈਨ ਪੋਰਟਲ 'ਤੇ ਦੇ ਸਕਦੇ ਹਨ। ਵਧੇਰੇ ਜਾਣਕਾਰੀ ਲਈ ਕਿਸਾਨ ਵਿਭਾਗ ਦੇ ਅਧੀਨ ਦਫ਼ਤਰਾਂ ਵਿੱਚ ਤਾਲਮੇਲ ਕਰ ਸਕਦੇ ਹਨ। ਮੁੱਖ ਖੇਤੀ ਬਾੜੀ ਅਫਸਰ, ਪਠਾਨਕੋਟ, ਡਾ. ਰਾਜਿੰਦਰ ਕੁਮਾਰ ਵੱਲੋਂ ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਖੇਤੀਬਾੜੀ ਮਸ਼ੀਨਰੀ ਖਰੀਦਣ ਲਈ ਸਮੇਂ ਸਿਰ ਅਪਲਾਈ ਕੀਤਾ ਜਾਵੇ ਤਾਂ ਕਿ ਧਰਤੀ ਦੀ ਹੋਂਦ ਨੂੰ ਪਰਾਲੀ ਨੂੰ ਅੱਗ ਨਾ ਲਗਾ ਕੇ ਬਚਾਇਆ ਜਾ ਸਕੇ।

# ਬਰਸਾਤ ਦੇ ਮੌਸਮ ਦੌਰਾਨ ਫਗਵਾੜਾ ਵਾਸੀਆਂ ਨੂੰ ਨਹੀਂ ਆਉਣ ਦਿੱਤੀ ਜਾਵੇਗੀ ਦਿੱਕਤ : ਜੋਗਿੰਦਰ ਮਾਨ



**ਫਗਵਾੜਾ (ਰਮਨ ਸ਼ਰਮਾ)** ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਨੇ ਅੱਜ ਸੀਵਰੇਜ ਬੋਰਡ ਅਤੇ ਪੀ.ਡਬਲਯੂ.ਡੀ. ਵਿਭਾਗ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਚੱਲ ਰਹੇ ਪ੍ਰੋਜੈਕਟਾਂ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਚੱਲ ਰਹੇ ਸਾਰੇ ਪ੍ਰਾਜੈਕਟਾਂ ਨੂੰ ਬਰਸਾਤਾਂ ਤੋਂ ਪਹਿਲਾਂ ਮੁਕੰਮਲ ਕਰ ਲਿਆ ਜਾਵੇ ਤਾਂ ਜੋ ਲੋਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਮੀਟਿੰਗ ਸਬੰਧੀ ਜਾਣਕਾਰੀ ਦਿੰਦਿਆਂ ਮਾਨ ਨੇ ਦੱਸਿਆ ਕਿ ਬੰਗਾ ਰੋਡ ਦੀ ਸੜਕ ਅਤੇ ਪਟੇਲ ਨਗਰ ਦੇ ਸੀਵਰੇਜ ਸਬੰਧੀ ਸਮੱਸਿਆਵਾਂ ਨੂੰ ਵਿਸ਼ੇਸ਼ ਤੌਰ 'ਤੇ ਅਧਿਕਾਰੀਆਂ ਦੇ ਧਿਆਨ ਵਿਚ ਲਿਆਂਦਾ ਗਿਆ ਹੈ। ਇਸ ਤੋਂ ਇਲਾਵਾ ਸੀਵਰੇਜ ਦੀ ਸਫ਼ਾਈ ਕਰਨ ਲਈ ਕਿਹਾ ਗਿਆ ਹੈ ਤਾਂ ਜੋ ਬਰਸਾਤ ਦੇ ਮੌਸਮ 'ਚ ਸੀਵਰੇਜ ਬੰਦ ਹੋਣ ਦੀ ਸਮੱਸਿਆ ਕਾਰਨ ਬਰਸਾਤ ਦਾ ਪਾਣੀ ਖੜ੍ਹਾ ਨਾ ਹੋਵੇ। ਉਨ੍ਹਾਂ ਕਿਹਾ ਕਿ ਫਗਵਾੜਾ ਵਾਸੀਆਂ ਦੀ ਹਰ ਸਮੱਸਿਆ ਦਾ ਹੱਲ ਕਰਨਾ ਅਤੇ ਬੁਨਿਆਦੀ ਸਹੂਲਤਾਂ ਦਾ ਪ੍ਰਬੰਧ ਕਰਨਾ ਉਨ੍ਹਾਂ ਦੀ ਹਮੇਸ਼ਾ ਪਹਿਲ ਰਹੀ ਹੈ। ਇਸ ਵਾਰ ਵੀ ਬਰਸਾਤ ਦੇ ਮੌਸਮ ਦੌਰਾਨ ਲੋਕਾਂ ਨੂੰ ਕਿਸੇ ਕਿਸਮ ਦੀ ਅਸੁਵਿਧਾ ਦਾ ਸਾਹਮਣਾ ਨਹੀਂ ਕਰਨ ਦਿੱਤਾ ਜਾਵੇਗਾ। ਉਨ੍ਹਾਂ ਫਗਵਾੜਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੀ ਕਿਸੇ ਵੀ ਜਾਇਜ਼ ਸਮੱਸਿਆ ਲਈ ਜਦੋਂ ਚਾਹੁਣ ਉਨ੍ਹਾਂ ਨਾਲ ਸੰਪਰਕ ਕਰ ਸਕਦੇ ਹਨ। ਜਨਤਾ ਦੀ ਹਰ ਸਮੱਸਿਆ ਦਾ ਸਹੀ ਢੰਗ ਨਾਲ ਹਲ ਕੀਤਾ ਜਾਵੇਗਾ। ਇਸ ਮੌਕੇ ਸੀਵਰੇਜ ਬੋਰਡ ਦੇ ਐਕਸ.ਈ.ਐਨ.ਪ੍ਰਿਤਪਾਲ ਸਿੰਘ, ਰਾਜਵਿੰਦਰ ਸਿੰਘ ਐੱਸ.ਡੀ.ਓ.ਸੀਵਰੇਜ ਬੋਰਡ, ਸੁਖਵਿੰਦਰ ਸਿੰਘ ਜੇ.ਈ. ਤੋਂ ਇਲਾਵਾ ਪੀ.ਡਬਲਯੂ.ਡੀ.ਵਿਭਾਗ ਦੇ ਜੇ.ਈ.ਪਰਮਿੰਦਰ ਸਿੰਘ, ਗੁਰਪ੍ਰੀਤ ਸਿੰਘ,ਰਾਜੀਵ ਉੱਪਲ ਅਤੇ ਸਚਿਨ ਖੰਨਾ ਆਦਿ ਹਾਜ਼ਰ ਸਨ।

## ਅੰਤਰਰਾਸ਼ਟਰੀ ਨਸ਼ਾਖੋਰੀ ਤੇ ਗੈਰ-ਕਾਨੂੰਨੀ ਤਸਕਰੀ ਵਿਰੁੱਧ ਦਿਵਸ ਮਨਾਇਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**-ਸਿਵਲ ਸਰਜਨ ਡਾ: ਬਲਵਿੰਦਰ ਕੁਮਾਰ ਦੇ ਦਿਸ਼ਾ ਨਿਰਦੇਸ਼ਾ ਅਤੇ ਸੀਨੀਅਰ ਮੈਡੀਕਲ ਅਫਸਰ ਡਾ: ਕਰਨ ਕੁਮਾਰ ਸੈਣੀ ਦੀ ਅਗਵਾਈ ਹੇਠ ਸੀ.ਐਚ.ਸੀ ਟਾਂਡਾ ਵਿਖੇ ਅੰਤਰਰਾਸ਼ਟਰੀ ਨਸ਼ਾਖੋਰੀ ਅਤੇ ਗੈਰ ਕਾਨੂੰਨੀ ਤਸਕਰੀ ਵਿਰੁੱਧ ਦਿਵਸ ਮਨਾਇਆ ਗਿਆ । ਇਸ ਮੌਕੇ ਜਾਣਕਾਰੀ ਦਿੰਦਿਆ ਡਾ: ਕਰਨ ਕੁਮਾਰ ਸੈਣੀ ਨੇ ਦੱਸਿਆ ਕਿ ਸਿਹਤ ਵਿਭਾਗ ਵਲੋਂ ਸਮਾਜ ਵਿੱਚੋਂ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਲਈ ਵੱਖ-ਵੱਖ ਪੱਧਰ 'ਤੇ ਯਤਨ ਕੀਤੇ ਜਾ ਰਹੇ ਹਨ । ਨਸ਼ਿਆਂ ਨਾਲ ਪੀੜਤ ਵਿਅਕਤੀ ਇੱਕ ਕਿਸਮ ਦਾ ਮਰੀਜ ਹੁੰਦਾ ਹੈ , ਜਿਸ ਨੂੰ ਕਿ ਇਲਾਜ ਦੀ ਸਖਤ ਜਰੂਰਤ ਹੁੰਦੀ ਹੈ ਅਤੇ ਸਮਾਜ ਦੀ ਵੀ ਜਿੰਮੇਵਾਰੀ ਬਣਦੀ ਹੈ ਕਿ ਉਸ ਨਾਲ ਵਿਤਕਰੇ ਦੀ ਥਾਂ ਤੇ ਪਿਆਰ ਅਪਣੱਤ ਦੀ ਭਾਵਨਾ ਨਾਲ ਉਸ ਨੂੰ ਇਸ ਸਮੱਸਿਆ ਵਿੱਚੋਂ ਕੱਢਣ ਦਾ ਯਤਨ ਕਰੇ । ਉਹਨਾਂ ਅੱਗੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਿਹਤ ਵਿਭਾਗ ਵਲੋਂ ਸਮੱਸਿਆ ਦੇ ਖਾਤਮੇ ਲਈ ਓਟ ਕੇਂਦਰ, ਨਸ਼ਾ ਛੁਡਾਉ ਕੇਂਦਰ ਅਤੇ ਪੁੰਨਰ ਵਸੇਵਾ ਕੇਂਦਰਾਂ ਨੂੰ ਚਲਾਇਆ ਜਾ ਰਿਹਾ ਹੈ । ਇਹਨਾਂ ਕੇਂਦਰਾਂ ਵਿੱਚ ਇਲਾਜ ਦੇ ਨਾਲ-ਨਾਲ ਮਾਹਿਰਾਂ , ਕਾਉਸਲਰਾਂ ਅਤੇ ਮਨੋਰੋਗ ਮਾਹਰਾਂ ਵਲੋਂ ਉਹਨਾਂ ਦੀ ਕਾਊਂਸਲਿੰਗ ਕਰਵਾਈ ਜਾਂਦੀ ਹੈ ਤਾਂ ਜੋ ਉਹ ਨਸ਼ਾ ਛੱਡਣ ਦੀ ਮਾਸਿਕ ਤੌਰ ਤੇ ਵੀ ਮਜਬੂਤ ਹੋ ਸਕਣ । ਸਮਾਜ ਦੇ ਆਮ ਲੋਕਾਂ ਅਤੇ ਸਕੂਲੀ ਬੱਚਿਆਂ ਨੂੰ ਇਸ ਸਮੱਸਿਆ ਵਾਰੇ ਜਾਗਰੂਕ ਕਰਨ ਲਈ ਡੈਪੋ ਅਤੇ ਬਡੀ ਪ੍ਰੋਗਰਾਮ ਸਫਲਤਾਪੂਰਵਕ ਚਲਾਇਆ ਗਿਆ ਹੈ । ਇਸ ਮੌਕੇ ਉਹਨਾਂ ਨੇ ਸਮੂਹ ਸਟਾਫ ਨੂੰ ਹਦਾਇਤ ਕੀਤੀ ਕਿ ਲੋਕਾਂ ਨੂੰ ਇਸ ਬੁਰੀ ਲਾਹਨਤ ਤੋਂ ਬਚਣ ਲਈ ਵੱਧ ਤੋਂ ਵੱਧ ਜਾਗਰੂਕ ਕਰਨ । ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ: ਕਰਤਾਰ ਸਿੰਘ , ਡਾ: ਸ਼ਗੁਨ, ਡਾ: ਵਿਕਰਮਜੀਤ ਸਿੰਘ, ਡਾ: ਬਲਜੀਤ ਕੌਰ, ਡਾ: ਪ੍ਰੀਤ ਕੰਵਲ ਕੌਰ, ਡਾ: ਮੀਨਾਕਸ਼ੀ ਸੈਣੀ, ਅਵਤਾਰ ਸਿੰਘ ਬੀ.ਈ.ਈ, ਬਲਰਾਜ ਸਿੰਘ ਸੀਨੀਅਰ ਫਾਰਮੇਸੀ ਅਫਸਰ, ਗੁਰਜੀਤ ਸਿੰਘ, ਰੰਜੀਵਪਾਲ ਸਿੰਘ , ਵਿਨੋਦ ਕੁਮਾਰ ,ਗੁਰਪ੍ਰੀਤ ਸਿੰਘ ਆਦਿ ਹਾਜਰ ਸਨ ।

## ਸੀ ਪੀ ਐੱਮ ਦੀ ਚਾਰ ਜ਼ਿਲ੍ਹਿਆਂ ਦੀ ਹੋਈ ਮੀਟਿੰਗ, ਢੇਰ ਨੂੰ ਲੋਕ ਸਭਾ ਚੋਣ ਲੜਾਉਣ ਦੀ ਪ੍ਰਵਾਨਗੀ



**ਰੂਪਨਗਰ (ਨਵਾਂ ਜ਼ਮਾਨਾ ਸਰਵਿਸ)**- ਇੱਥੇ ਰਵੀਦਾਸ ਧਰਮਸ਼ਾਲਾ ਵਿੱਚ ਹਿੰਦ ਕਮਿਊਨਿਸਟ ਪਾਰਟੀ ਮਾਰਕਸਵਾਦੀ ਦੀ ਚਾਰ ਜ਼ਿਲ੍ਹਿਆਂ ਦੀ ਜ਼ਿਲ੍ਹਾ ਕਮੇਟੀਆਂ ਦੀ ਮੀਟਿੰਗ ਕਾਮਰੇਡ ਬਲਵੀਰ ਸਿੰਘ ਜਾਡਲਾ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ 2024 ਦੀਆਂ ਲੋਕ ਸਭਾ ਚੋਣਾਂ ਲਈ ਲੋਕ ਸਭਾ ਸੀਟ ਸ੍ਰੀ ਅਨੰਦਪੁਰ ਸਾਹਿਬ ਤੋਂ ਜਸਵਿੰਦਰ ਸਿੰਘ ਢੇਰ ਨੂੰ ਖੜ੍ਹਾ ਕਰਨ ਦੀ ਪ੍ਰਵਾਨਗੀ ਸਰਬਸੰਮਤੀ ਨਾਲ ਦੇ ਦਿੱਤੀ ਗਈ। ਪਾਰਟੀ ਦੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਕੇਂਦਰ ਵਿੱਚ ਕਾਬਜ ਭਾਜਪਾ ਸਰਕਾਰ ਨੂੰ ਸੱਤਾ ਤੋਂ ਦੂਰ ਕਰਨਾ ਪਾਰਟੀ ਦਾ ਮੁੱਖ ਨਿਸ਼ਾਨਾ ਹੈ। ਮੋਦੀ ਦੀ ਸਰਕਾਰ ਨੂੰ ਕਾਰਪੋਰੇਟ ਘਰਾਣੇ ਚਲਾ ਰਹੇ ਹਨ। ਜਿਸ ਦੇ ਕਾਰਨ ਇਨ੍ਹਾਂ ਕਾਰਪੋਰੇਟ ਘਰਾਣਿਆਂ ਨੂੰ ਬੇਸ਼ਕੀਮਤੀ ਜਾਇਦਾਦਾਂ ਕੌਡੀਆਂ ਦੇ ਭਾਅ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਨੇ ਕਿਹਾ ਕਿ ਮੋਦੀ ਸਰਕਾਰ ਨੇ ਜੋ ਵਾਅਦੇ 2014 ਵਿੱਚ ਦੇਸ ਦੇ ਲੋਕਾਂ ਨਾਲ ਕੀਤੇ ਸਨ। ਉਨ੍ਹਾਂ ਨੂੰ ਪੂਰਾ ਨਹੀਂ ਕੀਤਾ ਗਿਆ। ਉਨ੍ਹਾਂ ਨੇ ਕਿਹਾ ਕਿ ਦੋ ਕਰੋੜ ਲੋਕਾਂ ਨੂੰ ਰੁਜਗਾਰ ਦੇਣ ਦਾ ਵਾਅਦਾ ਕੀਤਾ ਸੀ ਪਰ ਰੁਜਗਾਰ ਦੇਣਾ ਤਾਂ ਇਕ ਪਾਸੇ ਰਿਹਾ ਸਗੋਂ ਕਰੋੜਾਂ ਲੋਕਾਂ ਦਾ ਰੁਜਗਾਰ ਖੁੱਸ ਗਿਆ ਹੈ। ਉਨ੍ਹਾਂ ਨੇ ਕਿਹਾ ਕਿ ਕਿਸਾਨਾਂ ਦੀ ਆਮਦਨ 2022 ਵਿੱਚ ਦੁਗਣੀ ਕਰਨ ਦਾ ਐਲਾਨ ਕੀਤਾ ਸੀ ਪਰ ਅੱਜ ਕਿਸਾਨ ਖੁਦਕੁਸੀਆਂ ਕਰਨ ਲਈ ਮਜਬੂਰ ਹੋ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਦੇਸ ਅੰਦਰ ਘੱਟ ਗਿਣਤੀਆਂ ਤੇ ਹਮਲੇ ਵੱਧ ਰਹੇ ਹਨ ਅਤੇ ਭੈਅ ਦਾ ਮਾਹੌਲ ਪੈਦਾ ਕੀਤਾ ਜਾ ਰਿਹਾ ਹੈ। ਮੀਟਿੰਗ ਵਿੱਚ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਲੋਕ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਤੋਂ ਜਸਵਿੰਦਰ ਸਿੰਘ ਭੰਗਲ ਪੁੱਤਰ ਕਾਮਰੇਡ ਗੁਰਦਿਆਲ ਸਿੰਘ ਢੇਰ ਵਾਸੀ ਨੂੰ ਉਮੀਦਵਾਰ ਬਣਾਉਣ ਦੀ ਪ੍ਰਵਾਨਗੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਪਾਰਟੀ ਪੰਜਾਬ ਵਿੱਚ ਚਾਰ ਲੋਕ ਸਭਾ ਸੀਟਾਂ 'ਤੇ ਚੋਣ ਲੜੇਗੀ, ਜਿਸ ਵਿੱਚ ਸ੍ਰੀ ਖਡੂਰ ਸਾਹਿਬ, ਫਤਿਹਗੜ੍ਹ ਸਾਹਿਬ ਅਤੇ ਜਲੰਧਰ ਦੀਆਂ ਸੀਟਾਂ ਹਨ। ਇਸ ਮੌਕੇ 'ਤੇ ਪਾਰਟੀ ਦੇ ਸਕੱਤਰੇਤ ਮੈਂਬਰ ਕਾਮਰੇਡ ਬਲਵੀਰ ਸਿੰਘ ਜਾਡਲਾ, ਰਾਮ ਸਿੰਘ ਨੂਰਪੁਰੀ, ਗੁਰਨੇਕ ਸਿੰਘ ਭੱਜਲ, ਕਾਮਰੇਡ ਸੁਰਜੀਤ ਸਿੰਘ ਢੇਰ ਜ਼ਿਲ੍ਹਾ ਸਕੱਤਰ ਰੋਪੜ, ਸ਼ਾਮ ਲਾਲ ਜ਼ਿਲ੍ਹਾ ਸਕੱਤਰ ਮੋਹਾਲੀ, ਦਰਸ਼ਨ ਸਿੰਘ ਮੱਟੂ, ਗੁਰਦੇਵ ਸਿੰਘ ਬਾਗੀ, ਸੁਭਾਸ਼ ਮੱਟੂ, ਗੁਰਮੇਸ਼ ਸਿੰਘ,ਪਵਨ ਕੁਮਾਰ ਚੱਕ ਕਰਮਾਂ, ਪ੍ਰੇਮ ਚੰਦ ਜੱਟਪੁਰ, ਹਰਬੰਸ ਸਿੰਘ ਧੂਤ, ਆਸਾ ਨੰਦ, ਕਰਨੈਲ ਸਿੰਘ ਬਜਰੂੜ, ਮਹਿੰਦਰ ਕੁਮਾਰ ਬੱਡੋਆਨਾ ਵੀ ਹਾਜਰ ਸਨ।

## ਐੱਸ ਡੀ ਕਾਲਜ ਵਿਖੇ ਨਸ਼ਾਖੋਰੀ ਤੇ ਤਸਕਰੀ ਵਿਰੁੱਧ ਅੰਤਰਰਾਸ਼ਟਰੀ ਦਿਵਸ ਮਨਾਇਆ




**ਜਲੰਧਰ (ਇਕਬਾਲ ਸਿੰਘ)**- ਪੀ ਸੀ ਐਮ ਐਸ ਡੀ ਕਾਲਜ ਫਾਰ ਵੂਮੈਨ, ਜਲੰਧਰ ਨੇ ਨਸ਼ਾਖੋਰੀ ਅਤੇ ਤਸਕਰੀ ਵਿਰੁੱਧ ਅੰਤਰਰਾਸ਼ਟਰੀ ਦਿਵਸ ਮਨਾਇਆ। ਕਾਲਜ ਦੇ ਬੱਡੀ ਪ੍ਰੋਗਰਾਮ ਤਹਿਤ ਕਈ ਗਤੀਵਿਧੀਆਂ ਕਰਵਾਈਆਂ ਗਈਆਂ। ਇਨ੍ਹਾਂ ਵਿੱਚੋਂ ਪ੍ਰਮੁੱਖ ਤੌਰ 'ਤੇ ਕਾਲਜ ਦੇ ਵਿਦਿਆਰਥੀਆਂ ਵੱਲੋਂ ਨਸ਼ਿਆਂ ਦੀ ਦੁਰਵਰਤੋਂ ਅਤੇ ਵਿਅਕਤੀ, ਸਮਾਜ ਅਤੇ ਦੇਸ਼ 'ਤੇ ਇਸ ਦੇ ਮਾੜੇ ਪ੍ਰਭਾਵਾਂ ਵਿਰੁੱਧ ਜਾਗਰੂਕਤਾ ਫੈਲਾਉਣ ਲਈ ਰੈਲੀ ਕੱਢੀ ਗਈ । ਇਸ ਰੈਲੀ ਵਿੱਚ 50 ਦੇ ਕਰੀਬ ਵਿਦਿਆਰਥੀਆਂ ਨੇ ਗ੍ਰਾਫਿਕ ਤਰੀਕੇ ਨਾਲ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਨੂੰ ਉਜਾਗਰ ਕਰਦੇ ਤਖਤੀਆਂ ਅਤੇ ਪੋਸਟਰ ਫੜੇ ਹੋਏ ਉਤਸ਼ਾਹ ਨਾਲ ਭਾਗ ਲਿਆ। ਵਿਦਿਆਰਥੀਆਂ ਨੇ ਨਸ਼ੇ ਨਾ ਕਰਨ ਦਾ ਪ੍ਰਣ ਵੀ ਲਿਆ ਅਤੇ ਸਮਾਜ ਨੂੰ ਨਸ਼ਿਆਂ ਦੀ ਅਲਾਮਤ ਤੋਂ ਮੁਕਤ ਕਰਨ ਦੇ ਨਾਲ-ਨਾਲ ਸਮਾਜ ਵਿੱਚ ਇਸ ਸਮਾਜਿਕ ਬੁਰਾਈ ਵਿਰੁੱਧ ਜਾਗਰੂਕਤਾ ਫੈਲਾਉਣ ਦਾ ਕੰਮ ਵੀ ਕੀਤਾ।

ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਨਰੇਸ਼ ਬੁਧੀਆ , ਸੀਨੀਅਰ ਮੀਤ ਪ੍ਰਧਾਨ ਵਿਨੋਦ ਦਾਦਾ , ਪ੍ਰਬੰਧਕੀ ਕਮੇਟੀ ਦੇ ਹੋਰ ਮੈਂਬਰ ਅਤੇ ਕਾਲਜ ਦੇ ਪ੍ਰਿੰਸੀਪਲ ਪ੍ਰੋ.(ਡਾ.) ਪੂਜਾ ਪਰਾਸ਼ਰ ਨੇ ਸਮੂਹ ਸਮਾਜ ਦੀ ਬਿਹਤਰੀ ਅਤੇ ਉੱਨਤੀ ਲਈ ਅਜਿਹੀਆਂ ਗਤੀਵਿਧੀਆਂ ਵਿੱਚ ਸ਼ਾਮਲ ਹੋ ਕੇ ਸਮਾਜ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਂਦੇ ਰਹਿਣ ਲਈ ਪ੍ਰੇਰਿਤ ਕੀਤਾ।

## ਸੇਂਟ ਸੋਲਜਰ ਵੱਲੋਂ ਇੰਸਟੀਚਿਊਟ ਆਫ ਬਿਜ਼ਨਸ ਮੈਨੇਜਮੈਂਟ ਐਂਡ ਟੈਕਨਾਲੋਜੀ ਦੀ ਸਥਾਪਨਾ



**ਜਲੰਧਰ (ਇਕਬਾਲ ਸਿੰਘ ਉਭੀ)**- ਸੇਂਟ ਸੋਲਜਰ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਵਿਦਿਆਰਥੀਆਂ ਨੂੰ ਬਿਹਤਰ ਸੇਵਾਵਾਂ ਪ੍ਰਦਾਨ ਕਰਨ ਲਈ ਹਮੇਸ਼ਾ ਯਤਨਸ਼ੀਲ ਰਹਿੰਦਾ ਹੈ। ਇਸ ਕਾਰਨ ਵਿਦਿਆਰਥੀਆਂ ਨੂੰ ਵਧੀਆ ਭਵਿੱਖ ਦੇਣ ਦੇ ਉਦੇਸ਼ ਨਾਲ ਇੱਕ ਹੋਰ ਕਦਮ ਚੁੱਕਿਆ ਗਿਆ ਹੈ। ਗਰੁੱਪ ਵੱਲੋਂ ਚੱਬੇਵਾਲ ਵਿੱਚ ਸੇਂਟ ਸੋਲਜਰ ਇੰਸਟੀਚਿਊਟ ਆਫ ਬਿਜ਼ਨਸ ਮੈਨੇਜਮੈਂਟ ਐਂਡ ਟੈਕਨਾਲੋਜੀ ਦੀ ਸ਼ੁਰੂਆਤ ਕੀਤੀ ਗਈ ਹੈ। ਸੰਸਥਾ ਵਿੱਚ ਬੀਬੀਏ ਅਤੇ ਬੀਸੀਏ ਦੇ ਦੋ ਕੋਰਸ ਸ਼ੁਰੂ ਕੀਤੇ ਗਏ ਹਨ ਅਤੇ ਇਸ ਲਈ ਪ੍ਰੀ-ਰਜਿਸਟ੍ਰੇਸ਼ਨ ਵੀ ਸ਼ੁਰੂ ਹੋ ਗਈ ਹੈ। ਗਰੁੱਪ ਚੇਅਰਮੈਨ ਅਨਿਲ ਚੋਪੜਾ ਅਤੇ ਵਾਈਸ ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ ਨੇ ਦੱਸਿਆ ਕਿ ਬੀ.ਬੀ.ਏ ਅਤੇ ਬੀ.ਸੀ.ਏ ਦੋਵੇਂ ਕੋਰਸ ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ, ਕਪੂਰਥਲਾ ਨਾਲ ਮਾਨਤਾ ਪ੍ਰਾਪਤ ਹੈ। ਬੀ.ਬੀ.ਏ ਕੋਰਸ ਪੂਰਾ ਕਰਨ ਤੋਂ ਬਾਅਦ ਵਿਦਿਆਰਥੀ ਬ੍ਰਾਂਚ ਮੈਨੇਜਰ, ਰਿਟੇਲ ਮੈਨੇਜਰ, ਹੋਟਲ ਮੈਨੇਜਰ, ਹਿਊਮਨ ਰਿਸੋਰਸ ਮੈਨੇਜਰ, ਇਵੈਂਟ ਮੈਨੇਜਰ, ਆਪ੍ਰੇਸ਼ਨ ਮੈਨੇਜਰ, ਏਅਰਪੋਰਟ ਮੈਨੇਜਰ ਆਦਿ ਵਿੱਚ ਆਪਣਾ ਭਵਿੱਖ ਸਫਲ ਬਣਾ ਸਕਦਾ ਹੈ। ਜੇਕਰ ਵਿਦਿਆਰਥੀ ਕੰਪਿਊਟਰ ਐਪਲੀਕੇਸ਼ਨ ਅਤੇ ਆਈਟੀ ਸੈਕਟਰ ਵਿੱਚ ਆਪਣਾ ਕਰੀਅਰ ਬਣਾਉਣ ਦੀ ਯੋਜਨਾ ਬਣਾ ਰਹੇ ਹਨ, ਤਾਂ ਕੰਪਿਊਟਰ ਸਾਇੰਸ ਵਿੱਚ ਬੀ.ਟੈਕ/ਬੀ.ਈ ਦੇ ਮੁਕਾਬਲੇ ਬੀਸੀਏ ਉਨ੍ਹਾਂ ਲਈ ਸਭ ਤੋਂ ਵਧੀਆ ਵਿਕਲਪ ਹੈ। ਚੋਪੜਾ ਨੇ ਦੱਸਿਆ ਕਿ ਕਾਲਜ ਵਿੱਚ ਵਿਦਿਆਰਥੀਆਂ ਲਈ ਹਰ ਸਹੂਲਤ ਉਪਲਬਧ ਕਰਵਾਈ ਗਈ ਹੈ। ਵਿਦਿਆਰਥੀ ਪ੍ਰੀ-ਰਜਿਸਟ੍ਰੇਸ਼ਨ ਲਈ ਕਿਸੇ ਵੀ ਸਮੇਂ ਕਾਲਜ ਆ ਸਕਦੇ ਹਨ।

## ਮਾਰਕੀਟ 'ਚ ਹੈੱਲਥ ਕੇਅਰ ਪੇਸ਼ੇਵਰਾਂ ਤੇ ਪੋਸ਼ਣ ਵਿਗਿਆਨੀ ਦੀ ਵਧ ਰਹੀ ਮੰਗ : ਡਾ. ਤ੍ਰਿਪਾਠੀ



**ਜਲੰਧਰ ( ਸੈਲੀ ਐਲਬਰਟ)**-ਮੈਡੀਕਲ ਸਾਇੰਸ ਦੇ ਵਿਦਿਆਰਥੀਆਂ ਲਈ ਸਾਨਦਾਰ ਕਰੀਅਰ ਤਿਆਰ ਕਰਨ ਦੇ ਮਿਸ਼ਨ ਦੇ ਨਾਲ, ਇੰਨੋਸੈਂਟ ਹਾਰਟਸ ਮਲਟੀਸਪੈਸ਼ਲਿਟੀ ਹਸਪਤਾਲ ਦੇ ਸਹਿਯੋਗ ਨਾਲ ਇੰਨੋਸੈਂਟ ਹਾਰਟਸ ਗਰੁੱਪ ਆਫ ਇੰਸਟੀਚਿਊਸਨਜ ਹੈਲਥਕੇਅਰ ਅਤੇ ਨਿਊਟ੍ਰੀਸ਼ਨ ਦੇ ਖੇਤਰ ਵਿੱਚ ਕਈ ਕੋਰਸ ਪ੍ਰਦਾਨ ਕਰ ਰਿਹਾ ਹੈ। ਮਹਾਂਮਾਰੀ ਦੇ ਬਾਅਦ ਇਹ ਅੰਡਰ ਗ੍ਰੈਜੂਏਟ ਕੋਰਸਾਂ ਦੀ ਭਾਰੀ ਮੰਗ ਹੈ। ਡਾ. ਸੈਲੇਸ ਤ੍ਰਿਪਾਠੀ, ਗਰੁੱਪ ਡਾਇਰੈਕਟਰ, ਨੇ ਕਿਹਾ ਕਿ ਹਾਲ ਹੀ ਦੇ ਸਾਲਾਂ ਵਿੱਚ ਸਿਹਤ ਸੰਭਾਲ ਚਿੰਤਾਵਾਂ ਮੁੱਖ ਫੋਕਸ ਬਣ ਗਈਆਂ ਹਨ। ਅਸੀਂ ਸਾਰੇ ਜਾਣਦੇ ਹਾਂ ਕਿ ਪੋਸ਼ਣ ਬਿਮਾਰੀਆਂ ਦੀ ਰੋਕਥਾਮ ਅਤੇ ਜੀਵਨ ਸੈਲੀ ਦੀਆਂ ਬਿਮਾਰੀਆਂ ਨੂੰ ਸੀਮਤ ਕਰਨ ਵਿੱਚ ਮਹੱਤਵਪੂਰਣ ਭੂਮਿਕਾ ਅਦਾ ਕਰਦਾ ਹੈ। ਸਿਹਤਮੰਦ ਅਤੇ ਖੁਸ਼ਹਾਲ ਜੀਵਨ ਜਿਊਣ ਲਈ ਆਧੁਨਿਕ ਪੋਸ਼ਣ,ਖੁਰਾਕ ਸੰਬੰਧੀ ਅਤੇ ਦੇਖਭਾਲ ਸੰਬੰਧੀ ਲੋੜੀਂਦੇ ਗਿਆਨ ਨੂੰ ਗ੍ਰਹਿਣ ਕਰਨਾ ਲਾਜਮੀ ਹੋ ਗਿਆ ਹੈ। ਸਿਹਤ ਪ੍ਰਤੀ ਜਾਗਰੂਕ ਲੋਕ ਭੋਜਨ ਅਤੇ ਸਬਜੀਆਂ ਵਿੱਚ ਵਿਟਾਮਿਨ ਅਤੇ ਖਣਿਜ ਦੀ ਮਾਤਰਾ ਬਾਰੇ ਪੁੱਛਗਿੱਛ ਕਰ ਰਹੇ ਹਨ। ਅਸੀਂ 2015 ਵਿੱਚ ਮੈਡੀਕਲ ਸਾਇੰਸ ਵਿਭਾਗ ਦੀ ਸ਼ੁਰੂਆਤ ਕੀਤੀ ਹੈ ਅਤੇ ਉਦੋਂ ਤੋਂ ਲੈ ਕੇ ਹੁਣ ਤੱਕ ਸੈਂਕੜੇ ਵਿਦਿਆਰਥੀਆਂ ਨੂੰ ਵੱਖ-ਵੱਖ ਨਾਮੀ ਹਸਪਤਾਲਾਂ ਅਤੇ ਸਿਹਤ ਸੰਭਾਲ ਸੈਂਟਰਸ ਵਿੱਚ ਪਲੇਸ ਕਰਵਾਇਆ ਗਿਆ ਹੈ। ਸਕੂਲ ਆਫ ਮੈਡੀਕਲ ਲੈਬ ਸਾਇੰਸਜ ਵਿੱਚ ਅਸੀਂ ਬੀ.ਐਸ.ਸੀ. ਐਮ.ਐਲ.ਐਸ., ਬੀ.ਐਸ.ਸੀ. ਮਾਈਕਰੋਬਾਇਓਲੋਜੀ ਅਤੇ ਬੀ.ਐਸ.ਸੀ.ਪੋਸ਼ਣ ਅਤੇ ਆਹਾਰ ਵਿਗਿਆਨ ਕੋਰਸ ਵਿਦਿਆਰਥੀਆਂ ਲਈ ਉਪਲੱਬਧ ਹੈ ।2023 ਸੈਸ਼ਨ ਲਈ ਇਹਨਾਂ ਕੋਰਸਾਂ ਵਿੱਚ ਸੀਟ ਬੁਕਿੰਗ ਹੁਣ ਪ੍ਰਗਤੀ ਵਿੱਚ ਹੈ ਅਤੇ ਦਾਖਲੇ ਪੂਰੀ ਤਰ੍ਹਾਂ ਫਰਸਟ ਕਮ ਫਰਸਟ ਦੇ ਆਧਾਰ 'ਤੇ ਹਨ।

## 15 ਨਸ਼ੀਲੇ ਟੀਕੇ ਤੇ 20200 ਡਰੱਗ ਮਨੀ ਸਮੇਤ ਕਾਬੂ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਡੀ.ਐਸ.ਪੀ ਦਲਜੀਤ ਸਿੰਘ ਖੱਖ ਪੁਲਸ ਕਪਤਾਨ ਸਬ-ਡਿਵੀਜ਼ਨ ਗੜ੍ਹਸ਼ੰਕਰ ਦੀ ਰਹਿਨੁਮਾਈ ਹੇਠ ਐੱਸ ਆਈ ਹਰਪ੍ਰੇਮ ਸਿੰਘ ਥਾਣਾ ਮੁਖੀ ਗੜ੍ਹਸ਼ੰਕਰ ਦੀ ਹਦਾਇਤ ਅਨੁਸਾਰ, ਏ ਐਸ.ਆਈ ਓਂਕਾਰ ਸਿੰਘ ਥਾਣਾ ਗੜ੍ਹਸੰਕਰ ਨੇ ਸਮੇਤ ਪੁਲਸ ਪਾਰਟੀ ਗਸ਼ਤ ਦੇ ਦੌਰਾਨ ਦੇਣੋਵਾਲ ਖੁਰਦ ਲਾਗੇ ਤਿਲਕ ਰਾਜ ਪੁੱਤਰ ਗੁਲਜ਼ਾਰਾਂ ਵਾਸੀ ਦੇਣੋਵਾਲ ਖੁਰਦ ਥਾਣਾ ਗੜ੍ਹਸ਼ੰਕਰ ਦੀ ਤਲਾਸ਼ੀ ਲੈਣ ਉਪਰੰਤ 15 ਨਸ਼ੀਲੇ ਟੀਕੇ 20,200 ਰੁਪਏ ਡਰੱਗ ਮਨੀ ਬਰਾਮਦ ਹੋਈ। ਪੁਲਸ ਵਲੋਂ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

## ਕੌਮਾਂਤਰੀ ਨਸ਼ਾ ਵਿਰੋਧੀ ਦਿਵਸ ਮਨਾਇਆ




**ਬੁਲੋਵਾਲ, (ਵਿਰਦੀ)** ਪੀ. ਐਚ. ਸੀ. ਚੱਕੋਵਾਲ ਵਿਖੇ ਸਿਵਲ ਸਰਜਨ ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਬਲਦੇਵ ਸਿੰਘ ਦੀ ਅਗਵਾਈ ਵਿਚ ਕੌਮਾਂਤਰੀ ਨਸ਼ਾ ਵਿਰੋਧੀ ਦਿਵਸ ਮਨਾਇਆ ਗਿਆ। ਉਨ੍ਹਾਂ ਨੇ ਦੱਸਿਆ ਕਿ ਨਸ਼ੇ ਸਾਡੀ ਜ਼ਿੰਦਗੀ ਨੂੰ ਤਬਾਹ ਕਰਦੇ ਹਨ। ਜੇਕਰ ਕੋਈ ਕਿਸੇ ਦੇ ਕਹਿਣ ਤੇ ਜਾਂ ਸ਼ੌਕ ਲਈ ਇੱਕ ਵਾਰ ਨਸ਼ੇ ਨੂੰ ਹਾਂ ਕਰ ਦਿੰਦਾ ਹੈ ਤਾਂ ਫੇਰ ਉਹ ਕਦੇ ਵੀ ਨਸ਼ੇ ਨੂੰ ਨਾਂਹ ਨਹੀਂ ਕਰ ਸਕਦਾ। ਇਸ ਲਈ ਪਹਿਲੀ ਵਾਰ ਵੀ ਨਸ਼ੇ ਨੂੰ ਨਾਂਹ ਕਹੋ ਤੇ ਹਰ ਵਾਰ ਨਸ਼ੇ ਨੂੰ ਨਾਂਹ ਕਹੋ ਤਾਂ ਹੀ ਨਸ਼ੇ ਵਰਗੀ ਮਾੜੀ ਅਲਾਮਤ ਤੋਂ ਬਚਾਅ ਕੀਤਾ ਜਾ ਸਕਦਾ ਹੈ। ਉਹਨਾਂ ਕਿਹਾ ਕਿ ਨਸ਼ੇ ਸਾਡਾ ਸਰੀਰਕ ਤੇ ਮਾਲੀ ਨੁਕਸਾਨ ਕਰਦੇ ਹਨ।

ਨਸ਼ੇ ਕਾਰਨ ਸਾਡਾ ਸਮਾਜਿਕ ਤੇ ਪਰਵਾਰਿਕ ਜੀਵਨ ਵੀ ਬਹੁਤ ਪ੍ਰਭਾਵਿਤ ਹੁੰਦਾ ਹੈ। ਇਸ ਮੌਕੇ ਹਰਦੀਪ ਸਿੰਘ ਬੀ.ਈ.ਈ. ਨੇ ਕਿਹਾ ਕਿ ਨਸ਼ੇ ਛੁਡਾਉਣ ਲਈ ਸਰਕਾਰ ਵੱਲੋਂ ਬਹੁਤ ਸਾਰੀਆਂ ਸਕੀਮਾਂ ਚਲਾਈਆਂ ਜਾ ਰਹੀਆਂ ਹਨ। ਇਸੇ ਦੇ ਤਹਿਤ ਓਟ-ਕਲੀਨਿਕ ਵੀ ਚੱਲ ਰਹੇ ਹਨ ਜੋ ਕਿ ਸ਼ਾਮ ਚੁਰਾਸੀ ਵਿਖੇ ਚੱਲ ਰਿਹਾ ਹੈ, ਜਿਥੇ ਨਸ਼ਾ ਛੁਡਾਉਣ ਲਈ ਮੁਫ਼ਤ ਦਵਾਈ ਦਿੱਤੀ ਜਾਂਦੀ ਹੈ। ਇਸ ਲਈ ਨਸ਼ਿਆਂ ਦਾ ਕੋਹੜ ਸਮਾਜ ਵਿਚੋਂ ਕੱਢ ਕੇ ਸਮਾਜ ਨੂੰ ਤੰਦਰੁਸਤ ਤੇ ਨਰੋਆ ਬਣਾਈਏ। ਇਸ ਮੌਕੇ ਡਾ. ਨਵਦੀਪ ਕੌਰ ਐਮ.ਓ., ਅਰਮਿੰਦਰ ਕੌਰ, ਡਾ. ਕਪਿਲ ਸ਼ਰਮਾ, ਡਾ. ਹਰਪ੍ਰੀਤ ਕੌਰ, ਡਾ. ਅਮਿਤ ਸ਼ਰਮਾ, ਬਲਜਿੰਦਰ ਸਿੰਘ, ਹਰਮਨ, ਅਜੇ ਕੁਮਰਾ, ਹਰਮੇਸ਼ ਕੁਮਾਰ, ਊਸ਼ਾ ਰਾਣੀ, ਦਿਲਬਾਗ ਸਿੰਘ, ਸੁਨੀਤਾ ਆਦਿ ਹਾਜ਼ਰ ਸਨ।

## ਬੀ ਡੀ ਪੀ ਓ ਦਫਤਰ ਅੱਗੇ ਮਾਰਕੀਟ ਦੇ ਬਾਥਰੂਮ ਬੰਦ, ਜਨਤਾ ਪ੍ਰੇਸ਼ਾਨ

**ਸੁਲਤਾਨਪੁਰ ਲੋਧੀ ( ਬਲਵਿੰਦਰ ਸਿੰਘ ਧਾਲੀਵਾਲ ਰਾਜਵੀਰ ਸਿੰਘ)**- ਬਲਾਕ ਵਿਕਾਸ ਪੰਚਾਇਤ ਅਫਸਰ ਦਫਤਰ ਸੁਲਤਾਨਪੁਰ ਲੋਧੀ ਅੱਗੇ ਮਾਰਕੀਟ ਵਿਚ ਆਮ ਲੋਕਾਂ ਦੀ ਸਹੂਲਤਾਂ ਲਈ ਬਣੇ ਹੋਏ ਬਾਥਰੂਮਾਂ/ ਟਾਇਲਟ ਜੋ ਪਿਛਲੇ ਤਕਰੀਬਨ ਪੌਣੇ ਦੋ ਸਾਲ ਤੋਂ ਬਣ ਕੇ ਤਿਆਰ ਹਨ ਪਰ ਹਾਲੇ ਚਿੱਟਾ ਹਾਥੀ ਸਾਬਤ ਹੋ ਰਹੇ ਹਨ। ਮਾਰਕੀਟ ਵਾਲਿਆਂ ਨੇ ਦੱਸਿਆ ਕਿ ਨਗਰ ਕੌਂਸਲ ਸੁਲਤਾਨਪੁਰ ਲੋਧੀ ਵੱਲੋਂ ਜਨਤਕ ਸ਼ੌਚਾਲਿਆ ਨੂੰ ਤਾਲੇ ਲਗਾ ਦਿੱਤੇ ਗਏ ਹਨ । ਇਹ ਬਾਥਰੂਮ ਬੰਦ ਹੋਣ ਕਾਰਨ ਜਿੱਥੇ ਮਾਰਕੀਟ ਵਿੱਚ ਦੁਕਾਨਦਾਰ ਪ੍ਰੇਸ਼ਾਨ ਹੋ ਰਹੇ ਹਨ ਉੱਥੇ ਰੋਜ਼ਾਨਾ ਦੀ ਖਰੀਦਾਰੀ ਕਰਨ ਆਏ ਅਤੇ ਬੀਡੀਪੀਓ ਦਫਤਰ ਪਿੰਡਾਂ ਦੀਆਂ ਪੰਚਾਇਤਾਂ ਨਾਲ ਆਏ ਪੰਚ ਸਰਪੰਚ ਅਤੇ ਜੋ ਹੋਰ ਵੀ ਕਿਸੇ ਜ਼ਰੂਰੀ ਕੰਮ ਆਏ ਲੋਕ ਵੀ ਪ੍ਰੇਸ਼ਾਨ ਹੋ ਰਹੇ ਹਨ। ਮਾਰਕੀਟ ਦੇ ਨਰਿੰਦਰ ਸਿੰਘ, ਰਾਜਵੀਰ ਸਿੰਘ, ਸੁਰਿੰਦਰ ਸਿੰਘ, ਦਲਜੀਤ ਸਿੰਘ, ਅਤੇ ਮੁਖਤਿਆਰ ਸਿੰਘ ਡਡਵਿੰਡੀ ਜ਼ਿਲ੍ਹਾ ਪ੍ਰਧਾਨ ਕਪੂਰਥਲਾ ਸ਼੍ਰੋਮਣੀ ਅਕਾਲੀ ਦਲ ਮਾਨ ਨੇ ਦੱਸਿਆ ਕਿ ਇਸ ਸਬੰਧੀ ਕਈ ਵਾਰ ਸੁਲਤਾਨਪੁਰ ਲੋਧੀ ਦੇ ਐੱਸ ਡੀ ਐੱਮ ਅਤੇ ਨਗਰ ਕੌਂਸਲ ਦੇ ਪ੍ਰਧਾਨ ਅਤੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਜਾ ਚੁੱਕੀ ਹੈ ਪਰ ਅੱਜ ਤੱਕ ਕਿਸੇ ਨੇ ਵੀ ਇਸ ਸਬੰਧੀ ਕੋਈ ਹੱਲ ਨਹੀਂ ਕੱਢਿਆ। ਬੀਡੀਪੀਓ ਦਫਤਰ ਅੰਦਰ ਦੇ ਬਾਥਰੂਮਾਂ ਦਾ ਵੀ ਇਹ ਹੀ ਹਾਲ ਹੈ। ਉਹ ਬਾਥਰੂਮ ਤਰਸਯੋਗ ਹਨ, ਉਥੋਂ ਤੱਕ ਲੋਕ ਨਾ ਜਾ ਸਕਣ, ਰਸਤੇ 'ਚ ਬਹੁਤ ਸਾਰੀਆਂ ਪੁਰਾਣੀਆਂ ਅਲਮਾਰੀਆਂ ਰੱਖੀਆਂ ਹੋਈਆਂ ਹਨ। ਇਸ ਮੌਕੇ ਜੱਗੀ, ਜਸ਼ਨ, ਅਭਿਸ਼ਕ, ਗੁਰਜੀਤ, ਬਿੱਲਾ, ਦਲਜੀਤ ਸਿੰਘ, ਬਲਜੀਤ ਸਿੰਘ, ਇੰਦਰਜੀਤ ਸਿੰਘ, ਸੋਨੂੰ ਡਡਵਿੰਡੀ, ਪਿੰਦਰ ਡਡਵਿੰਡੀ, ਦੀਪੂ ਡੇਰਾ ਸੈਦਾਂ, ਜਗਪ੍ਰੀਤ ਸਿੰਘ, ਰਾਜਾ, ਸਿਮਰਨ ਸਿੰਘ ਆਦਿ ਹਾਜ਼ਰ ਸਨ।





## ਪੰਜਾਬ ਫੋਕ ਅਕੈਡਮੀ ਵੱਲੋਂ 7 ਰੋਜ਼ਾ ਭੰਗੜਾ ਸਮਰ ਕੈਂਪ ਸੰਪੰਨ



**ਮੋਰਿੰਡਾ (ਨਵਾਂ ਜ਼ਮਾਨਾ ਸਰਵਿਸ)** ਪੰਜਾਬ ਫੋਕ ਅਕੈਡਮੀ ਮੋਰਿੰਡਾ ਵੱਲੋਂ 7 ਰੋਜਾ ਗਾਰਡਨ ਕਾਲੋਨੀ ਮੋਰਿੰਡਾ ਵਿਖੇ ਵਿਸ਼ੇਸ਼ ਭੰਗੜਾ ਸਮਰ ਕੈਂਪ ਲਗਾਇਆ ਗਿਆ। ਭੰਗੜਾ ਕੋਚ ਅਮਨਪ੍ਰੀਤ ਸਿੰਘ ਕਲਸੀ ਅਤੇ ਦਵਿੰਦਰ ਸਿੰਘ ਕਲਸੀ ਨੇ ਦੱਸਿਆ ਕਿ ਇਹ ਕੈਂਪ ਸਵੇਰੇ 6 ਵਜੇ ਤੋਂ ਸਵੇਰੇ 8 ਵਜੇ ਤੱਕ ਬੱਸ ਸਟੈਂਡ ਦੇ ਪਿੱਛੇ ਟੈਂਕੀ ਵਾਲਾ ਪਾਰਕ ਵਿੱਚ ਲਗਾਇਆ ਗਿਆ। ਕੈਂਪ ਦੋਰਾਨ ਭੰਗੜੇ ਪ੍ਰਤੀ ਬੱਚਿਆਂ ਵਿੱਚ ਭਾਰੀ ਉਤਸ਼ਾਹ ਵੇਖਣ ਨੂੰ ਮਿਲਿਆ ।ਆਖਰੀ ਦਿਨ ਬੱਚਿਆ ਨੂੰ ਗਿਫਟ ਦਿੱਤੇ ਗਏ ।ਕੈਂਪ ਵਿੱਚ ਬੱਚਿਆਂ ਤੇ ਨੌਜਵਾਨਾਂ ਨੂੰ ਪੰਜਾਬੀ ਸੱਭਿਆਚਾਰ ਨਾਲ ਜੋੜਨ ਦਾ ਉਪਰਾਲਾ ਗਿਆ ਤਾਂ ਜੋ ਉਹ ਆਪਣੇ ਵਿਰਸੇ ਨਾਲ ਜੁੜ ਕੇ ਨਸ਼ਿਆਂ ਵਰਗੀ ਭੈੜੀ ਅਲਾਮਤ ਤੋਂ ਬਚ ਸਕਣ।

## 'ਮਾਨਸਿਕ ਰੋਗਾਂ, ਪ੍ਰਿੰਟ ਮੀਡੀਆ ਤੇ ਇਲੈਕਟ੍ਰਾਨਿਕ ਮੀਡੀਆ' ਸੰਬੰਧੀ ਟ੍ਰੇਨਿੰਗ ਕੈਂਪ ਲਗਾਇਆ



**ਬਹਿਰਾਮ (ਅਵਤਾਰ ਕਲੇਰ)** ਤਰਕਸ਼ੀਲ ਸੁਸਾਇਟੀ ਪੰਜਾਬ ਰਜਿ ਜੋਨ ਨਵਾਂਸ਼ਹਿਰ ਵੱਲੋਂ ਮਲਕੀਤ ਚੰਦ ਮੇਹਲੀ ਹਾਲ ਨਵਾਂਸ਼ਹਿਰ ਵਿਖੇ ਮਾਨਸਿਕ ਰੋਗਾਂ ਅਤੇ ਪ੍ਰਿੰਟ ਮੀਡੀਆ ਅਤੇ ਇਲੈਕਟ੍ਰਾਨਿਕ ਮੀਡੀਆ ਵਿਸ਼ਿਆਂ ਸੰਬੰਧੀ ਟ੍ਰੇਨਿੰਗ ਕੈਂਪ ਲਗਾਇਆ ਗਿਆ। ਜੋਨ ਮੁਖੀ ਸੱਤਪਾਲ ਸਲੋਹ ਵੱਲੋਂ ਸਾਰਿਆਂ ਨੂੰ ਜੀ ਆਇਆਂ ਆਖਿਆ ਗਿਆ। ਕੈਂਪ ਦੇ ਪਹਿਲੇ ਸੈਸ਼ਨ ਵਿੱਚ ਅਜੀਤ ਪ੍ਰਦੇਸੀ ਮੁਖੀ ਮਾਨਸਿਕ ਰੋਗ ਵਿਭਾਗ ਪੰਜਾਬ ਨੇ ਮਾਨਸਿਕ ਰੋਗਾਂ ਸੰਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਦੂਸਰੇ ਸੈਸ਼ਨ ਵਿੱਚ ਸੁਮੀਤ ਸਿੰਘ ਮੁੱਖੀ ਮੀਡੀਆ ਵਿਭਾਗ ਪੰਜਾਬ ਨੇ ਦੱਸਿਆ ਕਿ ਮੀਡੀਆ ਨੂੰ ਨਿਰਪੱਖ ਅਤੇ ਨਿਰਭੈਅ ਹੋ ਕੇ ਦੇਸ਼ ਅਤੇ ਸਮਾਜ ਨੂੰ ਸੁਧਾਰਨ ਲਈ ਆਪਣਾ ਵੱਡਮੁੱਲਾ ਯੋਗਦਾਨ ਪਾਉਣਾ ਚਾਹੀਦਾ ਹੈ। ਪਰ ਉਹਨਾਂ ਅਫਸੋਸ ਜਾਹਿਰ ਕਰਦਿਆਂ ਕਿਹਾ ਅੱਜ ਕੱਲ੍ਹ ਦੇ ਮੀਡੀਆ ਨੂੰ ਚਲਾਉਣ ਵਾਲੇ ਬਹੁਤੇ ਲੋਕ ਲਾਲਚ ਵੱਸ ਜਾਂ ਡਰ ਕਾਰਨ ਹਾਕਮਾਂ ਅਤੇ ਜਾਬਰਾਂ ਦੇ ਪੱਖ ਵਿੱਚ ਭੁਗਤਦੇ ਦੇਖੇ ਜਾ ਸਕਦੇ ਹਨ। ਉਹਨਾਂ ਇਹ ਵੀ ਕਿਹਾ ਕਿ ਮੀਡੀਆ ਵਿੱਚ ਕੰਮ ਕਰਨ ਵਾਲੇ ਇਮਾਨਦਾਰ ਲੋਕਾਂ ਦੀ ਕਮੀਂ ਨਹੀਂ ਜਿਹੜੇ ਦੱਬੇ ਕੁੱਚਲੇ ਲੋਕਾਂ, ਗਰੀਬਾਂ, ਮਜ਼ਦੂਰਾਂ, ਕਿਸਾਨਾਂ , ਮੁਲਾਜਮਾਂ,ਬੇ-ਰੋਜਗਾਰਾਂ , ਬੁੱਧੀਜੀਵੀਆਂ, ਲੇਖਕਾਂ, ਤਰਕਸ਼ੀਲਾਂ ਅਤੇ ਹੋਰ ਇਨਸਾਫ-ਪਸੰਦ ਲੋਕਾਂ ਦੀ ਹੱਕ-ਸੱਚ ਦੀ ਅਵਾਜ ਨੂੰ ਸਹੀ ਢੰਗ ਨਾਲ ਪੇਸ਼ ਕਰ ਰਹੇ ਹਨ। ਇਸ ਮੌਕੇ ਡਾਕਟਰ ਜੋਗਿੰਦਰ ਕੁੱਲੇਵਾਲ ਮੁਖੀ ਸੱਭਿਆਚਾਰਕ ਵਿਭਾਗ ਪੰਜਾਬ, ਮਾਸਟਰ ਜਗਦੀਸ਼ ਰਾਏਪੁਰ ਡੱਬਾ, ਨਰਿੰਦਰ ਮਾਈਦਿੱਤਾ, ਬਲਵਿੰਦਰ ਮੰਡੀ, ਸੱਤਪਾਲ ਸਲੋਹ ਅਤੇ ਕਾਮਰੇਡ ਮੁਕੰਦ ਲਾਲ ਨੇ ਵੀ ਵਿਚਾਰ ਚਰਚਾ ਵਿੱਚ ਭਾਗ ਲੈਂਦਿਆਂ ਹੱਲ ਕੀਤੇ ਕੇਸਾਂ ਤਜਰਬਿਆਂ ਸੰਬੰਧੀ ਜਾਣਕਾਰੀ ਦਿੱਤੀ। ਉਹਨਾਂ ਲੋਕਾਂ ਨੂੰ ਅੰਧਵਿਸ਼ਵਾਸ ਤੇ ਵਹਿਮਾਂ ਭਰਮਾਂ ਵਿੱਚੋਂ ਨਿਕਲ ਕੇ ਵਿਗਿਆਨਕ ਸੋਚ ਦੇ ਧਾਰਨੀ ਬਣਨ ਲਈ ਪ੍ਰੇਰਿਤ ਕੀਤਾ। ਜਸਵੀਰ ਬੇਗਮਪੁਰ ਵਲੋਂ ਕਿਤਾਬਾਂ ਦਾ ਸਟਾਲ ਲਗਾਇਆ ਗਿਆ। ਇਸ ਮੌਕੇ ਰਾਮਪਾਲ ਰਾਹੋਂ, ਮਾ. ਰੇਸ਼ਮ ਰਾਹੋਂ, ਬਲਵਿੰਦਰ ਸਿੰਘ ਰਾਹੋਂ, ਮਾਸਟਰ ਨਰੇਸ਼ ਭੰਮੀਆਂ, ਸੁਖਵਿੰਦਰ ਗੋਗਾ, ਰੂਬੀ ਬੰਗਾ, ਮਾ. ਕੁਲਵਿੰਦਰ ਖਟਕੜ, ਹਰਜਿੰਦਰ ਸੂੰਨੀ, ਗੁਰਨਾਮ ਗੜ੍ਹਸ਼ਕਰ, ਜਸਵੀਰ ਮੈਰੋਂ, ਸਤਨਾਮ ਖਟਕੜ, ਰਾਜ ਕੁਮਾਰ ਗੜ੍ਹਸ਼ੰਕਰ, ਬਲਜਿੰਦਰ ਸਹਿਬਾਜਪੁਰ,ਡਾ. ਨਿਰਮਲ, ਗੁਰਦੇਵ ਸਿੰਘ ਬਛੌੜੀ, ਸੰਜੀਵ ਕੁਮਾਰ ਮੰਡੀ, ਬਲਵਿੰਦਰ ਕੌਰ ਸਲੋਹ, ਸੁਖਵਿੰਦਰ ਛੋਕਰਾਂ ਅਤੇ ਮੋਹਣ ਬੀਕਾ ਆਦਿ ਹਾਜਰ ਸਨ।

## ਸ਼੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਤ ਗੁਰਮਤਿ ਸਮਾਗਮ



**ਟਾਂਡਾ ਉੜਮੁੜ, ( ਜਸਵਿੰਦਰ ਸੰਧੂ ਉਂਕਾਰ ਸਿੰਘ )**- ਰਾਜ ਕਰੇਗਾ ਖਾਲਸਾ ਗਤਕਾ ਅਖਾੜਾ ਟਾਂਡਾ ਅਤੇ ਗੁਰਮਤਿ ਪ੍ਰਚਾਰ ਸੇਵਾ ਸਿਮਰਨ ਸੁਸਾਇਟੀ ਵੱਲੋਂ ਗੁਰਮਤਿ ਦੇ ਪ੍ਰਚਾਰ ਅਤੇ ਪ੍ਰਸਾਰ ਹਿਤ ਕਰਵਾਏ ਜਾ ਰਹੇ ਗੁਰਮਤਿ ਸਮਾਗਮਾਂ ਦੀ ਲੜੀ ਤਹਿਤ ਸ਼ਹੀਦਾਂ ਦੇ ਸਿਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਵਿਸ਼ਾਲ ਗੁਰਮਤਿ ਸਮਾਗਮ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਬੀਬੀਆਂ ਟਾਂਡਾ ਵਿਖੇ ਕਰਵਾਇਆ ਗਿਆ। ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸ਼ਾਮ 7 ਵਜੇ ਤੋਂ ਲੈ ਕੇ 10 ਵਜੇ ਤੱਕ ਕਰਵਾਏ ਗਏ ਗੁਰਮਤਿ ਸਮਾਗਮ ਦੌਰਾਨ ਸਭ ਤੋਂ ਪਹਿਲਾਂ ਸ੍ਰੀ ਰਹਿਰਾਸ ਸਾਹਿਬ ਜੀ ਦੇ ਪਾਠ ਕੀਤੇ ਗਏ ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਸਜਾਏ ਗਏ ਕੀਰਤਨ ਦਰਬਾਰ ਵਿੱਚ ਭਾਈ ਜਸਵੀਰ ਸਿੰਘ ਦਸਮੇਸ਼ ਨਗਰ ਟਾਂਡਾ, ਭਾਈ ਸੁਰਜੀਤ ਸਿੰਘ ਦਸਮੇਸ਼ ਨਗਰ ਟਾਂਡਾ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਚਾਰਕ ਭਾਈ ਕਲਿਆਣ ਸਿੰਘ ਤੇ ਡੇਰਾ ਬਾਬਾ ਬਲਵੰਤ ਸਿੰਘ ਜੀ ਟਾਂਡਾ ਤੋਂ ਜਸਕਰਨ ਕੌਰ ਤੇ ਤ੍ਰਿਪਤ ਕੌਰ ਦੇ ਜਥਿਆਂ ਨੇ ਸਮੂਹ ਸੰਗਤ ਨੂੰ ਗੁਰਬਾਣੀ ਕੀਰਤਨ ਤੇ ਗੁਰਮਤਿ ਵਿਚਾਰਾਂ ਰਾਹੀਂ ਨਿਹਾਲ ਕਰਦੇ ਹੋਏ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਸ਼ਹਾਦਤ ਅਤੇ ਸਿੱਖ ਕੌਮ ਦੇ ਕੁਰਬਾਨੀਆਂ ਭਰੇ ਇਤਿਹਾਸ ਤੋਂ ਜਾਣੂ ਕਰਵਾਇਆ। ਇਸ ਮੌਕੇ ਰਾਜ ਕਰੇਗਾ ਖਾਲਸਾ ਗੱਤਕਾ ਅਖਾੜਾ ਟਾਂਡਾ ਦੇ ਪ੍ਰਧਾਨ ਜੱਥੇਦਾਰ ਮਨਜੀਤ ਸਿੰਘ ਖਾਲਸਾ ਅਤੇ ਗੁਰਮਤਿ ਪ੍ਰਚਾਰ ਸੇਵਾ ਸਿਮਰਨ ਸੁਸਾਇਟੀ ਟਾਂਡਾ ਦੇ ਪ੍ਰਧਾਨ ਰਵਿੰਦਰ ਸਿੰਘ ਰਵੀ ਨੇ ਸਮੂਹ ਸੰਗਤ ਨੂੰ ਸੇਵਾ ਤੇ ਸਿਮਰਨ ਨਾਲ ਜੁੜਨ ਲਈ ਪ੍ਰੇਰਿਤ ਕੀਤਾ ਅਤੇ ਉਨ੍ਹਾਂ ਦੋਨੋਂ ਸਸਥਾਵਾਂ ਵੱਲੋਂ ਧਰਮ ਪ੍ਰਚਾਰ ਲਈ ਕੀਤੇ ਜਾ ਰਹੇ ਕਾਰਜਾਂ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ ਪ੍ਰਧਾਨ ਸੰਤਾ ਸਿੰਘ, ਪ੍ਰੋ. ਸਾਹਿਬ ਸਿੰਘ, ਪਿਆਰਾ ਸਿੰਘ, ਗਿਆਨੀ ਕੇਵਲ ਸਿੰਘ, ਕ੍ਰਿਪਾਲ ਸਿੰਘ ਪੰਡੋਰੀ, ਸਰਧਾ ਸਿੰਘ, ਪਰਮਜੀਤ ਸਿੰਘ ਗੁਰਪ੍ਰੀਤ ਸਿੰਘ, ਹਰਜੀਤ ਸਿੰਘ,ਮਾਸਟਰ ਜਸਵੀਰ ਸਿੰਘ,ਲਖਵਿੰਦਰ ਸਿੰਘ ਮੁਲਤਾਨੀ, ਬਲਵਿੰਦਰ ਸਿੰਘ, ਰਮਨਪ੍ਰੀਤ ਸਿੰਘ ਸੰਟੀ, ਆਦਿ ਵੀ ਹਾਜਰ ਸਨ।

## ਸੂਫੀ ਦਰਬਾਰ ਤੇ ਸਾਲਾਨਾ ਭੰਡਾਰਾ ਭਲਕੇ




**ਟਾਂਡਾ ਉੜਮੁੜ, 26 ਜੂਨ ( ਜਸਵਿੰਦਰ ਸੰਧੂ, ਉਂਕਾਰ ਸਿੰਘ )**-ਟਿੱਬੀ ਮੁਹੱਲਾ ਅਹੀਆਪੁਰ ਵਿਖੇ ਸਥਿਤ ਪੀਰ ਬਾਬਾ ਬੇਰੀ ਵਾਲੀ ਸਰਕਾਰ ਜੀ ਦੇ ਦਰਬਾਰ 'ਤੇ 13ਵਾਂ ਸੂਫੀ ਸੱਭਿਆਚਾਰਕ ਮੇਲਾ ਤੇ ਸਾਲਾਨਾ ਭੰਡਾਰਾ 28 ਜੂਨ ਨੂੰ ਕਰਵਾਇਆ ਜਾਵੇਗਾ। ਵਿਪਿਨ ਜੈਨ, ਅਮਨਦੀਪ ਰੂਬਲ, ਜਸਪ੍ਰੀਤ ,ਸਤਵੀਰ, ਸਾਹਿਬ,ਨਿਖਿੱਲ, ਰੋਹਬ ਸਤਪਾਲ ਸਿੰਘ, ਭਗਤ ਸਿੰਘ,ਰੋਹਿਤ, ਜੱਸੀ, ਰਮਨ,ਰਾਜ ਜੈਨ, ਸਾਜਨ ਤੇ ਹੋਰਨਾਂ ਨੇ ਦੱਸਿਆ ਕਿ ਇਸ ਮੌਕੇ ਸਭ ਤੋਂ ਪਹਿਲਾਂ ਪੀਰਾਂ ਦੇ ਅਸਥਾਨ 'ਤੇ ਚਾਦਰ ਤੇ ਝੰਡਾ ਚੜ੍ਹਾਉਣ ਦੀ ਰਸਮ ਅਦਾ ਕੀਤੀ ਜਾਵੇਗੀ ਅਤੇ ਦੁਪਹਿਰ ਸਮੇਂ ਨਕਲਾਂ ਦਾ ਪ੍ਰੋਗਰਾਮ ਹੋਵੇਗਾ। ਸੂਫੀ ਦਰਬਾਰ ਵਿੱਚ ਗਾਇਕ ਕਲਾਕਾਰ ਯੁਵਰਾਜ ਲੁਬਾਣਾ, ਅਮਨ ਸ਼ਹਿਜਾਦਾ, ਹਸਮਤ ਸੁਲਤਾਨਾ ਵੱਲੋਂ ਪੀਰਾਂ ਦੀ ਮਹਿਮਾ ਦਾ ਗੁਣਗਾਨ ਕਰਦਿਆਂ ਆਪਣੀ ਹਾਜਰੀ ਲਗਵਾਈ ਜਾਵੇਗੀ।

## ਅਜਨੋਹਾ ਵਿਖੇ ਪੀਰ ਬਾਬਾ ਢੇਰੀ ਸ਼ਾਹ ਦਾ ਸਾਲਾਨਾ ਜੋੜ ਮੇਲਾ ਕਰਵਾਇਆ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆ ਅਤੇ ਇਲਾਕੇ ਦੇ ਸਹਿਯੋਗ ਨਾਲ ਧੰਨ ਧੰਨ ਪੀਰ ਬਾਬਾ ਢੇਰੀ ਸ਼ਾਹ ਜੀ ਦੀ ਯਾਦ ਵਿੱਚ ਪਿੰਡ ਅਜਨੋਹਾ ਵਿਖੇ ਸਾਲਾਨਾ ਜੋੜ ਮੇਲਾ ਬਹੁਤ ਸ਼ਰਧਾਪੂਰਵਕ ਕਰਵਾਇਆ ਗਿਆ। ਚਿਰਾਗ, ਚਾਦਰ ਅਤੇ ਝੰਡੇ ਦੀ ਰਸਮ ਸੰਗਤਾਂ ਵੱਲੋਂ ਅਦਾ ਕੀਤੀ ਗਈ। ਗਾਇਕ ਕਲਾਕਾਰ ਸਿੱਧੂ , ਦਿਲਰਾਜ ਤੇ ਮਿਸ ਨੀਲਮ, ਮਨੀ ਮਾਨ, ਰਾਹਤ ਅਲੀ ਕਵਾਲ ਅਤੇ ਪਾਰਟੀ, ਮੁਸਕਾਨ ਆਰ ਨਕਾਲ ਪਾਰਟੀ ਨਵਾਂਸ਼ਹਿਰ ਨੇ ਪੀਰਾਂ ਦੀ ਮਹਿਫਲ ਸਜਾ ਕੇ ਆਈ ਸੰਗਤ ਨੂੰ ਨਿਹਾਲ ਕੀਤਾ। ਮੰਚ ਸੰਚਾਲਨ ਕੁਲਵਿੰਦਰ ਕਿੰਦਾ ਫਗਵਾੜਾ ਨੇ ਕੀਤਾ। ਉਦਘਾਟਨ ਸੋਹਣ ਸਿੰਘ ਰਾਜਾ ਹਲਵਾਈ ਨੇ ਕੀਤਾ। ਮੁੱਖ ਮਹਿਮਾਨ ਵਜੋਂ ਸੋਹਣ ਸਿੰਘ ਠੰਡਲ ਸਾਬਕਾ ਕੈਬਨਿਟ ਮੰਤਰੀ ਪੰਜਾਬ ਅਤੇ ਸੀਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਬਾਦਲ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਆਈਆਂ ਪ੍ਰਮੁੱਖ ਸ਼ਖਸੀਅਤਾਂ ਨੂੰ ਸਨਮਾਨ ਚਿੰਨ੍ਹ ਸਨਮਾਨਿਤ ਕੀਤਾ। ਇਸ ਮੌਕੇ ਸੋਹਣ ਸਿੰਘ ਪਰਮਾਰ ਰਾਜਾ ਅਜਨੋਹਾ,ਕਮੇਟੀ ਪ੍ਰਧਾਨ ਰਾਜ ਕੁਮਾਰ ਰਾਜਾ, ਕੁਲਵਰਨ ਸਿੰਘ ਮੀਤ ਪ੍ਰਧਾਨ, ਡਾ .ਜਸਵੀਰ ਸਿੰਘ ਅਜਨੋਹਾ, ਸਰਪੰਚ ਮਮਤਾ ਰਾਣੀ ਮਨਦੀਪ ਸਿੰਘ, ਪੰਚ ਗੁਰਮੀਤ ਸਿੰਘ ਵਿਰਦੀ, ਦਲਜੀਤ ਅਜਨੋਹਾ,ਰਾਮ ਰਤਨ ਘੇੜਾ, ਮਾ.ਕੁਲਵਰਨ ਸਿੰਘ , ਪੰਚ ਕੁਲਦੀਪ ਕੌਰ ,ਪੰਚ ਹਰਦੀਪ ਕੌਰ ਜੈਪਾਲ ਸਿੰਘ, ਰੋਹਿਤ ਖਾਨ, ਹਰਮੇਸ਼ ਸਿੰਘ, ਜਤਿੰਦਰ ਸਿੰਘ, ਆਸੂ, ਗੁਰਪ੍ਰੀਤ ਸਿੰਘ, ਕਿਸ਼ਨਾ, ਬਲਜਿੰਦਰ ਸਿੰਘ, ਹਰਜੋਤ ਸਿੰਘ, ਜੁਝਾਰ ਸਿੰਘ, ਤਲਵਿੰਦਰ ਸਿੰਘ, ਕਾਕਾ, ਗੁਰਸ਼ਰਨ ਸਿੰਘ, ਰਛਪਾਲ ਸਿੰਘ, ਅਨਮੋਲ ਸਿੰਘ, ਸੰਨੀ ਆਦਿ ਹਾਜਰ ਸਨ।

## ਅੰਤਰਰਾਸ਼ਟਰੀ ਨਸ਼ਾਖੋਰੀ ਤੇ ਗੈਰ-ਕਾਨੂੰਨੀ ਤਸਕਰੀ ਵਿਰੋਧੀ ਦਿਵਸ ਮਨਾਇਆ



**ਮਹਿਤਪੁਰ (ਰਾਜਾ)**-ਸਿਵਲ ਸਰਜਨ ਡਾ. ਰਮਨ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਮਹੇਸ਼ ਕੁਮਾਰ ਪ੍ਰਭਾਕਰ ਦੀ ਅਗਵਾਈ ਹੇਠ ਪੀ ਐੱਚ ਸੀ ਮਹਿਤਪੁਰ ਵਿਖੇ ਅੰਤਰਰਾਸ਼ਟਰੀ ਨਸ਼ਾਖੋਰੀ ਅਤੇ ਗੈਰ ਕਾਨੂੰਨੀ ਤਸਕਰੀ ਵਿਰੋਧੀ ਦਿਵਸ ਮਨਾਇਆ ਗਿਆ। ਡਾਕਟਰ ਜੈਪਾਲ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਸਮਾਜ ਵਿੱਚੋਂ ਨਸ਼ਿਆਂ ਨੂੰ ਜੜੋਂ ਖਤਮ ਕਰਨ ਲਈ ਵੱਖ-ਵੱਖ ਪੱਧਰ ਤੇ ਯਤਨ ਕੀਤੇ ਜਾ ਰਹੇ ਹਨ । ਨਸ਼ਿਆਂ ਨਾਲ ਪੀੜਤ ਵਿਅਕਤੀ ਇੱਕ ਕਿਸਮ ਦਾ ਮਰੀਜ਼ ਹੁੰਦਾ ਹੈ ਜਿਸਨੂੰ ਕਿ ਇਲਾਜ ਦੀ ਸਖਤ ਜਰੂਰਤ ਹੁੰਦੀ ਹੈ ਅਤੇ ਸਮਾਜ ਦੀ ਵੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਉਸ ਨਾਲ ਵਿਤਕਰੇ ਦੀ ਥਾਂ ਤੇ ਪਿਆਰ ਅਤੇ ਅਪਣੱਤ ਦੀ ਭਾਵਨਾ ਨਾਲ ਉਸ ਨੂੰ ਇਸ ਸਮੱਸਿਆ ਵਿਚੋਂ ਕੱਢਣ ਦਾ ਯਤਨ ਕਰੇ। ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਇਸ ਸਮੱਸਿਆ ਦੇ ਖਾਤਮੇ ਲਈ ਓਟ ਕੇਂਦਰ, ਨਸ਼ਾ ਛੁਡਾਊ ਕੇਂਦਰ ਅਤੇ ਪੁਨਰ ਵਸੇਬਾ ਕੇਂਦਰਾਂ ਨੂੰ ਸਫ਼ਲਤਾਪੂਰਵਕ ਢੰਗ ਨਾਲ਼ ਚਲਾਇਆ ਜਾ ਰਿਹਾ ਹੈ । ਇਨ੍ਹਾਂ ਕੇਂਦਰਾਂ ਵਿਚ ਇਲਾਜ ਦੇ ਨਾਲ ਨਾਲ ਮਾਹਿਰ ਕਾਊਂਸਲਰਾਂ ਅਤੇ ਮਨੋਰੋਗ ਮਾਹਿਰਾਂ ਵੱਲੋਂ ਉਨ੍ਹਾਂ ਦੀ ਕਾਊਂਸਲਿੰਗ ਵੀ ਕੀਤੀ ਜਾਂਦੀ ਹੈ ਤਾਂ ਜੋ ਉਹ ਨਸ਼ਾ ਛੱਡਣ ਲਈ ਮਾਨਸਿਕ ਤੌਰ 'ਤੇ ਵੀ ਮਜਬੂਤ ਹੋ ਸਕਣ । ਸਮਾਜ ਦੇ ਆਮ ਲੋਕਾਂ ਅਤੇ ਸਕੂਲੀ ਬੱਚਿਆਂ ਨੂੰ ਇਸ ਸਮੱਸਿਆ ਬਾਰੇ ਜਾਗਰੂਕ ਕਰਨ ਲਈ ਕਈ ਪ੍ਰੋਗਰਾਮਾਂ ਨੂੰ ਵੀ ਸਫ਼ਲਤਾ ਪੂਰਵਕ ਚਲਾਇਆ ਗਿਆ ਜਿਸ ਨਾਲ ਸਮਾਜ ਦੀ ਸੋਚ ਨੂੰ ਕਾਫ਼ੀ ਹਦ ਤੱਕ ਬਦਲਿਆ ਗਿਆ ਹੈ। ਸੰਦੀਪ ਵਾਲੀਆ ਬਲਾਕ ਮਾਸ ਮੀਡੀਆ ਇੰਚਾਰਜ ਨੇ ਅਪੀਲ ਕੀਤੀ ਕਿ ਆਮ ਲੋਕ ਵੀ ਸਰਕਾਰ ਦੀ ਇਸ ਨਸ਼ਾ ਵਿਰੋਧੀ ਮੁਹਿੰਮ ਵਿਚ ਆਪਣਾ ਸਹਿਯੋਗ ਦੇਣ ਤਾਂ ਜੋ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਇਸ ਨਸ਼ਿਆਂ ਰੂਪੀ ਦਲਦਲ ਤੋਂ ਬਚਾਇਆ ਜਾ ਸਕੇ ਅਤੇ ਪੰਜਾਬ ਤਰੱਕੀ ਦੇ ਰਾਹ ਤੇ ਵਧ ਸਕੇ । ਇਸ ਦੌਰਾਨ ਓਟ ਸੈਂਟਰ ਦੇ ਕੌਂਸਲਰ ਹਰਪ੍ਰੀਤ ਸਿੰਘ ਦਵਿੰਦਰ ਸਿੰਘ ਐੱਸ ਆਈ ਮੌਜੂਦ ਸਨ।

## ਖ਼ਾਲਸਾ ਕਾਲਜ ਦਾ ਬੀ ਐੱਸ ਸੀ, ਬੀ.ਐੱਡ. 7ਵੇਂ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਚੱਲ ਰਹੇ ਚਾਰ ਸਾਲਾ ਇੰਟਗ੍ਰੇਟਿਡ ਕੋਰਸ ਬੀ.ਐੱਸਸੀ. ਬੀ.ਐੱਡ. 7ਵੇਂ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ ਹੈ। ਕਾਰਜਕਾਰੀ ਪ੍ਰਿੰਸੀਪਲ ਪ੍ਰੋ. ਲਖਵਿੰਦਰਜੀਤ ਕੌਰ ਨੇ ਦੱਸਿਆ ਕਿ ਵਿਦਿਆਰਥਣ ਤਰਨਪ੍ਰੀਤ ਕੌਰ ਨੇ 81 ਫੀਸਦੀ ਅੰਕ ਲੈ ਕੇ ਕਲਾਸ ਵਿਚੋਂ ਪਹਿਲਾ, ਕਰਨ ਬਸੀ ਨੇ 78.42 ਫੀਸਦੀ ਅੰਕ ਲੈ ਕੇ ਦੂਜਾ ਅਤੇ ਸਪਨਾ ਨੇ 78.28 ਫੀਸਦੀ ਅੰਕ ਲੈ ਕੇ ਤੀਜਾ ਸਥਾਨ ਹਾਸਿਲ ਕੀਤਾ ਹੈ। ਉਨ੍ਹਾਂ ਸ਼ਾਨਦਾਰ ਨਤੀਜੇ ਲਈ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਸਟਾਫ਼ ਨੂੰ ਵਧਾਈ ਦਿੰਦੇ ਹੋਏ ਭਵਿੱਖ ਵਿਚ ਵੀ ਮੱਲਾਂ ਮਾਰਨ ਲਈ ਪ੍ਰੇਰਿਤ ਕੀਤਾ।

CMYK